@Qpatrika @qaumipatrika punjabi instagram.com/ qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Tuesday, 23 December 2025

VISIT: www.qaumipatrika.org

Email: qpatrika@gmail.com

ਨਵੀਂ ਦਿੱਲੀ: ਮੰਗਲਵਾਰ 23 ਦਸੰਬਰ 2025, 9 ਪੋਹ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 49. qpatrika@gmail.com ਫੋਨ : 9971359517 www.qaumipatrika.org

## ਮੁਸ਼ਕਿਲ ’ਚ ਕਾਂਗਰਸ ਨੇਤਾ ਅਲਕਾ ਲਾਂਬਾ, ਪੁਲਸ ’ਤੇ ਹਮਲੇ ਦੇ ਮਾਮਲੇ ’ਚ ਤੈਅ ਹੋਣਗੇ ਦੋਸ਼

ਨਵੀਂ ਦਿੱਲੀ, 22 ਦਸੰਬਰ। ਪੁਲਸ ’ਤੇ ਹਮਲੇ ਦੇ ਮਾਮਲੇ ’ਚ ਕਾਂਗਰਸ ਨੇਤਾ ਅਲਕਾ ਲਾਂਬਾ ਮੁਸ਼ਕਿਲ ’ਚ ਨਜ਼ਰ ਆ ਰਹੀ ਹੈ। ਦਿੱਲੀ ਦੀ ਇਕ ਅਦਾਲਤ ਨੇ 2024 ’ਚ ਜੰਤਰ-ਮੰਤਰ ’ਤੇ ਹੋਏ ਵਿਰੋਧ ਪ੍ਰਦਰਸ਼ਨ ਦੌਰਾਨ ਪੁਲਸ ਨਾਲ ਧੱਕਾ-ਮੁੱਕੀ ਨਾਲ ਸਬੰਧਤ ਮਾਮਲੇ ’ਚ ਅਲਕਾ ਲਾਂਬਾ ’ਤੇ ਦੋਸ਼ ਤੈਅ ਕਰਨ ਦਾ ਹੁਕਮ ਦਿੱਤਾ ਅਤੇ ਕਿਹਾ ਕਿ ਪਹਿਲੀ ਨਜ਼ਰੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਜਾਣਾ ਠੀਕ ਹੈ। ਅਦਾਲਤ ਨੇ 5 ਜਨਵਰੀ ਨੂੰ ਰਸਮੀ ਤੌਰ ’ਤੇ ਦੋਸ਼ ਤੈਅ ਕਰਨ ਲਈ



ਮਾਮਲੇ ਨੂੰ ਸੂਚੀਬੱਧ ਕੀਤਾ ਹੈ। ਇਸਤਗਾਸਾ ਪੱਖ ਅਨੁਸਾਰ ਲਾਂਬਾ ਨੇ ਹੋਰ ਪ੍ਰਦਰਸ਼ਨਕਾਰੀਆਂ ਦੇ ਨਾਲ ਮਿਲ ਕੇ ਪੁਲਸ ਅਧਿਕਾਰੀਆਂ ਨੂੰ ਧੱਕਾ ਦਿੱਤਾ ਅਤੇ ਬੈਰੀਕੇਡ ਹਟਾ ਕੇ ਅੱਗੇ ਵਧੇ, ਜਦੋਂ ਕਿ ਕੁਝ ਨੇ ਸੜਕ ਨੂੰ ਜਾਮ ਕੀਤਾ। ਅਦਾਲਤ ਨੇ ਦੋਸ਼ ਮੁਕਤ ਕਰਨ ਦੀ ਅਲਕਾ ਲਾਂਬਾ ਦੀ ਪਟੀਸ਼ਨ ਖਾਰਿਜ ਕਰਦੇ ਹੋਏ ਕਿਹਾ ਕਿ ਕਾਂਗਰਸ ਨੇਤਾ ਨੇ ਸ਼ਾਂਤੀਪੂਰਨ ਤਰੀਕੇ ਨਾਲ ਵਿਰੋਧ ਪ੍ਰਦਰਸ਼ਨ ਕਰ ਰਹੇ ਪ੍ਰਦਰਸ਼ਨਕਾਰੀਆਂ ਅਤੇ ਲੋਕ ਸੇਵਕਾਂ ਦੋਵਾਂ ਦੀ ਜ਼ਿੰਦਗੀ ਨੂੰ ਖਤਰੇ ’ਚ ਪਾਇਆ।

## ਕਾਂਗਰਸ ਭਗਵਾਨ ਰਾਮ ਦੇ ਨਾਮ ਤੋਂ ਕਿਉਂ ਚਿੜਦੀ ਹੈ?: ਮੋਹਨ ਯਾਦਵ

ਇੰਦੌਰ 22 ਦਸੰਬਰ। ਵਿਕਸਤ ਭਾਰਤ – ਜੀ ਰਾਮ ਜੀ ਬਿੱਲ 2025 ਨੂੰ ਲੈ ਕੇ ਕਾਂਗਰਸ ਦੇ ਵਿਰੋਧ ਦਾ ਜਵਾਬ ਦਿੰਦੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ



ਯਾਦਵ ਨੇ ਕਿਹਾ ਕਿ ਉਹ ਅੱਜ ਤੱਕ ਸਮਝ ਨਹੀਂ ਸਕੇ ਕਿ ਇਹ ਪਾਰਟੀ ਭਗਵਾਨ ਰਾਮ ਦੇ ਨਾਮ ਤੋਂ ਕਿਉਂ ਚਿੜ ਰਹੀ ਹੈ। ਸੰਸਦ ਵਲੋਂ ਪਾਸ ਕੀਤਾ ਗਿਆ ਇਹ ਬਿੱਲ ਕਾਂਗਰਸ ਦੀ ਅਗਵਾਈ ਵਾਲੀ ਪਿਛਲੀ ਸਰਕਾਰ ਦੇ ਅਧੀਨ ਲਾਗੂ ਕੀਤੇ ਗਏ ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਐਕਟ (ਮਨਰੇਗਾ) ਦੀ ਥਾਂ ਲਵੇਗਾ। ਮੁੱਖ ਮੰਤਰੀ ਯਾਦਵ ਨੇ ਇੰਦੌਰ ਵਿੱਚ ਪੱਤਰਕਾਰਾਂ ਨੂੰ ਕਿਹਾ, ਮੈ ਅਜੇ ਤੱਕ ਇਹ ਸਮਝ ਨਹੀਂ ਸਕਿਆ ਕਿ ਕਾਂਗਰਸ ਪਾਰਟੀ ਭਗਵਾਨ ਰਾਮ ਦੇ ਨਾਮ ਤੋਂ ਕਿਉਂ ਚਿੜ ਰਹੀ ਹੈ। ਉਨ੍ਹਾਂ ਨੂੰ ਅਸਲ ਵਿੱਚ ਕਿਹੜੀ ਗੱਲ ਦਾ ਗੁੱਸਾ ਰਹਿੰਦਾ ਹੈ? ਪਹਿਲਾਂ ਉਨ੍ਹਾਂ ਨੇ ਅਯੁੱਧਿਆ ਵਿੱਚ ਭਗਵਾਨ ਰਾਮ ਦੇ ਮੰਦਰ ਦੇ ਨਿਰਮਾਣ ਵਿੱਚ ਰੁਕਾਵਟ ਪਾਈ। ਫਿਰ ਉਨ੍ਹਾਂ ਨੇ ਇਸ ਮੰਦਰ ਦੀ ਉਸਾਰੀ ਲਈ ਨੀਂਹ ਪੱਥਰ ਸਮਾਗਮ ਨੂੰ ਨਜ਼ਰਅੰਦਾਜ਼ ਕੀਤਾ। ਉਨ੍ਹਾਂ ਕਿਹਾ, ਅਯੁੱਧਿਆ ਵਿੱਚ ਭਗਵਾਨ ਰਾਮ ਦਾ ਇੱਕ ਵਿਸ਼ਾਲ ਮੰਦਰ ਬਣਾਇਆ ਗਿਆ ਹੈ, ਪਰ ਰਾਹੁਲ ਗਾਂਧੀ, ਸੋਨੀਆ ਗਾਂਧੀ ਅਤੇ ਪ੍ਰਿਯੰਕਾ ਗਾਂਧੀ ਅਜੇ ਤੱਕ ਇਸ ਦੇ ਦਰਸ਼ਨ ਨਹੀਂ ਕੀਤੇ ਹਨ।

# ਪੰਜਾਬ ਸਰਕਾਰ ਸੂਬੇ ਦੇ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਯਤਨਸ਼ੀਲ: ਮੁੱਖ ਮੰਤਰੀ ਮਾਨ

ਕੌਮੀ ਪਤ੍ਰਿਕਾ

**ਨਰੇਸ਼ ਮਲਹੋਤਰਾ**

ਸੰਗਰੂਰ, 22 ਦਸੰਬਰ: ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਜ਼ਮੀਨੀ ਪੱਧਰ ’ਤੇ ਲੋਕਾਂ ਨਾਲ ਗੱਲਬਾਤ ਦੀ ਆਪਣੀ ਮੁਹਿੰਮ ਨੂੰ ਜਾਰੀ ਰੱਖਦਿਆਂ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨੇ ਅੱਜ ਇਥੇ ਕਿਹਾ ਕਿ ਇਸ ਕਦਮ ਦਾ ਉਦੇਸ਼ ਪਿੰਡਾਂ ਲਈ ਸ਼ਹਿਰਾਂ ਦੇ ਬਰਾਬਰ ਵਿਸ਼ਵ ਪੱਧਰੀ ਨਾਗਰਿਕ ਸਹੂਲਤਾਂ ਯਕੀਨੀ ਬਣਾਉਣਾ ਹੈ। ਤਾੜੀਆਂ ਦੀ ਗੂੰਜ ਵਿੱਚ ਲੋਕਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿੰਡਾਂ ਦਾ ਸੰਪੂਰਨ ਵਿਕਾਸ ਸਮੇਂ ਦੀ ਲੋੜ ਹੈ ਤਾਂ ਜੋ ਸੂਬੇ ਦੇ ਸਰਬਪੱਖੀ ਵਿਕਾਸ ਨੂੰ ਹੋਰ ਹੁਲਾਰਾ ਦਿੱਤਾ ਜਾ ਸਕੇ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਪਹਿਲਾਂ ਹੀ ਜਨਤਕ ਭਲਾਈ ਨੂੰ ਯਕੀਨੀ ਬਣਾਉਣ ਅਤੇ ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਹਰ ਸੰਭਵ ਯਤਨ ਕਰ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਵਿਸ਼ਾਲ ਕਾਰਜ ਆਮ ਲੋਕਾਂ ਦੇ ਸਰਗਰਮ ਸਮਰਥਨ ਅਤੇ ਸਹਿਯੋਗ ਤੋਂ ਬਿਨਾਂ ਸੰਭਵ ਨਹੀਂ ਹੋ ਸਕਦਾ। ਲੋਕਾਂ ਨਾਲ ਭਾਵਨਾਤਮਕ ਸਾਂਝ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਅਤੇ ਉਨ੍ਹਾਂ ਦੇ ਚੁਣੇ ਹੋਏ ਨੁਮਾਇੰਦਿਆਂ ਨੂੰ ਰਾਜ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਨਿਯਮਤ ਤੌਰ ’ਤੇ ਨਿਗਰਾਨੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਕੰਮ ਦੀ ਗੁਣਵੱਤਾ ਵਿੱਚ ਸੁਧਾਰ ਹੋਵੇਗਾ। ਉਨ੍ਹਾਂ ਲੋਕਾਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਸੂਬਾ ਸਰਕਾਰ ਦੇ ਠੋਸ ਯਤਨਾਂ ਵਿੱਚ ਉਨ੍ਹਾਂ ਦਾ ਪੂਰਾ ਸਹਿਯੋਗ ਰਹੇ। ਉਨ੍ਹਾਂ ਕਿਹਾ ਕਿ ਸੂਬੇ ਦੀ ਵੱਡੀ ਗਿਣਤੀ ਆਬਾਦੀ ਪਿੰਡਾਂ ਵਿੱਚ ਰਹਿੰਦੀ ਹੈ, ਇਸ ਲਈ ਸੂਬਾ ਸਰਕਾਰ ਪਿੰਡਾਂ ਦੇ



ਵਿਆਪਕ ਵਿਕਾਸ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਲੋਕਾਂ ਦੀ ਸਹੂਲਤ ਲਈ ਉਨ੍ਹਾਂ ਨੂੰ ਸ਼ਹਿਰਾਂ ਦੇ ਬਰਾਬਰ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਅਜਿਹੀਆਂ ਸਰਗਰਮੀਆਂ ਦਾ ਇੱਕੋ-ਇੱਕ ਉਦੇਸ਼ ਸੂਬੇ ਅਤੇ ਖਾਸ ਕਰਕੇ ਪਿੰਡਾਂ ਦੇ ਚੱਲ ਰਹੇ ਵਿਕਾਸ ਨੂੰ ਹੋਰ ਹੁਲਾਰਾ ਦੇਣ ਲਈ ਇੱਕ ਰੋਡ ਮੈਪ ਤਿਆਰ ਕਰਨਾ ਹੈ। ਪੇਂਡੂ ਖੇਤਰਾਂ ਦੇ ਵਿਆਪਕ ਵਿਕਾਸ ’ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਇਸ ਕਾਰਜ ਨੂੰ ਪੂਰਾ ਕਰਨ ਲਈ ਪਹਿਲਾਂ ਹੀ ਕਈ ਪ੍ਰੋਜੈਕਟਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ। ਉਨ੍ਹਾਂ ਨੇ ਵਿਕਾਸ ਦੀ ਗਤੀ ਨੂੰ ਹੋਰ ਤੇਜ਼ ਕਰਨ ਲਈ ਪੇਂਡੂ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਲਈ ਆਮ ਲੋਕਾਂ ਤੋਂ ਸਹਿਯੋਗ ਦੀ ਮੰਗ ਕੀਤੀ। ਇਸ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਕੋਲ ਪੰਜਾਬ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਕਿਹਾ ਕਿ ਕੂੜੇ ਦੇ ਢੇਰ, ਸਟਰੀਟ ਲਾਈਟਾਂ, ਸੀਵਰੇਜ ਦੀਆਂ ਸਮੱਸਿਆਵਾਂ ਨਾਲ ਸਬੰਧਤ ਜਾਂ ਹੋਰ ਸਾਰੇ ਮੁੱਦੇ ਜਲਦੀ ਹੀ ਹੱਲ ਕਰ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਸੂਬੇ ਭਰ ਵਿੱਚ ਬੇਮਿਸਾਲ ਵਿਕਾਸ ਹੋਇਆ ਹੈ ਅਤੇ ਉਨ੍ਹਾਂ ਦੀ ਸਰਕਾਰ ਨੇ ਕਦੇ ਵੀ ਫੰਡਾਂ ਦੀ ਘਾਟ ਬਾਰੇ ਕੋਈ ਸ਼ਿਕਾਇਤ ਨਹੀਂ ਕੀਤੀ। ਪਿਛਲੀਆਂ ਸਰਕਾਰਾਂ ਦੇ ਉਲਟ, ਜਿਨ੍ਹਾਂ ਨੇ ਸੂਬੇ ਨੂੰ ਕਰਜ਼ੇ ਦੇ ਮਕੜ-ਜਾਲ ਵਿੱਚ ਫਸਾਇਆ ਕੇ ਰੱਖ ਦਿੱਤਾ, ਉਨ੍ਹਾਂ ਦੀ ਸਰਕਾਰ ਕੰਮ ਦੇ ਨਾਲ-ਨਾਲ ਕਰਜ਼ੇ ਉਤਾਰਨ ‘ਚ ਵੀ ਯਕੀਨ ਰੱਖਦੀ ਹੈ। ਇਸ ਬਾਰੇ ਵੱਖ-ਵੱਖ ਉਦਾਹਰਣਾਂ ਦਿੰਦਿਆਂ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਬਿਜਲੀ ਬੋਰਡ ਨੂੰ ਘਾਟੇ ਵਿੱਚੋਂ ਕੱਢਿਆ, ਖੰਡ ਮਿੱਲਾਂ ਦੇ, ਮਾਰਕਫੈੱਡ ਦੇ ਅਤੇ ਹੋਰ ਕਰਜ਼ੇ ਚੁਕਾਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਈ ਸਾਰੇ ਪੁਰਾਣੇ ਕਰਜ਼ਿਆਂ ਦਾ ਵੀ ਢੁਕਵਾਂ ਪ੍ਰਬੰਧਨ ਕਰ ਰਹੀ ਹੈ ਤਾਂ ਜੋ ਕਿਸੇ ਵੀ ਨਵੇਂ ਵਿਕਾਸ ਪ੍ਰੋਜੈਕਟ ਨੂੰ ਰੋਕੇ ਬਿਨਾਂ ਪੁਰਾਣੀਆਂ ਦੇਣਦਾਰੀਆਂ ਨੂੰ ਨਿਪਟਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਨੌਜਵਾਨਾਂ ਨੂੰ 58,000 ਤੋਂ ਵੱਧ ਨੌਕਰੀਆਂ ਦਿੱਤੀਆਂ ਹਨ, ਸਕੂਲਾਂ ਦੀਆਂ ਨਵੀਆਂ ਇਮਾਰਤਾਂ ਦਾ ਨਿਰਮਾਣ ਕੀਤਾ ਹੈ ਅਤੇ 43,000 ਕਿਲੋਮੀਟਰ ਸੜਕਾਂ ਬਣਾਈਆਂ ਗਈਆਂ ਹਨ, ਜੋ ਸਿਰਫ਼ ਸੂਬਾ ਸਰਕਾਰ ਵੱਲੋਂ ਖ਼ਰਚਿਆਂ ਦਾ ਵਿੱਤੀ ਸੂਝ-ਬੂਝ ਨਾਲ ਪ੍ਰਬੰਧਨ ਕਰਨ ਨਾਲ ਹੀ ਸੰਭਵ ਹੋਇਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਦਾ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਠੋਸ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਕਿਸੇ ਨੇ ਇਹ ਖ਼ਬਰ ਨਹੀਂ ਸੁਣੀ ਸੀ ਕਿ ਸੂਬੇ ਦੇ ਵਿਦਿਆਰਥੀ ਪਾਇਲਟ ਬਣ ਰਹੇ ਹਨ।

Contd................page-3

# ਭਾਰਤ-ਨਿਊਜ਼ੀਲੈਂਡ ਵਿਚਾਲੇ ਮੁਕਤ ਵਪਾਰ ਸਮਝੌਤੇ ਤੈਅ !

ਕੌਮੀ ਪਤ੍ਰਿਕਾ

ਨਵੀਂ ਦਿੱਲੀ 22 ਦਸੰਬਰ। ਭਾਰਤ ਅਤੇ ਨਿਊਜ਼ੀਲੈਂਡ ਨੇ ਸੋਮਵਾਰ ਨੂੰ ਇੱਕ ਮੁਕਤ ਵਪਾਰ ਸਮਝੌਤੇ ’ਤੇ ਪਹੁੰਚਣ ਦਾ ਐਲਾਨ ਕੀਤਾ ਹੈ, ਜਿਸਦਾ ਟੀਚਾ ਵਿਸ਼ਵ ਵਪਾਰਕ ਅਨਿਸ਼ਚਿਤਤਾਵਾਂ ਦੇ ਦੌਰ ਵਿੱਚ ਆਰਥਿਕ ਸਬੰਧਾਂ ਨੂੰ ਡੂੰਘਾ ਕਰਨਾ ਅਤੇ ਵਿਕਾਸ ਨੂੰ ਹੁਲਾਰਾ ਦੇਣਾ ਹੈ। ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਨਿਊਜ਼ੀਲੈਂਡ ਦੇ ਪ੍ਰਧਾਨ ਮੰਤਰੀ ਕ੍ਰਿਸਟੋਫਰ ਲਕਸਨ ਨੇ ਨਵੀਂ ਦਿੱਲੀ ਵਿੱਚ ਮੁਲਾਕਾਤ ਕੀਤੀ, ਜਿੱਥੇ ਇਸ ਇਤਿਹਾਸਕ ਸਮਝੌਤੇ ਦੀ ਪੁਸ਼ਟੀ ਕੀਤੀ ਗਈ। ਨਿਵੇਸ਼: ਨਿਊਜ਼ੀਲੈਂਡ ਨੇ ਇਸ ਸਮਝੌਤੇ ਦੇ ਹਿੱਸੇ ਵਜੋਂ 15 ਸਾਲਾਂ ਦੀ ਮਿਆਦ ਵਿੱਚ ਭਾਰਤ ਵਿੱਚ 20 ਅਰਬ ਡਾਲਰ ਦੇ ਨਿਵੇਸ਼ ਦਾ ਵਚਨਬੱਧਤਾ ਪ੍ਰਗਟਾਈ ਹੈ। ਟੈਕਸ ਮੁਕਤ ਪਹੁੰਚ: ਭਾਰਤ ਨੂੰ ਨਿਊਜ਼ੀਲੈਂਡ ਵਿੱਚ ਆਪਣੀਆਂ ਸਾਰੀਆਂ ਵਸਤੂਆਂ ਲਈ ਜ਼ੀਰੋ-ਡਿਊਟੀ ਨਿਰਯਾਤ ਦੀ ਸਹੂਲਤ ਮਿਲੇਗੀ। ਦੂਜੇ ਪਾਸੇ, ਨਿਊਜ਼ੀਲੈਂਡ ਨੂੰ ਭਾਰਤ ਦੀਆਂ ਲਗਭਗ 70% ਟੈਰਿਫ ਲਾਈਨਾਂ ਤੱਕ ਪਹੁੰਚ ਅਤੇ ਡਿਊਟੀ ਰਿਆਇਤਾਂ ਮਿਲਣਗੀਆਂ।ਲਾਭਪਾਤਰੀ ਖੇਤਰ:



ਭਾਰਤ ਦੇ ਕੱਪੜਾ, ਚਮੜਾ, ਫੁਟਵੀਅਰ ਅਤੇ ਸਮੁੰਦਰੀ ਉਤਪਾਦਾਂ ਦੇ ਖੇਤਰਾਂ ਨੂੰ ਟੈਕਸ ਮੁਕਤ ਨਿਰਯਾਤ ਤੋਂ ਵੱਡਾ ਲਾਭ ਮਿਲੇਗਾ। ਨਿਊਜ਼ੀਲੈਂਡ ਲਈ ਬਾਗਬਾਨੀ, ਲੱਕੜ ਅਤੇ ਭੇਡਾਂ ਦੀ ਉੱਨ ਦੇ ਨਿਰਯਾਤ ਵਿੱਚ ਵਾਧਾ ਹੋਵੇਗਾ। ਖਾਸ ਛੋਟਾਂ: ਭਾਰਤ ਨੇ ਆਪਣੇ ਘਰੇਲੂ ਹਿੱਤਾਂ ਦੀ ਰਾਖੀ ਲਈ ਡੇਅਰੀ ਉਤਪਾਦਾਂ (ਦੁੱਧ, ਪਨੀਰ ਆਦਿ), ਬੱਕਰੀ ਦਾ ਮੀਟ, ਪਿਆਜ਼ ਅਤੇ ਬਾਦਾਮ ਨੂੰ ਇਸ ਸਮਝੌਤੇ ਤੋਂ ਬਾਹਰ ਰੱਖਿਆ ਹੈ। ਭਾਰਤ ਅਤੇ ਨਿਊਜ਼ੀਲੈਂਡ ਵਿਚਾਲੇ ਦੁਵੱਲਾ ਵਪਾਰ 2024 ਵਿੱਚ 2.4 ਅਰਬ ਡਾਲਰ ਸੀ, ਜਿਸ ਨੂੰ ਅਗਲੇ ਪੰਜ ਸਾਲਾਂ ਵਿੱਚ ਦੁੱਗਣਾ ਕਰਨ ਦਾ ਟੀਚਾ ਰੱਖਿਆ ਗਿਆ ਹੈ। ਨਿਊਜ਼ੀਲੈਂਡ ਦੇ ਵਪਾਰ ਮੰਤਰੀ ਟੌਡ ਮੈਕਲੇ ਅਨੁਸਾਰ, ਨਿਊਜ਼ੀਲੈਂਡ ਪਹਿਲਾ ਦੇਸ਼ ਹੈ ਜਿਸ ਨੂੰ ਭਾਰਤ ਵਿੱਚ ਸੇਬਾਂ ਅਤੇ ਸ਼ਹਿਦ ਲਈ ਵਿਸ਼ੇਸ਼ ਪਹੁੰਚ ਮਿਲੀ ਹੈ। ਇਹ ਕਦਮ ਭਾਰਤ ਦੀ ਉਸ ਰਣਨੀਤੀ ਦਾ ਹਿੱਸਾ ਹੈ ਜਿਸ ਤਹਿਤ ਉਹ ਅਮਰੀਕਾ ਦੁਆਰਾ ਲਗਾਏ ਗਏ ਸਖ਼ਤ ਆਯਾਤ ਟੈਰਿਫਾਂ ਦੇ ਪ੍ਰਭਾਵ ਨੂੰ ਘਟਾਉਣ ਲਈ ਆਪਣੇ ਨਿਰਯਾਤ ਬਾਜ਼ਾਰਾਂ ਦਾ ਵਿਸਤਾਰ ਕਰ ਰਿਹਾ ਹੈ। ਭਾਰਤ ਨੇ ਹਾਲ ਹੀ ਵਿੱਚ ਓਮਾਨ, ਸੰਯੁਕਤ ਅਰਬ ਅਮੀਰਾਤ ਅਤੇ ਆਸਟ?ਰੇਲੀਆ ਨਾਲ ਵੀ ਅਜਿਹੇ ਸਮਝੌਤੇ ਕੀਤੇ ਹਨ। ਇਸ ਸਮਝੌਤੇ ਦੇ ਕਾਨੂੰਨੀ ਖਰੜੇ ਨੂੰ ਅੰਤਿਮ ਰੂਪ ਦੇਣ ਤੋਂ ਬਾਅਦ, ਅਗਲੇ ਸਾਲ ਦੀ ਪਹਿਲੀ ਤਿਮਾਹੀ (2026) ’ਚ ਇਸ ’ਤੇ ਰਸਮੀ ਦਸਤਖਤ ਕੀਤੇ ਜਾਣ ਦੀ ਉਮੀਦ ਹੈ।

## ਸਿੱਖ ਵਿਰੋਧੀ ਦੰਗੇ : ਕੋਰਟ ਨੇ ਸੱਜਣ ਕੁਮਾਰ ਖ਼ਿਲਾ.ਫ ਫੈਸਲਾ 22 ਜਨਵਰੀ ਤੱਕ ਰੱਖਿਆ ਸੁਰੱਖਿਅਤ

ਨਵੀਂ ਦਿੱਲੀ 22 ਦਸੰਬਰ। ਦਿੱਲੀ ਦੀ ਇਕ ਅਦਾਲਤ ਨੇ 1984 ਦੇ ਸਿੱਖ ਵਿਰੋਧੀ ਦੰਗਿਆਂ ਨਾਲ ਸੰਬੰਧਤ ਇਕ ਮਾਮਲੇ ’ਚ ਸੋਮਵਾਰ ਨੂੰ ਆਪਣਾ .ਫੈਸਲਾ ਸੁਰੱਖਿਅਤ ਰੱਖ ਲਿਆ। ਇਸ ਮਾਮਲੇ ’ਚ ਕਾਂਗਰਸ ਦੇ ਸਾਬਕਾ ਸੰਸਦ ਮੈਂਬਰ ਸੱਜਣ ਕੁਮਾਰ ਦੋਸ਼ੀ ਹਨ। ਵਿਸ਼ੇਸ਼ ਜੱਜ ਦਿਗ ਵਿਨੇ ਸਿੰਘ ਨੇ ਮਾਮਲੇ ’ਚ ਅੰਤਿਮ ਦਲੀਲਾਂ ਪੂਰੀਆਂ ਹੋਣ ਤੋਂ ਬਾਅਦ 22 ਜਨਵਰੀ ਲਈ .ਫੈਸਲਾ ਸੁਰੱਖਿਅਤ ਰੱਖ ਲਿਆ। ਕੁਮਾਰ ਨੂੰ ਭਾਰੀ ਸੁਰੱਖਿਆ ਵਿਚਾਲੇ ਅਦਾਲਤ ’ਚ ਪੇਸ਼ ਕੀਤਾ ਗਿਆ। ਫਰਵਰੀ 2015 ’ਚ ਇਕ ਵਿਸ਼ੇਸ਼ ਜਾਂਚ ਦਲ ਨੇ ਦਿੱਲੀ ਦੇ ਜਨਕਪੁਰੀ ਅਤੇ ਵਿਕਾਸਪੁਰੀ ’ਚ ਦੰਗਿਆਂ ਦੌਰਾਨ ਹੋਈ ਹਿੰਸਾ ਦੀਆਂ ਸ਼ਿਕਾਇਤਾਂ ਦੇ ਆਧਾਰ ’ਤੇ ਕੁਮਾਰ ਖ਼?ਲਾ.ਫ 2 ਐੱਫਆਈਆਰ ਦਰਜ ਕੀਤੀਆਂ ਸਨ। ਪਹਿਲੀ ਐੱਫਆਈਆਰ ਜਨਕਪੁਰੀ ’ਚ ਹੋਈ ਹਿੰਸਾ ਦੇ ਸੰਬੰਧ ’ਚ ਦਰਜ ਕੀਤੀ ਗਈ ਸੀ, ਜਿੱਥੇ ਇਕ ਨਵੰਬਰ 1984 ਨੂੰ ਸੋਹਨ ਅਤੇ ਉਨ੍ਹਾਂ ਦੇ ਜਵਾਈ ਅਵਤਾਰ ਸਿੰਘ ਦਾ ਕਤਲ ਕਰ ਦਿੱਤਾ ਗਿਆ ਸੀ। ਦੂਜੀ ਐੱਫਆਈਆਰ ਗੁਰਚਰਨ ਸਿੰਘ ਦੇ ਮਾਮਲੇ ’ਚ ਦਰਜ ਕੀਤੀ ਗਈ ਸੀ, ਜਿਨ੍ਹਾਂ ਨੂੰ 2 ਨਵੰਬਰ 1984 ਨੂੰ ਵਿਕਾਸਪੁਰੀ ’ਚ ਸਾੜ ਦਿੱਤਾ ਗਿਆ ਸੀ।

# ਨਿਊਜ਼ੀਲੈਂਡ ’ਚ ਹੋਏ ਨਗਰ ਕੀਰਤਨ ਦੇ ਵਿਰੋਧ ਦੀ ਸੁਖਬੀਰ ਬਾਦਲ ਨੇ ਕੀਤੀ ਸਖ਼ਤ ਨਿੰਦਾ

ਕੌਮੀ ਪਤ੍ਰਿਕਾ

**ਨਵਦੀਪ ਸਿੰਘ ਸਾਹਨੀ**

ਜਲੰਧਰ/ਚੰਡੀਗੜ੍ਹ 22 ਦਸੰਬਰ। ਨਿਊਜ਼ੀਲੈਂਡ ਦੇ ਆਕਲੈਂਡ ’ਚ ਹੋਏ ਨਗਰ ਕੀਰਤਨ ਦੇ ਵਿਰੋਧ ਦੀ ਸ਼?ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਨਿਊਜ਼ੀਲੈਂਡ ਦੇ ਦੱਖਣੀ ਆਕਲੈਂਡ ਵਿੱਚ ਕੱਲ੍ਹ ਸਥਾਨਕ ਲੋਕਾਂ ਵੱਲੋਂ ਸ਼ਾਂਤਮਈ ਕੱਢੇ ਜਾ ਰਹੇ ’ਨਗਰ ਕੀਰਤਨ’ ਵਿੱਚ ਵਿਘਨ ਪਾਉਣ ਦੀ ਸਖ਼ਤ ਨਿੰਦਾ ਕਰਦਾ ਹਾਂ। ਸੁਖਬੀਰ ਬਾਦਲ ਨੇ ਕਿਹਾ ਕਿ ਨਗਰ ਕੀਰਤਨ ਇਕ ਪਵਿੱਤਰ ਸਿੱਖ ਪਰੰਪਰਾ ਹੈ- ਇਹ ਇਕ ਖ਼ੁਸ਼ੀ ਨਾਲ ਭਰੀ ਧਾਰਮਿਕ ਪਰੇਡ ਹੈ, ਜਿਸ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ਬਦ ਗਾਇਨ ਕੀਤੇ ਜਾਂਦੇ ਹਨ, , ਜੋ ਸ਼ਰਧਾ, ਏਕਤਾ ਅਤੇ ਸਾਰੀ ਮਨੁੱਖਤਾ ਨਾਲ ਅਸੀਸਾਂ ਦੇਣ ਨੂੰ ਵਾਧਾ ਦਿੰਦੇ ਹਨ।। ਮੈਨੂੰ ਇਹ ਵੇਖ ਕੇ ਖ਼ੁਸ਼ੀ ਹੋ ਰਹੀ ਹੈ ਕਿ ਸਿੱਖ ਭਾਈਚਾਰੇ ਨੇ ਭੜਕਾਹਟ ਦੇ ਬਾਵਜੂਦ ਸ਼ਾਨਦਾਰ ਸੰਜਮ ਅਤੇ ਸ਼ਾਂਤੀ ਨਾਲ ਗੁਰੂ ਸਾਹਿਬ ਦੀਆਂ ’ਚੜ੍ਹਦੀ ਕਲਾ’ ਅਤੇ ’ਸਰਬੱਤ ਦਾ ਭਲਾ’ ਦੀਆਂ ਸਿੱਖਿਆਵਾਂ ਦੇ ਅਨੁਸਾਰ ਜਵਾਬ ਦਿੱਤਾ। ਉਨ੍ਹਾਂ ਕਿਹਾ ਕਿ ਅਜਿਹੀ ਧਮਕੀ ਧਾਰਮਿਕ ਆਜ਼ਾਦੀ ਅਤੇ ਵਿਸ਼ਵਵਿਆਪੀ ਭਾਈਚਾਰੇ ਦੀ ਭਾਵਨਾ ਨੂੰ ਖ਼ਤਰਾ ਹੈ। ਉਨ੍ਹਾਂ ਵਿਦੇਸ਼ ਮੰਤਰੀ ਡਾ. ਐੱਸ. ਜੈ ਸ਼ੰਕਰ ਨੂੰ ਅਪੀਲ ਕਰਦੇ ਕਿਹਾ ਕਿ ਉਹ ਇਸ ਮਾਮਲੇ ਨੂੰ ਨਿਊਜ਼ੀਲੈਂਡ ਸਰਕਾਰ ਕੋਲ ਉਠਾਉਣ ਅਤੇ ਭਾਰਤੀ ਪ੍ਰਵਾਸੀਆਂ ਦੇ ਅਧਿਕਾਰਾਂ ਦੀ ਰੱਖਿਆ ਲਈ ਸਖ਼ਤ ਉਪਾਅ ਕੀਤੇ ਜਾਣ ਅਤੇ ਅਜਿਹੀਆਂ



ਘਟਨਾਵਾਂ ਦੇ ਮੁੜ ਵਾਪਰਨ ਨੂੰ ਰੋਕਣ ਲਈ ਸਖ਼ਤ ਕਦਮ ਚੁੱਕਣ। ਜ਼ਿਕਰਯੋਗ ਹੈ ਕਿ ਨਿਊਜ਼ੀਲੈਂਡ ਦੇ ਮੇਨੁਰੇਵਾ ਇਲਾਕੇ ਵਿੱਚ ਬੀਤੇ ਦਿਨ ਜਦੋਂ ਗੁਰਦੁਆਰਾ ਨਾਨਾਕਸਰ ਠਾਠ ਈਸ਼ਰ ਦਰਬਾਰ ਵੱਲੋਂ ਸ਼ਹੀਦੀ ਪੰਦਰਵਾੜੇ ਨੂੰ ਸਮਰਪਿਤ ਸਜਾਏ ਗਏ ਨਗਰ ਕੀਰਤਨ ਦੇ ਰਸਤੇ ਵਿੱਚ ਕੁਝ ਸ਼ਰਾਰਤੀ ਅਨਸਰਾਂ ਨੇ ਵਿਘਨ ਪਾਉਣ ਦੀ ਕੋਸ਼ਿਸ਼ ਕੀਤੀ ਸੀ। ਸਰੋਤਾਂ ਅਨੁਸਾਰ ਪੋਹ ਦੇ ਮਹੀਨੇ ਦੇ ਸਿੱਖ ਸ਼ਹੀਦਾਂ ਦੀ ਯਾਦ ਵਿੱਚ ਇਹ ਵਿਸ਼ਾਲ ਨਗਰ ਕੀਰਤਨ ਮੇਨੁਰੇਵਾ ਦੀਆਂ ਸੜਕਾਂ ’ਤੇ ਸਜਾਇਆ ਗਿਆ ਸੀ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸਿੱਖ ਸੰਗਤ ਨੇ ਸ਼ਰਧਾ ਨਾਲ ਹਿੱਸਾ ਲਿਆ। ਨਗਰ ਕੀਰਤਨ ਦੇ ਸਾਰੇ ਪ੍ਰਬੰਧ ਬਹੁਤ ਸੁਚਾਰੂ ਸਨ ਅਤੇ ਇਹ ਨਿਰਵਿਘਨ ਅੱਗੇ ਵੱਧ ਰਿਹਾ ਸੀ ਪਰ ਜਦੋਂ ਨਗਰ ਕੀਰਤਨ ਵਾਪਸੀ ਦੇ ਰਸਤੇ ’ਤੇ ਸੀ ਤਾਂ ਗੁਰਦੁਆਰਾ ਸਾਹਿਬ ਤੋਂ ਕੁਝ ਦੂਰੀ ’ਤੇ ਗਰੇਟ ਸਾਊਥ ਰੋਡ ’ਤੇ 30 ਤੋਂ 35 ਨੌਜਵਾਨਾਂ ਦੇ ਇਕ ਗਰੁੱਪ ਨੇ ਰਸਤਾ ਰੋਕ ਲਿਆ। ਇਨ੍ਹਾਂ ਨੌਜਵਾਨਾਂ ਨੇ ਨਾ ਸਿਰਫ਼ ਨਗਰ ਕੀਰਤਨ ਦਾ ਰਸਤਾ ਰੋਕਿਆ ਸਗੋਂ ਨ.ਫਰਤ ਭਰੇ ਸਲੋਗਨ ਵਿਖਾ ਕੇ ਨਗਰ ਕੀਰਤਨ ਦਾ ਸਖ਼ਤ ਵਿਰੋਧ ਕੀਤਾ। ਜਾਣਕਾਰੀ ਮੁਤਾਬਕ ਇਹ ਨੌਜਵਾਨ ਇਕ ਵਿਸ਼ੇਸ਼ ਭਾਈਚਾਰੇ ਨਾਲ ਸਬੰਧਤ ਹਨ ਜੋ ਪਿਛਲੇ ਕੁਝ ਸਮੇਂ ਤੋਂ ਨਿਊਜ਼ੀਲੈਂਡ ਵਿੱਚ ਹਰ ਧਰਮ ਅਤੇ ਹੋਰ ਵਰਗਾਂ ਦੇ ਲੋਕਾਂ ਦਾ ਵਿਰੋਧ ਕਰ ਰਹੇ ਹਨ। ਪ੍ਰਦਰਸ਼ਨਕਾਰੀ ਨੌਜਵਾਨਾਂ ਦਾ ਦਾਅਵਾ ਹੈ ਕਿ ਨਿਊਜ਼ੀਲੈਂਡ ਸਿਰ.ਫ ਉਨ੍ਹਾਂ ਦਾ ਹੈ।

## ਸੋਨੀਆ ਗਾਂਧੀ ਦਾ ਕੇਂਦਰ ’ਤੇ ਵੱਡਾ ਹਮਲਾ: ਕਿਹਾ- ਮੋਦੀ ਸਰਕਾਰ ਨੇ ਮਨਰੇਗਾ ’ਤੇ ਚਲਾਇਆ ’ਬੁਲਡੋਜ਼ਰ’

ਨੈਸ਼ਨਲ ਡੈਸਕ 22 ਦਸੰਬਰ। ਕਾਂਗਰਸ ਸੰਸਦੀ ਦਲ ਦੀ ਪ੍ਰਧਾਨ ਸੋਨੀਆ ਗਾਂਧੀ ਨੇ ਮਨਰੇਗਾ ਯੋਜਨਾ ਦੇ ਮੁੱਦੇ ’ਤੇ ਕੇਂਦਰ ਦੀ ਮੋਦੀ ਸਰਕਾਰ ਵਿਰੁੱਧ ਸਖ਼ਤ ਰੁਖ਼ ਅਖਤਿਆਰ ਕੀਤਾ ਹੈ। ਉਨ੍ਹਾਂ ਨੇ ਦੋਸ਼ ਲਗਾਇਆ ਕਿ ਸਰਕਾਰ ਨੇ ਇਸ ਕ੍ਰਾਂਤੀਕਾਰੀ ਯੋਜਨਾ ’ਤੇ ’ਬੁਲਡੋਜ਼ਰ’ ਚਲਾ ਦਿੱਤਾ ਹੈ ਅਤੇ ਇਸ ਦੇ ਸਰੂਪ ਨੂੰ ਮਨਮਾਨੇ ਢੰਗ ਨਾਲ ਬਦਲ ਦਿੱਤਾ ਹੈ। ਸੋਨੀਆ ਗਾਂਧੀ ਨੇ ਦੱਸਿਆ ਕਿ 20 ਸਾਲ ਪਹਿਲਾਂ ਡਾ. ਮਨਮੋਹਨ ਸਿੰਘ ਦੀ ਸਰਕਾਰ ਵੇਲੇ ਸੰਸਦ ਵਿੱਚ ਆਮ ਸਹਿਮਤੀ ਨਾਲ ਮਨਰੇਗਾ ਕਾਨੂੰਨ ਪਾਸ ਕੀਤਾ ਗਿਆ ਸੀ। ਇਸ ਯੋਜਨਾ ਨੇ ਕਰੋੜਾਂ ਗਰੀਬ ਪੇਂਡੂ ਪਰਿਵਾਰਾਂ ਨੂੰ ਰੁਜ਼ਗਾਰ ਦੀ ਗਰੰਟੀ ਅਤੇ ਕਾਨੂੰਨੀ ਅਧਿਕਾਰ ਦਿੱਤੇ, ਜਿਸ ਨਾਲ ਪਿੰਡਾਂ ਤੋਂ ਸ਼ਹਿਰਾਂ ਵੱਲ ਹੋਣ ਵਾਲੇ ਪਲਾਇਨ ਨੂੰ ਰੋਕਣ ਵਿੱਚ ਮਦਦ ਮਿਲੀ ਅਤੇ ਗ੍ਰਾਮ ਪੰਚਾਇਤਾਂ ਮਜ਼ਬੂਤ ਹੋਈਆਂ। ਉਨ੍ਹਾਂ ਮੁਤਾਬਕ ਇਹ ਯੋਜਨਾ ਮਹਾਤਮਾ ਗਾਂਧੀ ਦੇ ’ਗ੍ਰਾਮ ਸਵਰਾਜ’ ਦੇ ਸੁਪਨੇ ਨੂੰ ਅੱਗੇ ਵਧਾਉਣ ਵਾਲੀ ਸੀ। ਸੋਨੀਆ ਗਾਂਧੀ ਨੇ ਦੋਸ਼ ਲਾਇਆ ਕਿ ਪਿਛਲੇ 11 ਸਾਲਾਂ ਤੋਂ ਮੋਦੀ ਸਰਕਾਰ ਇਸ ਯੋਜਨਾ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਨਾਲ ਸਲਾਹ ਕੀਤੇ ਜਾਂ ਵਿਰੋਧੀ ਧਿਰ ਨੂੰ ਵਿਸ਼ਵਾਸ ਵਿੱਚ ਲਏ, ਇਸ ਯੋਜਨਾ ਦਾ ਰੂਪ ਬਦਲ ਦਿੱਤਾ ਗਿਆ ਹੈ ਅਤੇ ਇਸ ਵਿੱਚੋਂ ਮਹਾਤਮਾ ਗਾਂਧੀ ਦਾ ਨਾਂ ਵੀ ਹਟਾ ਦਿੱਤਾ ਗਿਆ ਹੈ। ਉਨ੍ਹਾਂ ਚਿੰਤਾ ਜਤਾਈ ਕਿ ਹੁਣ ਰੁਜ਼ਗਾਰ ਸਬੰਧੀ ਫੈਸਲੇ ਦਿੱਲੀ ਵਿੱਚ ਬੈਠ ਕੇ ਲਏ ਜਾਣਗੇ, ਜੋ ਕਿ



ਜ਼ਮੀਨੀ ਹਕੀਕਤ ਤੋਂ ਕੋਹਾਂ ਦੂਰ ਹਨ। ਕਾਂਗਰਸੀ ਆਗੂ ਨੇ ਕਿਹਾ ਕਿ ਇਹ ਯੋਜਨਾ ਕਿਸੇ ਪਾਰਟੀ ਦੀ ਨਹੀਂ ਸਗੋਂ ਜਨਤਾ ਦੇ ਹਿੱਤ ਦੀ ਹੈ ਅਤੇ ਇਸ ਨੂੰ ਕਮਜ਼ੋਰ ਕਰਨਾ ਗਰੀਬ ਕਿਸਾਨਾਂ ਤੇ ਮਜ਼ਦੂਰਾਂ ’ਤੇ ਹਮਲਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜਿਵੇਂ ਉਹ 20 ਸਾਲ ਪਹਿਲਾਂ ਗਰੀਬਾਂ ਦੇ ਹੱਕਾਂ ਲਈ ਲੜੇ ਸਨ, ਉਵੇਂ ਹੀ ਅੱਜ ਵੀ ਇਸ ’ਕਾਲੇ ਕਾਨੂੰਨ’ ਵਿਰੁੱਧ ਲੜਨ ਲਈ ਵਚਨਬੱਧ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਦੇ ਲੱਖਾਂ ਵਰਕਰ ਇਸ ਹਮਲੇ ਦਾ ਮੁਕਾਬਲਾ ਕਰਨ ਲਈ ਤਿਆਰ ਹਨ।

## ਜਰਮਨ ਯਾਤਰਾ ਦੌਰਾਨ ਭਾਰਤ ਦੇ ਦੁਸ਼ਮਣਾਂ ਨੂੰ ਮਿਲੇ ਰਾਹੁਲ ਗਾਂਧੀ

ਨਵੀਂ ਦਿੱਲੀ, 22 ਦਸੰਬਰ। ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਦੋਸ਼ ਲਾਇਆ ਕਿ ਰਾਹੁਲ ਗਾਂਧੀ ਨੇ ਜਰਮਨ ਯਾਤਰਾ ਦੌਰਾਨ ‘ਭਾਰਤ ਦੇ ਦੁਸ਼ਮਣਾਂ’ ਨਾਲ ਮੁਲਾਕਾਤ ਕੀਤੀ। ਪਾਰਟੀ ਨੇ ਲੋਕ ਸਭਾ ’ਚ ਵਿਰੋਧੀ ਧਿਰ ਦੇ ਨੇਤਾ ਨੂੰ ਸਵਾਲ ਕੀਤਾ ਕਿ ਅਜਿਹੇ ਤੱਤਾਂ ਨਾਲ ਹੱਥ ਮਿਲਾ ਕੇ ਉਹ ਦੇਸ਼ ਦੇ ਖਿਲਾਫ ਕਿਸ ਤਰ੍ਹਾਂ ਦੀ ‘ਸਾਜ਼ਿਸ਼’ ਰਚ ਰਹੇ ਹਨ। ਭਾਜਪਾ ਦੇ ਕੌਮੀ



ਬੁਲਾਰੇ ਗੌਰਵ ਭਾਟੀਆ ਨੇ ਇੱਥੇ ਭਾਜਪਾ ਹੈੱਡਕੁਆਰਟਰ ’ਚ ਆਯੋਜਿਤ ਪੱਤਰਕਾਰ ਸੰਮੇਲਨ ਨੂੰ ਸੰਬੋਧਨ ਕਰਦੇ ਹੋਏ ਬਰਲਿਨ ਸਥਿਤ ਹਰਟੀ ਸਕੂਲ ਦੀ ਪ੍ਰੈਜ਼ੀਡੈਂਟ ਅਤੇ ਪ੍ਰੋਫੈਸਰ ਕਾਰਨੇਲੀਆ ਵੋਲ ਨਾਲ ਗਾਂਧੀ ਦੀ ਕਥਿਤ ਤਸਵੀਰ ਵਿਖਾਈ ਅਤੇ ਇਸ ਨੂੰ ਕਾਂਗਰਸ ਨੇਤਾ ਵੱਲੋਂ ‘ਜਰਮਨੀ ’ਚ ਭਾਰਤ-ਵਿਰੋਧੀ ਤਾਕਤਾਂ ਨਾਲ ਮੁਲਾਕਾਤ’ ਦਾ ‘ਸਬੂਤ’ ਦੱਸਿਆ। ਭਾਟੀਆ ਨੇ ਦਾਅਵਾ ਕੀਤਾ ਕਿ ਵੋਲ ਸੈਂਟਰਲ ਯੂਰਪੀਅਨ ਯੂਨੀਵਰਸਿਟੀ ਦੇ ਟਰੱਸਟੀਆਂ ’ਚੋਂ ਇਕ ਹਨ, ਜਿਸ ਨੂੰ ਅਮਰੀਕੀ ਅਰਬਪਤੀ ਨਿਵੇਸ਼ਕ ਜਾਰਜ ਸੋਰੋਸ ਦੇ ਓਪਨ ਸੋਸਾਇਟੀ ਫਾਊਂਡੇਸ਼ਨ ਵੱਲੋਂ ਫੰਡ ਦਿੱਤਾ ਜਾਂਦਾ ਹੈ। ਰਾਹੁਲ ਗਾਂਧੀ ਜਾਂ ਕਾਂਗਰਸ ਵੱਲੋਂ ਤੁਰੰਤ ਕੋਈ ਪ੍ਰਤੀਕਿਰਿਆ ਨਹੀਂ ਆਈ। ਪਿਛਲੇ ਸਾਲ ਵੀ, ਭਾਜਪਾ ਨੇ ਦੋਸ਼ ਲਾਇਆ ਸੀ ਕਿ ਕਾਂਗਰਸ ਦੇ ਚੋਟੀ ਦੇ ਨੇਤਾਵਾਂ ਦੇ ਸੋਰੋਸ ਤੋਂ ਫੰਡ ਪ੍ਰਾਪਤ ਕਰਨ ਵਾਲੇ ਸੰਗਠਨਾਂ ਨਾਲ ਸਬੰਧ ਹਨ, ਜੋ ‘ਭਾਰਤ-ਵਿਰੋਧੀ’ ਸਰਗਰਮੀਆਂ ’ਚ ਸ਼ਾਮਲ ਹੈ। ਭਾਟੀਆ ਨੇ ਸ਼ਨੀਵਾਰ ਨੂੰ ਦੋਸ਼ ਲਾਇਆ, “ਜੇਕਰ ਕੋਈ ਭਾਰਤ ਵਿਰੋਧੀ ਤਾਕਤਾਂ ਨੂੰ ਮਿਲਦਾ ਹੈ ਅਤੇ ਵਿਦੇਸ਼ੀ ਧਰਤੀ ਤੋਂ ਭਾਰਤ ਦਾ ਅਪਮਾਨ ਕਰਦਾ ਹੈ, ਤਾਂ ਉਹ ਰਾਹੁਲ ਗਾਂਧੀ ਤੋਂ ਇਲਾਵਾ ਹੋਰ ਕੋਈ ਨਹੀਂ।

# ਮਨੀਸ਼ ਸਿਸੋਦੀਆਂ ਦੀ ਅਗਵਾਈ ’ਚ ਹਰਚੰਦ ਸਿੰਘ ਬਰਸਟ ਨੇ ਨਵੇਂ ਸਾਲ 2026 ਦਾ ਕੈਲੰਡਰ ਕੀਤਾ ਜਾਰੀ

ਕੌਮੀ ਪਤ੍ਰਿਕਾ

**ਤੇਜਿੰਦਰ ਕੌਰ ਬੱਬਰ**

ਚੰਡੀਗੜ੍ਹ 22 ਦਸੰਬਰ। ਆਮ ਆਦਮੀ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਭਾਰੀ ਅਤੇ ਦਿੱਲੀ ਦੇ ਸਾਬਕਾ ਉਪ-ਮੁੱਖ ਮੰਤਰੀ ਸ੍ਰੀ ਮਨੀਸ਼ ਸਿਸੋਦੀਆ ਜੀ ਨਾਲ ਮੁਲਾਕਾਤ ਕੀਤੀ ਗਈ। ਉਨ੍ਹਾਂ ਦਾ ਸਨਮਾਨ ਕਰਕੇ ਸਹਿਜ ਮੰਚ ਵੱਲੋਂ ਪ੍ਰਕਾਸ਼ਿਤ ਨਵੇਂ ਸਾਲ 2026 ਦਾ ਕੈਲੰਡਰ ਜਾਰੀ ਕੀਤਾ ਗਿਆ। ਇਸ ਮੌਕੇ ਸ੍ਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕ ਕੇਂਦਰਤ ਮਾਡਲ ਤੇ ਕੰਮ ਕਰ ਰਹੀ ਹੈ। ਕਿਸਾਨਾਂ ਲਈ ਮੁ.ਫਤ ਬਿਜਲੀ ਤੇ ਖੇਤੀਬਾੜੀ ਸਹਾਇਤਾ ਯੋਜਨਾਵਾਂ, ਵਿਦਿਆਰਥੀਆਂ ਲਈ ਸਕੂਲ ਆ.ਫ ਐਮੀਨੈਂਸ ਪ੍ਰੋਜੈਕਟ ਅਤੇ ਯੁੱਧ ਨਸ਼ਿਆਂ ਵਿਰੁੱਧ ਵਰਗੀ ਨਸ਼ਾ-ਰੋਕੂ ਅਭਿਆਨਾਂ ਰਾਹੀਂ ਪੰਜਾਬ ਨੂੰ ਇੱਕ ਪ੍ਰਗਤੀਸ਼ੀਲ ਦਿਸ਼ਾ ਵੱਲ ਮੋੜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ “ਆਪ”ਸਰਕਾਰ ਦਾ ਮਕਸਦ ਹਰ ਪਰਿਵਾਰ ਤੱਕ ਸਿੱਖਿਆ, ਸਿਹਤ ਅਤੇ ਵਿਕਾਸ ਦੇ ਮੌਕੇ ਪਹੁੰਚਾਉਣਾ ਹੈ।”ਸ.ਹਰਚੰਦ ਸਿੰਘ ਬਰਸਟ ਨੇ ਸਹਿਜ ਮੰਚ ਦੇ ਕੰਮਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਹ ਸੰਗਠਨ ਸਮਾਜਿਕ ਏਕਤਾ, ਸਿੱਖਿਆ ਪ੍ਰਚਾਰ, ਵਾਤਾਵਰਣ ਸੰਭਾਲ ਅਤੇ ਨਸ਼ਾ ਮੁਕਤੀ ਵਰਗੀਆਂ ਮੁਹਿੰਮਾਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਸਹਿਜ ਮੰਚ ਦਾ ਮਕਸਦ ਸਿਰ.ਫ ਇੱਕ ਸੰਗਠਨ ਨੂੰ ਸਿਰਜਣਾ ਨਹੀਂ, ਸਗੋਂ ਲੋਕਾਂ ਦੇ ਜੀਵਨ ਵਿੱਚ ਚੰਗੇ ਵਿਚਾਰਾਂ ਤੇ ਵਿਹਾਰਕ ਬਦਲਾਅ ਲਿਆਉਣਾ ਹੈ। ਉਨ੍ਹਾਂ ਨੇ ਸਹਿਜ ਮੰਚ ਦੇ ਉਦੇਸ਼ਾਂ ਬਾਰੇ ਜਾਣ ਕਰਵਾਉਂਦਿਆਂ ਦੱਸਿਆ ਕਿ ਇਸਦਾ ਮੁੱਖ ਉਦੇਸ਼ ਚੰਗੀਆਂ ਵਿੱਦਿਆ ਤੇ ਸਿਹਤ ਸੇਵਾਵਾਂ ਸਭ ਲਈ ਉਪਲਬਧ ਕਰਨਾ ਹੈ। ਸਾਰੇ ਬੱਚਿਆਂ ਲਈ ਖੇਡ ਦੇ ਮੈਦਾਨ ਤੇ ਖੇਡਾਂ ਦਾ ਸਮਾਨ ਅਧਿਕਾਰ ਹੋਵੇ। ਉਨ੍ਹਾਂ ਕਿਹਾ ਕਿ ਸ.ਫਾਈ, ਰੁਜ਼ਗਾਰ ਅਤੇ ਮਿਹਨਤ ਕਰਨ ਵਾਲਿਆਂ ਦਾ ਸਮਾਜ ਵਿੱਚ ਸਤਿਕਾਰ ਹੋਵੇ। ਈਰਖਾ, ਦਵੈਸ਼, ਨ.ਫਰਤ ਅਤੇ ਨਸ਼ਿਆਂ ਦਾ ਤਿਆਗ ਕਰਨਾ ਹੀ ਸੱਚੇ ਜੀਵਨ ਦੀ ਸ਼ੁਰੂਆਤ ਹੈ। ਪੰਜਾਬੀ ਮਾਂ ਬੋਲੀ, ਸਭਿਆਚਾਰ, ਆਪਸੀ ਭਾਈਚਾਰੇ



ਅਤੇ ਇਨਸਾਨੀਅਤ ਦੀ ਸੇਵਾ ਕਰਨਾ ਹੀ ਸਾਡਾ ਸਭ ਦਾ ਮਕਸਦ ਹੈ। ਪਾਣੀ ਅਤੇ ਵਾਤਾਵਰਣ ਦੀ ਸੰਭਾਲ ਨਾਲ ਹੀ ਚੌਗਿਰਦੇ ਨੂੰ ਹਰਾ-ਭਰਾ ਬਣਾ ਕੇ ਹੀ ਸਿਹਤਮੰਦ ਜੀਵਨ ਤੇ ਖ਼ੁਸ਼ਹਾਲੀ ਸੰਭਵ ਹੈ। ਨਵੀਂ ਤਕਨੀਕ ਨਾਲ ਜੁੜ ਕੇ ਅਤੇ ਸਮੇਂ ਦੇ ਹਾਣੀ ਬਣ ਕੇ ਹੀ ਦੁਨੀਆਂ ਨਾਲ ਬਰਾਬਰੀ ਕੀਤੀ ਜਾ ਸਕਦੀ ਹੈ। ਇਸ ਕੈਲੰਡਰ ਵਿੱਚ ਸਾਲ ਦੇ ਦੇਸੀ ਮਹੀਨਿਆਂ, ਦਿਨ, ਤਿਓਹਾਰ ਦੇ ਨਾਲ ਨਾਲ ਸੰਗਰਾਂਦ, ਪੂਰਨਮਾਸ਼ੀ, ਮੱਸਿਆਂ, ਪੰਚਮੀ ਬਾਰੇ ਵੀ ਲਿਖਿਆ ਹੋਇਆ ਹੈ। ਇਸ ਸਬੰਧੀ ਗੱਲ ਕਰਦਿਆਂ ਸ. ਬਰਸਟ ਨੇ ਪਟਿਆਲਾ ਦੀ ਕੇਂਦਰੀ ਰਾਜ ਲਾਇਬ੍ਰੇਰੀ ਦੇ ਨਵੀਨੀਕਰਨ ਬਾਰੇ ਵੀ ਜ਼ਿਕਰ ਕੀਤਾ। ਉਨ੍ਹਾਂ ਨੇ ਸ੍ਰੀ ਮਨੀਸ਼ ਸਿਸੋਦੀਆ ਨਾਲ ਇਸ ਪ੍ਰਾਜੈਕਟ ’ਤੇ ਵਿਸਥਾਰਪੂਰਵਕ ਗੱਲਬਾਤ ਕੀਤੀ। ਦੋਵਾਂ ਨੇ ਸਹਿਮਤੀ ਜਤਾਈ ਕਿ ਇਹ ਲਾਇਬ੍ਰੇਰੀ, ਜੋ ਪਟਿਆਲਾ ਦੀ ਸੱਭਿਆਚਾਰਕ ਤੇ ਮੂਲ ਪਛਾਣ ਦਾ ਕੇਂਦਰ ਹੈ, ਨੂੰ ਆਧੁਨਿਕ ਤਕਨੀਕੀ ਸਹੂਲਤਾਂ ਤੇ ਨਵੀਆਂ ਪਾਠਕ ਸਹੂਲਤਾਂ ਨਾਲ ਸੁਧਾਰਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਲਾਇਬ੍ਰੇਰੀ ਦਾ ਨਵੀਨੀਕਰਨ ਸਿਰ.ਫ ਇੱਕ ਇਮਾਰਤੀ ਕੰਮ ਨਹੀਂ, ਸਗੋਂ ਜਨਤਾ ਦੇ ਗਿਆਨ ਤੇ ਪਾਠਕਤਾ ਪ੍ਰਤੀ ਨਵੀਂ ਸੋਚ ਦਾ ਪ੍ਰਤੀਕ ਹੋਵੇਗਾ। ਇਸ ਮੌਕੇ ਪਟਿਆਲਾ ਸੋਸ਼ਲ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਸ੍ਰੀ ਵਿਜੇ ਗੋਇਲ ਨੇ ਸਮਾਜਕ ਸੇਵਾ ਦੇ ਖੇਤਰਾਂ ਵਿੱਚ ਕੀਤੇ ਉਪਰਾਲਿਆਂ ਤੇ ਰੌਸ਼ਨੀ ਪਾਈ।

# ਜੰਮੂ ਤੋਂ ਪੰਜਾਬ ਜਾ ਰਹੇ ਟਰੱਕ ਸਮੇਤ 5 ਵਾਹਨ ਜ਼ਬਤ, ਹੋਇਆ ਹੈਰਾਨੀਜਨਕ ਖੁਲਾਸਾ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ 22 ਦਸੰਬਰ। ਆਬਕਾਰੀ ਅਤੇ ਕਰ ਵਿਭਾਗ ਦੇ ਮੋਬਾਈਲ ਵਿੰਗ (ਐੱਮ. ਵੀ.) ਨੇ ਟੈਕਸ ਚੋਰੀ ਖਿਲਾਫ ਇਕ ਵੱਡੀ ਕਾਰਵਾਈ ਕਰਦਿਆਂ ਵੱਖ-ਵੱਖ ਤਰ੍ਹਾਂ ਦੇ ਸਾਮਾਨ ਨਾਲ ਭਰੇ ਟਰੱਕ ਸਮੇਤ 5 ਵਾਹਨ ਜ਼ਬਤ ਕੀਤੇ। ਇਕ ਵਿਭਾਗੀ ਜਾਂਚ ਵਿਚ ਇਨ੍ਹਾਂ ਸਾਰਿਆਂ ਵਿਚ ਟੈਕਸ ਚੋਰੀ ਦਾ ਖੁਲਾਸਾ ਹੋਇਆ। ਇਹ ਕਾਰਵਾਈ ਸਹਾਇਕ ਕਮਿਸ਼ਨਰ ਅੰਮ੍ਰਿਤਸਰ ਰੇਂਜ ਮੋਬਾਈਲ ਵਿੰਗ ਅੰਮ੍ਰਿਤਸਰ ਬਾਰਡਰ ਰੇਂਜ ਦੇ ਨਿਰਦੇਸ਼ਾਂ 'ਤੇ ਕੀਤੀ ਗਈ। ਜ਼ਬਤ ਕੀਤੇ ਗਏ ਵਾਹਨਾਂ 'ਤੇ ਕੁੱਲ 10.49 ਲੱਖ ਰੁਪਏ ਦਾ ਜੁਰਮਾਨਾ ਲਗਾਇਆ ਗਿਆ। ਜਾਣਕਾਰੀ ਅਨੁਸਾਰ ਮੋਬਾਈਲ ਵਿੰਗ ਅੰਮ੍ਰਿਤਸਰ ਨੂੰ ਸੂਚਨਾ ਮਿਲੀ ਸੀ ਕਿ ਇਕ ਟਰੱਕ ਹੈ, ਜਿਸ ਵਿਚ ਬੈਟਰੀ ਦੀ ਸਕ੍ਰੈਪ ਲੱਦੀ ਹੋਈ ਹੈ। ਇਸ ਸਮੱਗਰੀ ਨੂੰ ਪੰਜਾਬ ਵੱਲ ਭੇਜਿਆ ਜਾ ਰਿਹਾ ਹੈ ਅਤੇ ਇਸ ਵਿਚ ਲੱਦੇ ਹੋਏ ਮਾਲ 'ਤੇ ਕਾਫ਼ੀ ਟੈਕਸ ਚੋਰੀ ਕੀਤਾ ਜਾ ਰਿਹਾ ਸੀ। ਕਾਰਵਾਈ ਕਰਦਿਆਂ ਸਹਾਇਕ ਕਮਿਸ਼ਨਰ ਅੰਮ੍ਰਿਤਸਰ (ਐੱਮ. ਵੀ.) ਮਹੇਸ਼ ਗੁਪਤਾ ਦੇ ਨਿਰਦੇਸ਼ਾਂ ਹੇਠ ਈ. ਟੀ. ਓ. ਪੰ. ਰਮਨ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਇਕ ਟੀਮ ਭੇਜੀ ਗਈ ਸੀ। ਵਿਭਾਗੀ ਅਧਿਕਾਰੀਆਂ ਤੋਂ ਇਲਾਵਾ ਸੁਰੱਖਿਆ ਕਰਮਚਾਰੀ ਵੀ ਇਸ ਵਿਚ ਸ਼ਾਮਲ ਸਨ। ਇਕ ਸੂਚਨਾ 'ਤੇ ਕਾਰਵਾਈ ਕਰਦੇ ਹੋਏ ਐੱਮ. ਵੀ. ਟੀਮ ਨੇ ਟਰੱਕ ਨੂੰ ਰੋਕਣ ਲਈ ਜੰਮੂ-ਚੰਡੀਗੜ੍ਹ ਰੂਟ 'ਤੇ ਕਈ ਥਾਵਾਂ 'ਤੇ ਨਾਕੇਬੰਦੀ ਕੀਤੀ। ਇਸ ਦੌਰਾਨ ਵਿਭਾਗ ਨੂੰ ਪਤਾ ਲੱਗਾ ਕਿ ਟਰੱਕ ਰੋਪੜ ਖੇਤਰ ਵੱਲ ਆ ਰਿਹਾ ਸੀ। ਵਿਭਾਗੀ ਟੀਮਾਂ ਦੀ ਨਾਕਾਬੰਦੀ ਅਨੁਸਾਰ ਉਨ੍ਹਾਂ ਨੇ ਨਿਰਧਾਰਤ ਖੇਤਰ ਨੂੰ ਘੇਰ ਲਿਆ ਅਤੇ ਟਰੱਕ ਨੂੰ ਜ਼ਬਤ ਕਰ ਲਿਆ। ਜਦੋਂ ਮੋਬਾਈਲ ਟੀਮ ਨੇ ਮਾਲ ਲਈ ਦਸਤਾਵੇਜ਼ ਮੰਗੇ ਤਾਂ ਡਰਾਈਵਰ ਕੋਲ ਸਹੀ ਖਰੀਦ ਬਿੱਲਾਂ ਦੀ ਘਾਟ ਸੀ। ਜਾਂਚ ਕਰਨ 'ਤੇ ਇਹ ਪਤਾ ਲੱਗਾ ਕਿ ਟਰੱਕ ਪੁਰਾਣੇ ਬੈਟਰੀ ਸਕ੍ਰੈਪ ਨਾਲ ਭਰਿਆ ਹੋਇਆ ਸੀ, ਜਿਸ ਦੀ ਹਿਮਾਚਲ ਪ੍ਰਦੇਸ਼ ਦੇ ਉਦਯੋਗਿਕ ਖੇਤਰਾਂ ਵਿਚ ਬਹੁਤ ਮੰਗ ਹੈ। ਇਸ ਮਹਿੰਗੀ ਧਾਤ ਨੂੰ ਨਵੀਂ ਸਮੱਗਰੀ ਬਣਾਉਣ ਲਈ ਪਿਘਲਾਇਆ ਜਾਂਦਾ ਹੈ। ਐੱਮ. ਵੀ. ਟੀਮ ਅਨੁਸਾਰ ਜ਼ਬਤ ਕੀਤੇ ਗਏ ਸਾਮਾਨ 'ਤੇ 3 ਲੱਖ 35 ਹਜ਼ਾਰ ਦਾ ਜੁਰਮਾਨਾ ਲਾਇਆ ਗਿਆ। ਇਸੇ ਤਰ੍ਹਾਂ ਇਕ ਹੋਰ ਸੂਚਨਾ 'ਤੇ ਕਾਰਵਾਈ ਕਰਦੇ ਹੋਏ ਐੱਮ. ਵੀ. ਟੀਮ ਨੇ ਅੰਮ੍ਰਿਤਸਰ-ਜਲੰਧਰ ਸੜਕ 'ਤੇ ਬਿਆਸ ਨੇੜੇ ਇਕ ਵਾਹਨ ਨੂੰ ਰੋਕਿਆ, ਜਿਸ ਵਿਚ ਐਲੂਮੀਨੀਅਮ ਸਕ੍ਰੈਪ ਲਿਜਾਇਆ ਜਾ ਰਿਹਾ ਸੀ। ਕਾਰਵਾਈ ਦੌਰਾਨ ਟੀਮ ਨੇ 2 ਲੱਖ 14 ਹਜ਼ਾਰ ਰੁਪਏ ਦਾ ਜੁਰਮਾਨਾ ਵਸੂਲ ਕੀਤਾ। ਮੋਬਾਈਲ ਵਿੰਗ ਟੀਮ ਨੇ ਜਲੰਧਰ ਤੋਂ ਅੰਮ੍ਰਿਤਸਰ ਆ ਰਹੇ ਇਕ ਟਰੱਕ ਨੂੰ ਰੋਕਿਆ। ਨਿਰੀਖਣ ਦੌਰਾਨ ਵਾਹਨ ਮਾਨਾਂਵਾਲਾ/ਬਿਆਸ ਰੋਡ 'ਤੇ ਪੇਂਟ ਸਮੱਗਰੀ ਨਾਲ ਭਰਿਆ ਹੋਇਆ ਪਾਇਆ ਗਿਆ। ਜਾਂਚ ਅਤੇ ਮੁਲਾਂਕਣ ਤੋਂ ਬਾਅਦ ਟੀਮ ਨੇ 1 ਲੱਖ 20 ਹਜ਼ਾਰ ਰੁਪਏ ਦਾ ਜੁਰਮਾਨਾ ਵਸੂਲਿਆ। ਇਸੇ ਤਰ੍ਹਾਂ ਇਕ ਹੋਰ ਮਿਕਸ ਸਕ੍ਰੈਪ ਨਾਲ ਭਰਿਆ ਹੋਇਆ ਵਾਹਨ, ਜੋ ਜਲੰਧਰ ਤੋਂ ਜਲੰਧਰ ਲੋਕਲ ਜਾ ਰਿਹਾ ਸੀ. ਨੂੰ ਐੱਮ. ਵੀ. ਟੀਮ ਨੇ ਰੋਕ ਲਿਆ। ਚੈਕਿੰਗ ਕਰਨ 'ਤੇ ਇਸ ਵਿਚੋਂ ਜੀ. ਪੀ. ਸੀਟ ਮਿਲੀ, ਜੋ ਗੇਟ ਬਣਾਉਣ ਦੇ ਕੰਮ ਆਉਂਦੀ ਹੈ। ਇਸ 'ਤੇ ਵੀ ਟੈਕਸ ਚੋਰੀ ਦਾ ਮਾਮਲਾ ਨਿਕਲਿਆ ਤਾਂ ਐੱਮ. ਵੀ. ਟੀਮ ਨੇ 2 ਲੱਖ 18 ਹਜ਼ਾਰ ਰੁਪਏ ਜੁਰਮਾਨਾ ਕੀਤਾ। ਗੁਪਤ ਸੂਚਨਾ 'ਤੇ ਕਾਰਵਾਈ ਕਰਦੇ ਹੋਏ ਐੱਸ. ਟੀ. ਓ. ਮੋਬਾਈਲ ਵਿੰਗ



ਪੰ. ਰਮਨ ਕੁਮਾਰ ਸ਼ਰਮਾ ਦੀ ਮੋਬਾਈਲ ਟੀਮ ਨੇ ਰਾਮਬਾਗ ਫਾਟਕ ਨੇੜੇ ਇਕ ਈ-ਰਿਕਸ਼ਾ ਨੂੰ ਰੋਕਿਆ। ਚੈਕਿੰਗ ਕਰਨ 'ਤੇ ਪਤਾ ਲੱਗਾ ਕਿ ਇਸ ਵਿਚ ਲੱਦੇ ਤੰਬਾਕੂ ਦੀ ਡਲਿਵਰੀ ਲੋਕਲ ਦਿੱਤੀ ਜਾਣੀ ਸੀ। ਇਸ 'ਤੇ 1 ਲੱਖ 62 ਹਜ਼ਾਰ ਰੁਪਏ ਦਾ ਜੁਰਮਾਨਾ ਵਸੂਲਿਆ ਗਿਆ। ਅੰਮ੍ਰਿਤਸਰ ਰੇਂਜ ਦੇ ਸਹਾਇਕ ਕਮਿਸ਼ਨਰ ਮਹੇਸ਼ ਗੁਪਤਾ ਨੇ ਦੱਸਿਆ ਕਿ ਵਿਭਾਗ ਨੇ ਜ਼ਬਤ ਕੀਤੇ ਗਏ ਸਾਮਾਨ 'ਤੇ 10.49 ਲੱਖ ਦਾ ਜੁਰਮਾਨਾ ਲਾਇਆ ਹੈ। ਉਨ੍ਹਾਂ ਕਿਹਾ ਕਿ ਟੈਕਸ ਚੋਰੀ ਖਿਲਾਫ ਮੋਬਾਈਲ ਵਿੰਗ ਦੀ ਮੁਹਿੰਮ ਜਾਰੀ ਰਹੇਗੀ। ਵਿਭਾਗੀ ਟੀਮਾਂ ਦਿਨ-ਰਾਤ ਸੜਕਾਂ 'ਤੇ ਹਨ। ਮੋਬਾਈਲ ਵਿੰਗ ਦੇ ਅਫ਼ਸਰਾਂ ਦੀ 'ਰੈਕੀ' (ਪਿੱਛਾ ਕਰਨ) ਕਰਨ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾ ਸਕਦੀ ਹੈ। ਹਾਲਾਂਕਿ ਪਿਛਲੇ ਸਾਲਾਂ ਤੋਂ ਉਹ ਕਾਫ਼ੀ ਸਰਗਰਮ ਰਹੇ ਹਨ। ਇਹ ਵਿਅਕਤੀ ਜ਼ਿਆਦਾਤਰ ਛੋਟੇ ਅਤੇ ਮਹਿੰਗੇ ਸਾਮਾਨ ਦੀ ਤਸਕਰੀ ਨਾਲ ਟੈਕਸ ਚੋਰੀ ਕਰਦੇ ਹਨ, ਜਿਨ੍ਹਾਂ ਨੂੰ ਫਿਰ ਛੋਟੇ ਵਾਹਨਾਂ 'ਤੇ ਲੱਦਿਆ ਜਾਂਦਾ ਹੈ। ਟੈਕਸ ਮਾਫੀਆ ਬੇਰੁਜ਼ਗਾਰ ਨੌਜਵਾਨਾਂ ਦੀ ਮਿਹਨਤ ਦਾ ਸ਼ੋਸ਼ਣ ਕਰਦਾ ਹੈ ਜਾਂ ਉਨ੍ਹਾਂ ਦੀ ਬੇਵਸੀ ਦਾ ਸ਼ੋਸ਼ਣ ਕਰਦਾ ਹੈ, ਜਿਸ ਨੂੰ 15 ਤੋਂ ਵੱਧ ਮੋਟਰਸਾਈਕਲ ਸਵਾਰਾਂ ਨੂੰ ਨੌਕਰੀ 'ਤੇ ਰੱਖਿਆ ਹੈ, ਜਿਨ੍ਹਾਂ ਨੂੰ ਪ੍ਰਤੀ ਵਿਅਕਤੀ 15 ਹਜ਼ਾਰ ਰੁਪਏ ਮਹੀਨਾਵਾਰ ਤਨਖਾਹ ਦਿੱਤੀ ਜਾਂਦੀ ਹੈ। ਨਾਲ ਹੀ ਉਨ੍ਹਾਂ ਦੇ ਮੋਟਰਸਾਈਕਲਾਂ ਲਈ ਪੈਟਰੋਲ ਵੀ ਦਿੱਤਾ ਜਾਂਦਾ ਹੈ। ਇਹ ਵਿਅਕਤੀ ਮੋਬਾਈਲ ਵਿੰਗ ਦੇ ਅਫ਼ਸਰਾਂ ਦਾ ਪਿੱਛਾ ਕਰਦੇ ਹਨ ਅਤੇ ਸਮੇਂ-ਸਮੇਂ 'ਤੇ ਉਨ੍ਹਾਂ ਦੀ ਲੋਕੇਸ਼ਨ ਟੈਕਸ ਚੋਰੀ ਕਰਨ ਵਾਲਿਆਂ ਨੂੰ ਭੇਜਦੇ ਹਨ। ਇਸ ਜਾਣਕਾਰੀ ਦੇ ਆਧਾਰ 'ਤੇ ਟੈਕਸ ਚੋਰੀ ਕਰਨ ਵਾਲੇ ਰਸਤੇ ਬਦਲ ਕੇ ਆਪਣੇ ਵਾਹਨਾਂ ਨੂੰ ਨਾਲ ਭਜਾਉਣ ਦੀ ਕੋਸ਼ਿਸ਼ ਕਰਦੇ ਹਨ। ਦੱਸਿਆ ਜਾਂਦਾ ਹੈ ਕਿ ਪਹਿਲਾਂ ਇਹ ਮੁਸ਼ਕਲ ਸੀ ਕਿਉਂਕਿ ਪਿੱਛਾ ਕਰਨ ਵਾਲੇ ਫੜੇ ਗਏ ਲੋਕਾਂ 'ਤੇ ਲਾਏ ਗਏ ਅਪਰਾਧਿਕ ਦੋਸ਼ਾਂ ਦੇ ਨਤੀਜੇ ਵਜੋਂ ਅਕਸਰ ਅਪਰਾਧੀ ਨੂੰ ਜਲਦੀ ਜ਼ਮਾਨਤ ਮਿਲਦੀ ਸੀ। ਇਕ ਵਾਰ ਜ਼ਮਾਨਤ ਮਿਲਣ ਤੋਂ ਬਾਅਦ ਅਪਰਾਧੀ ਉਸੇ ਗਤੀਵਿਧੀ ਵਿਚ ਵਾਪਸ ਆ ਸਕਦਾ ਹੈ। ਕਾਨੂੰਨੀ ਮਾਹਰਾਂ ਦੀ ਮਦਦ ਨਾਲ ਇਹ ਹੱਲ ਲੱਭਿਆ ਗਿਆ ਹੈ। ਸੂਤਰਾਂ ਤੋਂ ਪਤਾ ਲੱਗਾ ਹੈ ਕਿ ਜਦਕਿ ਸ਼ੁਰੂ ਵਿਚ ਇਹ ਮੰਨਿਆ ਜਾ ਰਿਹਾ ਸੀ ਕਿ ਇਹ ਬੇਰੁਜ਼ਗਾਰ ਵਿਅਕਤੀ ਆਮ ਵਪਾਰੀਆਂ ਨੂੰ ਜਾਣਕਾਰੀ ਦੇ ਰਹੇ ਸਨ। ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਹੈ ਕਿ ਉਹ ਪਿੱਛੇ ਇਕ ਬੌਸ ਹੈ, ਜੋ ਉਨ੍ਹਾਂ ਨੂੰ ਨਿਰਦੇਸ਼ ਦਿੰਦਾ ਹੈ। ਉਸ ਦਾ ਨਾਂ ਜਲਦੀ ਹੀ ਸਾਹਮਣੇ ਆਵੇਗਾ। ਇਹ ਵਿਅਕਤੀ ਨਾ ਸਿਰਫ ਅਧਿਕਾਰੀਆਂ ਦਾ ਪਿੱਛਾ ਕਰਦੇ ਹਨ, ਸਗੋਂ ਇਸ਼ਾਰਿਆਂ ਨਾਲ ਉਨ੍ਹਾਂ ਨੂੰ ਜਨਤਕ ਤੌਰ 'ਤੇ ਤੰਗ ਵੀ ਕਰਦੇ ਹਨ ਅਤੇ ਬਿੱਲੀ ਅਤੇ ਚੂਹੇ ਦੇ ਇਸ ਖੇਡ ਵਿਚ ਜੀ. ਐੱਸ. ਟੀ. ਅਧਿਕਾਰੀਆਂ ਨੂੰ ਸਰੀਰਕ ਤੌਰ 'ਤੇ ਨੁਕਸਾਨ ਵੀ ਪਹੁੰਚਾ ਸਕਦੇ ਹਨ। ਕਾਨੂੰਨੀ ਮਾਹਿਰਾਂ ਅਨੁਸਾਰ ਹੁਣ ਇਨ੍ਹਾਂ ਦੇ ਸਰਗਨੇ ਨੂੰ ਸਿੱਧਾ ਹੱਥ ਪਾਇਆ ਜਾਵੇਗਾ। ਇਹ ਪਤਾ ਲੱਗਾ ਹੈ ਕਿ ਕੁਝ ਮੋਟਰਸਾਈਕਲ ਸਵਾਰ 'ਵਾਅਦਾ-ਮੁਆਫ਼ੀ ਦੇ ਗਵਾਹ' ਬਣਨ ਲਈ ਵੀ ਤਿਆਰ ਹਨ। ਕਾਨੂੰਨੀ ਮਾਹਿਰਾਂ ਅਨੁਸਾਰ ਇਸ ਅਪਰਾਧ ਨੂੰ ਇਕ ਅਪਰਾਧਿਕ ਅਪਰਾਧ ਬਣਾਉਣ ਦਾ ਪ੍ਰਬੰਧ ਹੈ ਅਤੇ ਵੱਡੀ ਕਾਰਵਾਈ ਕੀਤੀ ਜਾ ਸਕਦੀ ਹੈ। ਇਹ ਸੰਭਵ ਹੈ ਕਿ ਉਨ੍ਹਾਂ ਵਿਰੁੱਧ ਜਨਹਿੱਤ ਮੁਕੱਦਮਾ ਵੀ ਦਾਇਰ ਕੀਤਾ ਜਾ ਸਕਦਾ ਹੈ। ਦੱਸਿਆ ਜਾ ਰਿਹਾ ਹੈ ਕਿ ਇਨ੍ਹਾਂ ਰੈਕੇਟਾਂ ਵਲੋਂ ਦਿੱਤੀ ਗਈ ਜਾਣਕਾਰੀ ਲਗਭਗ 10 ਗਰੁੱਪਾਂ ਦੇ ਲੋਕਾਂ ਤਕ ਪਹੁੰਚਦੀ ਹੈ, ਜਿਨ੍ਹਾਂ ਵਿਚ ਰਾਹਗੀਰ, ਟਰਾਂਸਪੋਰਟਰ ਅਤੇ ਨਿੱਜੀ ਵਾਹਨਾਂ ਵਿਚ ਸਾਮਾਨ ਦੀ ਢੋਆ-ਢੁਆਈ ਕਰਨ ਵਾਲੇ ਸ਼ਾਮਲ ਹਨ। ਇਹ ਖੁਲਾਸਾ ਹੋਇਆ ਹੈ ਕਿ ਇਨ੍ਹਾਂ ਟੈਕਸ ਚੋਰੀ ਕਰਨ ਵਾਲਿਆਂ ਦਾ ਇਕ ਸਾਂਝਾ ਯੋਜਨਾਕਾਰ ਅਤੇ 'ਬੌਸ' ਹੈ, ਜਿਸ ਨੂੰ ਜਲਦੀ ਹੀ ਫੜ ਲਿਆ ਜਾਵੇਗਾ।

## ਮੱਧ ਪ੍ਰਦੇਸ਼ 'ਚ ਗਾਂਜਾ ਸਮੱਗਲਿੰਗ ਦੇ ਦੋਸ਼ 'ਚ ਮੰਤਰੀ ਦਾ ਭਰਾ ਗ੍ਰਿਫਤਾਰ

ਸਤਨਾ 22 ਦਸੰਬਰ। ਮੱਧ ਪ੍ਰਦੇਸ਼ ਸਰਕਾਰ 'ਚ ਮੰਤਰੀ ਅਤੇ ਸਤਨਾ ਦੀ ਰੈਗਾਂਵ ਸੀਟ ਤੋਂ ਵਿਧਾਇਕ ਪ੍ਰਤਿਮਾ ਬਾਗਰੀ ਦੇ ਛੋਟੇ ਭਰਾ ਨੂੰ ਗਾਂਜਾ ਸਮੱਗਲਿੰਗ ਦੇ ਦੋਸ਼ 'ਚ ਗ੍ਰਿਫਤਾਰ ਕੀਤਾ ਗਿਆ ਹੈ। ਪੁਲਸ ਦੇ ਇਕ




ਅਧਿਕਾਰੀ ਨੇ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ। ਇਸ ਘਟਨਾ ਦੇ ਸਾਹਮਣੇ ਆਉਣ ਤੋਂ ਬਾਅਦ ਮੁੱਖ ਵਿਰੋਧੀ ਦਲ ਕਾਂਗਰਸ ਨੇ ਸੂਬਾ ਸਰਕਾਰ 'ਤੇ ਨਿਸ਼ਾਨਾ ਵਿੰਨ੍ਹਦੇ ਹੋਏ ਕਿਹਾ ਕਿ ਮੱਧ ਪ੍ਰਦੇਸ਼ 'ਚ 'ਡਰੱਗਸ-ਨੈੱਟਵਰਕ' ਨਹੀਂ, ਹੁਣ 'ਭਾਜਪਾ ਰਿਸ਼ਤੇਦਾਰ ਨੈੱਟਵਰਕ' ਸਰਗਰਮ ਹੈ। ਕਾਂਗਰਸ ਦੀ ਪ੍ਰਦੇਸ਼ ਇਕਾਈ ਨੇ 'ਐਕਸ' 'ਤੇ ਇਕ ਵੀਡੀਓ ਵੀ ਸਾਂਝੀ ਕੀਤੀ ਹੈ, ਜਿਸ ਵਿਚ ਇਕ ਪੱਤਰਕਾਰ ਪ੍ਰਤਿਮਾ ਬਾਗਰੀ ਤੋਂ ਇਹ ਸਵਾਲ ਕਰ ਰਿਹਾ ਹੈ ਕਿ ਉਨ੍ਹਾਂ ਦਾ ਭਰਾ ਗਾਂਜਾ ਸਮੱਗਲਿੰਗ ਦੇ ਦੋਸ਼ 'ਚ ਗ੍ਰਿਫਤਾਰ ਹੋਇਆ ਹੈ। ਇਸ ਦੇ ਜਵਾਬ 'ਚ ਉਨ੍ਹਾਂ ਨੂੰ ਕਹਿੰਦੇ ਸੁਣਿਆ ਜਾ ਸਕਦਾ ਹੈ, "ਜ਼ਬਰਦਸਤੀ ਦੀ ਗੱਲ ਕਿਉਂ ਕਰਦੇ ਹੋ ਤੁਸੀਂ ਲੋਕ?" ਰਾਮਪੁਰ ਬਘੇਲਾਨ ਪੁਲਸ ਨੇ ਮੁਖ਼ਬਰੀ ਦੀ ਸੂਚਨਾ 'ਤੇ ਸੋਮਵਾਰ ਸਵੇਰੇ ਮਰੌਹਾ ਨਿਵਾਸੀ ਪੰਕਜ ਸਿੰਘ ਬਘੇਲ ਦੇ ਮਕਾਨ ਦੇ ਸਾਹਮਣੇ ਬਣੇ ਇਕ ਟੀਨ ਦੇ ਸ਼ੈੱਡ ਹੇਠ ਰੱਖੀਆਂ ਝੋਨੇ ਦੀਆਂ ਬੋਰੀਆਂ 'ਚੋਂ ਗਾਂਜੇ ਦੇ ਪੈਕੇਟ ਬਰਾਮਦ ਕੀਤੇ, ਜਿਸ ਦਾ ਕੁੱਲ ਵਜ਼ਨ 46.13 ਕਿਲੋਗ੍ਰਾਮ ਸੀ ਅਤੇ ਇਸ ਦੀ ਕੁੱਲ ਕੀਮਤ 9.22 ਲੱਖ ਰੁਪਏ ਆਂਕੀ ਗਈ। ਵਧੀਕ ਪੁਲਸ ਸੁਪਰਡੈਂਟ (ਪੇਂਡੂ) ਪ੍ਰੇਮ ਲਾਲ ਕੁਰਵੇ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਜਦੋਂ ਮੁਲਜ਼ਮ ਪੰਕਜ ਤੋਂ ਪੁੱਛਗਿੱਛ ਕੀਤੀ ਗਈ ਤਾਂ ਉਸ ਨੇ ਦੱਸਿਆ ਕਿ ਉਸ ਨੂੰ ਇਹ ਗਾਂਜਾ ਅਨਿਲ ਬਾਗਰੀ ਅਤੇ ਸ਼ੈਲੇਂਦਰ ਸਿੰਘ ਨੇ ਦਿੱਤਾ ਹੈ।

## ਜਲੰਧਰ 'ਚ ਫਿਰ ਸ਼ਰਮਨਾਕ ਕਾਰਾ !

ਜਲੰਧਰ 22 ਦਸੰਬਰ। ਪਟੇਲ ਚੌਕ ਨੇੜੇ ਪੈਂਦੇ ਇਕ ਇਲਾਕੇ 'ਚ ਅੱਧਖੜ੍ਹ ਉਮਰ ਦੇ ਇਕ ਚਾਚੇ ਵੱਲੋਂ ਆਪਣੀ ਭਤੀਜੀ ਨਾਲ ਜਬਰ-ਜ਼ਿਨਾਹ ਕਰਨ ਦੀ ਕੋਸ਼ਿਸ਼ ਦਾ ਮਾਮਲਾ ਸਾਹਮਣੇ ਆਇਆ ਹੈ। ਪੀਰੀਅਡਸ ਆਉਣ ਕਾਰਨ ਮੁਲਜ਼ਮ ਆਪਣੇ ਇਰਾਦਿਆਂ ਵਿਚ ਕਾਮਯਾਬ ਨਹੀਂ ਹੋ ਸਕਿਆ। ਦੱਸਿਆ ਜਾ ਰਿਹਾ ਹੈ ਕਿ ਉਸ ਗੱਲ ਤੋਂ ਬਾਅਦ ਮੁਲਜ਼ਮ ਚਾਚਾ ਮਾਮਲਾ ਦਬਾਉਣ ਲਈ ਕਾਫ਼ੀ ਦਬਾਅ ਪਾਉਂਦਾ ਰਿਹਾ, ਉਸ ਨੇ ਪੀੜਤਾ ਨੂੰ ਲਾਲਚ ਵੀ ਦਿੱਤਾ ਕਿ ਉਹ ਪੁਲਸ ਕੋਲ ਸ਼ਿਕਾਇਤ ਦਰਜ ਨਾ ਕਰਵਾਏ ਪਰ ਪੀੜਤ ਦਾ ਕਹਿਣਾ ਸੀ ਕਿ ਅੱਜ ਉਸ ਨਾਲ ਅਜਿਹਾ ਹੋਇਆ ਹੈ, ਕੱਲ੍ਹ ਨੂੰ ਚਾਚਾ ਕਿਸੇ ਹੋਰ ਨਾਲ ਜਬਰ-ਜ਼ਿਨਾਹ ਦੀ ਕੋਸ਼ਿਸ਼ ਨਾ ਕਰ ਸਕੇ, ਇਸ ਲਈ ਉਹ ਕੇਸ ਦਰਜ ਕਰਵਾ ਕੇ ਹੀ ਦਮ ਲਵੇਗੀ। ਪੀੜਤਾ ਅਤੇ ਉਸ ਦੇ ਪਰਿਵਾਰਕ ਮੈਂਬਰਾਂ ਨੇ ਥਾਣਾ ਨੰ. 2 ਦੀ ਪੁਲਸ ਨੂੰ ਸ਼ਿਕਾਇਤ ਦਿੱਤੀ ਅਤੇ ਪੁਲਸ ਨੇ ਮਾਮਲੇ ਦੀ ਗੰਭੀਰਤਾ ਨੂੰ ਵੇਖਦੇ ਹੋਏ ਮੁਲਜ਼ਮ ਚਾਚੇ ਖ਼?ਲਾਫ਼ ਕੇਸ ਦਰਜ ਕੀਤਾ। ਐੱਸ. ਐੱਚ. ਓ. ਥਾਣਾ ਨੰ. 2 ਜਸਵਿੰਦਰ ਸਿੰਘ ਗਿੱਲ ਦਾ ਕਹਿਣਾ ਹੈ ਕਿ ਚਾਚਾ ਫਰਾਰ ਹੈ ਅਤੇ ਉਸ ਦੀ ਭਾਲ ਵਿਚ ਛਾਪੇਮਾਰੀ ਕੀਤੀ ਜਾ ਰਹੀ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ 20 ਸਾਲਾ ਲੜਕੀ ਨੇ ਕਿਹਾ ਕਿ ਉਹ ਬੀ. ਏ. ਦੀ ਪੜ੍ਹਾਈ ਕਰ ਰਹੀ ਹੈ। ਮਿਤੀ 15 ਦਸੰਬਰ 2025 ਨੂੰ ਕਰੀਬ ਸ਼ਾਮ 7 ਵਜੇ ਉਸ ਦਾ ਚਾਚਾ ਗੁਰਵਿੰਦਰਪਾਲ ਸਿੰਘ ਉਰਫ਼ ਪ੍ਰਿੰਸ ਪੁੱਤਰ ਲੇਟ ਗੁਰਮੀਤ ਸਿੰਘ ਨਿਵਾਸੀ ਮਕਾਨ ਨੰ. 1248 ਅਜੀਤ ਨਗਰ ਮੇਰੇ ਘਰ ਆਇਆ। ਉਸ ਦੌਰਾਨ ਉਹ ਘਰ ਇਕੱਲੀ ਸੀ। ਚਾਚੇ ਨੂੰ ਅੰਦਰ ਆ ਕੇ ਮੇਰੇ ਮਾਤਾ-ਪਿਤਾ ਦੇ ਨਾਨੀ ਘਰ ਗਏ ਹੋਣ ਤਾਂ ਪਤਾ ਲੱਗਾ ਤਾਂ ਉਸ ਨੇ ਅੰਦਰੋਂ ਕੁੰਡੀ ਲਾ ਕੇ ਮੇਰੇ ਨਾਲ ਜਬਰ-ਜ਼ਿਨਾਹ ਕਰਨ ਦੀ ਕੋਸ਼ਿਸ਼ ਕੀਤੀ। ਪੀੜਤਾ ਦੇ ਬਿਆਨਾਂ ਮੁਤਾਬਕ ਉਸ ਨੂੰ ਪੀਰੀਅਡਸ ਆਏ ਹੋਣ ਕਾਰਨ ਮੁਲਜ਼ਮ ਚਾਚਾ ਰਿਲੇਸ਼ਨ (ਸੰਬੰਧ) ਨਹੀਂ ਬਣਾ ਸਕਿਆ।

## ਗਲਤ ਜਾਣਕਾਰੀ ਦੇ ਕੇ ਵਕੀਲ ਨੇ ਕਰਵਾਇਆ ਆਰਮਜ਼ ਲਾਇਸੈਂਸ ਰੀਨਿਊ

**ਕੌਮੀ ਪਤ੍ਰਿਕਾ**

ਚੰਡੀਗੜ੍ਹ 22 ਦਸੰਬਰ। ਸੈਕਟਰ-61 ਵਾਸੀ ਵਕੀਲ ਵਿਕਾਸ ਬੈਕਟਰ ਨੇ ਅਪਰਾਧਿਕ ਮਾਮਲਿਆਂ ਦੀ ਜਾਣਕਾਰੀ ਛੁਪਾ ਕੇ ਆਰਮਜ਼ ਲਾਇਸੈਂਸ ਰੀਨਿਊ ਕਰਵਾ ਲਿਆ। ਸੈਕਟਰ-10 ਵਾਸੀ ਗੌਰਵ ਧੀਰ ਨੇ ਪੁਲਸ ਨੂੰ ਸ਼ਿਕਾਇਤ ਦਿੱਤੀ। ਪੁਲਸ ਨੇ ਜਾਂਚ ਕੀਤੀ ਤਾਂ ਵਕੀਲ ਵਿਕਾਸ ਬੈਕਟਰ 'ਤੇ ਹਮਲਾ, ਧੋਖਾਧੜੀ, ਅਸਲਾ ਐਕਟ, ਆਬਕਾਰੀ ਐਕਟ ਅਤੇ ਚੈੱਕ ਬਾਊਂਸ ਸਮੇਤ ਕੁਲ ਸੱਤ ਮਾਮਲੇ ਦਰਜ ਹਨ। ਸੈਕਟਰ-36 ਥਾਣਾ ਪੁਲਸ ਨੇ ਧੀਰ ਦੇ ਬਿਆਨਾਂ 'ਤੇ ਮੁਲਜ਼ਮ ਵਕੀਲ ਵਿਕਾਸ ਬੈਕਟਰ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਗੌਰਵ ਧੀਰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਵਿਕਾਸ ਬੈਕਟਰ ਦੇ ਨਾਂ 'ਤੇ ਆਰਮਜ਼ ਲਾਇਸੈਂਸ ਜਾਰੀ ਕੀਤਾ ਤੇ ਬਾਅਦ 'ਚ ਨਵੀਨੀਕਰਨ ਵੀ ਹੋ ਗਿਆ, ਜਦਕਿ ਮੁਲਜ਼ਮ ਵਕੀਲ ਅਪਰਾਧਿਕ ਪਿਛੋਕੜ ਵਾਲਾ ਵਿਅਕਤੀ ਹੈ। ਉਸ ਦੇ ਵਿਰੁੱਧ ਮੋਹਾਲੀ ਤੇ ਚੰਡੀਗੜ੍ਹ 'ਚ ਹਮਲਾ, ਧੋਖਾਧੜੀ, ਅਸਲਾ ਐਕਟ, ਆਬਕਾਰੀ ਐਕਟ ਅਤੇ ਚੈੱਕ ਬਾਊਂਸ ਸਮੇਤ ਕੁੱਲ ਸੱਤ ਮਾਮਲੇ ਦਰਜ ਹਨ। ਸ਼ਿਕਾਇਤ 'ਚ ਦੱਸਿਆ ਗਿਆ ਕਿ ਵਿਕਾਸ ਬੈਕਟਰ ਵਿਰੁੱਧ ਕੁਝ ਸ਼ਿਕਾਇਤਾਂ ਅਤੇ




ਐੱਫ.ਆਈ.ਆਰ. ਲੰਬਿਤ ਹਨ। ਇਕ ਮਾਮਲੇ 'ਚ ਉਹ ਮੁਲਜ਼ਮ ਕਰਾਰ ਦਿੱਤਾ ਜਾ ਚੁੱਕਾ ਹੈ। ਇਕ ਹੋਰ ਮਾਮਲੇ 'ਚ ਅਦਾਲਤ ਨੇ ਪ੍ਰੋਕਲੇਮਡ ਆਫੈਂਡਰ ਘੋਸ਼ਿਤ ਕੀਤਾ ਗਿਆ ਸੀ, ਜਿਸ ਤੋਂ ਬਾਅਦ ਆਤਮ ਸਮਰਪਣ ਕਰ ਦਿੱਤਾ। ਦੂਜੇ ਮਾਮਲੇ 'ਚ ਵੀ ਪੀ. ਓ. ਵੀ ਐਲਾਨਿਆ ਗਿਆ ਸੀ। ਗੌਰਵ ਨੇ ਕਿਹਾ ਕਿ ਇਹ ਬਹੁਤ ਹੀ ਹੈਰਾਨ ਕਰਨ ਵਾਲੀ ਗੱਲ ਹੈ ਕਿ ਇੰਨੇ ਗੰਭੀਰ ਮਾਮਲਿਆਂ 'ਚ ਸ਼ਾਮਲ ਹੋਣ ਦੇ ਬਾਵਜੂਦ ਵਿਕਾਸ ਬੈਕਟਰ ਨੂੰ ਆਰਮਜ਼ ਲਾਇਸੈਂਸ ਜਾਰੀ ਕੀਤਾ ਗਿਆ ਤੇ ਬਾਅਦ 'ਚ ਨਵੀਨੀਕਰਨ ਵੀ ਹੋ ਗਿਆ। ਲਾਇਸੈਂਸ ਗਲਤ ਜਾਣਕਾਰੀ ਦੇ ਕੇ ਹਾਸਲ ਕੀਤਾ ਗਿਆ ਹੈ। ਇਸ ਨੂੰ ਰੱਦ ਕੀਤਾ ਜਾਣਾ ਚਾਹੀਦਾ ਹੈ, ਕਿਉਂਕਿ ਇਹ ਜਨਤਕ ਸੁਰੱਖਿਆ ਅਤੇ ਸ਼ਾਂਤੀ ਲਈ ਖ਼ਤਰਾ ਬਣ ਸਕਦਾ ਹੈ। ਸ਼ਿਕਾਇਤਕਰਤਾ ਨੇ ਦਾਅਵਾ ਕੀਤਾ ਕਿ ਉਹ ਖ਼ੁਦ ਵੀ ਵਿਕਾਸ ਬੈਕਟਰ ਦੀਆਂ ਗੈਰ-ਕਾਨੂੰਨੀ ਗਤੀਵਿਧੀਆਂ ਦਾ ਸ਼ਿਕਾਰ ਹੈ ਤੇ ਉਸ ਦੁਆਰਾ ਦਰਜ ਇਕ ਐੱਫ. ਆਈ. ਆਰ. ਅਜੇ ਵੀ ਲੰਬਿਤ ਹੈ। ਵਿਕਾਸ ਬੈਕਟਰ ਕੋਲ ਹਥਿਆਰ ਹੋਣ ਕਾਰਨ ਉਸ ਦੀ ਜਾਨ ਨੂੰ ਖ਼ਤਰਾ ਹੈ।

## ਪੰਜਾਬੀਆਂ ਦੀ ਜਾਨ ਨੂੰ ਵੱਡਾ ਖ਼ਤਰਾ ! ਸਾਹਮਣੇ ਆਈ ਰਿਪੋਰਟ 'ਚ ਹੋਇਆ ਵੱਡਾ ਖ਼ੁਲਾਸਾ

ਚੰਡੀਗੜ੍ਹ 22 ਦਸੰਬਰ। ਪੰਜਾਬ ਦੀਆਂ ਸੜਕਾਂ 'ਤੇ ਪੰਜਾਬੀਆਂ ਦੀ ਜਾਨ ਨੂੰ ਵੱਡਾ ਖ਼ਤਰਾ ਹੈ ਕਿਉਂਕਿ ਹਰ ਸਾਲ ਸੜਕਾਂ 'ਤੇ ਹੋਣ ਵਾਲੀਆਂ ਮੌਤਾਂ ਦੀ ਗਿਣਤੀ ਲਗਾਤਾਰ ਵੱਧਦੀ ਜਾ ਰਹੀ ਹੈ, ਜਿਸ ਦੇ ਕਈ ਕਾਰਨ ਸਾਹਮਣੇ ਆਏ ਹਨ। ਇਸ ਗੱਲ ਦਾ ਖ਼ੁਲਾਸਾ ਸੜਕ ਆਵਾਜਾਈ ਅਤੇ ਰਾਜ ਮਾਰਗ ਮੰਤਰਾਲੇ ਵਲੋਂ ਰਾਜ ਸਭਾ 'ਚ ਪੇਸ਼ ਕੀਤੀ ਗਈ ਰਿਪੋਰਟ 'ਚ ਕੀਤਾ ਗਿਆ ਹੈ। ਇਸ ਰਿਪੋਰਟ 'ਚ ਦੱਸਿਆ ਗਿਆ ਹੈ ਕਿ ਸੂਬੇ 'ਚ ਹਰ 2 ਘੰਟੇ 'ਚ ਇਕ ਵਿਅਕਤੀ ਸੜਕ ਹਾਦਸੇ ਦੌਰਾਨ ਆਪਣੀ ਜਾਨ ਗੁਆ ਰਿਹਾ ਹੈ। ਤੇਜ਼ ਰਫ਼ਤਾਰ ਕਾਰਨ ਰੋਜ਼ਾਨਾ 8 ਲੋਕਾਂ ਦੀ ਜਾਨ ਜਾ ਰਹੀ ਹੈ। ਪਿਛਲੇ 5 ਸਾਲਾਂ ਦੌਰਾਨ ਸੜਕ ਹਾਦਸਿਆਂ 'ਚ ਮੌਤਾਂ ਦੀ ਮੌਤ ਦਰ 22 ਫ਼ੀਸਦੀ ਵਧੀ ਹੈ। ਜਿੱਥੇ 2020 'ਚ 3,898 ਲੋਕਾਂ ਦੀ ਮੌਤ ਦਰਜ ਹੋਈ ਸੀ, ਉੱਥੇ ਹੀ 2024 'ਚ ਇਹ ਗਿਣਤੀ ਵੱਧ ਕੇ 4,759 ਤੱਕ ਪਹੁੰਚ ਗਈ। ਮਾਹਰਾਂ ਦਾ ਕਹਿਣਾ ਹੈ ਕਿ ਵਾਹਨ ਚਾਲਕਾਂ ਵਲੋਂ ਟ?ਰੈਫਿਕ ਨਿਯਮਾਂ ਦੀ ਅਣਦੇਖੀ, ਤੇਜ਼ ਰਫ਼ਤਾਰ, ਓਵਰਲੋਡਿੰਗ ਇਸ ਦੇ ਮੁੱਖ ਕਾਰਨ ਹਨ। ਹੈਲਮੇਟ ਅਤੇ ਸੀਟ ਬੈਲਟ ਨਾ ਪਾਉਣ ਕਾਰਨ ਵੀ ਮੌਤਾਂ ਦੇ ਵੱਡੀ ਗਿਣਤੀ 'ਚ ਮਾਮਲੇ ਸਾਹਮਣੇ ਆਏ ਹਨ। ਹਾਲਾਂਕਿ ਪੰਜਾਬ ਸਰਕਾਰ ਵਲੋਂ ਸੜਕ ਸੁਰੱਖਿਆ ਨੂੰ ਲੈ ਕੇ ਲਗਾਤਾਰ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ ਅਤੇ ਸਖ਼ਤ ਚਲਾਨ ਕੀਤੇ ਜਾ ਰਹੇ ਹਨ ਪਰ ਇਸ ਦੇ ਬਾਵਜੂਦ ਵੀ ਬਹੁਤ ਸਾਰੀਆਂ ਚੁਣੌਤੀਆਂ ਬਰਕਰਾਰ ਹਨ।

## ਫਿਰ ਮਹਿੰਗੇ ਹੋਣਗੇ ਮੋਬਾਇਲ ਰਿਚਾਰਜ ! ਨਵੀਂ ਰਿਪੋਰਟ ਨੇ ਵਧਾਈ ਗਾਹਕਾਂ ਦੀ ਚਿੰਤਾ

ਗੈਜੇਟ ਡੈਸਕ 22 ਦਸੰਬਰ। ਟੈਲੀਕਾਮ ਕੰਪਨੀਆਂ ਇਕ ਵਾਰ ਫਿਰ ਰਿਚਾਰਜ ਪਲਾਨ ਮਹਿੰਗੇ ਕਰਨ ਦੀ ਤਿਆਰੀ 'ਚ ਹਨ। ਮਾਰਕਿਟ ਵਿਸ਼ਲੇਸ਼ਕਾਂ ਦਾ ਅਨੁਮਾਨ ਹੈ ਕਿ ਦਸੰਬਰ ਦੀ ਤਿਮਾਹੀ 'ਚ ਟੈਰਿਫ ਪਲਾਨਜ਼ 'ਚ 15 ਫੀਸਦੀ ਤਕ ਦਾ ਵਾਧਾ ਹੋ ਸਕਦਾ ਹੈ। ਬ੍ਰੋਕਰੇਜ ਫਰਮ ਮੋਤੀਲਾਲ ਓਸਵਾਲ ਮੁਤਾਬਕ, ਦੇਸ਼ 'ਚ ਚੋਣਾਂ ਖਤਮ ਹੋਣ ਤੋਂ ਬਾਅਦ ਟੈਰਿਫ ਪਲਾਨਜ਼ ਮਹਿੰਗੇ ਹੋ ਸਕਦੇ ਹਨ। ਅਨੁਮਾਨ ਹੈ ਕਿ 28 ਦਿਨਾਂ ਦੀ ਮਿਆਦ ਅਤੇ ਰੋਜ਼ਾਨਾ 1.572 ਡਾਟਾ ਵਾਲੇ ਪੈਕ ਦੀ ਕੀਮਤ 50 ਰੁਪਏ ਵੱਧ ਸਕਦੀ ਹੈ। ਦੱਸ ਦੇਈਏ ਕਿ ਦੇਸ਼ 'ਚ ਜੀਓ, ਏਅਰਟੈੱਲ ਅਤੇ ਵੋਡਾਫੋਨ-ਆਈਡੀਆ (੭੯) ਪ੍ਰਮੁੱਖ ਟੈਲੀਕਾਮ ਕੰਪਨੀਆਂ ਹਨ। ਵੋਡਾਫੋਨ-ਆਈਡੀਆ ਨੇ ਹਾਲ ਹੀ 'ਚ 1,999 ਰੁਪਏ ਵਾਲੇ ਪ੍ਰੀਪੇਡ ਪਲਾਨ 'ਚ 12 ਫੀਸਦੀ ਅਤੇ 509 ਰੁਪਏ ਵਾਲੇ ਪਲਾਨ (84 ਦਿਨਾਂ ਵਾਲੇ) 'ਚ 7 ਫੀਸਦੀ ਦਾ ਵਾਧਾ ਕੀਤਾ ਹੈ। ਉਥੇ ਹੀ ਏਅਰਟੈੱਲ ਦਾ ਸਭ ਤੋਂ ਸਸਤਾ 189 ਰੁਪਏ ਵਾਲੇ ਵੌਇਸ ਓਨਲੀ ਪਲਾਨ ਦੀ ਕੀਮਤ ਵੀ 10 ਰੁਪਏ ਵੱਧ ਗਈ ਹੈ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਟਿਪਸਟਰ @yabhishekhd ਨੇ ਦਾਅਵਾ ਕੀਤਾ ਕਿ ਪੇਮੈਂਟ ਅਤੇ ਫਾਈਨਾਂਸ ਐਪਸ ਉਨ੍ਹਾਂ ਨੂੰ ਇਹ ਚਿਤਾਵਨੀ ਭੇਜ ਰਹੇ ਹਨ ਕਿ ਦਸੰਬਰ 'ਚ ਮੋਬਾਇਲ ਰਿਚਾਰਜ ਮਹਿੰਗੇ ਹੋ ਜਾਣਗੇ। ਪੋਸਟ 'ਚ ਦੱਸਿਆ ਗਿਆ ਹੈ ਕਿ ਐਪਸ ਯੂਜ਼ਰਜ਼ ਨੂੰ ਪੁਰਾਣੀਆਂ ਕੀਮਤਾਂ 'ਤੇ ਤੁਰੰਤ ਰਿਚਾਰਜ ਕਰਾਉਣ ਦੀ ਸਲਾਹ ਦੇ ਰਹੇ ਹਨ। ਇਸ ਪੋਸਟ ਤੋਂ ਬਾਅਦ ਕਈ ਯੂਜ਼ਰਜ਼ ਪਰੇਸ਼ਾਨ ਹੋ ਗਏ ਹਨ ਅਤੇ ਉਨ੍ਹਾਂ ਨੇ ਵੀ ਇਸ ਤਰ੍ਹਾਂ ਦੇ ਅਲਰਟ ਮਿਲਣ ਦੀ ਗੱਲ ਆਖੀ ਹੈ।

## ਅੰਨ੍ਹੇ ਕਤਲ ਦੀ ਸੁਲਝੀ ਗੁੱਥੀ ! ਰੰਜਿਸ਼ ਕਾਰਨ ਕੀਤਾ ਸੀ ਨੌਜਵਾਨ ਦਾ ਕਤਲ

ਢਿੱਲਵਾਂ 22 ਦਸੰਬਰ। ਢਿੱਲਵਾਂ ਪੁਲਸ ਨੇ ਇਕ ਅੰਨ੍ਹੇ ਕਤਲ ਕੇਸ ਦੀ ਗੁੱਥੀ ਨੂੰ ਸੁਲਝਾਉਣ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਇਸ ਸਬੰਧੀ ਡੀ. ਐੱਸ. ਪੀ. ਸਬ ਡਿਵੀਜ਼ਨ ਭੁਲੱਥ ਕਰਨੈਲ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿਤੀ 21 ਨਵੰਬਰ 2025 ਨੂੰ ਪਿੰਡ ਮਿਆਣੀ ਬਾਕਰਪੁਰ, ਢਿੱਲਵਾਂ ਲੰਡਨ ਪੈਲੇਸ ਦੇ ਪਿੱਛੇ ਖੇਤਾਂ ਵਿੱਚ ਹਰਵਿੰਦਰ ਸਿੰਘ ਉਰਫ਼ ਰਾਲੂ ਪੁੱਤਰ ਬਲਵੰਤ ਸਿੰਘ ਵਾਸੀ ਮਿਆਣੀ ਬਾਕਰਪੁਰ ਢਿੱਲਵਾਂ ਦੀ ਲਾਸ਼ ਮਿਲਣ 'ਤੇ ਮੁਕੱਦਮਾ ਮ੍ਰਿਤਕ ਦੀ ਮਾਤਾ ਕਪੂਰ ਕੌਰ ਦੇ ਬਿਆਨਾਂ 'ਤੇ ਦਰਜ ਕੀਤਾ




ਗਿਆ ਸੀ। ਉਪਰੋਕਤ ਮੁਕੱਦਮਾ ਸਬੰਧੀ ਗੌਰਵ ਤੂਰਾ ਆਈ. ਪੀ. ਐੱਸ. ਮਾਣਯੋਗ ਸੀਨੀਅਰ ਪੁਲਸ ਕਪਤਾਨ ਕਪੂਰਥਲਾ ਦੀ ਯੋਗ ਰਹਿਨੁਮਾਈ ਹੇਠ ਅਤੇ ਪ?ਭਜੋਤ ਸਿੰਘ ਵਿਰਕ, ਐੱਸ. ਪੀ. (ਡਿਟੈਕਟਿਵ) ਕਪੂਰਥਲਾ ਵੱਲੋਂ ਮੁਕੱਦਮੇ ਨੂੰ ਟਰੇਸ ਕਰਨ ਲਈ ਦਿੱਤੀਆਂ ਹਦਾਇਤਾਂ ਅਨੁਸਾਰ ਡੀ. ਐੱਸ. ਪੀ. ਭੁਲੱਥ ਕਰਨੈਲ ਸਿੰਘ ਦੀ ਨਿਗਰਾਨੀ ਹੇਠ ਐੱਸ. ਆਈ. ਦਲਵਿੰਦਰਬੀਰ ਸਿੰਘ ਮੁੱਖ ਅਫ਼ਸਰ ਥਾਣਾ ਢਿੱਲਵਾਂ ਦੀ ਟੀਮ ਵੱਲੋਂ ਵਾਰਦਾਤ ਸਬੰਧੀ ਤਕਨੀਕੀ ਵਿਗਿਆਨਿਕ ਢੰਗ ਅਤੇ ਖ਼ੁਫ਼ੀਆ ਸਰੋਤਾਂ ਦੀ ਮਦਦ ਨਾਲ ਕੇਸ ਦੀ ਬਹੁਤ ਡੂੰਘਾਈ ਨਾਲ ਜਾਂਚ ਪੜਤਾਲ ਕਰਕੇ ਵਾਰਦਾਤ ਨੂੰ ਅੰਜ਼ਾਮ ਦੇਣ ਵਾਲੇ ਦੋਸ਼ੀਆਂ ਨੂੰ ਟਰੇਸ ਕਰਕੇ ਅੰਨ੍ਹੇ ਕਤਲ ਕੇਸ ਦੀ ਗੁੱਥੀ ਨੂੰ ਸੁਲਝਾਉਣ ਵਿੱਚ ਸਫ਼ਲਤਾ ਹਾਸਲ ਕੀਤੀ ਹੈ।

ਉਨ੍ਹਾਂ ਦੱਸਿਆ ਕਿ ਇਸ ਕੇਸ ਸਬੰਧੀ ਮੁਦੱਈ ਮੁਕੱਦਮਾ ਕਪੂਰ ਕੌਰ ਨੇ ਬਿਆਨ ਦਰਜ ਕਰਵਾਇਆ ਸੀ ਕਿ ਉਸ ਦਾ ਲੜਕਾ ਹਰਵਿੰਦਰ ਸਿੰਘ ਉਰਫ਼ ਰਾਲੂ (35) ਮਿਤੀ 20 ਨਵੰਬਰ ਨੂੰ ਸ਼ਾਮ ਵੇਲੇ ਆਪਣੇ ਮੋਟਰਸਾਈਕਲ 'ਤੇ ਘਰੋਂ ਬਾਹਰ ਗਿਆ ਪਰ ਦੇਰ ਰਾਤ ਤੱਕ ਘਰ ਵਾਪਸ ਨਹੀਂ ਆਇਆ ਤਾਂ ਮੁਦੱਈ ਨੇ ਸਵੇਰੇ ਆਪਣੇ ਜਵਾਈ ਜਗਮੋਹਨ ਸਿੰਘ ਨੂੰ ਫੋਨ ਕਰਕੇ ਸੱਦਿਆ ਅਤੇ ਉਹ ਹਰਵਿੰਦਰ ਸਿੰਘ ਦੀ ਭਾਲ ਕਰਨ ਲੱਗੇ। ਮਿਤੀ 21 ਨਵੰਬਰ ਨੂੰ ਪਤਾ ਕਰਕੇ ਜਗਮੋਹਨ ਸਿੰਘ ਨੇ ਮੁਦੱਈ ਨੂੰ ਦੱਸਿਆ ਕਿ ਹਰਵਿੰਦਰ ਸਿੰਘ ਦਾ ਕਿਸੇ ਨੇ ਕਤਲ ਕਰ ਦਿੱਤਾ ਹੈ

## ਪੰਜਾਬ ਦੇ ਇਨ੍ਹਾਂ ਪਿੰਡਾਂ ਨੂੰ ਹੋਵੇਗਾ ਵੱਡਾ ਫਾਇਦਾ ! ਇਸ ਟਰੈਕ 'ਤੇ ਬਣੇਗਾ ਅੰਡਰਬ੍ਰਿਜ

**ਕੌਮੀ ਪਤ੍ਰਿਕਾ**

ਜਲੰਧਰ 22 ਦਸੰਬਰ। ਰੇਲਵੇ ਨੇ ਜਲੰਧਰ-ਹੁਸ਼ਿਆਰਪੁਰ ਰੇਲਵੇ ਲਾਈਨ 'ਤੇ ਆਦਮਪੁਰ ਨੇੜੇ ਇਕ ਨਵਾਂ ਘੱਟ-ਉਚਾਈ ਵਾਲਾ ਅੰਡਰਬ੍ਰਿਜ (*82) ਬਣਾਉਣ ਲਈ ਇਕ ਸਰਵੇਖਣ ਪੂਰਾ ਕਰ ਲਿਆ ਹੈ। ਫ਼ੌਜ ਨੇ ਇਸ ਲਾਈਨ 'ਤੇ ਇਕ ਐੱਲ. ਐੱਚ. ਬੀ. ਲਈ ਇਕ ਪ੍ਰਸਤਾਵ ਪੇਸ਼ ਕੀਤਾ ਸੀ। ਰੇਲਵੇ ਨੇ ਉਕਤ ਰੇਲਵੇ ਕਰਾਸਿੰਗ 'ਤੇ ਇਕ ਸਰਵੇ ਕੀਤਾ ਅਤੇ ਵਿਜ਼ੀਬਿਲਿਟੀ ਚੈੱਕ ਕਰਕੇ ਐੱਲ. ਐੱਚ. ਬੀ. ਨੂੰ ਹਰੀ ਝੰਡੀ ਦੇ ਦਿੱਤੀ ਹੈ। ਇਸ ਦੇ ਨਾਲ ਹੀ ਇਸ ਫਾਟਕ ਤੋਂ ਲੰਘਣ ਵਾਲੇ ਲੋਕਾਂ ਲਈ ਇਕ ਵੱਖਰਾ ਅੰਡਰਬ੍ਰਿਜ ਵੀ ਬਣਾਇਆ ਜਾਵੇਗਾ। ਫ਼ੌਜ ਲਈ ਐੱਲ. ਐੱਚ. ਬੀ. ਬਣਾਇਆ ਜਾਵੇਗਾ। ਇਸ ਵਿੱਚੋਂ ਸਿਰਫ਼ ਫ਼ੌਜ ਦੇ ਵਾਹਨ ਹੀ ਲੰਘਣਗੇ, ਸਿੱਧੇ ਏਅਰਬੇਸ ਅਤੇ ਫ਼ੌਜ ਕੈਂਪਸ ਵਿੱਚ ਜਾਣਗੇ। ਅਕਸਰ ਫਾਟਕ ਬੰਦ ਹੋਣ ਕਾਰਨ ਆਰਮੀ ਦੀਆਂ ਗੱਡੀਆਂ ਨੂੰ ਨਿਕਲਣ ਵਿਚ ਵੀ ਕਾਫ਼ੀ ਸਮਾਂ ਲੱਗ ਜਾਂਦਾ ਸੀ। ਐੱਲ. ਐੱਚ. ਬੀ. ਪੂਰਾ ਹੋਣ ਤੋਂ ਬਾਅਦ ਹੁਣ ਅਜਿਹਾ ਨਹੀਂ ਰਹੇਗਾ। ਰੇਲਵੇ ਸਰਵੇਖਣ ਟੀਮ ਨੇ ਕਿਹਾ ਕਿ ਜਿਸ



ਜਗ?ਹਾ 'ਤੇ ਐੱਲ. ਐੱਚ. ਬੀ. ਬਣਾਇਆ ਜਾਣਾ ਹੈ, ਉਸ ਜਗ?ਹਾ 'ਤੇ ਦੋਵੇਂ ਪਾਸੇ ਸਿੱਧੇ ਅੰਡਰਬ੍ਰਿਜ ਲਈ ਜਗ?ਹਾ ਨਹੀਂ ਹੈ ਪਰ ਇਕ "-ਆਕਾਰ ਵਾਲਾ ਢਾਂਚਾ ਬਣਾਇਆ ਜਾ ਸਕਦਾ ਹੈ, ਜਿਵੇਂ ਕਿ ਪਰਾਗਪੁਰ ਅਤੇ ਵਰਤਮਾਨ ਵਿੱਚ ਧੰਨੋਵਾਲੀ ਗੇਟ 'ਤੇ ਬਣਾਇਆ ਜਾ ਰਿਹਾ ਹੈ। ਰੇਲਵੇ ਕਰਾਸਿੰਗ 'ਤੇ ਐੱਲ. ਐੱਚ. ਬੀ. ਪੂਰਾ ਹੋਣ ਤੋਂ ਬਾਅਦ ਪੰਡੋਰੀ, ਨਿੱਜਰਾਂ, ਕਠਾਰ, ਮੰਡੇਰ, ਜਲਭੇ, ਡਰੋਲੀ ਕਲਾਂ, ਕਾਲਰਾ, ਪਧਿਆਣਾ, ਦੂਹਰੇ, ਸ਼ਾਮ ਚੌਰਾਸੀ, ਸੰਧਰਾ, ਕੋਟਲਾ, ਕੋਹਜਾ, ਨੰਗਲ ਫੈਦਾ, ਮਨਕਰਾਈ, ਵਾਹਿਦ, ਕਾਲਕਟ ਅਤੇ ਕੰਡਿਆਣਾ ਸਮੇਤ 20 ਪਿੰਡਾਂ ਨੂੰ ਲਾਭ ਹੋਵੇਗਾ। ਇਸ ਫਾਟਕ ਦੇ ਹੁਸ਼ਿਆਰਪੁਰ ਜਾਣ ਵਾਲਿਆਂ ਨੂੰ ਸਿੱਧੀ ਕਨੈਕਟੀਵਿਟੀ ਹਾਈਵੇਅ ਤੋਂ ਮਿਲ ਜਾਵੇਗੀ ਅਤੇ ਫਾਟਕ ਦੇ ਬੰਦ ਹੋਣ ਦੀ ਸਮੱਸਿਆ ਵੀ ਖ਼ਤਮ ਹੋ ਜਾਵੇਗੀ। ਰੇਲਵੇ ਮਾਹਿਰਾਂ ਦੇ ਅਨੁਸਾਰ ਇਸ ਫਾਟਕ ਦੀ ਲਾਗਤ ਐੱਲ. ਐੱਚ. ਬੀ. ਲਾਈਨ ਦੇ ਬਾਕੀ ਹਿੱਸੇ ਦੇ ਬਰਾਬਰ ਹੋਵੇਗੀ, ਜਿਸਦੀ ਲਾਗਤ ਲਗਭਗ 4 ਕਰੋੜ ਰੁਪਏ ਹੋਵੇਗੀ। ਦੋਵਾਂ ਪਾਸਿਆਂ 'ਤੇ ਜ਼ਮੀਨ ਪ੍ਰਾਪਤ ਕਰਨ ਦੀ ਕੋਈ ਲੋੜ ਨਹੀਂ ਹੈ। ਖੁਦਾਈ ਤੋਂ ਤੁਰੰਤ ਬਾਅਦ ਡੱਬੇ ਲਗਾਏ ਜਾਣਗੇ। ਡੀ. ਪੀ. ਆਰ. ਤਿਆਰ ਕੀਤਾ ਜਾ ਰਿਹਾ ਹੈ ਅਤੇ ਕੰਮ ਜਲਦੀ ਹੀ ਸ਼ੁਰੂ ਹੋ ਜਾਵੇਗਾ।

## ਤਨਖ਼ਾਹਾਂ ਨਾ ਮਿਲਣ ਕਾਰਨ ਮੁਲਾਜ਼ਮਾਂ ਵੱਲੋਂ ਸਿਹਤ ਸੇਵਾਵਾਂ ਬੰਦ ਰੱਖਣ ਦਾ ਐਲਾਨ

ਬਠਿੰਡਾ 22 ਦਸੰਬਰ। ਤਨਖ਼ਾਹਾਂ ਨਾ ਮਿਲਣ ਦੇ ਰੋਸ ਵਜੋਂ ਸਿਹਤ ਵਿਭਾਗ 'ਚ ਆਊਟਸੋਰਸ 'ਤੇ ਕੰਮ ਕਰਦੇ ਮੁਲਾਜ਼ਮਾਂ ਵੱਲੋਂ 21 ਦਸੰਬਰ ਤੋਂ ਸਿਹਤ ਸੇਵਾਵਾਂ ਬੰਦ ਕਰ ਕੇ ਸਿਵਲ ਸਰਜਨ ਦਫ਼ਤਰ ਸਾਹਮਣੇ ਧਰਨਾ ਦੇਣ ਦਾ ਐਲਾਨ ਕੀਤਾ ਗਿਆ ਹੈ। ਜਾਣਕਾਰੀ ਦਿੰਦਿਆਂ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਜਿੰਦਰ ਸਿੰਘ ਨੇ ਕਿਹਾ ਕਿ 10 ਹਜ਼ਾਰ ਦੀ ਨੌਕਰੀ ਕਰਨ ਵਾਲੇ ਕੱਚੇ ਮੁਲਾਜ਼ਮਾਂ ਨੂੰ ਪਿਛਲੇ ਮਹੀਨਿਆਂ ਦੀ ਤਨਖ਼ਾਹ ਜਾਰੀ ਨਹੀ ਕੀਤਾ ਗਈ। ਇਸ ਕਾਰਨ ਉਨ੍ਹਾਂ ਨੂੰ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਇਕ ਪਾਸੇ ਸਰਕਾਰ ਵੱਲੋਂ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ ਪਰ ਦੂਸਰੇ ਪਾਸੇ ਗਰੀਬ ਮੁਲਾਜ਼ਮਾਂ ਦੇ ਹੱਕਾ ਨੂੰ ਮਾਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਤੁਰੰਤ ਸਿਹਤ ਵਿਭਾਗ 'ਚ ਕੰਮ ਕਰਦੇ ਮੁਲਾਜ਼ਮਾਂ ਦੀਆ ਰੁਕੀਆ ਤਨਖ਼ਾਹਾਂ ਜਾਰੀ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਜੇਕਰ ਤੁਰੰਤ ਉਨ੍ਹਾਂ ਦੀਆਂ



ਤਨਖ਼ਾਹਾਂ ਨੂੰ ਜਾਰੀ ਨਾ ਕੀਤਾ ਗਿਆ ਤਾਂ ਉਹ 21 ਦਸੰਬਰ ਨੂੰ ਕੰਮ ਬੰਦ ਕਰਦੇ ਸਿਵਲ ਸਰਜਨ ਦਫ਼ਤਰ ਸਾਹਮਣੇ ਧਰਨਾ ਦੇਣਗੇ ਅਤੇ ਜੱਥੇਬੰਦੀ ਨੂੰ ਬਾਕੀ ਜ਼ਿਲ੍ਹਿਆਂ ਦਾ ਕੰਮ ਬੰਦ ਕਰ ਕੇ ਸਿਵਲ ਹਸਪਤਾਲ ਬਠਿੰਡਾ ਵਿਖੇ ਪੰਜਾਬ ਪੱਧਰ ਦਾ ਇਕੱਠ ਕਰਨ ਲਈ ਮਜਬੂਰ ਹੋਵੇਗੀ।

## ਪੰਜਾਬ 'ਚ ਰਿਸ਼ਤੇ ਹੋਏ ਤਾਰ-ਤਾਰ ! ਸਕੀ ਭੂਆ ਦੇ ਮੁੰਡੇ ਨੇ ਕਤਲ ਕਰਵਾਇਆ ਮਾਮੇ ਦਾ ਪੁੱਤ

**ਕੌਮੀ ਪਤ੍ਰਿਕਾ**

ਜਲੰਧਰ 22 ਦਸੰਬਰ। ਜਲੰਧਰ ਵਿਚ ਰੂਹ ਕੰਬਾਊ ਵਾਰਦਾਤ ਸਾਹਮਣੇ ਆਈ ਹੈ। ਇਥੇ ਸਕੀ ਭੂਆ ਦੇ ਬੇਟੇ ਨੇ ਹੀ ਆਪਣੇ ਮਾਮੇ ਦੇ ਬੇਟੇ ਦਾ ਕਤਲ ਕਰਵਾ ਦਿੱਤਾ। ਮ੍ਰਿਤਕ ਨੌਜਵਾਨ ਦੀ ਪਛਾਣ ਪਿੰਡ ਤੱਲ੍ਹਣ, ਥਾਣਾ ਪਤਾਰਾ, ਜ਼ਿਲ੍ਹਾ ਜਲੰਧਰ ਨਿਵਾਸੀ 25 ਸਾਲ ਦੇ ਤਜਿੰਦਰ ਸਿੰਘ ਉਰਫ਼ ਨਿੱਕਾ ਪੁੱਤਰ ਅਮਰੀਕ ਸਿੰਘ ਦੇ ਰੂਪ ਵਿਚ ਹੋਈ ਹੈ। ਉਸ ਦੇ ਕਤਲ ਮਾਮਲੇ ਵਿਚ ਥਾਣਾ ਪਤਾਰਾ ਦੀ ਪੁਲਸ ਨੇ 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਵਾਰਦਾਤ ਨੂੰ ਅੰਜਾਮ ਦੇਣ ਲਈ ਵਰਤੀ ਗਈ ਸਵਿੱਫਟ ਕਾਰ (ਪੀ. ਬੀ. 08 ਐੱਫ਼. ਕਿਊ-4423) ਵੀ ਬਰਾਮਦ ਕਰ ਲਈ ਗਈ ਹੈ, ਜਦਕਿ ਮੁੱਖ ਮੁਲਜ਼ਮ (ਮ੍ਰਿਤਕ ਦੀ ਭੂਆ ਦਾ ਬੇਟਾ) ਅਜੇ ਪੁਲਸ ਦੇ ਹੱਥ ਨਹੀਂ ਲੱਗਾ ਹੈ। ਡੀ. ਐੱਸ. ਪੀ. ਆਦਮਪੁਰ ਰਾਜੀਵ ਕੁਮਾਰ ਨੇ ਮੰਗਲਵਾਰ ਨੂੰ ਆਪਣੇ ਦਫ਼ਤਰ ਵਿਚ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 26 ਨਵੰਬਰ ਨੂੰ ਸ਼ਾਮ 6 ਵਜੇ ਨਿੱਕਾ ਨੂੰ ਰਸਤੇ ਵਿਚ ਘੇਰ ਕੇ ਕਾਰ ਸਵਾਰ 5 ਲੋਕਾਂ ਵੱਲੋਂ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਗਿਆ ਅਤੇ ਸਾਰੇ ਹਮਲਾਵਰ ਨਿੱਕਾ ਨੂੰ ਵਾਰਦਾਤ ਵਾਲੀ ਥਾਂ 'ਤੇ ਖ਼ੂਨ ਵਿਚ ਲਥਪਥ ਹਾਲਤ ਵਿਚ ਛੱਡ ਕੇ ਤੇਜ਼ ਰਫ਼ਤਾਰ ਕਾਰ ਲੈ ਕੇ ਮੌਕੇ ਤੋਂ ਫ਼ਰਾਰ ਹੋ ਗਏ ਸਨ,



ਜਿਸ ਤੋਂ ਬਾਅਦ ਨਿੱਕਾ ਨੂੰ ਰਾਮਾ ਮੰਡੀ ਦੇ ਜੌਹਲ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ। ਇਸ ਦੌਰਾਨ ਤਜਿੰਦਰ ਸਿੰਘ ਨਿੱਕਾ ਦੀ ਮਾਂ ਬਲਵਿੰਦਰ ਕੌਰ ਪਤਨੀ ਅਮਰੀਕ ਸਿੰਘ ਨਿਵਾਸੀ ਪਿੰਡ ਤੱਲ੍ਹਣ ਦੇ ਬਿਆਨਾਂ 'ਤੇ ਥਾਣਾ ਪਤਾਰਾ ਦੀ ਪੁਲਸ ਨੇ ਨਿੱਕਾ 'ਤੇ ਹਮਲਾ ਕਰਨ ਵਾਲਿਆਂ ਖ਼?ਲਾਫ਼ 27 ਨਵੰਬਰ ਨੂੰ ਅੰਡਰ ਸੈਕਸ਼ਨ 109, 115 (2), 118 (1), 3 (5) ਬੀ. ਐੱਨ. ਐੱਸ. ਤਹਿਤ 98 ਨੰਬਰ ਐੱਫ਼. ਆਈ. ਆਰ. ਦਰਜ ਕੀਤੀ ਗਈ ਸੀ। 8 ਦਸੰਬਰ ਨੂੰ ਇਲਾਜ ਦੌਰਾਨ ਨਿੱਕਾ ਦੀ ਹਸਪਤਾਲ ਵਿਚ ਮੌਤ ਹੋ ਗਈ, ਜਿਸ ਤੋਂ ਬਾਅਦ ਥਾਣਾ ਪਤਾਰਾ ਦੀ ਪੁਲਸ ਵੱਲੋਂ ਮੁਲਜ਼ਮਾਂ ਖ਼?ਲਾਫ਼ ਦਰਜ ਕੀਤੀ ਗਈ ਐੱਫ਼. ਆਈ. ਆਰ. ਨੰਬਰ 98 ਵਿਚ ਸਪੱਸ਼ਟ ਨੰਬਰ ਤਹਿਤ 103 (1) (ਕਤਲ ਦੀ ਧਾਰਾ) ਦਾ ਵਾਧਾ ਕਰ ਦਿੱਤਾ ਗਿਆ। ਡੀ. ਐੱਸ. ਪੀ. ਆਦਮਪੁਰ ਨੇ ਦੱਸਿਆ ਕਿ ਥਾਣਾ ਇੰਚਾਰਜ ਪਤਾਰਾ ਵੱਲੋਂ ਸਾਰੇ ਕਰਮਚਾਰੀਆਂ ਦੀ ਮਦਦ ਨਾਲ ਫੜੇ ਗਏ ਮੁਲਜ਼ਮਾਂ ਦੀ ਪਛਾਣ ਪਰਜਿੰਦਰ ਸਿੰਘ ਉਰਫ਼ ਪਿੰਦੂ ਪੁੱਤਰ ਹਰਜਾਪ ਸਿੰਘ ਨਿਵਾਸੀ ਪੱਤੀ ਭੱਟੀ ਬਿਲਗਾ ਥਾਣਾ ਜ਼ਿਲ੍ਹਾ ਜਲੰਧਰ, ਜਸਕਰਨ ਸਿੰਘ ਪੁੱਤਰ ਤਰਸੇਮ ਸਿੰਘ ਨਿਵਾਸੀ ਪਿੰਡ ਸੰਘੇ ਖਾਲਸਾ ਥਾਣਾ ਨੂਰਮਹਿਲ ਜ਼ਿਲ੍ਹਾ ਜਲੰਧਰ, ਮਨਪ੍ਰੀਤ ਸਿੰਘ ਉਰਫ਼ ਮੋਹਿਤ ਪੁੱਤਰ ਮਲਕੀਤ ਰਾਮ ਨਿਵਾਸੀ ਪਿੰਡ ਨੱਤਾ ਥਾਣਾ ਨੂਰਮਹਿਲ ਜ਼ਿਲ੍ਹਾ ਜਲੰਧਰ ਅਤੇ ਜਿੰਦਰ ਉਰਫ਼ ਲਾਡੀ ਪੁੱਤਰ ਹੰਸ ਰਾਜ ਨਿਵਾਸੀ ਪਿੰਡ ਸੰਘੇ ਖਾਲਸਾ ਜ਼ਿਲ੍ਹਾ ਜਲੰਧਰ ਦੇ ਰੂਪ ਵਿਚ ਹੋਈ ਹੈ, ਜਦਕਿ ਨਿੱਕਾ ਦਾ ਕਤਲ ਮਾਮਲੇ ਦੇ ਮੁੱਖ ਮੁਲਜ਼ਮ ਗੁਰਦੀਪ ਸਿੰਘ ਉਰਫ਼ ਭੁੱਲਰ ਪੁੱਤਰ ਤਾਰਾ ਸਿੰਘ ਨਿਵਾਸੀ ਪਿੰਡ ਰਾਮੇਵਾਲ ਥਾਣਾ ਬਿਲਗਾ ਜਲੰਧਰ ਦੀ ਗ੍ਰਿਫ਼ਤਾਰੀ ਲਈ ਰੇਡ ਕੀਤੀ ਜਾ ਰਹੀ ਹੈ। ਡੀ. ਐੱਸ. ਪੀ. ਰਾਜੀਵ ਕੁਮਾਰ ਨੇ ਦੱਸਿਆ ਕਿ ਮ੍ਰਿਤਕ ਤਜਿੰਦਰ ਸਿੰਘ ਨਿੱਕਾ ਦਾ ਬੁੱਧਵਾਰ ਨੂੰ ਸਵੇਰੇ ਸਿਵਲ ਹਸਪਤਾਲ ਤੋਂ ਪੋਸਟਮਾਰਟਮ ਕਰਵਾਇਆ ਜਾਵੇਗਾ ਅਤੇ ਉਸ ਦੇ ਬਾਅਦ ਉਸ ਦੀ ਲਾਸ਼ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕਰਕੇ 4 ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਹੈ ਤਾਂ ਕਿ ਨਿੱਕਾ ਦੇ ਕਤਲ ਸਬੰਧੀ ਉਨ੍ਹਾਂ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਸਕੇ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਬੀਪੀਈਓ ਪੋਹਲਾ ਸਿੰਘ ਖਿਲਾਫ ਪ੍ਰਸ਼ਾਸ਼ਨ ਦੇ ਪੱਖਪਾਤੀ ਰਵੱਈਏ ਖਿਲਾਫ ਜਥੇਬੰਦੀਆਂ ਵੱਲੋਂ ਡਿਪਟੀ ਕਮਿਸ਼ਨਰ ਦਫਤਰ ਮੂਹਰੇ ਲਗਾਇਆ ਧਰਨਾ

ਕੌਮੀ ਪਤ੍ਰਿਕਾ
ਮਲਾਗਰ ਖਮਾਣੋਂ

ਗੁਰਦਾਸਪੁਰ 22 ਦਸੰਬਰ: ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਇਸਤਰੀ ਮੁਲਾਜ਼ਮ ਤਾਲਮੇਲ ਫਰੰਟ ਵੱਲੋਂ ਬੀਪੀਓ ਪੋਹਲਾ ਸਿੰਘ ਖਿਲਾਫ ਪ੍ਰਸ਼ਾਸ਼ਨ ਦੀ ਢਿੱਲੀ ਕਾਰਗੁਜ਼ਾਰੀ ਖਿਲਾਫ ਰੈਲੀ ਕਰਨ ਉਪਰੰਤ ਡਿਪਟੀ ਕਮਿਸ਼ਨਰ ਦਫਤਰ ਗੁਰਦਾਸਪੁਰ ਮੂਹਰੇ ਧਰਨਾ ਪ੍ਰਦਰਸ਼ਨ ਕੀਤਾ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਗੈਰ ਮੌਜੂਦਗੀ ਵਿੱਚ ਐੱਸ ਡੀ ਐੱਮ ਗੁਰਦਾਸਪੁਰ ਨੂੰ ਮੰਗ ਪੱਤਰ ਸੌਂਪਿਆ ਗਿਆ। ਅਤੇ ਦੋ ਦਿਨਾਂ ਵਿੱਚ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਬਲਵਿੰਦਰ ਕੌਰ ਰਾਵਲਪਿੰਡੀ ਨੇ ਨਿਭਾਈ। ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦੇ ਪੀੜਿਤ ਅਧਿਆਪਕ ਸੁਖਪ੍ਰੀਤ ਕੌਰ ਗਿੱਲ ਅਤੇ ਮੈਡਮ ਕਮਲਪ੍ਰੀਤ ਕੌਰ ਨੇ ਕਿਹਾ ਕਿ ਪੋਹਲਾ ਸਿੰਘ ਕਾਦੀਆ-2 ਦਾ ਬਲਾਕ ਪ੍ਰਾਇਮਰੀ ਐਜੂਕੇਸ਼ਨ ਅਫਸਰ ਹੈ ਅਤੇ ਆਪਣੇ ਇਸ ਅਹੁਦੇ ਦਾ ਨਜਾਇਜ਼ ਫਾਇਦਾ ਉਠਾਉਂਦੇ ਹੋਏ ਔਰਤ ਅਧਿਆਪਕਾਂ ਨੂੰ ਅਕਸਰ ਤੰਗ ਪਰੇਸ਼ਾਨ ਕਰਦਾ ਹੈ ਅਤੇ ਨਾਜਾਇਜ਼ ਜਿਨਸੀ ਸਬੰਧ ਬਣਾਉਣ ਲਈ ਮਜਬੂਰ ਕਰਦਾ ਹੈ। ਪੋਹਲਾ ਸਿੰਘ ਵੱਲੋਂ ਸਾਲ 2023 ਵਿੱਚ ਮੈਡਮ ਕਮਲਪ੍ਰੀਤ ਕੌਰ ਨੂੰ ਗਲਤ ਢੰਗ ਨਾਲ ਛੂਹਣ ਦੀ ਕੋਸ਼ਿਸ਼ ਕੀਤੀ ਗਈ ਸੀ, ਜਿਸ ਖਿਲਾਫ ਬਟਾਲਾ ਐਸਐਸਪੀ ਨੂੰ ਸ਼ਿਕਾਇਤ ਵੀ ਦਰਜ ਕਰਾਈ ਗਈ ਸੀ। ਜਿਸ ਤੋਂ ਬਾਅਦ ਦੋਸ਼ੀ ਵੱਲੋਂ ਐਸਐਸਪੀ ਦਫਤਰ ਵਿੱਚ ਮੁਤਬਰ ਵਿਅਕਤੀਆਂ ਮੂਹਰੇ ਮੁਆਫੀ ਮੰਗੀ ਗਈ ਅਤੇ ਭਵਿੱਖ ਵਿੱਚ ਅਜਿਹਾ ਕੁਝ ਵੀ ਨਾ ਕਰਨ ਦਾ ਵਿਸ਼ਵਾਸ ਦਵਾਇਆ। ਪ੍ਰੰਤੂ ਰਾਜੀਨਾਮੇ ਦੇ ਕੁਝ ਸਮੇਂ ਬਾਅਦ ਹੀ ਪੋਹਲਾ ਸਿੰਘ ਨਿੱਜੀ ਰੰਜਿਸ਼ ਨੂੰ ਕਾਇਮ ਰੱਖਦਿਆਂ ਮੈਡਮ ਕਮਲਪ੍ਰੀਤ ਕੌਰ ਦੇ ਵਿਭਾਗੀ ਕੰਮਾਂ ਵਿੱਚ ਅੜਚਣਾ ਪਾਉਣ ਲੱਗਾ। ਇਸੇ ਪ੍ਰਕਾਰ ਪੋਹਲਾ ਸਿੰਘ ਵੱਲੋਂ ਮੈਡਮ ਸੁਖਪ੍ਰੀਤ ਕੌਰ ਗਿੱਲ ਨਾਲ ਵੀ ਅਜਿਹੀ ਹਰਕਤ ਕਰਨ ਦੀ ਕੋਸ਼ਿਸ਼ ਕੀਤੀ ਗਈ। ਜਿਸ ਦੇ ਵਿਰੋਧ ਕਰਨ ਕਰਕੇ ਉਨਾਂ ਨੂੰ ਝੂਠੀਆਂ ਇਨਕੁਆਰੀਆਂ ਵਿੱਚ ਫਸਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। ਉਹਨਾਂ ਦੇ ਪਰਿਵਾਰ ਖਿਲਾਫ ਸੋਸ਼ਲ ਮੀਡੀਆ ਉੱਪਰ ਕੂੜ ਪ੍ਰਚਾਰ ਕੀਤਾ ਗਿਆ। ਮੈਡਮ ਸੁਖਪ੍ਰੀਤ ਕੌਰ ਗਿੱਲ ਦਾ ਪੁਤਲਾ ਵੀ ਸਾੜਿਆ ਗਿਆ ਅਤੇ ਹੁਣ ਆਗੂਆਂ ਨੂੰ ਝੂਠੇ ਲੀਗਲ ਨੋਟਿਸ ਭੇਜੇ ਜਾ ਰਹੇ ਹਨ। ਆਗੂਆਂ ਨੇ ਕਿਹਾ ਕਿ ਜਿਲਾ ਸਿੱਖਿਆ ਵਿਭਾਗ ਅਤੇ ਜਿਲਾ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਦੀ ਨਿੰਦਾ ਕਰਦਿਆਂ ਕਿਹਾ ਕਿ ਲਗਭਗ 3 ਮਹੀਨੇ ਬੀਤ ਜਾਣ ਉਪਰੰਤ ਵੀ ਪੁਹਲਾ ਸਿੰਘ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਗਈ ਹੈ ਜਿਸ ਕਾਰਨ ਪੋਹਲਾ ਸਿੰਘ ਦੇ ਹੌਸਲੇ ਇੰਨੇ ਵੱਧ ਗਏ ਹਨ ਕਿ ਉਹ ਲਗਾਤਾਰ ਪੀੜਤ ਅਧਿਆਪਕਾਂ ਨੂੰ ਮਾਨਸਿਕ ਤੌਰ ਤੇ ਪਰੇਸ਼ਾਨ ਕਰ ਰਿਹਾ ਹੈ ਅਤੇ ਸਮਾਜ ਵਿੱਚ ਉਹਨਾਂ ਖਿਲਾਫ ਕੂੜ ਪ੍ਰਚਾਰ ਕਰ ਰਿਹਾ ਹੈ।



ਇਸ ਮੌਕੇ ਆਸ਼ਾ ਵਰਕਰ ਅਤੇ ਫੈਸਲੀਟੇਟਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਕੌਰ ਅਲੀਸ਼ੇਰ ਜਰਨਲ ਸਕੱਤਰ ਗੁਰਵਿੰਦਰ ਕੌਰ ਬਹਿਰਾਮਪੁਰ, ਮੀਰਾਂ ਕਾਹਨੂੰਵਾਨ ਮਿਡ ਡੇ ਮੀਲ ਵਰਕਰ ਦੇ ਜਿਲ੍ਹਾ ਆਗੂ ਗੁਰਪ੍ਰੀਤ ਕੌਰ,ਜਮਹੂਰੀ ਅਧਿਕਾਰ ਸਭਾ ਦੇ ਸੂਬਾ ਪ੍ਰੈਸ ਸਕੱਤਰ ਅਮਰਜੀਤ ਸ਼ਾਸਤਰੀ, ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੇ ਜ਼ਿਲ੍ਹਾ ਕਨਵੀਨਰ ਅਮਰਜੀਤ ਕੋਠੇ, ਡੈਮੋਕ੍ਰੇਟਿਕ ਪੈਨਸ਼ਨਰਜ਼ ਫਰੰਟ ਪੰਜਾਬ ਦੇ ਪ੍ਰਧਾਨ ਪ੍ਰਿੰਸੀਪਲ ਅਮਰਜੀਤ ਸਿੰਘ ਮਨੀ ਮੇਜਰ ਸਿੰਘ ਕੋਟ ਟੋਡਰਮਲ ਦਵਿੰਦਰ ਸਿੰਘ ਸਰਪੰਚ ਧੀਰਾ ਸੁਲੱਖਣ ਸਿੰਘ ਮੈਂਬਰ ਪੰਚਾਇਤ ਧੀਰਾ ਬਲਜੀਤ ਸਿੰਘ ਚੌਹਾਨ ਸਾਬਕਾ ਪ੍ਰਧਾਨ ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਬਲਬੀਰ ਸਿੰਘ ਬਿਕਰਮਜੀਤ ਸਿੰਘ ਦਲਜੀਤ ਸਿੰਘ ਚਰਨ ਕੌਰ ਸਾਬਕਾ ਸਰਪੰਚ,ਇਫ ਟੂ ਦੇ ਜੋਗਿੰਦਰ ਪਾਲ ਘੁਰਾਲਾ ਗੁਰਮੀਤ ਰਾਜ ਪਾਹੜਾ ਪੰਜਾਬ ਸਟੂਡੈਂਟਸ ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਅਮਰ ਕ੍ਰਾਂਤੀ ਨੇ ਵੀ ਸੰਬੋਧਨ ਕੀਤਾ।

## ਇਹ 14 ਐਪਸ ਤੁਰੰਤ ਫੋਨ 'ਚੋਂ ਕਰ ਦਿਓ ਡਿਲੀਟ !

ਨਵੀਂ ਦਿੱਲੀ 22 ਦਸੰਬਰ। ਦਿੱਲੀ ਪੁਲਸ ਦੀ ਕ੍ਰਾਈਮ ਬ੍ਰਾਂਚ ਅਤੇ ਸਾਈਬਰ ਸੈੱਲ ਨੇ ਇੱਕ ਅੰਤਰਰਾਸ਼ਟਰੀ ਸਾਈਬਰ ਸਿੰਡੀਕੇਟ ਦਾ ਪਰਦਾਫਾਸ਼ ਕੀਤਾ ਹੈ, ਜਿਸਦੇ ਤਾਰ ਸਿੱਧੇ ਚੀਨ ਨਾਲ ਜੁੜੇ ਹੋਏ ਹਨ। ਇਸ ਗਿਰੋਹ ਨੇ ਦਿੱਲੀ ਦੇ ਇੱਕ ਚਾਰਟਰਡ ਅਕਾਊਂਟੈਂਟ ਨੂੰ ਨਿਸ਼ਾਨਾ ਬਣਾ ਕੇ 47 ਲੱਖ ਰੁਪਏ ਤੋਂ ਵੱਧ ਦੀ ਠੱਗੀ ਮਾਰੀ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਸ ਧੋਖਾਧੜੀ ਦਾ ਅਸਲੀ ਮਾਸਟਰਮਾਈਂਡ 'ਟੌਮ' ਨਾਮ ਦਾ ਵਿਅਕਤੀ ਹੈ, ਜੋ ਚੀਨ ਵਿੱਚ ਬੈਠ ਕੇ ਟੈਲੀਗ੍ਰਾਮ ਰਾਹੀਂ ਭਾਰਤੀ ਗੁਰਗਿਆਂ ਨੂੰ ਨਿਰਦੇਸ਼ ਦਿੰਦਾ ਸੀ। ਪੁਲਸ ਨੇ ਹੁਣ ਤੱਕ 8 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਨ੍ਹਾਂ ਦੇ ਤਾਰ ਦੇਸ਼ ਭਰ ਵਿੱਚ ਦਰਜ 1167 ਸਾਈਬਰ ਸ਼ਿਕਾਇਤਾਂ ਨਾਲ ਜੁੜੇ ਹਨ। ਠੱਗਾਂ ਨੇ ਪੀੜਤ ਨੂੰ ਟੈਲੀਗ੍ਰਾਮ ਗਰੁੱਪ ਵਿੱਚ ਜੋੜਿਆ ਅਤੇ 'ਅੱਜ ਖਰੀਦੋ-ਕੱਲ੍ਹ ਵੇਚੋ' ਅਤੇ ਸ਼ਾਨਦਾਰ ਰੇਟਿੰਗਾਂ ਰਾਹੀਂ ਰੋਜ਼ਾਨਾ ਭਾਰੀ ਮੁਨਾਫੇ ਦਾ ਲਾਲਚ ਦਿੱਤਾ। ਪੀੜਤ ਨੂੰ stock.durocaspitall.com ਨਾਮਕ ਇੱਕ ਨਕਲੀ ਵੈਬਸਾਈਟ 'ਤੇ ਨਿਵੇਸ਼ ਕਰਨ ਲਈ ਕਿਹਾ ਗਿਆ।

# ਪੰਜਾਬ ਸਰਕਾਰ ਸੂਬੇ ਦੇ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਯਤਨਸ਼ੀਲ: ਮੁੱਖ ਮੰਤਰੀ ਮਾਨ

Contd...............Front page

ਉਨ੍ਹਾਂ ਕਿਹਾ ਕਿ ਹੁਣ ਸੂਬਾ ਸਰਕਾਰ ਨੇ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿਖਲਾਈ ਦੇਣ ਦੇ ਉਦੇਸ਼ ਲਈ ਸੱਤ ਜਹਾਜ਼ ਖਰੀਦੇ ਹਨ ਤਾਂ ਜੋ ਉਹ ਉੱਚੇ ਅਹੁਦੇ ਹਾਸਲ ਕਰ ਸਕਣ। ਉਨ੍ਹਾਂ ਕਿਹਾ ਕਿ ਸਾਰਿਆਂ ਨੂੰ ਸੁਪਨੇ ਦੇਖਣ ਦਾ ਹੱਕ ਹੈ ਨਾ ਕਿ ਸਿਰਫ਼ ਅਮੀਰ ਵਰਗ ਨੂੰ, ਇਸ ਲਈ ਸਰਕਾਰ ਵੱਲੋਂ ਸਿਰਫ਼ ਅਮੀਰਾਂ ਨੂੰ ਹੀ ਨਹੀਂ ਸਗੋਂ ਆਮ ਲੋਕਾਂ ਨੂੰ ਲਾਭ ਪ੍ਰਦਾਨ ਕੀਤੇ ਜਾ ਰਹੇ ਹਨ। ਨਵੇਂ ਚੁਣੇ ਗਏ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਮੈਂਬਰਾਂ ਨੂੰ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਚੋਣਾਂ ਸਿਰਫ਼ 10-15 ਦਿਨਾਂ ਲਈ ਹੁੰਦੀਆਂ ਹਨ ਪਰ ਇੱਕ ਵਾਰ ਚੁਣੇ ਜਾਣ ਤੋਂ ਬਾਅਦ, ਇਹ ਚੁਣੇ ਹੋਏ ਨੁਮਾਇੰਦੇ ਸਾਰਿਆਂ ਪਾਰਟੀਆਂ ਦੇ ਲੋਕਾਂ ਦੀ ਭਲਾਈ ਲਈ ਕੰਮ ਕਰਦੇ ਹਨ। ਉਨ੍ਹਾਂ ਕਿਹਾ ਕਿ ਚੁਣੇ ਹੋਏ ਮੈਂਬਰ ਉਨ੍ਹਾਂ ਲੋਕਾਂ ਦੀ ਵੀ ਨੁਮਾਇੰਦਗੀ ਕਰਦੇ ਹਨ ਜਿਨ੍ਹਾਂ ਨੇ ਉਨ੍ਹਾਂ ਨੂੰ ਵੋਟ ਨਹੀਂ ਪਾਈ, ਇਸ ਲਈ ਇਹ ਉਨ੍ਹਾਂ ਦਾ ਫਰਜ਼ ਹੈ ਕਿ ਉਹ ਮਿਸ਼ਨਰੀ ਜੋਸ਼ ਨਾਲ ਸਾਰੇ ਲੋਕਾਂ ਦੀ ਸੇਵਾ ਕਰਨ। ਉਨ੍ਹਾਂ ਕਿਹਾ ਕਿ ਸਾਰੇ ਲੋਕਾਂ ਦੀ ਭਲਾਈ ਲਈ ਕੰਮ ਕੀਤੇ ਜਾਣੇ ਚਾਹੀਦੇ ਹਨ ਤਾਂ ਜੋ ਪੰਜਾਬ ਨੂੰ ਹੋਰ ਬੁਲੰਦੀਆਂ 'ਤੇ ਲੈ ਜਾਇਆ ਜਾ ਸਕੇ ਅਤੇ ਹਰ ਖੇਤਰ ਵਿੱਚ ਮੋਹਰੀ ਬਣਾਇਆ ਜਾ ਸਕੇ। ਇੱਕ ਹੋਰ ਸਵਾਲ ਦਾ ਜਵਾਬ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਦੇ ਖ਼ਤਰੇ ਨਾਲ ਨਜਿੱਠਣ ਲਈ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਗਈ ਹੈ ਜਿਸ ਕਾਰਨ ਕਈ ਸੁਧਾਰ ਕੀਤੇ ਗਏ ਹਨ। ਜਾਇਦਾਦ ਰਜਿਸਟ੍ਰੇਸ਼ਨ ਦੀ ਉਦਾਹਰਣ ਦਿੰਦਿਆਂ ਉਨ੍ਹਾਂ ਕਿਹਾ ਕਿ ਹੁਣ ਇਹ ਪ੍ਰਕਿਰਿਆ ਬਹੁਤ ਆਸਾਨ ਹੋ ਗਈ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਤਰਾਜ਼ ਜਾਂ ਡੀਡ ਵੈਰੀਫਿਕੇਸ਼ਨ ਲਈ ਦਫ਼ਤਰਾਂ ਵਿੱਚ ਨਹੀਂ ਜਾਣਾ ਪੈਂਦਾ ਕਿਉਂਕਿ ਇਹ ਸੇਵਾਵਾਂ ਹੁਣ ਆਨਲਾਈਨ ਉਪਲਬਧ ਹਨ। ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਸਿਰਫ਼ ਫੋਟੋ ਲਈ ਸਬ-ਰਜਿਸਟਰਾਰ ਦਫ਼ਤਰ ਜਾਣਾ ਪੈਂਦਾ ਹੈ ਅਤੇ 15-20 ਮਿੰਟਾਂ ਦੇ ਅੰਦਰ ਉਨ੍ਹਾਂ ਦੀ ਰਜਿਸਟ੍ਰੇਸ਼ਨ ਹੋ ਜਾਂਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹੁਣ ਕਈ ਸੇਵਾਵਾਂ ਆਨਲਾਈਨ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਜਿਸ ਨਾਲ ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿੱਚ ਕਾਫ਼ੀ ਕਮੀ ਆਈ ਹੈ ਅਤੇ ਲੋਕਾਂ ਨੂੰ ਹੁਣ ਆਰ.ਟੀ.ਓ. ਦਫ਼ਤਰ ਦੇ ਚੱਕਰ ਨਹੀਂ ਲਗਾਉਣੇ ਪੈਂਦੇ ਅਤੇ ਉਹ ਆਪਣੇ ਲਾਇਸੈਂਸਾਂ ਨੂੰ ਆਨਲਾਈਨ ਰੀਨਿਊ ਜਾਂ ਅਪਗ੍ਰੇਡ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਸਰਪ੍ਰਸਤੀ ਕਾਰਨ, ਭ੍ਰਿਸ਼ਟਾਚਾਰ ਦੀਆਂ ਜੜ੍ਹਾਂ ਕਾਫ਼ੀ ਡੂੰਘੀਆਂ ਹੋ ਗਈਆਂ ਸਨ, ਪਰ ਸੂਬਾ ਸਰਕਾਰ ਵੱਲੋਂ ਇਹਨਾਂ ਜੜ੍ਹਾਂ ਨੂੰ ਪੁੱਟਣ ਲਈ ਠੋਸ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕੁਝ ਵੀ ਰਾਤੋ-ਰਾਤ ਖਤਮ ਨਹੀਂ ਹੁੰਦਾ, ਪਰ ਸੂਬਾ ਸਰਕਾਰ ਪੰਜਾਬ ਨੂੰ ਭ੍ਰਿਸ਼ਟਾਚਾਰ ਮੁਕਤ ਬਣਾਉਣ ਲਈ ਪੂਰੀ ਕੋਸ਼ਿਸ਼ ਕਰ ਰਹੀ ਹੈ। ਹਾਲ ਹੀ ਵਿੱਚ ਕੇਂਦਰ ਸਰਕਾਰ ਵੱਲੋਂ ਮਗਨਰੇਗਾ ਦਾ ਨਾਮ ਬਦਲਣ ਬਾਰੇ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨਾਮ ਬਦਲਣ ਨਾਲ ਕੋਈ ਫ਼ਰਕ ਨਹੀਂ ਪਵੇਗਾ। ਉਨ੍ਹਾਂ ਕਿਹਾ ਕਿ ਨਾਮ ਬਦਲਣ ਨਾਲ ਗਰੀਬਾਂ ਦਾ ਢਿੱਡ ਨਹੀਂ ਭਰਦਾ ਪਰ ਦਿਹਾੜੀਦਾਰ ਮਜ਼ਦੂਰ ਸਿਰਫ਼ ਇਸ ਗੱਲ ਦੀ ਪਰਵਾਹ ਕਰਦੇ ਹਨ ਕਿ ਉਨ੍ਹਾਂ ਨੂੰ ਕੰਮ ਮਿਲਦਾ ਰਹੇ ਤਾਂ ਜੋ ਉਹ ਆਪਣੇ ਪਰਿਵਾਰ ਨੂੰ ਪਾਲ ਸਕਣ। ਉਨ੍ਹਾਂ ਅੱਗੇ ਕਿਹਾ ਕਿ ਜਦੋਂ ਇਲਾਹਾਬਾਦ ਦਾ ਨਾਮ ਬਦਲ ਕੇ ਪ੍ਰਯਾਗਰਾਜ ਰੱਖਿਆ ਗਿਆ ਜਾਂ ਜਦੋਂ ਸਵੇਰੇ ਕਾਲ ਖਾਨ ਸਟੇਸ਼ਨ ਦਾ ਨਾਮ ਬਦਲ ਕੇ ਦੀਨ ਦਿਆਲ ਉਪਾਧਿਆਏ ਨਗਰ ਰੱਖਿਆ ਗਿਆ ਤਾਂ ਲੋਕਾਂ ਦੇ ਹਿੱਤਾਂ ਵਿੱਚ ਸ਼ਾਇਦ ਹੀ ਕੋਈ ਬਦਲਾਅ ਦੇਖਿਆ ਗਿਆ ਹੋਵੇ। ਮੁੱਖ ਮੰਤਰੀ ਨੇ ਕਿਹਾ ਕਿ ਇਹ ਬੇਹੱਦ ਦੁੱਖ ਦੀ ਗੱਲ ਹੈ ਕਿ ਨਾਮ ਬਦਲਣ ਤੋਂ ਬਾਅਦ ਇਨ੍ਹਾਂ ਸ਼ਹਿਰਾਂ ਵਿੱਚ ਸਥਾਨੀ ਸਬੰਧੀ ਕੋਈ ਸੁਧਾਰ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਸ਼ੁਕਰਗੁਜ਼ਾਰ ਹੋਣਾ ਚਾਹੀਦਾ ਹੈ ਕਿ ਸ਼ਹਿਰਾਂ ਦੇ ਨਾਮ ਬਦਲਣ ਵਾਲਿਆਂ ਨੇ ਅਜੇ ਤੱਕ ਦੇਸ਼ ਦਾ ਨਾਮ ਨਹੀਂ ਬਦਲਿਆ। ਕਾਂਗਰਸ 'ਤੇ ਨਿਸ਼ਾਨਾ ਬਿੰਨ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੇਸ਼ ਦੀ ਸਭ ਤੋਂ ਪੁਰਾਣੀ ਪਾਰਟੀ ਦੇ ਆਗੂ ਅਜੇ ਵੀ ਨਾਵਾਂ 'ਤੇ ਬਹਿਸ ਕਰਨ ਵਿੱਚ ਹੀ ਰੁੱਝੇ ਹੋਏ ਹਨ, ਜਦੋਂ ਕਿ ਮੌਜੂਦਾ ਸਰਕਾਰ ਦਾ ਧਿਆਨ ਅਸਲ ਕੰਮਾਂ ਅਤੇ ਮੁੱਦਿਆਂ ਵੱਲ ਹੈ। ਕੇਂਦਰ ਸਰਕਾਰ ਵੱਲੋਂ ਸੂਬੇ ਦੇ ਫੰਡ ਜਾਰੀ ਨਾ ਕਰਨ ਦੀ ਕਰੜੀ ਨਿੰਦਿਆ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਗੈਰ-ਕਾਨੂੰਨੀ ਢੰਗ ਨਾਲ ਫੰਡਾਂ 'ਤੇ ਰੋਕ ਲਗਾ ਦਿੱਤੀ ਹੈ ਜਿਸ ਨਾਲ ਸੂਬਿਆਂ 'ਤੇ ਬੇਲੋੜਾ ਬੋਝ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਗੈਰ-ਵਾਜਬ ਅਤੇ ਬੇਲੋੜਾ ਹੈ ਕਿਉਂਕਿ ਇਹ ਦੇਸ਼ ਦੇ ਸੰਘੀ ਢਾਂਚੇ ਦੀ ਮੂਲ ਭਾਵਨਾ ਦੇ ਉਲਟ ਹੈ। ਪੰਜਾਬ ਸਰਕਾਰ ਪੰਜਾਬ ਅਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਸਰਕਾਰ ਵੱਲੋਂ ਸੂਬੇ ਪ੍ਰਤੀ ਕੇਂਦਰ ਦੇ ਮਤਰੇਈ ਮਾਂ ਵਾਲੇ ਸਲੂਕ ਦਾ ਸਖ਼ਤ ਵਿਰੋਧ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਜਲਦ ਹੀ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਜਾ ਰਹੀ ਹੈ ਜੋ ਸੂਬੇ ਦੇ 65 ਲੱਖ ਪਰਿਵਾਰਾਂ ਲਈ ਮਿਆਰੀ ਸਿਹਤ ਸੰਭਾਲ ਯਕੀਨੀ ਬਣਾਏਗੀ। ਉਨ੍ਹਾਂ ਕਿਹਾ ਕਿ ਇਸ ਯੋਜਨਾ ਰਾਹੀਂ ਲੋਕ ਸੂਬੇ ਦੇ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਇਲਾਜ ਪ੍ਰਾਪਤ ਕਰ ਸਕਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਜਨਤਾ ਦੀ ਭਲਾਈ ਲਈ ਅਗਲੇ ਬਜਟ ਸੈਸ਼ਨ ਵਿੱਚ ਕਈ ਹੋਰ ਲੋਕ ਪੱਖੀ ਯੋਜਨਾਵਾਂ ਪੇਸ਼ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਸ਼੍ਰੋਮਣੀ ਅਕਾਲੀ ਦਲ ਦੀ ਏ.ਆਈ. ਤਕਨਾਲੋਜੀ ਰਾਹੀਂ ਲੋਕਾਂ ਨੂੰ ਗੁੰਮਰਾਹ ਕਰਨ ਦੀ ਨਿੰਦਿਆ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਵੀਂ ਤਕਨਾਲੋਜੀ ਦੀ ਖਬਤ ਕਾਰਨ ਉਹ ਆਪਣੇ ਅਸਲ ਕੰਮਾਂ ਤੋਂ ਭਟਕ ਰਹੇ ਹਨ। ਉਨ੍ਹਾਂ ਕਿ 'ਆਪ' ਦੇਸ਼ ਭਰ ਵਿੱਚ ਆਪਣੇ ਪੈਰ ਪਸਾਰ ਰਹੀ ਹੈ ਅਤੇ ਇਸ ਦੇ ਉਲਟ ਅਕਾਲੀ ਦਲ ਸੂਬੇ ਦੇ ਕੁਝ ਹਿੱਸਿਆਂ ਵਿੱਚ ਮਹਿਜ਼ ਦੋ ਜਾਂ ਤਿੰਨ ਸੀਟਾਂ ਹੀ ਪ੍ਰਾਪਤ ਕਰ ਸਕੀ ਹੈ। ਮੰਤਰੀ ਨੇ ਕਿਹਾ ਕਿ ਆਪਣੀਆਂ ਲੋਕ-ਪੱਖੀ ਅਤੇ ਵਿਕਾਸ-ਮੁਖੀ ਨੀਤੀਆਂ ਕਾਰਨ 'ਆਪ' ਨੂੰ ਸਮਾਜ ਦੇ ਹਰ ਵਰਗ ਦਾ ਸਮਰਥਨ ਮਿਲਿਆ ਹੈ।


**NAME CHANGE**
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR -2211-005020356. The actual name of mine is INDU CHAUHAN which may be amended accordingly

**PUBLIC NOTICE**
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.


**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.


**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.


**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.


**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.


**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.


**NAME CHANGE**
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

**NAME CHANGE**
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.


**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.


**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH
EX.MALL, SECTOR-9,
ROHINI, NEW DELHI

**ਉੱਤਰ ਰੇਲਵੇ**
**ਨਿਵਿਦਾ ਸੂਚਨਾ**

ਸੀਨੀਅਰ ਮੰਡਲ ਯਾਂਤਰਿਕ ਇੰਜੀਨੀਅਰ/ਡੀਜਲ, ਉਤਰ ਰੇਲਵੇ, ਡੀਜਲ ਲੋਕੋ ਸ਼ੇਡ ਤੁਗਲਕਾਬਾਦ ਦੇ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਕੰਮ ਦੇ ਲਈ ਈ-ਨਿਵਿਦਾ ਦੀ ਮੰਗ ਕੀਤੀ ਜਾਂਦੀ ਹੈ। ਨਿਵਿਦਾ ਕੇਵਲ ਤੈਅ ਨਿਵਿਦਾ ਦਸਤਾਵੇਜ ਵਿਚ ਆਨਲਾਈਨ ਹੀ ਸਵੀਕਾਰ ਕੀਤੀ ਜਾਵੇਗੀ।

| | |
|---|---|
| ਕੰਮ ਵੇਰਵਾ | "ਡੀਜਲ ਸ਼ੇਡ ਤੁਗਲਕਾਬਾਦ ਵਿਚ ਇਲੈਕਟ੍ਰਿਕ ਇੰਜਨਾਂ ਦੀ ਛੱਤ ਉਤੇ ਲਗੇ ਇਲੈਕਟ੍ਰਿਕ ਲੋਕੋ ਕੈਬ ਏ.ਸੀ. ਦਾ 02 ਸਾਲਾਂ ਦੇ ਲਈ ਏ.ਐਮ.ਸੀ." |
| ਕੰਮ ਦੀ ਜਗ੍ਹਾ | ਡੀਜਲ ਸ਼ੇਡ, ਤੁਗਲਕਾਬਾਦ, ਨਵੀਂ ਦਿੱਲੀ-110044 |
| ਸਮਾਪਤੀ ਦਾ ਸਮਾਂ | 02 ਸਾਲ |
| ਅੰਦਾਜਨ ਲਾਗਤ ਰਾਸ਼ੀ | ₹ 64,83,583.35/- ਜੀਐਸਟੀ ਸਮੇਤ (ਰੁਪਏ ਚੌਂਹਠ ਲਖ ਤਿਰਾਸੀ ਹਜਾਰ ਪੰਜ ਸੌ ਤਿਰਾਸੀ ਅਤੇ ਪੈਂਤੀ ਪੈਸੇ ਕੇਵਲ) |
| ਬਿਆਨਾ ਰਾਸ਼ੀ | ₹ 1,29,700/- (ਰੁਪਏ ਇਕ ਲਖ ਉਨੱਤੀ ਹਜਾਰ ਸਤ ਸੌ ਕੇਵਲ) |
| ਤਕਨੀਕੀ ਯੋਗਤਾ ਮਾਪਦੰਡ | ਤਕਨੀਕੀ ਯੋਗਤਾ ਮਾਪਦੰਡ ਦਾ ਵੇਰਵਾ ਨਿਵਿਦਾ ਫਾਰਮ ਦੀ ਦੂਜੀ ਸ਼ੀਟ ਦੇ ਸੈਕਸ਼ਨ 10 'ਤੇ ਦਿਤਾ ਗਿਆ ਹੈ। |
| ਵਿਤੀ ਯੋਗਤਾ ਮਾਪਦੰਡ | ਵਿਤੀ ਯੋਗਤਾ ਮਾਪਦੰਡ ਦਾ ਵੇਰਵਾ ਨਿਵਿਦਾ ਫਾਰਮ ਦੀ ਦੂਜੀ ਸ਼ੀਟ ਦੇ ਸੈਕਸ਼ਨ 10 'ਤੇ ਦਿਤਾ ਗਿਆ ਹੈ। |
| ਕੰਮ ਦੀ ਸਮਾਨ ਨੇਚਰ | ਭਾਰਤੀਯ ਰੇਲਵੇ ਵਿਚ ਇਲੈਕਟ੍ਰਿਕ ਲੋਕੋ ਡੀਜਲ ਲੋਕੋ/ਈਐਮਯੂ/ਐਮਈਐਮਯੂ/ਡੀਈਐਮਯੂ ਦੇ ਲਈ ਕੈਬ ਏਅਰ ਕੰਡੀਸ਼ਨਿੰਗ ਸਿਸਟਮ ਜਾਂ ਏਸੀ ਕੋਚ/ਮੈਟ੍ਰੋ ਕੋਚ/ਈਐਮਯੂ/ ਐਮਈਐਮਯੂ/ ਡੀਈਐਮਯੂ ਦੇ ਲਈ ਰੂਫ ਮਾਊਂਟੇਡ ਏਸੀ ਪੈਕੇਜ ਯੂਨਿਟ ਅਤੇ ਉਸ ਦੇ ਕੰਟ੍ਰੋਲ ਪੈਨਲ ਦੀ ਉਸਾਰੀ, ਸਪਲਾਈ, ਸਥਾਪਨਾ, ਪ੍ਰੀਖਸ਼ਣ ਅਤੇ ਕਮਿਸ਼ਨਿੰਗ। **ਜਾਂ** ਭਾਰਤੀਯ ਰੇਲਵੇ ਵਿਚ ਇਲੈਕਟ੍ਰਿਕ ਲੋਕੋ/ ਡੀਜਲ ਲੋਕੋ/ਈਐਮਯੂ/ ਐਮਈਐਮਯੂ/ ਡੀਈਐਮਯੂ ਦੇ ਲਈ ਕੈਬ ਏਅਰ ਕੰਡੀਸ਼ਨਿੰਗ ਸਿਸਟਮ ਜਾਂ ਏਸੀ ਕੋਚ / ਮੈਟ੍ਰੋ ਕੋਚ/ ਈਐਮਯੂ/ਐਮਈਐਮਯੂ/ਡੀਈਐਮਯੂ ਦੇ ਲਈ ਰੂਫ ਮਾਊਂਟੇਡ ਏਸੀ ਪੈਕੇਜ ਯੂਨਿਟ ਅਤੇ ਉਸ ਦੇ ਕੰਟ੍ਰੋਲ ਪੈਨਲ ਦਾ ਏਐਮਸੀ/ਸੀਏਐਮਸੀ/ ਮੁਰੰਮਤ / ਸਰਵਸਿੰਗ / ਮੁੜਵਾਸ। **ਜਾਂ** ਸਰਕਾਰੀ ਸੰਗਠਨਾਂ ਦੇ ਲਈ ਸੈਂਟ੍ਰਲਾਈਜਡ ਏਸੀ ਪਲਾਂਟ/ਹੀਟਿੰਗ ਵੇਂਟਿਲੇਸ਼ਨ ਐਂਡ ਏਅਰ ਕੰਡੀਸ਼ਨਿੰਗ ਸਿਸਟਮ (ਐਚਵੀਏਸੀ) / ਚਿਲਰ ਪਲਾਂਟ ਦੀ ਸਪਲਾਈ, ਸਥਾਪਨਾ, ਪ੍ਰੀਖਸ਼ਣ ਅਤੇ ਕਮਿਸ਼ਨਿੰਗ ਜਾਂ ਮੁਰੰਮਤ ਜਾਂ ਰੀ-ਕੰਡੀਸ਼ਨਿੰਗ ਜਾਂ ਏਐਮਸੀ। |
| ਈ-ਨਿਵਿਦਾ ਫਾਰਮ ਪ੍ਰਾਪਤ ਕਰਨ ਤੇ ਅਪਲੋਡ ਕਰਨ ਵੀ ਵੈਬਸਾਈਟ | www.ireps.gov.in |
| ਈ-ਨਿਵਿਦਾ ਅਪਲੋਡ ਕਰਨ ਦੀ ਅੰਤਮ ਮਿਤੀ ਤੇ ਸਮਾਂ | 12.01.2026 ਨੂੰ 12:00 ਵਜੇ ਤਕ । |
| ਈ-ਨਿਵਿਦਾ ਖੁਲਣ ਦੀ ਅੰਤਮ ਮਿਤੀ ਤੇ ਸਮਾਂ | 12.01.2026 ਨੂੰ 12:00ਵਜੇ ਦੇ ਬਾਅਦ। |
| ਨਿਵਿਦਾ ਦੀ ਵੈਲੇਡਿਟੀ | ਨਿਵਿਦਾ ਖੁਲਣ ਤੋਂ 60 ਦਿਨ |
| ਵਿਨਿਧਾਨ | 05-0511-32 |

ਨਿਵਿਦਾ ਫਾਰਮ ਭਾਰਤੀਯ ਰੇਲਵੇ ਦੀ ਵੈਬਸਾਈਟ www.ireps.gov.in ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ। ਵਿਸਤ੍ਰਿਤ ਕੰਮ ਵੇਰਵਾ, ਕੰਮ ਅਨੁਭਵ ਅਤੇ ਨਿਯਮ ਤੇ ਸ਼ਰਤਾਂ ਦੇ ਲਈ ਕਿਰਪਾ ਨਿਵਿਦਾ ਫਾਰਮ ਦਾ ਅਵਲੋਕਨ ਕਰੋ। **ਨਿਵਿਦਾ ਸੂਚਨਾ ਨੰ.: ਡੀ.ਐਸ.ਐਲ.-ਟੀ.ਕੇ.ਡੀ.-ਇਲੈਕਟ-ਐਚ.ਵੀ.ਏ.ਸੀ-ਓ. ਟੀ.-2025 ਮਿਤੀ: 20.12.2025** 3958/2025

**ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ**

# ਅਖਰੋਟ ਦੇ ਫ਼ਾਇਦੇ

ਅਖਰੋਟ ਖਾਣਾ ਹਰ ਕਿਸੇ ਨੂੰ ਪਸੰਦ ਹੁੰਦੇ ਹਨ। ਕਈ ਸਾਰੇ ਵਿਟਾਮਿਨ ਹੋਣ ਦੇ ਕਾਰਨ ਇਸ ਨੂੰ ਵਿਟਾਮਿਨਾਂ ਦਾ ਰਾਜਾ ਵੀ ਕਿਹਾ ਜਾਂਦਾ ਹੈ। ਅਖਰੋਟ ’ਚ ਪ੍ਰੋਟੀਨ ਦੇ ਇਲਾਵਾ ਕੈਲਸ਼ੀਅਮ, ਮੈਗਨੀਸ਼ੀਅਮ, ਆਇਰਨ ਫਾਸਫੋਰਸ ਆਦਿ ਇਸ ਤਰ੍ਹਾਂ ਦੇ ਪੌਸ਼ਟਿਕ ਤੱਤ ਪਾਏ ਜਾਂਦੇ ਹਨ। ਇਹ ਵਾਲ਼ਾਂ ਤੇ ਚਿਹਰੇ ਲਈ ਬਹੁਤ ਹੀ ਫ਼ਾਇਦੇਮੰਦ ਹੈ। ਅਖਰੋਟ ’ਚ ਮੌਜੂਦ ਓਮੈਗਾ 3 ਫੈਟ ਐਸਿਡ ਸਰੀਰ ਨੂੰ ਸਵਸਥ, ਚਮੜੀ ਦੀ ਪਰੇਸ਼ਾਨੀ ਤੋਂ ਬਚਾਉਂਦਾ ਹੈ। ਇਸ ਦੇ ਇਲਾਵਾ ਵੀ ਅਖਰੋਟ ਖਾਣ ਨਾਲ ਅਨੇਕਾਂ ਫ਼ਾਇਦੇ ਮਿਲਦੇ ਹਨ। ਅੱਜ ਅਸੀਂ ਤੁਹਾਨੂੰ ਇਸ ਦੇ ਉਪਾਅ ਦੇ ਬਾਰੇ ’ਚ ਦੱਸਦੇ ਹਾਂ...

### *ਭਾਰ ਘੱਟ ਕਰਨ ’ਚ ਮਦਦਗਾਰ*

*ਅਖਰੋਟ ਭਾਰ ਨੂੰ ਘੱਟ ਕਰਨ ’ਚ ਮਦਦ ਕਰਦਾ ਹੈ। ਰੋਜ਼ ਇਸ ਦਾ ਸੇਵਨ ਕਰਨ ਨਾਲ ਆਸਾਨੀ ਨਾਲ ਭਾਰ ਘੱਟ ਕੀਤਾ ਜਾ ਸਕਦਾ ਹੈ। ਜੋ ਲੋਕ ਵੱਧ ਰਹੇ ਭਾਰ ਤੋਂ ਪਰੇਸ਼ਾਨ ਹਨ ਉਨ੍ਹਾਂ ਨੂੰ ਹਰ ਰੋਜ਼ ਇਨ੍ਹਾਂ ਦਾ ਸੇਵਨ ਕਰਨਾ ਚਾਹੀਦਾ ਹੈ।*

### ਵਧੀਆ ਨੀਂਦ

ਜਿਨ੍ਹਾਂ ਲੋਕਾਂ ਨੂੰ ਪੂਰਾ ਦਿਨ ਕੰਮ ਕਰਨ ਤੋਂ ਬਾਅਦ ਵੀ ਨੀਂਦ ਨਹੀਂ ਆਉਂਦੀ। ਉਨ੍ਹਾਂ ਦੇ ਲਈ ਅਖਰੋਟ ਰਾਮ ਬਾਣ ਦਾ ਕੰਮ ਕਰਦੇ ਹਨ। ਰਾਤ ਨੂੰ ਸੌਣ ਤੋਂ ਪਹਿਲਾਂ 1 ਜਾਂ 2 ਅਖਰੋਟ ਖਾਣ ਨਾਲ ਸਾਰੀ ਥਕਾਵਟ ਦੂਰ ਹੋ ਜਾਂਦੀ ਹੈ।

### ਦਿਲ ਲਈ ਵਧੀਆ

ਇਸ ’ਚ ਪਾਏ ਜਾਣ ਵਾਲੇ ਐਂਟੀ ਆਕਸੀਡੈਂਟ ਦਿਲ ਨੂੰ ਤੰਦਰੁਸਤ ਬਣਾਉਣ ਦਾ ਕੰਮ ਕਰਦੇ ਹਨ। ਇਨ੍ਹਾਂ ਦੇ ਸੇਵਨ ਨਾਲ ਦਿਲ ਸਬੰਧੀ ਪਰੇਸ਼ਾਨੀਆਂ ਦੂਰ ਹੋ ਜਾਂਦੀਆਂ ਹਨ।

### ਡਾਇਬਟੀਜ਼

ਡਾਇਬਟੀਜ਼ ਵਾਲੇ ਰੋਗੀਆਂ ਨੂੰ ਹਰ ਰੋਜ਼ ਅਖਰੋਟ ਦਾ ਸੇਵਨ ਕਰਨਾ ਚਾਹੀਦਾ ਹੈ।

### ਤਣਾਅ ਤੋਂ ਦੂਰ

ਅੱਜਕੱਲ੍ਹ ਦੀ ਭੱਜਦੌੜ ਦੀ ਜ਼ਿੰਦਗੀ ’ਚ ਜੋ ਲੋਕ ਤਣਾਅ ਦੇ ਸ਼ਿਕਾਰ ਹਨ ਉਨ੍ਹਾਂ ਨੂੰ ਅਖਰੋਟ ਦੇ ਸੇਵਨ ਨਾਲ ਤਣਾਅ ਤੋਂ ਕਾਫ਼ੀ ਹੱਦ ਤਕ ਰਾਹਤ ਮਿਲਦੀ ਹੈ।



# ਕੈਲਸ਼ੀਅਮ ਤੇ ਵਿਟਾਮਿਨ ਡੀ ਦੀ ਮਹੱਤਤਾ

ਅਮਰਜੀਤ ਕੌਰ ਵਿਰਦੀ

ਕੈਲਸ਼ੀਅਮ ਇਕ ਅਜਿਹਾ ਮਿਨਰਲ ਹੈ ਜੋ ਜੀਵਨ ਲਈ ਅਤਿ ਜ਼ਰੂਰੀ ਹੈ। ਇਹ ਸਰੀਰ ਦੇ ਸੈੱਲਾਂ ਦੀਆਂ ਜੀਵ ਰਸਾਇਣ ਕਿਰਿਆਵਾਂ ਲਈ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

- ਇਸ ਕਰਕੇ ਇਸ ਨੂੰ ਨਿਊਰੋਮੀਟਰ ਵੀ ਕਿਹਾ ਜਾਂਦਾ ਹੈ।
- ਹੱਡੀਆਂ ਦੇ ਬਣਨ, ਵਧਣ, ਮਜ਼ਬੂਤੀ ਦੇਣ ਤੇ ਸੈੱਲ ਮੈਂਬਰੇਨ ਦੇ ਬਣਨ ’ਚ ਸਹਾਈ ਹੈ।
- ਮਾਸ-ਪੇਸ਼ੀਆਂ ਦੇ ਸੁੰਗੜਨ ਤੇ ਫੈਲਣ ’ਚ ਸਹਾਈ ਹੈ।
- ਖ਼ੂਨ ਬਣਾਉਣ ’ਚ ਸਹਾਈ ਹੁੰਦਾ ਹੈ।
- ਸਰੀਰ ’ਚ ਕਈ ਇਨਜ਼ਾਇਮਜ਼ ਨੂੰ ਬਣਾਉਂਦਾ ਹੈ।
- ਭਰੂਣ ਨੂੰ ਵੀ ਬਣਾਉਂਦਾ ਹੈ।
- ਕੈਲਸ਼ੀਅਮ ਨਿਕੜੇ-ਅੰਗ ਮਾਈਟੋਕਾਂਡਰੀਆ ’ਚ ਜਮ੍ਹਾਂ ਹੁੰਦਾ ਹੈ।

ਵਿਟਾਮਿਨ ਡੀ3 ਦੀ ਐਕਟਿਵ ਕਿਸਮ ਭੋਜਨ ਆਂਤੜੀ ’ਚੋਂ ਕੈਲਸ਼ੀਅਮ ਸੋਖਣ ’ਚ ਸਹਾਇਤਾ ਕਰਦੀ ਹੈ। ਵਿਟਾਮਿਨ ਡੀ ਦੀ ਘਾਟ ਹੋਵੇ ਤਾਂ ਕੈਲਸ਼ੀਅਮ ਦਾ ਸੋਖਣਾ ਨਹੀਂ ਹੁੰਦਾ ਤੇ ਹੱਡੀਆਂ ਕਮਜ਼ੋਰ ਹੋ ਜਾਂਦੀਆਂ ਹਨ। ਔਰਤਾਂ ਨੂੰ ਪੁਰਸ਼ਾਂ ਨਾਲੋਂ ਘੱਟ ਉਮਰ ’ਚ ਹੀ ਜ਼ਿਆਦਾ ਕੈਲਸ਼ੀਅਮ ਦੀ ਲੋੜ ਪੈ ਜਾਂਦੀ ਹੈ। 150 ਸਾਲ ਦੀ ਉਮਰ ਤਕ ਪੁਰਸ਼ ਤੇ ਔਰਤਾਂ ਨੂੰ ਲਗਪਗ 1,000 ਮਿਲੀਗ੍ਰਾਮ ਕੈਲਸ਼ੀਅਮ ਦੀ ਲੋੜ ਹੁੰਦੀ ਹੈ ਪਰ 50 ਸਾਲ ਦੀ ਉਮਰ ਤੋਂ ਬਾਅਦ ਔਰਤਾਂ ਨੂੰ 1200 ਮਿਲੀਗ੍ਰਾਮ ਕੈਲਸ਼ੀਅਮ ਦੀ ਲੋੜ ਹੁੰਦੀ ਹੈ। ਜਦ ਕਿ ਪੁਰਸ਼ਾਂ ਨੂੰ 60-65 ਸਾਲ ਦੀ ਉਮਰ ’ਚ ਇਸ ਤਰ੍ਹਾਂ ਦੀ ਲੋੜ ਪੈਂਦੀ ਹੈ। ਬੱਚਿਆਂ ਨੂੰ 4-8 ਸਾਲ ਦੀ ਉਮਰ ਤਕ ਲਗਪਗ 1,000 ਮਿਲੀਗ੍ਰਾਮ ਤੇ 9-18 ਸਾਲ ਦੀ ਉਮਰ ’ਚ ਲਗਪਗ 1300 ਮਿਲੀਗ੍ਰਾਮ ਕੈਲਸ਼ੀਅਮ ਦੀ ਲੋੜ ਪੈਂਦੀ ਹੈ।

- **ਕੈਲਸ਼ੀਅਮ ਦੀ ਘਾਟ ਕਿਵੇਂ ਹੋ ਜਾਂਦੀ ਹੈ?**

ਹਰ ਰੋਜ਼ ਸਾਡੇ ਸਰੀਰ ’ਚੋਂ ਚਮੜੀ ਰਾਹੀਂ, ਨਹੁੰਆਂ ਰਾਹੀਂ, ਵਾਲ਼ਾਂ ਦੇ ਝੜਨ ਨਾਲ, ਪਸੀਨੇ ਦੁਆਰਾ, ਪਿਸ਼ਾਬ ਰਾਹੀਂ ਤੇ ਪਖਾਨੇ ਰਾਹੀਂ ਤੇ ਹੱਡੀਆਂ ਦੀ ਟੁੱਟ ਭੱਜ ਨਾਲ ਵੀ ਕੈਲਸ਼ੀਅਮ ਸਰੀਰ ’ਚ ਘੱਟਦਾ ਰਹਿੰਦਾ ਹੈ। ਇਸ ਲਈ ਕੈਲਸ਼ੀਅਮ ਦੀ ਸਾਨੂੰ ਰੋਜ਼ਾਨਾ ਭੋਜਨ ’ਚ ਲੋੜ ਹੁੰਦੀ ਹੈ।

**ਸੂਰਜ ਦੀਆਂ ਕਿਰਨਾਂ ਤੋਂ ਮਿਲਦਾ ਹੈ ਵਿਟਾਮਿਨ ਡੀ**

ਵਿਟਾਮਿਨ ਡੀ ਸੂਰਜ ਦੀਆਂ ਕਿਰਨਾਂ ਦੁਆਰਾ ਅਸੀਂ ਪ੍ਰਾਪਤ ਕਰ ਸਕਦੇ ਹਾਂ। ਇਸ ਲਈ ਰੋਜ਼ਾਨਾ ਸਵੇਰ ਦੀ ਧੁੱਪ ਲਵਾਉਣ ਨਾਲ ਵਿਟਾਮਿਨ ਡੀ ਪ੍ਰਾਪਤ ਹੋ ਜਾਂਦਾ ਹੈ। ਵਿਟਾਮਿਨ ਡੀ ਭੋਜਨ ਦੇ ਰੂਪ ’ਚ ਫੈਟੀ ਫਿਸ਼ ਜਿਵੇਂ-ਟੂਨਾ, ਸੈਲਮਨ, ਸਾਰਡੀਨ ਆਦਿ। ਕਾਡ ਲਿਵਰ ਆਇਲ, ਆਂਡਾ, ਚੀਜ, ਸੰਤਰੇ ਦਾ ਜੂਸ, ਸੋਇਆ ਮਿਲਕ ਆਦਿ ਤੋਂ ਪ੍ਰਾਪਤ ਹੁੰਦਾ ਹੈ।

- **ਕੈਲਸ਼ੀਅਮ ਕਿਵੇਂ ਪੂਰਾ ਕਰੀਏ?**

ਕੈਲਸ਼ੀਅਮ ਅਸੀਂ ਆਪਣੇ ਰੋਜ਼ਾਨਾ ਭੋਜਨ ’ਚ ਪ੍ਰਾਪਤ ਕਰਦੇ ਹਾਂ। ਇਸ ਲਈ ਰੋਜ਼ਾਨਾ ਲਗਪਗ ਦੋ ਗਲਾਸ ਘੱਟ ਫੈਟ ਵਾਲਾ ਦੁੱਧ ਆਮ ਵਿਅਕਤੀ ਲਈ ਤੇ ਬੱਚਿਆਂ ਨੂੰ ਇਸ ਤੋਂ ਜ਼ਿਆਦਾ ਦੁੱਧ ਦੀ ਲੋੜ ਹੁੰਦੀ ਹੈ। ਇਕ ਛੋਟੀ ਕਟੋਰੀ ਦਹੀਂ ਤੇ 30 ਕੁ ਗ੍ਰਾਮ ਪਨੀਰ ਇਹ ਸਾਰੇ ਦਿਨ ਦੀ ਡਾਈਟ ’ਚ ਸ਼ਾਮਿਲ ਕਰਨ ਨਾਲ ਕੈਲਸ਼ੀਅਮ ਦੀ ਰੋਜ਼ਾਨਾ ਲੋੜ ਪੂਰੀ ਹੁੰਦੀ ਰਹਿੰਦੀ ਹੈ। ਇਸ ਤੋਂ ਇਲਾਵਾ ਦੁੱਧ ਦੀ ਥਾਂ ਸੋਇਆ ਮਿਲਕ, ਸੁੱਕਾ ਦੁੱਧ ਜਾਂ ਬਾਦਾਮ ਦਾ ਦੁੱਧ ਵੀ ਵਰਤਿਆ ਜਾ ਸਕਦਾ ਹੈ। ਹਰੀਆਂ ਸਬਜ਼ੀਆਂ ਜਿਵੇਂ-ਬਰੋਕਲੀ, ਪਾਲਕ, ਸ਼ਿਮਲਾ ਮਿਰਚ, ਹਰੀ ਜਾਂ ਲਾਲ ਮਿਰਚ, ਮੂਲੀ ਜਾਂ ਮੂਲੀ ਦੇ ਪੱਤੇ, ਸ਼ਲਗਮ ਤੇ ਮੇਥੀ ਦੇ ਪੱਤੇ, ਹਰਾ ਧਨੀਆਂ, ਪੁਦੀਨਾ, ਹਰੇ ਪਿਆਜ਼, ਪਿਆਜ਼ ਦੀਆਂ ਹਰੀਆਂ ਭੂਕਾਂ, ਚੁਕੰਦਰ, ਮਸ਼ਰੂਮ, ਫੁੱਲ-ਗੋਭੀ, ਗਾਜਰਾਂ,ਤਿਲ ਆਦਿ ਪਦਾਰਥਾਂ ’ਚ ਕੈਲਸ਼ੀਅਮ ਕਾਫ਼ੀ ਮਾਤਰਾ ’ਚ ਪਾਈ ਜਾਂਦੀ ਹੈ। ਲਗਪਗ ਸਾਰੀਆਂ ਪੱਤੇਦਾਰ ਸਬਜ਼ੀਆਂ ਤੇ ਬਾਕੀ ਸਾਰੀਆਂ ਸਬਜ਼ੀਆਂ, ਫਲ, ਸੁਕੇ ਮੇਵੇ ਤੇ ਬੀਜਾਂ ’ਚੋਂ ਕੈਲਸ਼ੀਅਮ ਪਾਇਆ ਜਾ ਸਕਦਾ ਹੈ। ਕੈਲਸ਼ੀਅਮ ਤੋਂ ਇਲਾਵਾ ਆਇਰਨ, ਸੋਡੀਅਮ, ਪੋਟਾਸ਼ੀਅਮ, ਮੈਗਨੀਸ਼ੀਅਮ, ਫਾਰਸਫੋਰਸ, ਆਇਓਡੀਨ ਕਾਪਰ ਜਿੰਕ ਆਦਿ। ਮਿਨਰਲਜ਼ ਜਿਨ੍ਹਾਂ ਦੀ ਸਰੀਰ ਨੂੰ ਥੋੜ੍ਹੀ ਮਾਤਰਾ ’ਚ ਲੋੜ ਹੁੰਦੀ ਹੈ।



**ਸਬਜ਼ੀਆਂ, ਫਲ, ਸੁੱਕੇ ਮੇਵੇ ਤੇ ਬੀਜਾਂ ’ਚੋਂ ਕੈਲਸ਼ੀਅਮ ਪਾਇਆ ਜਾ ਸਕਦਾ ਹੈ। ਕੈਲਸ਼ੀਅਮ ਤੋਂ ਇਲਾਵਾ ਇਨ੍ਹਾਂ ’ਚ ਆਇਰਨ, ਸੋਡੀਅਮ, ਪੋਟਾਸ਼ੀਅਮ, ਮੈਗਨੀਸ਼ੀਅਮ ਹੁੰਦਾ ਹੈ ਜੋ ਸਿਹਤ ਲਈ ਬਹੁਤ ਲਾਭਕਾਰੀ ਹੈ...**

### ਕੈਲਸ਼ੀਅਮ ਦੀ ਘਾਟ ਦੇ ਲੱਛਣ

- ਯਾਦਦਾਸ਼ਤ ਘੱਟ ਸਕਦੀ ਹੈ।
- ਨਹੁੰ ਕਮਜ਼ੋਰ ਹੋ ਜਾਂਦੇ ਹਨ।
- ਦੰਦ ਭੁਰ ਕੇ ਟੁੱਟ ਸਕਦੇ ਹਨ।
- ਹੱਡੀਆਂ ਕਮਜ਼ੋਰ ਹੋ ਜਾਂਦੀਆਂ ਹਨ ਤਾਂ ਥੋੜ੍ਹੀ ਜਿਹੀ ਸੱਟ ਨਾਲ ਟੁੱਟ ਜਾਂਦੀਆਂ ਹਨ।
- ਡਿਪਰੈਸ਼ਨ ਦਾ ਇਕ ਕਾਰਨ ਕੈਲਸ਼ੀਅਮ ਦੀ ਘਾਟ ਹੋ ਸਕਦੀ ਹੈ।
- ਮਾਸ-ਪੇਸ਼ੀਆਂ ਦੀ ਹਿਲਜੁਲ ਘੱਟ ਜਾਂਦੀ ਹੈ।

45ਤੋਂ 50 ਕੁ ਸਾਲ ਦੀ ਉਮਰ ਤੋਂ ਬਾਅਦ ਆਪਣਾ ਕੈਲਸ਼ੀਅਮ ਟੈਸਟ ਕਰਵਾ ਲੈਣਾ ਚਾਹੀਦਾ ਹੈ ਤੇ ਡਾਕਟਰ ਦੀ ਸਲਾਹ ਨਾਲ ਜੇ ਲੋੜ ਹੋਵੇ ਤਾਂ ਕੈਲਸ਼ੀਅਮ ਸਪਲੀਮੈਂਟ ਵਰਤ ਲੈਣੇ ਚਾਹੀਦੇ ਹਨ ਤਾਂ ਜੋ ਕੈਲਸ਼ੀਅਮ ਸਰੀਰ ’ਚ ਪੂਰਾ ਰਹੇ ਤਾਂ ਇਨ੍ਹਾਂ ਸਾਰੀਆਂ ਪਰੇਸ਼ਾਨੀਆਂ ਤੋਂ ਬਚਿਆ ਜਾ ਸਕਦਾ ਹੈ।

95307-49092

# ਪਦਮ ਆਸਣ

ਪਦਮ ਆਸਣ ਯੋਗ ਦਾ ਸਭ ਤੋਂ ਮਹੱਤਵਪੂਰਨ ਆਸਣ ਹੈ। ਇਹ ਆਸਣ ਪ੍ਰਾਣਾਯਾਮ ਦਾ ਅਭਿਆਸ ਕਰਨ ਵਿਚ ਮਦਦ ਕਰਦਾ ਹੈ।

### ਜ਼ਰੂਰੀ ਸਮੱਗਰੀ

ਇਕ ਚਾਦਰ ਜਾਂ ਦਰੀ, ਸ਼ੁੱਧ ਅਤੇ ਸ਼ਾਂਤ ਵਾਤਾਵਰਨ।

### ਸਮਾਂ

ਇਸ ਆਸਣ ਨੂੰ ਖ਼ਾਲੀ ਪੇਟ ਕਰੋ ਜਾਂ ਖਾਣਾ ਖਾਣ ਤੋਂ ਤਿੰਨ ਚਾਰ ਘੰਟੇ ਬਾਅਦ ਕਰੋ। ਯੋਗ ਅਭਿਆਸ ਅਸੀਂ ਸਵੇਰ ਦੇ ਨਾਲ-ਨਾਲ ਸ਼ਾਮ ਦੇ ਵੇਲੇ ਵੀ ਕਰ ਸਕਦੇ ਹਾਂ ਪਰ ਇਹ ਧਿਆਨ ਰੱਖਣਾ ਚਾਹੀਦਾ ਹੈ ਕਿ ਪੇਟ ਖ਼ਾਲੀ ਹੋਵੇ ।

### ਵਿਧੀ

- ਸਭ ਤੋ ਪਹਿਲਾਂ ਸੁੱਖ ਆਸਣ (ਚੌਂਕੜੀ ਮਾਰਨਾ) ’ਚ ਬੈਠ ਜਾਓ।
- ਹੁਣ ਆਪਣੀਆਂ ਦੋਵੇਂ ਲੱਤਾਂ ਸਾਹਮਣੇ ਦੀ ਤਰਫ਼ ਖੋਲ੍ਹੋ। ਹੁਣ ਸੱਜੇ ਪੈਰ ਨੂੰ ਖੱਬੇ ਪੱਟ ਅਤੇ ਖੱਬੇ ਪੈਰ ਨੂੰ ਸੱਜੇ ਪੱਟ ਉੱਤੇ ਰੱਖ ਲਵੋ।
- ਦੋਵੇਂ ਹੱਥਾਂ ਦੀਆਂ ਗਿਆਨ ਮੁਦਰਾ (ਅੰਗੂਠੇ ਨਾਲ ਪਹਿਲੀ ਉਂਗਲ ਨੂੰ ਮਿਲਾਉ, ਬਾਕੀ ਤਿੰਨ ਉਂਗਲਾਂ ਬਾਹਰ ਦੀ ਤਰਫ਼ ਖੁੱਲ੍ਹੀਆਂ ਰਹਿਣਗੀਆਂ) ਬਣਾ ਕਿ ਗੋਡਿਆਂ ਉੱਤੇ ਰੱਖ ਲਵੋ।
- ਇਸ ਤਰ੍ਹਾਂ ਕਰਦੇ ਹੋਏ ਹਥੇਲੀਆਂ ਆਸਮਾਨ ਦੀ ਤਰਫ਼ ਹੋਣਗੀਆਂ।
- ਰੀੜ੍ਹ ਦੀ ਹੱਡੀ ਅਤੇ ਗਰਦਨ ਸਿੱਧੀ ਹੋਣੀ ਚਾਹੀਦੀ ਹੈ ਅਤੇ ਅੱਖਾਂ ਬੰਦ।
- ਇਸ ਆਸਣ ਨਾਲ ਅਸੀਂ ਪ੍ਰਾਣਾਯਾਮ ਦਾ ਅਭਿਆਸ ਕਰ ਸਕਦੇ ਹਾਂ।
- ਜੇ ਦੋਵੇਂ ਲੱਤਾਂ ਨਾ ਚੁੱਕ ਸਕੋ ਤਾਂ ਕੁਝ ਦਿਨ ਤਕ ਇਕ-ਇਕ ਲੱਤ ਨਾਲ ਵੀ ਅਭਿਆਸ ਕਰ ਸਕਦੇ ਹੋ।

### ਸਾਵਧਾਨੀਆਂ

- ਮਨ ਤਣਾਅ ਰਹਿਤ ਰਹੇ।
- ਸਾਰਾ ਧਿਆਨ ਆਪਣੇ ਆਸਣ ਵੱਲ ਹੋਵੇ।
- ਸ਼ੁਰੂ ਸ਼ੁਰੂ ਵਿਚ ਜ਼ਿਆਦਾ ਜ਼ੋਰ ਨਾ ਲਾਉ, ਹੌਲੀ ਅਭਿਆਸ ਕਰੋ।
- ਜਿਨ੍ਹਾਂ ਨੇ ਗੋਡਿਆਂ ਦਾ ਆਪਰੇਸ਼ਨ ਕਰਵਾਇਆ ਹੋਵੇ ਉਹ ਇਸ ਨੂੰ ਨਾ ਕਰਨ।
- ਸਮਰੱਥਾ ਤੋਂ ਜ਼ਿਆਦਾ ਜ਼ੋਰ ਨਾ ਲਾਉ।

### ਲਾਭ

- ਇਸ ਨਾਲ ਧਿਆਨ ਸਮਰੱਥਾ ਵਿਚ ਵਾਧਾ ਹੁੰਦਾ ਹੈ।
- ਇਹ ਆਸਣ ਦਿਮਾਗ਼ ਨੂੰ ਸ਼ਾਂਤ ਕਰਦਾ ਹੈ।
- ਪੱਟਾਂ ਨੂੰ ਮਜ਼ਬੂਤ ਕਰਦਾ ਹੈ ।
- ਪੜ੍ਹਨ ਵਾਲੇ ਬੱਚਿਆਂ ਲਈ ਬਹੁਤ ਲਾਭਕਾਰੀ ਹੈ ।
- ਹਾਈ ਬਲੱਡ ਪ੍ਰੈਸ਼ਰ ਦੀ ਸਮੱਸਿਆ ਤੋਂ ਨਿਜਾਤ ਪਾਉਣ ਲਈ ਵਧੀਆ ਹੈ।



# ਇਮਿਊਨ ਸਿਸਟਮ



ਸਰੀਰ ’ਚ ਕਮਜ਼ੋਰੀ ਆਉਣ ਨਾਲ ਰੋਗਾਂ ਨਾਲ ਲੜਨ ਦੀ ਸ਼ਕਤੀ ਕਮਜ਼ੋਰ ਹੋ ਜਾਂਦੀ ਹੈ। ਜਿਸ ਕਰਕੇ ਰੋਗ ਸਰੀਰ ’ਤੇ ਜਲਦੀ ਅਸਰ ਕਰਦਾ ਹੈ। ਕਮਜ਼ੋਰੀ ਦੇ ਕਾਰਨ ਸਿਰ ਦਰਦ, ਜ਼ੁਕਾਮ ਵਰਗੀਆਂ ਬਹੁਤ ਸਾਰੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਆਪਣੇ ਖਾਣੇ ’ਚ ਪਾਲਕ, ਪਪੀਤਾ ਆਦਿ ਸ਼ਾਮਿਲ ਕਰਨੇ ਚਾਹੀਦੇ ਹਨ। ਇਸ ਨਾਲ ਰੋਗਾਂ ਨਾਲ ਲੜਨ ਦੀ ਸ਼ਕਤੀ ਮਿਲਦੀ ਹੈ। ਆਓ ਜਾਣਦੇ ਹਾਂ ਕਮਜ਼ੋਰੀ ਨੂੰ ਦੂਰ ਕਰਨ ਲਈ ਕਿਹੜੀਆਂ ਚੀਜ਼ਾਂ ਦਾ ਇਸਤੇਮਾਲ ਕਰਨਾ ਚਾਹੀਦਾ ਹੈ।

### ਪਾਲਕ

ਸਰੀਰ ਨੂੰ ਸਵਸਥ ਰੱਖਣ ਲਈ ਪਾਲਕ ਦਾ ਸੇਵਨ ਵੀ ਲਾਭਕਾਰੀ ਹੈ। ਹਰ ਰੋਜ਼ ਇਕ ਕੱਪ ਪਾਣੀ ’ਚ 4-5 ਪਾਲਕ ਦੇ ਪੱਤਿਆਂ ਨੂੰ ਪਾ ਕੇ ਉਬਾਲ ਲਓ ਤੇ ਠੰਢਾ ਹੋਣ ’ਤੇ ਅੱਧਾ ਗਿਲਾਸ ਟਮਾਟਰ ਦਾ ਰਸ ਪਾ ਕੇ ਪੀਣਾ ਸਿਹਤ ਲਈ ਗੁਣਕਾਰੀ ਹੁੰਦਾ ਹੈ। ਇਸ ਦੇ ਇਲਾਵਾ ਪਾਲਕ ਤੇ ਟਮਾਟਰ ਦਾ ਸੂਪ ਵੀ ਪੀ ਸਕਦੇ ਹੋ।

### ਪਪੀਤਾ

ਪਪੀਤਾ ਬਲੱਡ ਦੇ ਪਲੇਟਲੈਟਸ ਨੂੰ ਵਧਾਉਣ ’ਚ ਮਦਦ ਕਰਦਾ ਹੈ। ਪਪੀਤੇ ਦੀਆਂ ਪੱਤੀਆਂ ਦਾ ਰਸ ਜਾਂ ਫਿਰ ਪੱਕਾ ਪਪੀਤਾ ਖਾਣਾ ਵੀ ਸਿਹਤਮੰਦ ਹੈ।

### *ਚੁਕੰਦਰ*

*ਚੁਕੰਦਰ ਨੂੰ ਜ਼ਿਆਦਾ ਸਲਾਦ ਦੇ ਤੌਰ ’ਤੇ ਖਾਧਾ ਜਾਂਦਾ ਹੈ। ਇਸ ਨਾਲ ਕੁਦਰਤੀ ਐਂਟੀਔਕਸੀਡੈਂਟ ਤੇ ਹੇਮੋਸਟੈਟਿਕ ਗੁਣ ਪਾਏ ਜਾਂਦੇ ਹਨ। ਚੁਕੰਦਰ ਦੇ 2 ਚਮਚ ਜੂਸ ’ਚ 1 ਗਲਾਸ ਗਾਜਰ ਦਾ ਜੂਸ ਮਿਲਾ ਕੇ ਪੀਣ ਨਾਲ ਸਰੀਰ ਨੂੰ ਕਾਫ਼ੀ ਫ਼ਾਇਦਾ ਮਿਲਦਾ ਹੈ।*

### ਨਾਰੀਅਲ ਪਾਣੀ

ਸਰੀਰ ’ਚ ਇਲੈਕਟ੍ਰੋਲਾਇਟਸ ਦੀ ਘਾਟ ਹੋਣ ’ਤੇ ਕਮਜ਼ੋਰੀ ਆਉਣੀ ਸ਼ੁਰੂ ਹੋ ਜਾਂਦੀ ਹੈ। ਨਾਰੀਅਲ ਪਾਣੀ ਪੀਣ ਨਾਲ ਇਲੈਕਟ੍ਰੋਲਾਇਟਸ ਦੀ ਮਾਤਰਾ ਪੂਰੀ ਹੋ ਜਾਂਦੀ ਹੈ ਤੇ ਇਹ ਕੁਦਰਤੀ ਖਣਿਜ ਪਦਾਰਥ ਦਾ ਬਹੁਤ ਵਧੀਆ ਸਰੋਤ ਹੈ।

# ਕਸਰਤ ਦੇ ਲਾਭਾਂ ਨੂੰ ਵਿਗਾੜਦਾ ਹੈ ਹਵਾ ਦਾ ਪ੍ਰਦੂਸ਼ਣ



ਆਵਾਜਾਈ ਪ੍ਰਦੂਸ਼ਣ ਹੁਣ ਅਜਿਹੇ ਪ੍ਰਕਾਸ਼ਿਤ ਦੋ ਵੱਖਰੇ ਅਧਿਐਨਾਂ ਅਨੁਸਾਰ ਬਜ਼ੁਰਗਾਂ ਅਤੇ ਅਣਜੰਮੇ ਬੱਚਿਆਂ ਲਈ ਸਿਹਤ ਦੇ ਖ਼ਤਰੇ ਖੜ੍ਹਾ ਕਰਦਾ ਹੈ। ਖੋਜ ’ਚ ਪਾਇਆ ਹੈ ਕਿ ਇਕ ਭੀੜ-ਭੜੱਕੇ ਵਾਲੀ ਗਲੀ ਵਿਚ ਦੋ ਘੰਟਿਆਂ ਦੀ ਸੈਰ ਕਰਦੇ ਸਮੇਂ ਬਿਰਧ ਲੋਕਾਂ ਦੇ ਹਵਾ ਦੇ ਪ੍ਰਦੂਸ਼ਣ ਦੀ ਖ਼ੁਰਾਕ ਪਾਈ ਜਾਂਦੀ ਹੈ ਅਤੇ ਉਨ੍ਹਾਂ ਖ਼ੂਨ ਦੀਆਂ ਨਾੜੀਆਂ ਵਿਚ ਨੁਕਸ ਪੈ ਜਾਂਦਾ ਹੈ ਅਤੇ ਫੇਫੜਿਆਂ ਦੇ ਫੈਲਣ ਵਿਚ ਪਰੇਸ਼ਾਨੀ ਹੁੰਦੀ ਹੈ। ਪੈਦਲ ਚੱਲਣ ਵਾਲਾ ਇਕ ਅਸਰਦਾਰ ਪ੍ਰਭਾਵੀ ਅਭਿਆਸ ਹੈ ਜੋ ਐਨਐੱਚਐੱਸ ਦੁਆਰਾ ਬਜ਼ੁਰਗਾਂ ਲਈ ਆਪਣੀ ਕਾਰਡੀਓਵੈਸਕੁਲਰ ਫਿਟਨੈਸ ਨੂੰ ਬਿਹਤਰ ਬਣਾਉਣ ਲਈ ਸਿਫਾਰਸ਼ ਕਰਦਾ ਹੈ। ਅਧਿਐਨ ਤੋਂ ਪਤਾ ਲੱਗਾ ਹੈ ਕਿ ਹਵਾ ਪ੍ਰਦੂਸ਼ਣ ਦੇ ਪ੍ਰਭਾਵ ਨੇ ਇਸ ਨੂੰ ਨਕਾਰ ਦਿੱਤਾ ਹੈ। ਸਿਹਤਮੰਦ ਭਾਗੀਦਾਰਾਂ ਵਿਚ ਹੈਡ ਪਾਰਕ ਵਿਚ ਸੈਰ ਹਵਾ ਦੀ ਮਾਤਰਾ ’ਚ 7.5 ਫ਼ੀਸਦੀ ਸੁਧਾਰ ਹੋਇਆ। ਜਿਸ ਨਾਲ ਉਨ੍ਹਾਂ ਨੂੰ ਸਾਹ ਚੜ੍ਹਨ ਅਤੇ ਖ਼ੂਨ ਦੇ ਪ੍ਰਵਾਹ ’ਚ ਸੁਧਾਰ ਲਿਆ ਗਿਆ ਸੀ ਜੋ 26 ਘੰਟਿਆਂ ਤਕ ਜਾਰੀ ਰਿਹਾ। ਟ੍ਰੈਫਿਕ ਦੇ ਪ੍ਰਦੂਸ਼ਣ ਦੇ ਥੋੜ੍ਹੇ ਸਮੇਂ ਦੇ ਸੰਪਰਕ ’ਚ ਉਸ ਸਮੇਂ ਦੌਰਾਨ ਸਰੀਰਕ ਗਤੀਵਿਧੀ ਦੇ ਕਾਰਡੀਓ-ਪ੍ਰਤਿਕਿਰਿਆਤਮਕ ਲਾਭਾਂ ਨੂੰ ਰੋਕਿਆ ਗਿਆ ਹੈ। ਜਦੋਂ ਤੁਸੀਂ ਤੁਰਦੇ ਹੋ ਤਾਂ ਤੁਹਾਡੇ ਏਅਰਵੇਜ਼ ਖੁੱਲ੍ਹ ਜਾਂਦੇ ਹਨ ਅਤੇ ਤੁਹਾਡੇ ਖ਼ੂਨ ਦੀਆਂ ਨਾੜਾਂ ਢਲ ਜਾਂ ਖੁੱਲ੍ਹਦੀਆਂ ਹਨ। ਸੈਰ ਕਰਨ ਤੋਂ ਬਾਅਦ ਫੇਫੜਿਆਂ ਦੀ ਸਮਰੱਥਾ ’ਚ ਸਿਰਫ਼ ਛੋਟੀਆਂ ਤਬਦੀਲੀਆਂ ਹੀ ਨਹੀਂ ਬਲਕਿ ਵੱਡੀਆਂ ਤਬਦੀਲੀਆਂ ਵੀ ਆਉਂਦੀਆਂ ਹਨ।

ਜਦੋਂ ਤੁਸੀਂ ਪ੍ਰਦੂਸ਼ਿਤ ਖੇਤਰਾਂ ’ਚ ਅਭਿਆਸ ਕਰਦੇ ਹੋ ਤਾਂ ਤੁਸੀਂ ਵਧੇਰੇ ਸਾਹ ਲੈਂਦੇ ਹੋ ਤੇ ਤੁਸੀਂ ਜ਼ਿਆਦਾਤਰ ਕਣਾਂ ਅਤੇ ਗੈਸਾਂ ਨੂੰ ਆਪਣੇ ਫੇਫੜਿਆਂ ’ਚ ਪਹੁੰਚਾਉਂਦੇ ਹੋ। ਇਸ ਨੂੰ ਬਹੁਤ ਸਾਰੇ ਬਿਰਧ ਲੋਕਾਂ ਲਈ ਰੁਕਾਵਟ ਦੇ ਰੂਪ ’ਚ ਨਹੀਂ ਦੇਖਿਆ ਜਾਣਾ ਚਾਹੀਦਾ ਹੈ, ਜਿਨ੍ਹਾਂ ਲਈ ਚੱਲਣ ਦਾ ਇਕੋ ਇਕ ਢੰਗ ਹੈ। ਅਸੀਂ ਸੁਝਾਅ ਦਿੰਦੇ ਹਾਂ ਕਿ, ਜਿੱਥੇ ਸੰਭਵ ਹੋਵੇ ਪਾਰਕ ਜਾਂ ਹੋਰ ਖ਼ਾਲੀ ਸਥਾਨਾਂ ’ਚ ਰੁੱਝੇ ਸੜਕਾਂ ਤੋਂ ਦੂਰ ਚਲੇ ਜਾਂਦੇ ਹਨ।

• ਵਿਜੈ ਗਰਗ

# ਕੈਂਸਰ ਦਾ ਪਤਾ ਕਿਵੇਂ ਲਗਾਈਏ

ਦੇਸ਼ ’ਚ ਹਰ ਸਾਲ 14.5 ਲੱਖ ਕੈਂਸਰ ਦੇ ਨਵੇਂ ਮਾਮਲੇ ਆਉਂਦੇ ਹਨ। ਕੈਂਸਰ ਤੇਜ਼ੀ ਨਾਲ ਫੈਲ ਰਿਹਾ ਹੈ ਲਾਇਫ਼ ਸਟਾਇਲ ਵਿਚ ਤਬਦੀਲੀ, ਸਮੇਂ ਸਿਰ ਜਾਂਚ ਅਤੇ ਠੀਕ ਇਲਾਜ ਨਾਲ ਕੈਂਸਰ ਉੱਤੇ ਵੀ ਸ਼ਕੰਜਾ ਕੱਸਿਆ ਜਾ ਸਕਦਾ ਹੈ। ਇਹੋ ਨਹੀਂ ਥੋੜ੍ਹੀ ਕੋਸ਼ਿਸ਼ ਅਤੇ ਸਾਵਧਾਨੀ ਨਾਲ ਇਸ ਤੋਂ ਬਚਾਅ ਵੀ ਕਾਫ਼ੀ ਹੱਦ ਤਕ ਸੰਭਵ ਹੈ ਪਰ ਸਮਾਜ ਨੂੰ ਇਹ ਪਤਾ ਹੀ ਨਹੀਂ ਚਲਦਾ ਕਿ ਬੰਦਾ ਕੈਂਸਰ ਤੋਂ ਪੀੜਤ ਹੈ। ਅੱਜ ਜ਼ਰੂਰਤ ਹੈ ਕਿ ਜਲਦੀ ਤੋਂ ਜਲਦੀ ਬਿਮਾਰੀ ਦਾ ਪਤਾ ਲੱਗੇ ਤਾਂ ਕਿ ਸੰਪੂਰਨ ਇਲਾਜ ਹੋ ਸਕੇ। ਸੋ ਕੈਂਸਰ ਰੋਗ ਦਾ ਜਲਦੀ ਪਤਾ ਕਿਵੇਂ ਲੱਗ ਸਕੇ ’ਤੇ ਵਿਚਾਰ ਕਰਨਾ ਜ਼ਰੂਰੀ ਹੋ ਗਿਆ ਹੈ।

### ਸਮੇਂ ਸਿਰ ਜਾਂਚ ਕਰਾਓ

ਔਰਤਾਂ 20-30 ਸਾਲ ਦੀ ਉਮਰ ’ਚ ਬਰੈਸਟ ਦੀ ਜਾਂਚ ਕਰਵਾਉਣੀ ਚਾਹੀਦੀ ਹੈ। 30-40 ਸਾਲ ਦੀ ਉਮਰ ’ਚ ਡਾਕਟਰ ਤੋਂ ਜਾਂਚ ਕਰਾਓ। ਬਰੈਸਟ ਕੈਂਸਰ ਦੀ ਫੈਮਿਲੀ ਹਿਸਟਰੀ ਹੈ ਤਾਂ 40 ਸਾਲ ਦੀ ਉਮਰ ’ਚ ਅਲਟਰਾਸਾਉਂਡ ਜ਼ਰੂਰ ਕਰਾ ਲਵੋ। ਘੱਟ ਉਮਰ ’ਚ ਬਰੈਸਟ ਠੋਸ ਹੁੰਦੀ ਹੈ ਅਤੇ ਅਜਿਹੇ ’ਚ ਕਈ ਵਾਰ ਮੈਮੋਗ੍ਰਾਫੀ ’ਚ ਠੀਕ ਰੀਡਿੰਗ ਨਹੀਂ ਆ ਪਾਉਂਦੀ। ਇਸ ਦੇ ਇਲਾਵਾ ਰੈਡੀਏਸ਼ਨ ਵੀ ਹੁੰਦਾ ਹੈ। ਅਜਿਹੇ ’ਚ ਡਾਕਟਰ ਤੋਂ ਪੁੱਛ ਕੇ ਹੀ ਮੈਮੋਗ੍ਰਾਫੀ ਕਰਾਓ। ਜੇ ਪਾਨ-ਗੁਟਕਾ ਖਾਂਦੇ ਹੋ ਤਾਂ 30 ਸਾਲ ਦੇ ਬਾਅਦ ਹਰ ਸਾਲ ਇਕ ਵਾਰ ਸਪੈਸ਼ਲਿਸਟ ਜਾਂ ਫਿਰ ਹੇਡ-ਨੇਕ ਸਰਜਨ ਤੋਂ ਆਪਣੇ ਮੂੰਹ ਅਤੇ ਗਲ਼ੇ ਦੀ ਜਾਂਚ ਕਰਾਓ।

### ਰਹੋ ਚੌਕਸ

ਜੇ ਸਰੀਰ ’ਚ ਕਿਤੇ ਵੀ ਕੋਈ ਗੱਠ, ਫੋੜਾ ਆਦਿ ਹੈ ਜੋ ਕਿ ਤਿੰਨ ਹਫ਼ਤੇ ਤੋਂ ਜ਼ਿਆਦਾ ਵਕਤ ਤੋਂ ਠੀਕ ਨਹੀਂ ਹੋ ਰਿਹਾ, ਕਿਤੇ ਬਲੀਡਿੰਗ ਹੋ ਰਹੀ ਹੈ ਜਾਂ ਭਾਰ ਤੇਜ਼ੀ ਨਾਲ ਡਿੱਗ ਰਿਹਾ ਹੈ, ਵਾਰ-ਵਾਰ ਬੁਖ਼ਾਰ ਆਉਂਦਾ ਹੈ ਤਾਂ ਡਾਕਟਰ ਨੂੰ ਦਿਖਾਓ। ਹਾਲਾਂਕਿ ਇਹ ਲੱਛਣ ਕੈਂਸਰ ਦੇ ਇਲਾਵਾ ਦੂਜੀ ਬਿਮਾਰੀਆਂ ਦੇ ਵੀ ਹੋ ਸਕਦੇ ਹਨ ਪਰ ਜਾਂਚ ਕਰਾਉਣ ਦਾ ਫ਼ਾਇਦਾ ਇਹ ਹੈ ਕਿ ਸ਼ੁਰੂਆਤੀ ਸਟੇਜ ’ਚ ਜਾਣਕਾਰੀ ਮਿਲਣ ਨਾਲ ਇਲਾਜ ਦੀ ਉਮੀਦ ਵੱਧ ਜਾਂਦੀ ਹੈ।

### ਬਰੈਸਟ ਕੈਂਸਰ ਲਈ ਬਰੇਕਾ ਟੈਸਟ

ਜੇ ਮਾਂ ਜਾਂ ਭੈਣ ਨੂੰ ਬਰੈਸਟ ਕੈਂਸਰ ਹੋਇਆ ਹੈ ਤਾਂ ਧੀ ਨੂੰ ਬਰੈਸਟ ਕੈਂਸਰ ਜੀਨ ਟੈਸਟ ਕਰਾ ਲੈਣਾ ਚਾਹੀਦਾ ਹੈ। ਇਹ ਟੈਸਟ ਜੀਂਸ ’ਚ ਕਿਸੇ ਤਰ੍ਹਾਂ ਦੀ ਗੜਬੜੀ ਹੈ ਤਾਂ ਉਸ ਦੀ ਜਾਣਕਾਰੀ ਦਿੰਦਾ ਹੈ। ਇਸ ਨੂੰ ਕਿਸੇ ਵੀ ਉਮਰ ’ਚ ਕਰਾ ਸਕਦੇ ਹੋ।

ਜੇ ਬਰੇਕਾ-1 ’ਚ ਗੜਬੜੀ ਨਿਕਲਦੀ ਹੈ ਤਾਂ ਜ਼ਿੰਦਗੀ ’ਚ ਕਦੇ ਵੀ ਕੈਂਸਰ ਹੋਣ ਦਾ ਸੰਦੇਹ 80 ਫ਼ੀਸਦੀ ਤਕ ਅਤੇ ਬਰੇਕਾ-2 ’ਚ ਗੜਬੜੀ ਹੈ ਤਾਂ ਕੈਂਸਰ ਦਾ ਸੰਦੇਹ 50 ਫ਼ੀਸਦੀ ਤਕ ਵੱਧ ਜਾਂਦਾ ਹੈ। ਜੇ ਟੈਸਟ ਪਾਜਿਟਿਵ ਆਉਂਦਾ ਹੈ ਤਾਂ ਡਾਕਟਰ ਦੀ ਸਲਾਹ ਨਾਲ ਲਾਇਫ਼ ਸਟਾਇਲ ਸੁਧਾਰ ਕੇ ਕੈਂਸਰ ਦੀ ਸੰਦੇਹ ਨੂੰ ਘੱਟ ਕੀਤਾ ਜਾ ਸਕਦਾ ਹੈ ਜਾਂ ਇਸ ਦੇ ਹੋਣ ਵਾਲੇ ਖ਼ਤਰੇ ਨੂੰ ਟਾਲਿਆ ਜਾ ਸਕਦਾ ਹੈ।

### ਫੇਫੜਿਆਂ ਦੇ ਕੈਂਸਰ ਲਈ ਸੀਟੀ ਸਕੈਨ

ਜੇ ਕੋਈ ਬਹੁਤ ਸਿਗਰਟ ਬੀੜੀ ਪੀਂਦਾ ਹੈ। 15-20 ਸਾਲ ਤੋਂ ਸਮੋਕ ਕਰ ਰਿਹਾ ਹੈ ਅਤੇ ਖਾਂਸੀ ਵੀ ਹੈ ਤਾਂ ਉਸ ਨੂੰ ਫੇਫੜਿਆਂ ਦੀ ਸੀਟੀ ਸਕੈਨ ਕਰਾ ਲੈਣਾ ਚਾਹੀਦਾ ਹੈ। ਹੁਣ ਅਜਿਹੇ ਲੋਕਾਂ ਲਈ ਲਓ ਡੋਜ ਚੈਸਟ ਸੀਟੀ ਸਕੈਨ ਵੀ ਕੀਤਾ ਜਾਂਦਾ ਹੈ ਜਿਸ ਦੀ ਰੈਡੀਏਸ਼ਨ ਵੀ ਘੱਟ ਹੁੰਦੀ ਹੈ। ਜੇ ਰਿਸਕ ਨਹੀਂ ਹੈ ਤਾਂ ਵੀ 40 ਸਾਲ ਦੀ ਉਮਰ ’ਚ ਇਕ ਵਾਰ ਫੇਫੜਿਆਂ ਦਾ ਸੀਟੀ ਸਕੈਨ ਕਰਾ ਲੈਣਾ ਚਾਹੀਦਾ ਹੈ।

### ਪ੍ਰੋਸਟੇਟ ਕੈਂਸਰ ਲਈ

50 ਸਾਲ ਦੀ ਉਮਰ ’ਚ ਪੁਰਸ਼ਾਂ ਨੂੰ ਪੀਐਸਏ ਟੈਸਟ ਕਰਾ ਲੈਣਾ ਚਾਹੀਦਾ ਹੈ। ਜੇ ਫੈਮਿਲੀ ਹਿਸਟਰੀ ਹੈ ਤਾਂ 40 ਸਾਲ ਦੀ ਉਮਰ ਵਿਚ ਹੀ ਇਹ ਟੈਸਟ ਕਰਾ ਲਵੋ। ਇਸ ਦੇ ਇਲਾਵਾ ਫਿਜਿਕਲ ਏਗਜਾਮਨੇਸ਼ਨ ਨਾਲ ਵੀ ਪ੍ਰੋਸਟੇਟ ਦੇ ਸਾਇਜ਼ ਆਦਿ ਦਾ ਅਨੁਮਾਨ ਲਗਾਇਆ ਜਾ ਸਕਦਾ ਹੈ। ਇਸ ਨੂੰ ਡਿਜਿਟਲ ਰੇਕਟਲ ਏਗਜਾਮਿਨੇਸ਼ਨ ਕਿਹਾ ਜਾਂਦਾ ਹੈ। ਜੇ ਕੋਈ ਗੜਬੜੀ ਨਜ਼ਰ ਆਉਂਦੀ ਹੈ ਤਾਂ ਇਲਾਜ ਕੀਤਾ ਜਾ ਸਕਦਾ ਹੈ।

### ਕੋਲੋਨ ( ਅੰਤੜੀ ) ਕੈਂਸਰ ਲਈ ਸਟੂਲ ਆਕਲਟ ਬਲਡ ਟੈਸਟ

ਜੇ ਟੱਟੀ ’ਚ ਖ਼ੂਨ ਆ ਰਿਹਾ ਹੈ ਤਾਂ ਸਟੂਲ ਆਕਲਟ ਬਲਡ ਟੈਸਟ ਕਰਾਓ। ਜੇ ਕੋਈ ਗੜਬੜੀ ਨਿਕਲਦੀ ਹੈ ਤਾਂ ਕੋਲੋਨੋਸਕੋਪੀ ਕਰਾ ਸਕਦੇ ਹੋ ਜਿਸ ਦੇ ਨਾਲ ਕੈਂਸਰ ਦੀ ਜਾਣਕਾਰੀ ਮਿਲ ਜਾਂਦੀ ਹੈ। ਇਹ ਸੱਚ ਹੈ ਕਿ ਆਪਣੇ ਦੇਸ਼ ’ਚ ਹਰ ਕੋਈ ਆਪਣੇ ਸਰੀਰ ਦਾ ਟੈਸਟ ਕਰਾਓਣ ਤੋਂ ਡਰਦਾ ਹੈ ਕਿ ਕਿਤੇ ਕੁਝ ਗੜਬੜ ਨਾ ਆ ਜਾਵੇ ਅਤੇ ਇਸੇ ਡਰ ਕਾਰਨ ਬਿਮਾਰੀ ਵੱਧਦੀ ਜਾਂਦੀ ਹੈ ਅਤੇ ਅੰਤ ਖ਼ਤਰਨਾਕ ਹਾਲਤ ਹੁੰਦੀ ਹੈ। ਤੁਹਾਡੀ ਸਹਾਇਤਾ ਕਰਨ ਲਈ ਡਾਕਟਰ ਹਨ। ਤੁਹਾਡਾ ਸਮੇਂ ਸਿਰ ਇਲਾਜ ਹੋ ਜਾਵੇਗਾ ਤੇ ਤੁਸੀ ਤੰਦਰੁਸਤ ਜੀਵਨ ਜੀ ਸਕੋਗੇ। ਸਿਹਤ ਖੇਤਰ ਨਾਲ ਜੁੜ੍ਹੇ ਹਰ ਇਕ ਬੰਦਾ ਦਾ ਟੀਚਾ ਇਹੋ ਹੀ ਹੁੰਦਾ ਹੈ ਸਭ ਲਈ ਤੰਦਰੁਸਤ ਜੀਵਨ ਤੇ ਲੰਮੀ ਉਮਰ।

• ਡਾ: ਰਿਪੁਦਮਨ ਸਿੰਘ,
ਡਾ: ਹਰਪ੍ਰੀਤ ਸਿੰਘ ਕਾਲਰਾ
9815200134



# ਪਿੱਠ ਦਰਦ ਹੋ ਸਕਦਾ ਹੈ ਗੰਭੀਰ

**ਪਿੱਠ ਦਰਦ ਉਦੋਂ ਸ਼ੁਰੂ ਹੁੰਦਾ ਹੈ, ਜਦੋਂ ਜ਼ਿਆਦਾ ਦੇਰ ਤਕ ਬੈਠੇ ਰਹਿਣ ਨਾਲ ਪੱਠਿਆਂ ਉੱਪਰ ਵਧੇਰੇ ਜ਼ੋਰ ਪੈਂਦਾ ਹੈ ਅਤੇ ਉਸ ਸਮੇਂ ਨਾੜੀਆਂ ਆਦਿ ’ਚ ਖਿਚਾਅ ਵਧ ਜਾਂਦਾ ਹੈ...**

ਮਨੁੱਖੀ ਰੀੜ੍ਹ ਦੀ ਹੱਡੀ ਛੋਟੀਆਂ - ਮੋਟੀਆਂ ਹੱਡੀਆਂ ਨਾਲ ਸਬੰਧਤ ਹੈ। ਇਹ ਹੱਡੀਆਂ ਪੱਠਿਆਂ ਨਾਲ ਇਸ ਤਰ੍ਹਾਂ ਜੁੜੀਆਂ ਹੋਈਆਂ ਹਨ ਕਿ ਇਨ੍ਹਾਂ ਨੂੰ ਹਰ ਤਰ੍ਹਾਂ ਨਾਲ ਸਿੱਧਾ ਤੇ ਮਜ਼ਬੂਤ ਰੱਖਦੀਆਂ ਹਨ। ਪੱਠਿਆਂ ਦੇ ਨਾਲ-ਨਾਲ ਦੋ ਹੱਡੀਆਂ ਅਜਿਹੀਆਂ ਹੁੰਦੀਆਂ ਹਨ ਜਿਹੜੀਆਂ ਸ਼ਾਕ ਆਬਜ਼ਰਵਰਾਂ ਦਾ ਕੰਮ ਕਰਦੀਆਂ ਹਨ ਅਤੇ ਇਨ੍ਹਾਂ ਦੋਵਾਂ ਦਾ ਸਬੰਧ ਪਿੱਠ ਤੋਂ ਐਨ ਹੇਠਾਂ ਸਿੱਧਾ ਰੀੜ੍ਹ ਦੀ ਹੱਡੀ ਥੱਲੇ ਬਣੀ ਚੱਪਣੀ ਨਾਲ ਹੁੰਦਾ ਹੈ, ਜਿਸ ਨੂੰ ਡਿਸਕ ਵੀ ਆਖਦੇ ਹਨ।

### ਦਰਦ ਦੀ ਸ਼ੁਰੂਆਤ

ਪਿੱਠ ਦਰਦ ਉਦੋਂ ਸ਼ੁਰੂ ਹੁੰਦਾ ਹੈ, ਜਦੋਂ ਜ਼ਿਆਦਾ ਦੇਰ ਤਕ ਬੈਠੇ ਰਹਿਣ ਨਾਲ ਪੱਠਿਆਂ ਉੱਪਰ ਵਧੇਰੇ ਜ਼ੋਰ ਪੈਂਦਾ ਹੈ ਅਤੇ ਉਸ ਸਮੇਂ ਨਾੜੀਆਂ ਆਦਿ ’ਚ ਖਿਚਾਅ ਵਧ ਜਾਂਦਾ ਹੈ। ਕਈ ਵਾਰੀ ਇਹ ਦਰਦ ਹੱਡੀਆਂ ਦਾ ਠੀਕ ਤਰ੍ਹਾਂ ਨਾਲ ਵਿਕਾਸ ਨਾ ਹੋਣ ਕਾਰਨ ਵੀ ਹੋ ਸਕਦਾ ਹੈ। ਅਜਿਹੇ ਕੇਸ ਆਮ ਤੌਰ ’ਤੇ ਬਚਪਨ ਵਿਚ ਵੇਖਣ ਨੂੰ ਮਿਲਦੇ ਹਨ। ਹੋਰ ਕਾਰਨਾਂ ਵਿਚ ਰੀੜ੍ਹ ਦੀ ਹੱਡੀ ਜਾਂ ਇਸ ਨਾਲ ਸਬੰਧਤ ਹੋਰ ਹੱਡੀਆਂ ਉੱਪਰ ਸੱਟ ਦਾ ਲੱਗ ਜਾਣਾ ਹੈ। ਅਕਸਰ ਟੀ.ਬੀ. ਅਲਸਰ ਅਤੇ ਕਿਡਨੀ ਵਰਗੀਆਂ ਬੀਮਾਰੀਆਂ ਨਾਲ ਵੀ ਪਿੱਠ ਦਰਦ ਸ਼ੁਰੂ ਹੋ ਜਾਂਦਾ ਹੈ। ਇਹ ਦਰਦ ਸਿਰਫ਼ ਖ਼ੂਨ ਦੀ ਖ਼ਰਾਬੀ ਕਾਰਨ ਹੀ ਹੁੰਦਾ ਹੈ ਅਤੇ ਕੁਝ ਦਿਨਾਂ ਬਾਅਦ ਆਪਣੇ-ਆਪ ਠੀਕ ਹੋ ਜਾਂਦਾ ਹੈ। ਪਿੱਠ ਦਰਦ ਕੇਵਲ ਜਿਸਮਾਨੀ ਵਜ੍ਹਾ ਕਰ ਕੇ ਹੀ ਨਹੀਂ ਸਗੋਂ ਦਿਮਾਗ਼ੀ ਹਾਲਤਾਂ ਕਰ ਕੇ ਵੀ ਹੋ ਸਕਦਾ ਹੈ।ਭਾਵੇਂ ਇਸ ਨੂੰ ਬਹੁਤਾ ਗੰਭੀਰਤਾ ਨਾਲ ਨਹੀਂ ਲਿਆ ਜਾਂਦਾ, ਫਿਰ ਵੀ ਇਹ ਕਾਫ਼ੀ ਪੇਚੀਦਾ ਰੋਗ ਹੈ। ਇਕ ਜਾਣਕਾਰੀ ਅਨੁਸਾਰ ਵੱਡੀ ਉਮਰ ਦੇ ਬਹੁਤ ਸਾਰੇ ਲੋਕ ਇਸ ਰੋਗ ਤੋਂ ਪੀੜਤ ਹਨ। ਬਹਤੇ ਕੰਮਾਂ ’ਚ ਜਦੋਂ ਆਦਮੀ ਕੰਮ ਕਰਨ ਲੱਗਾ ਜਾਂ ਠੀਕ ਤਰੀਕੇ ਨਾਲ ਨਹੀਂ ਬੈਠਦਾ ਤਾਂ ਉਸ ਵੇਲੇ ਪਿੱਠ ਦੀਆਂ ਨਾੜਾਂ ’ਤੇ ਨਿਰੰਤਰ ਦਬਾਅ ਪੈਂਦਾ ਹੈ ਜੋ ਨਾੜਾਂ ਨੂੰ ਖਿੱਚਦਾ ਹੈ ਅਤੇ ਨਾੜਾਂ ਤਣ ਜਾਂਦੀਆਂ ਹਨ। ਜਿਹੜੇ ਲੋਕ ਦਿਮਾਗ਼ੀ ਕੰਮ ਜ਼ਿਆਦਾ ਨਹੀਂ ਕਰਦੇ ਅਤੇ ਜਿਸਮਾਨੀ ਮਜ਼ਦੂਰੀ ਕਰਦੇ ਹਨ ਉਨ੍ਹਾਂ ਨੂੰ ਵੀ ਪਿੱਠ ਦਰਦ ਦੀ ਸ਼ਿਕਾਇਤ ਰਹਿੰਦੀ ਹੈ। ਦਫ਼ਤਰਾਂ ’ਚ ਕਲਰਕਨੁਮਾ ਲੋਕ ਜਿਨ੍ਹਾਂ ਨੂੰ ਲੰਬੇ ਸਮੇਂ ਤਕ ਕੁਰਸੀ ਉੱਪਰ ਬੈਠਣਾ ਪੈਂਦਾ ਹੈ, ਉਨ੍ਹਾਂ ਨੂੰ ਵੀ ਇਹ ਰੋਗ ਅਵੇਸਲਿਆਂ ਹੀ ਹੋ ਜਾਂਦਾ ਹੈ, ਉਹ ਲਗਾਤਾਰ ਇਕ ਸ਼ਕਲ ਵਿਚ ਨਹੀਂ, ਸਗੋਂ ਵਾਰ-ਵਾਰ ਆਸਣ ਬਦਲ ਕੇ ਬੈਠਣਗੇ।

### ਉਪਾਅ

- ਜਿਸ ਮੌਕੇ ਪਿੱਠ ਦਰਦ ਸ਼ੁਰੂ ਹੋਵੇ ਉਸ ਵੇਲੇ ਸਭ ਤੋਂ ਵਧੀਆ ਤਰੀਕਾ ਹੈ ਕਿ ਰੋਗੀ ਨੂੰ ਪੂਰਾ ਆਰਾਮ ਦਿੱਤਾ ਜਾਵੇ। ਆਰਾਮ ਸਮੇਂ ਮੰਜਾ ਆਦਿ ਕੱਸਿਆ ਹੋਣਾ ਚਾਹੀਦਾ ਹੈ ਪਰ ਉਸ ਉੱਪਰ ਕੱਪੜਾ ਜ਼ਰੂਰ ਹੋਵੇ ਕਿਉਂਕਿ ਜੇ ਆਦਮੀ ਕੁਸ਼ਨ ਆਦਿ ਵਾਲੇ ਬਿਸਤਰੇ ’ਤੇ ਸੌਂਦਾ ਹੈ ਅਤੇ ਜੇ ਉਸ ਦੇ ਅਚਾਨਕ ਦਰਦ ਸ਼ੁਰੂ ਹੋਣ ’ਤੇ ਉਸ ਨੂੰ ਸਖ਼ਤ ਬੈੱਡ ਆਦਿ ’ਤੇ ਲਿਟਾਅ ਦਿੱਤਾ ਜਾਵੇ ਤਾਂ ਦਰਦ ਘਟਣ ਦੀ ਬਜਾਏ ਵਧ ਜਾਵੇਗਾ। ਇਸ ਦਾ ਮੰਤਵ ਤਾਂ ਪਿੱਠ ਨੂੰ ਸਹਾਰਾ ਦੇਣਾ ਹੁੰਦਾ ਹੈ। ਇਸ ਲਈ ਦੋ ਇੰਚ ਤੈਅ ਵਾਲਾ ਕੁਸ਼ਨ ਵਰਤਿਆ ਜਾ ਸਕਦਾ ਹੈ।
- ਜਿਨ੍ਹਾਂ ਲੋਕਾਂ ਨੂੰ ਇਹ ਦਰਦ ਵਧੇਰੇ ਹੁੰਦੀ ਹੈ, ਵਧੇਰੇ ਮਾਮਲਿਆਂ ਵਿਚ ਇਹ ਡਿਸਕ ਦੇ ਹਿੱਲ ਜਾਣ ਕਾਰਨ ਹੁੰਦੀ ਹੈ। ਇਸ ਦਾ ਇਲਾਜ ਕਰਵਾਉਣਾ ਚਾਹੀਦਾ ਹੈ। ਜੇ ਇਹ ਆਪਣੇ ਪਹਿਲੇ ਸਥਾਨ ’ਤੇ ਆ ਜਾਵੇ ਤਾਂ ਠੀਕ ਹੈ। ਨਹੀਂ ਤਾਂ ਇਸ ਨੂੰ ਕਢਵਾ ਦੇਣਾ ਹੀ ਬਿਹਤਰ ਹੈ। ਇਸ ਦੇ ਨਿਕਲ ਜਾਣ ਨਾਲ ਇਸ ਦਾ ਸਰੀਰ ’ਤੇ ਕਿਸੇ ਤਰ੍ਹਾਂ ਦਾ ਵੀ ਮਾਰੂ ਅਸਰ ਨਹੀਂ ਪੈਂਦਾ।ਉਲਟਾ ਜਾਨ ਸੁਖਾਲੀ ਰਹਿੰਦੀ ਹੈ।
- ਇਸ ਰੋਗ ਤੋਂ ਬਚਣ ਲਈ ਆਪਣੀ ਕਮਰ ਇੰਨੀ ਸਿੱਧੀ ਤੇ ਤਣੀ ਹੋਈ ਰੱਖੋ ਕਿ ਪਿੱਠ ਨੂੰ ਕਿਸੇ ਤਰ੍ਹਾਂ ਦੇ ਸਹਾਰੇ ਆਦਿ ਦੀ ਲੋੜ ਨਾ ਪਵੇ। ਨਰਮ ਬਿਸਤਰੇ ਉੱਪਰ ਸੌਣ ਤੋਂ ਸੰਕੋਚ ਕਰੋ। ਨਰਮ ਬਿਸਤਰਾ ਵੀ ਇਸ ਰੋਗ ਦਾ ਕਾਰਨ ਬਣ ਸਕਦਾ ਹੈ।
- ਜੇ ਬਹੁਤ ਸਖ਼ਤ ਕੰਮ ਨਹੀਂ ਕਰਦੇ ਤਾਂ ਸਰੀਰ ਨੂੰ ਬਹੁਤਾ ਜੰਪ ਨਾ ਕਰਵਾਓ। ਸੱਟ -ਫੇਟ ਤੋਂ ਬਚੋ। ਹੋ ਸਕੇ ਤਾਂ ਜਿਸਮਾਨੀ ਕਸਰਤ ਕਰੋ। ਸਭ ਤੋਂ ਵਧੀਆ ਕਸਰਤ ਤੈਰਾਕੀ ਹੈ।
- ਜੇ ਇਹ ਰੋਗ ਕਿਸੇ ਤਰ੍ਹਾਂ ਵੀ ਦੂਰ ਨਾ ਹੋਵੇ ਤਾਂ ਕਿਸੇ ਮਾਹਿਰ ਡਾਕਟਰ ਦੀ ਸਲਾਹ ਜ਼ਰੂਰ ਲੈਣੀ ਚਾਹੀਦੀ ਹੈ।



### ਸਾਵਧਾਨੀ

- ਕਈ ਵਾਰ ਇਹ ਰੋਗ ਇੰਨਾ ਵੱਧ ਜਾਂਦਾ ਹੈ ਕਿ ਰੋਗੀ ਬੇਹੋਸ਼ ਤਕ ਹੋ ਜਾਂਦਾ ਹੈ। ਇਸ ਸਮੇਂ ਤੁਰੰਤ ਡਾਕਟਰੀ ਸਹਾਇਤਾ ਦੀ ਲੋੜ ਪੈਂਦੀ ਹੈ। ਇਸ ਸਮੇਂ ਕੀਤੀ ਥੋੜ੍ਹੀ ਦੇਰੀ ਵੀ ਖ਼ਤਰਨਾਕ ਹੋ ਸਕਦੀ ਹੈ। ਇਸ ਲਈ ਆਪਣੀ ਸਿਹਤ ਦੀ ਤੰਦਰੁਸਤੀ ਲਈ ਇਨ੍ਹਾਂ ਸਾਵਧਾਨੀਆਂ ਨੂੰ ਜ਼ਰੂਰ ਧਿਆਨ ’ਚ ਰੱਖੋ।

# ਲੋਕਾਂ ਨੇ ਆਮ ਆਦਮੀ ਪਾਰਟੀ ਦੇ ਕੰਮਾਂ 'ਤੇ ਲਗਾਈ ਮੋਹਰ : ਬਰਸਟ



**ਪਟਿਆਲਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਪੰਜਾਬ ਵਿੱਚ ਜ਼ਿਲ੍ਹਾ ਪਰਿਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਲੋਕਾਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕੰਮਾਂ ਉੱਤੇ ਮੋਹਰ ਲਗਾ ਕੇ ਵੱਡੀ ਜਿੱਤ ਦਵਾਈ ਹੈ। ਉਨ੍ਹਾਂ ਨਤੀਜਿਆਂ ਤੇ ਖੁਸ਼ੀ ਜਤਾਉਂਦਿਆਂ ਕਿਹਾ ਕਿ ਇਨ੍ਹਾਂ ਚੋਣਾਂ ਵਿੱਚ ਲੋਕਾਂ ਵੱਲੋਂ ਆਮ ਆਦਮੀ ਪਾਰਟੀ ਨੂੰ ਮਿਲੇ ਭਾਰੀ ਸਮਰਥਨ ਤੋਂ ਇਹ ਸਪਸ਼ਟ ਹੋ ਗਿਆ ਹੈ ਕਿ ਲੋਕ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕਾਰਜਾਂ ਤੋਂ ਬਹੁਤ ਖੁਸ਼ ਹਨ।

ਉਨ੍ਹਾਂ ਨੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ, ਪੰਜਾਬ ਪ੍ਰਭਾਰੀ ਸ੍ਰੀ ਮਨੀਸ਼ ਸਿਸੋਦੀਆ, ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ, ਸਾਰੇ ਪਾਰਟੀ ਆਗੂਆਂ ਅਤੇ ਵਲੰਟੀਅਰਾਂ ਨੂੰ ਵਧਾਈ ਦਿੱਤੀ। ਉਨ੍ਹਾਂ ਚੋਣਾਂ ਵਿੱਚ ਲੋਕਾਂ ਵੱਲੋਂ ਦਿੱਤੇ ਗਏ ਸਮਰਥਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਅਤੇ ਜ਼ਿਲ੍ਹਾ ਪਰਿਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੇ ਜੇਤੂਆਂ ਨੂੰ ਮੁਬਾਰਕਾਂ ਦਿੱਤੀਆਂ।

ਸ. ਬਰਸਟ ਨੇ ਕਿਹਾ ਕਿ ਇਹ ਜਿੱਤ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਚੰਗੀ ਕਾਰਗੁਜ਼ਾਰੀ ਅਤੇ ਲੋਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਜਿੱਤ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਚੋਣਾਂ ਦੇ ਨਤੀਜਿਆਂ ਨੇ ਇਹ ਸਾਫ਼ ਕਰ ਦਿੱਤਾ ਹੈ ਕਿ ਪੰਜਾਬ ਵਾਸੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ, ਕੰਮਾਂ ਅਤੇ ਲੋਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਉਪਰਾਲਿਆਂ ਤੋਂ ਸੰਤੁਸ਼ਟ ਹਨ ਅਤੇ ਆਪ ਤੇ ਪੂਰਾ ਭਰੋਸਾ ਕਰਦੇ ਹਨ।

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਰੀਬ 4 ਸਾਲਾਂ ਦੇ ਕਾਰਜਕਾਲ ਦੌਰਾਨ ਸੂਬੇ ਦੇ ਚਹੁੰਪੱਖੀ ਵਿਕਾਸ ਲਈ ਲਗਾਤਾਰ ਕਾਰਜ ਕੀਤੇ ਗਏ ਹਨ। ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਮਿਸਾਲੀ ਕਾਰਜ ਕੀਤੇ ਗਏ ਹਨ। ਆਪ ਸਰਕਾਰ ਨੇ ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਿਸ਼ ਤੋਂ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ। ਲੋਕਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ। ਸੜਕਾਂ ਦੇ ਨਿਰਮਾਣ, ਖੇਤਾਂ ਤੱਕ ਨਹਿਰਾਂ ਦਾ ਪਾਣੀ ਪਹੁੰਚਾਉਣਾ, ਸਕੂਲ ਆਫ਼ ਐਮੀਨੈਂਸ, ਮਹਿਲਾਵਾਂ ਨੂੰ ਮੁਫ਼ਤ ਬੱਸ ਸਫ਼ਰ ਦੇਣ ਸਮੇਤ ਸੂਬੇ ਵਿੱਚ ਨਵੀਂ ਇੰਡਸਟਰੀ ਲਗਾਉਣ ਲਈ ਲਗਾਤਾਰ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਭਵਿੱਖ ਵਿੱਚ ਹੋਰ ਵੀ ਜ਼ੋਰਾਂ-ਸ਼ੋਰਾਂ ਨਾਲ ਪੰਜਾਬ ਦੀ ਤਰੱਕੀ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰਦੀ ਰਹੇਗੀ।

## ਜ਼ਿਲ੍ਹਾ ਪਰਿਸ਼ਦ ਤੇ ਬਲਾਕ ਸੰਮਤੀ ਚੋਣਾਂ 'ਚ ਆਮ ਆਦਮੀ ਪਾਰਟੀ ਦੀ ਸ਼ਾਨਦਾਰ ਜਿੱਤ

# ਪੰਜਾਬ ਦੇ ਲੋਕਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਰੰਗਲਾ ਪੰਜਾਬ ਸੁਪਨੇ 'ਤੇ ਲਗਾਈ ਮੋਹਰ: ਡਾ. ਬਲਬੀਰ ਸਿੰਘ

**ਪਟਿਆਲਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਆਮ ਆਦਮੀ ਪਾਰਟੀ ਵੱਲੋਂ ਜ਼ਿਲ੍ਹਾ ਪਰਿਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਸ਼ਾਨਦਾਰ ਜਿੱਤ ਹਾਸਲ ਕਰਨ 'ਤੇ ਪੰਜਾਬ ਦੇ ਲੋਕਾਂ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਜਿੱਤ ਰਾਹੀਂ ਪੰਜਾਬ ਦੇ ਲੋਕਾਂ ਨੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੇ 'ਰੰਗਲਾ ਪੰਜਾਬ' ਬਣਾਉਣ ਦੇ ਸੁਪਨੇ 'ਤੇ ਪੂਰਾ ਭਰੋਸਾ ਜਤਾਇਆ ਹੈ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਜਨਤਾ ਦਾ ਇਹ ਫੈਸਲਾ ਸਾਫ਼ ਤੌਰ 'ਤੇ ਦਰਸਾਉਂਦਾ ਹੈ ਕਿ ਲੋਕ ਵਿਕਾਸ, ਇਮਾਨਦਾਰੀ ਅਤੇ ਲੋਕ-ਹਿੱਤ ਦੀ ਰਾਜਨੀਤੀ ਦੇ ਨਾਲ ਖੜੇ ਹਨ।



ਚੋਣਾਂ ਵਿੱਚ ਮਿਲੀ ਜਿੱਤ ਦੀ ਖੁਸ਼ੀ ਮੌਕੇ ਡਾ. ਬਲਬੀਰ ਸਿੰਘ ਨੇ ਪਟਿਆਲਾ ਦਿਹਾਤੀ ਹਲਕੇ ਦੇ ਨਵੇਂ ਚੁਣੇ ਗਏ ਮੈਂਬਰਾਂ ਨਾਲ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਸਭ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੁਣ ਜ਼ਿੰਮੇਵਾਰੀ ਹੋਰ ਵਧ ਗਈ ਹੈ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਾ ਸਾਡਾ ਪਹਿਲਾ ਫਰਜ਼ ਹੈ। ਉਨ੍ਹਾਂ ਨਵੇਂ ਚੁਣੇ ਗਏ ਮੈਂਬਰਾਂ ਨੂੰ ਪਿੰਡਾਂ ਅਤੇ ਸ਼ਹਿਰਾਂ ਦੇ ਸਰਵਪੱਖੀ ਵਿਕਾਸ ਲਈ ਹੋਰ ਮਿਹਨਤ, ਇਮਾਨਦਾਰੀ ਅਤੇ ਸਮਰਪਣ ਨਾਲ ਕੰਮ ਕਰਨ ਦੀ ਹੌਸਲਾ ਅਫ਼ਜ਼ਾਈ ਕੀਤੀ। ਮੀਡੀਆ ਨਾਲ ਗੱਲਬਾਤ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਚੋਣਾਂ ਦੌਰਾਨ ਤਿੰਨੇ ਪਾਰਟੀਆਂ ਕਾਂਗਰਸ ਪਾਰਟੀ, ਅਕਾਲੀ ਦਲ ਅਤੇ ਬੀ ਜੇ ਪੀ ਨੇ ਇਕੱਠਿਆਂ ਹੋ ਕੇ ਆਮ ਆਦਮੀ ਪਾਰਟੀ ਖ਼ਿਲਾਫ਼ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ, ਪਰ ਇਸ ਦੇ ਬਾਵਜੂਦ ਉਹ ਆਮ ਆਦਮੀ ਪਾਰਟੀ ਨੂੰ ਜਿੱਤਣ ਤੋਂ ਨਹੀਂ ਰੋਕ ਸਕੀਆਂ। ਉਨ੍ਹਾਂ ਕਿਹਾ ਕਿ ਇਹ ਸਾਬਤ ਕਰਦਾ ਹੈ ਕਿ ਲੋਕ ਹੁਣ ਪੁਰਾਣੀ ਰਾਜਨੀਤੀ ਨੂੰ ਨਕਾਰ ਚੁੱਕੇ ਹਨ ਅਤੇ ਨਵੀਂ ਸੋਚ ਨਾਲ ਅੱਗੇ ਵਧਣਾ ਚਾਹੁੰਦੇ ਹਨ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਹੁਣ ਸਰਕਾਰ ਪਹਿਲਾਂ ਨਾਲੋਂ ਦਸ ਗੁਣਾ ਵਧੇਰੇ ਤੇਜ਼ ਨਾਲ ਕੰਮ ਕਰੇਗੀ। ਉਨ੍ਹਾਂ ਦੱਸਿਆ ਕਿ ਔਰਤਾਂ ਨਾਲ ਕੀਤੇ ਗਏ ਸਾਰੇ ਵਾਅਦੇ ਪੂਰੇ ਕੀਤੇ ਜਾਣਗੇ ਅਤੇ ਪੰਜਾਬ ਦੇ ਲੋਕਾਂ ਨੂੰ 10 ਲੱਖ ਦੀ ਬੀਮਾ ਸਿਹਤ ਸਹੂਲਤ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਸੜਕਾਂ ਦੇ ਨਿਰਮਾਣ, ਛਪੜਾਂ ਦੀ ਸਫ਼ਾਈ ਦੇ ਕੰਮ, ਹਸਪਤਾਲ ਦੀ ਸਫ਼ਾਈ , ਮੁਫ਼ਤ ਦਵਾਈਆਂ, ਬਿਜਲੀ ਦੇ ਜ਼ੀਰੋ ਬਿਲ , ਸੜਕਾਂ ਦੀ ਮੁਰੰਮਤ ਅਤੇ ਸਿਹਤ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਲਈ ਠੋਸ ਕਦਮ ਚੁੱਕੇ ਜਾਣਗੇ।

ਉਨ੍ਹਾਂ ਨੇ ਕਿਹਾ ਕਿ ਸੂਬੇ ਦੇ ਹਰ ਨਾਗਰਿਕ ਤੱਕ ਬਿਹਤਰ ਸਿਹਤ ਸੇਵਾਵਾਂ ਪਹੁੰਚਾਉਣਾ ਸਰਕਾਰ ਦੀ ਪਹਿਲ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੇ ਭਰੋਸੇ 'ਤੇ ਖਰੀ ਉਤਰਦੇ ਹੋਏ ਵਿਕਾਸ ਦੇ ਨਵੇਂ ਮਾਪਦੰਡ ਸਥਾਪਤ ਕਰੇਗੀ।

ਡਾ. ਬਲਬੀਰ ਸਿੰਘ ਨੇ ਅੰਤ ਵਿੱਚ ਦੁਹਰਾਇਆ ਕਿ ਇਹ ਜਿੱਤ ਸਿਰਫ਼ ਪਾਰਟੀ ਦੀ ਨਹੀਂ, ਸਗੋਂ ਪੰਜਾਬ ਦੇ ਹਰ ਨਾਗਰਿਕ ਦੀ ਜਿੱਤ ਹੈ। ਇਸ ਮੌਕੇ ਪਟਿਆਲਾ ਦਿਹਾਤੀ ਹਲਕੇ ਦੇ ਬਲਾਕ ਸੰਮਤੀ ਤੇ ਜ਼ਿਲ੍ਹਾ ਪਰਿਸ਼ਦ ਦੇ ਨਵੇਂ ਚੁਣੇ ਗਏ ਮੈਂਬਰ, ਜਸਬੀਰ ਸਿੰਘ ਗਾਂਧੀ, ਸੁਰੇਸ਼ ਰਾਏ, ਜੈ ਸ਼ੰਕਰ ਅਤੇ ਗੱਜਣ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪੰਚ , ਸਰਪੰਚ ਮੌਜੂਦ ਸਨ।

# ਸਿਵਲ ਸਰਜਨ ਵੱਲੋਂ ਕੀਤੀ ਗਈ ਸੀਨੀਅਰ ਮੈਡੀਕਲ ਅਫਸਰਾਂ ਨਾਲ ਵਰਚੁਅਲ ਮੀਟਿੰਗ



**ਪਟਿਆਲਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਪਟਿਆਲਾ ਡਾ. ਜਸਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਸਿਵਲ ਸਰਜਨ ਦਫਤਰ ਵਿਖੇ ਸੀਨੀਅਰ ਮੈਡੀਕਲ ਅਫਸਰਾਂ ਅਤੇ ਆਮ ਆਦਮੀ ਕਲੀਨਿਕ ਦੇ ਮੈਡੀਕਲ ਅਫਸਰਾਂ ਨਾਲ ਵਰਚੁਅਲ ਮੀਟਿੰਗ ਕੀਤੀ ਗਈ।

ਉਹਨਾਂ ਆਮ ਆਦਮੀ ਕਲੀਨਿਕਾਂ ਵਿੱਚ ਉਪਲਬਧ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਜਾਇਜ਼ਾ ਵੀ ਲਿਆ। ਇਸ ਮੌਕੇ ਸਿਵਲ ਸਰਜਨ ਨੇ ਕਿਹਾ ਕਿ ਗਰਭਵਤੀ ਔਰਤਾਂ ਦੀ ਏਐਨਸੀ ਰਜਿਸਟਰੇਸ਼ਨ ਅਤੇ ਜਾਂਚ, ਇਮਪੈਨਲਡ ਸੈਂਟਰਾਂ ਵਿੱਚ ਮੁਫਤ ਅਲਟਰਾ ਸਾਊਂਡ ਸੇਵਾਵਾਂ, ਹਾਈ ਰਿਸਕ ਪ੍ਰੈਗਨੈਂਸੀ ਦੀ ਪਛਾਣ,ਅਨੀਮਿਕ ਬੱਚਿਆਂ ਦੀ ਪਹਿਚਾਨ, ਪਰਿਵਾਰ ਨਿਯੋਜਨ ਸੇਵਾਵਾਂ ਲੋੜੀਦੀਆਂ ਦਵਾਈਆਂ ਦਾ ਉਚਿਤ ਮਾਤਰਾ ਵਿੱਚ ਸਟਾਕ ਮੌਜੂਦ ਹੋਣਾ ,ਕੁੱਤੇ ਦੇ ਕੱਟਣ ਤੇ ਐਂਟੀ ਰੈਬੀਜ਼ ਵੈਕਸੀਨ ਸੇਵਾਵਾਂ ,ਈ ਗਵਰਨਸ ਮੋਡਿਊਲ ਸੇਵਾਵਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਾਣਾ ਯਕੀਨੀ ਬਣਾਇਆ ਜਾਵੇ। ਉਹਨਾਂ ਆਮ ਆਦਮੀ ਕਲੀਨਿਕਾਂ ਵਿੱਚ ਦਿੱਤੀਆਂ ਜਾਣ ਵਾਲੀਆਂ ਸੇਵਾਵਾਂ ਦੀ ਗੁਣਵੱਤਾ ਵਿੱਚ ਹੋਰ ਸੁਧਾਰ ਕਰਨ ਲਈ ਸਟਾਫ ਨੂੰ ਤਨਦੇਹੀ ਨਾਲ ਕੰਮ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਜ਼ਿਲਾ ਪਰਿਵਾਰ ਭਲਾਈ ਅਫਸਰ ਡਾ. ਬਲਕਾਰ ਸਿੰਘ ,ਡੀਪੀਐਮ ਰਿਤੀਕਾ ਗਰੋਵਰ ,ਅਰਬਨ ਕੋਆਰਡੀਨੇਟਰ ਆਮ ਆਦਮੀ ਕਲੀਨਿਕ ਸ਼੍ਰੀਮਤੀ ਹਰਸ਼ ਆਦਿ ਮੌਜੂਦ ਸਨ।

# ਜੀ ਆਰ ਪੀ ਵਲੋਂ ਨਸ਼ਿਆਂ ਵਿਰੁੱਧ ਰੈਲੀ ਅੱਜ, ਸਪੈਸ਼ਲ ਡੀਜੀਪੀ ਰੇਲਵੇ ਪੁਲਿਸ ਸ਼ਸ਼ੀ ਪ੍ਰਭਾ ਦਿਵੇਦੀ ਹਰੀ ਝੰਡੀ ਦੇ ਕੇ ਰਵਾਨਾ ਕਰਨਗ

**ਪਟਿਆਲਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਡੀਜੀਪੀ ਪੰਜਾਬ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ 19 ਦਸੰਬਰ ਦਿਨ ਸ਼ੁਕਰਵਾਰ ਨੂੰ ਰੇਲਵੇ ਪੁਲਿਸ ਦੇ ਸਪੈਸ਼ਲ ਡੀਜੀਪੀ ਸ਼ਸ਼ੀ ਪ੍ਰਭਾ ਦਿਵੇਦੀ ਦੀ ਅਗਵਾਈ ਵਿੱਚ ਸਾਈਕਲ ਰੈਲੀ ਦਾ ਆਯੋਜਨ ਕੀਤਾ ਜਾ ਰਿਹਾ ਹੈ।

ਸਪੈਸ਼ਲ ਡੀਜੀਪੀ ਵੱਲੋਂ ਸਵੇਰੇ 7:30 ਵਜੇ ਜੀਆਰਪੀ ਹੈਡ ਕੁਆਰਟਰ ਦਫਤਰ (ਫੁਹਾਰਾ ਚੌਂਕ) ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤੀ ਜਾਣ ਵਾਲੀ ਇਸ ਰੈਲੀ ਦਾ ਮੁੱਖ ਉਦੇਸ਼ ਪੰਜਾਬ ਦੇ ਨੌਜਵਾਨਾਂ ਦੀ ਸਰੀਰਕ ਤੰਦਰੁਸਤੀ ਅਤੇ ਖੇਡਾਂ ਵੱਲ ਰੁਚੀ ਨੂੰ ਵਧਾਉਣਾ ਅਤੇ ਆਮ ਜਨਤਾ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ। ਇਹ ਸਾਈਕਲ ਰੈਲੀ ਜੀਆਰਪੀ ਹੈਡ ਕੁਆਰਟਰ ਦਫਤਰ ਤੋਂ ਸ਼ੁਰੂ ਹੋ ਕੇ ਸ਼ੇਰਾਂ ਵਾਲਾ ਗੇਟ, ਫੁਹਾਰਾ ਚੌਂਕ, ਐਨਆਈਐਸ ਚੌਂਕ, ਠੀਕਰੀ ਵਾਲਾ ਚੌਂਕ ਹਾਲ ਇਲਾਕਿਆਂ ਤੋਂ ਹੁੰਦੀ ਹੋਈ ਵਾਪਸ ਹੈਡ ਕੁਆਰਟਰ ਦਫਤਰ ਸਮਾਪਤ ਹੋਵੇਗੀ।

# ਲੁਧਿਆਣਾ ਵਿੱਚ ਨਵੇਂ ਚੁਣੇ ਗਏ ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਦਾ ਸਨਮਾਨ ਕਰਦੇ ਹੋਏ 'ਆਪ' ਆਗੂ



**ਲੁਧਿਆਣਾ, 22 ਦਸੰਬਰ**
**ਕੁਲਦੀਪ ਦੁਗਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਲੁਧਿਆਣਾ ਵਿੱਚ ਹੋਏ ਇੱਕ ਸਨਮਾਨ ਸਮਾਰੋਹ ਵਿੱਚ ਵਿਧਾਇਕ ਜੀਵਨ ਸਿੰਘ ਸੰਗੋਵਾਲ, ਲੋਕ ਸਭਾ ਇੰਚਾਰਜ ਲੁਧਿਆਣਾ ਸ਼ਰਨਪਾਲ ਸਿੰਘ ਮੱਕੜ, ਪੰਜਾਬ ਮੀਡੀਅਮ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਵਾਈਸ ਚੇਅਰਮੈਨ ਵਿਨੀਤ ਕੁਮਾਰ ਅਤੇ ਅਮਿਤ ਮਹਿੰਦਰਾ (ਆਰ.ਓ., ਲੁਧਿਆਣਾ-ਗਲਾਡਾ), ਸੁਖਵਿੰਦਰ ਸਿੰਘ (ਆਪ ਆਗੂ, ਜਗਰਾਉਂ), ਕਰਨ ਸ਼ਰਮਾ (ਮੈਂਬਰ, ਬ੍ਰਾਹਮਣ ਸਮਾਜ) ਨੇ ਬੋਰਡ ਦੇ ਨਵੇਂ ਚੁਣੇ ਗਏ ਮੈਂਬਰਾਂ ਅਤੇ ਗੁਰਬਾਲ ਸਿੰਘ ਨੂੰ ਸਰਟੀਫਿਕੇਟ ਵੰਡੇ। ਪੰਚਾਇਤ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ।

ਬਲਰਾਜ ਸਿੰਘ (ਹਲਕਾ ਗਿੱਲ, ਜ਼ੋਨ ਗਿੱਲ), ਲਖਵੀਰ ਕੌਰ (ਜ਼ੋਨ ਧਾਂਦਰਾ), ਅਜੀਤਪਾਲ ਕੌਰ (ਜ਼ੋਨ ਹੰਬੜਾਂ), ਜਸਵੀਰ ਕੌਰ (ਨਾਰੰਗਵਾਲ), ਸਿਕੰਦਰ ਸਿੰਘ (ਕਿਲਾ ਰਾਏਪੁਰ), ਸ਼ੇਹਰੀਨ ਕੌਰ (ਹਲਕਾ ਜਗਰਾਉਂ, ਮਾਣੂੰਕੇ) ਅਤੇ ਗੁਰਪ੍ਰੀਤ ਕੌਰ (ਜ਼ੋਨ ਗਿੱਲ) ਸਮੇਤ ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦਿਆਂ, ਆਗੂਆਂ ਨੇ ਆਮ ਆਦਮੀ ਪਾਰਟੀ ਸਰਕਾਰ ਦੀ ਜ਼ਮੀਨੀ ਪੱਧਰ 'ਤੇ ਲੋਕਤੰਤਰ, ਪਾਰਦਰਸ਼ੀ ਸ਼ਾਸਨ, ਮਹਿਲਾ ਸਸ਼ਕਤੀਕਰਨ ਅਤੇ ਸਮਾਵੇਸ਼ੀ ਪੇਂਡੂ ਵਿਕਾਸ ਨੂੰ ਮਜ਼ਬੂਤ ਕਰਨ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਚੁਣੇ ਹੋਏ ਨੁਮਾਇੰਦਿਆਂ ਨੂੰ ਲੁਧਿਆਣਾ ਜ਼ਿਲ੍ਹੇ ਦੇ ਪਿੰਡਾਂ ਦੀ ਸਿੱਖਿਆ, ਸਿਹਤ, ਬੁਨਿਆਦੀ ਢਾਂਚੇ ਅਤੇ ਭਲਾਈ 'ਤੇ ਧਿਆਨ ਕੇਂਦਰਿਤ ਕਰਦੇ ਹੋਏ 'ਆਪ' ਸਰਕਾਰ ਦੀਆਂ ਨੀਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਇਮਾਨਦਾਰੀ, ਜਵਾਬਦੇਹੀ ਅਤੇ ਸਮਰਪਣ ਨਾਲ ਕੰਮ ਕਰਨ ਦੀ ਅਪੀਲ ਕੀਤੀ।

# ਮਾਮਲਾ: ਕੈਨੇਡਾ ਰਹਿੰਦੇ ਵਿਦਿਆਰਥੀਆਂ ਨੂੰ ਪੱਕੇ ਨਾ ਕਰਨ ਦਾ; ਪੰਜਾਬੀਆਂ ਦਾ ਸਮੂਹ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੂੰ ਮਿਲਿਆ

**ਪਟਿਆਲਾ, 22 ਦਸੰਬਰ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**



ਕੈਨੇਡਾ ਵਿਚ ਪਿਛਲੇ ਲੰਮੇਂ ਸਮੇਂ ਤੋਂ ਜਿਹੜੇ ਵਿਦਿਆਰਥੀ ਪੜ੍ਹਾਈ ਵੀਜ਼ੇ 'ਤੇ ਗਏ ਹੋਏ ਸਨ, ਉਨ੍ਹਾਂ ਵੱਲੋਂ ਪੱਕੇ ਹੋਣ ਦੀਆਂ ਲਗਾਈਆਂ ਫਾਈਲਾਂ ਨੂੰ ਵੱਡੀ ਗਿਣਤੀ ਵਿਚ ਕੈਨੇਡਾ ਸਰਕਾਰ ਵੱਲੋਂ ਰੱਦ ਕਰ ਦਿੱਤੀਆਂ ਗਈਆਂ, ਜਿਸ ਕਾਰਨ ਪੰਜਾਬੀ ਭਾਈਚਾਰੇ ਦੇ ਵਿਦਿਆਰਥੀਆਂ ਵਿਚ ਵੱਡੀ ਨਿਰਾਸ਼ਾ ਪਾਈ ਜਾ ਰਹੀ ਹੈ। ਕਿਉਂਕਿ ਜਿਹੜੇ ਵਿਦਿਆਰਥੀ ਵਰਕ ਪਰਮਿਟ 'ਤੇ ਕੰਮ ਕਰਦੇ ਸਨ, ਉਨ੍ਹਾਂ ਦੇ ਪਰਮਿਟ ਦੀ ਮਿਆਦ ਪੂਰੀ ਹੋ ਚੁੱਕੀ ਹੈ। ਜੇਕਰ ਵਰਕ ਪਰਮਿਟਾਂ ਦੀ ਮਿਆਦ ਵਿਚ ਵਾਧਾ ਨਾ ਕੀਤਾ ਗਿਆ ਤਾਂ ਇਹ ਵਿਦਿਆਰਥੀ ਇਲੀਗਲ ਮੰਨੇ ਜਾਣਗੇ।

ਇਸ ਸਮੁੱਚੇ ਮਾਮਲੇ ਨੂੰ ਲੈ ਕੇ ਬਰੈਂਪਟਨ ਰਹਿੰਦੇ ਪੰਜਾਬੀਆਂ ਦਾ ਵਫਦ ਪੰਜਾਬੀ ਮੈਂਬਰ ਪਾਰਲੀਮੈਂਟ ਰੂਬੀ ਸਹੋਤਾ, ਸੋਨੀਆ ਸਿੱਧੂ, ਮਨਿੰਦਰ ਸਿੰਘ ਦੇ ਨਾਲ ਪ੍ਰੋ. ਮਨਜੀਤ ਸਿੰਘ ਸੰਧੂ, ਰਾਜ ਬਾਤਿਸ਼ ਰੱਖੜਾ, ਬਲਜੀਤ ਸਿਕੰਦ, ਗੁਰਵਿੰਦਰ ਗਿੱਲ, ਬੱਬੂ ਸਰਾਓ ਆਦਿ ਉਟਾਵਾ ਵਿਖੇ ਲਿਬਰਲ ਕੰਮਾਂ ਲਈ ਸਮਾਗਮ ਵਿਚ ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਅਤੇ ਸਮੁੱਚੀ ਕੈਬਨਿਟ ਦੀ ਟੀਮ ਨੂੰ ਵੱਖੋ-ਵੱਖਰੇ ਤੌਰ 'ਤੇ ਮੁਲਾਕਾਤ ਕਰਕੇ ਭਾਰਤੀ ਵਿਦਿਆਰਥੀਆਂ ਸੰਬੰਧੀ ਮੁੱਦੇ ਨੂੰ ਹੱਲ ਕਰਨ ਲਈ ਗੱਲਬਾਤ ਕੀਤੀ। ਇਨ੍ਹਾਂ ਆਗੂਆਂ ਨੇ ਕਿਹਾ ਕਿ ਜਿਹੜੇ ਵਿਦਿਆਰਥੀ ਕੈਨੇਡਾ ਪੜ੍ਹ ਚੁੱਕੇ ਹਨ ਉਹ ਇੱਥੋਂ ਦੀ ਬੋਲੀ ਅਤੇ ਕਾਨੂੰਨ ਸੰਬੰਧੀ ਚੰਗੀ ਜਾਣਕਾਰੀ ਰੱਖਦੇ ਹਨ, ਜਿਨ੍ਹਾਂ ਨੂੰ ਪੱਕੇ ਕਰਨ ਲਈ ਕੈਨੇਡਾ ਸਰਕਾਰ ਲਈ ਸੌਖਾ ਹੈ, ਕਿਉਂਕਿ ਕੈਨੇਡਾ ਵਿਚ ਕਾਮਿਆਂ ਦੀ ਵੱਡੀ ਕਿੱਲਤ ਹੈ, ਜਿਸ ਦੀ ਪੂਰਤੀ ਇਹ ਵਿਦਿਆਰਥੀ ਪੱਕੇ ਹੋ ਕੇ ਕਰ ਸਕਦੇ ਹਨ ਅਤੇ ਇਨ੍ਹਾਂ ਦੇ ਵਰਕ ਪਰਮਿਟਾਂ ਦੀ ਮਿਆਦ ਵਿਚ ਵੀ ਤੁਰੰਤ ਵਾਧਾ ਕਰੇ ਤਾਂ ਜੋ ਉਨ੍ਹਾਂ ਦੇ ਚੱਲਦੇ ਕੰਮ ਮੁਕੰਮਲ ਹੋਣ ਤੇ ਹੋਣ ਵਾਲੀ ਆਮਦਨ ਨੂੰ ਯੋਗ ਤਰੀਕੇ ਨਾਲ ਖਰਚ ਕਰ ਸਕਣ।

# ਭਾਜਪਾ ਨੇ ਪੰਜਾਬ ਦੇ ਪਿੰਡਾਂ ਪਿੰਡਾਂ ਵਿੱਚ ਬਣਾਈ ਮਜ਼ਬੂਤੀ : ਡਾ. ਕਾਂਸਲ

**ਪਟਿਆਲਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਜਪਾ ਦੇ ਸੀਨਿਅਰ ਯੁਵਾ ਨੇਤਾ ਡਾ. ਗੁਰਵਿੰਦਰ ਕਾਂਸਲ ਜ਼ਿਲਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੌਰਾਨ ਭਾਜਪਾ ਦੀਆਂ ਨੀਤੀਆਂ ਦੇ ਭਰੋਸਾ ਦਿਖਾਉਣ ਵਾਲੇ ਵੋਟਰਾਂ ਦਾ ਅਤੇ ਭਾਜਪਾ ਦਾ ਝੰਡਾ ਪੰਜਾਬ ਦੇ ਹਰ ਸ਼ਹਿਰ, ਹਰ ਪਿੰਡ ਤੋਂ ਲੈਕੇ ਗਲੀ ਗਲੀ ਤੱਕ ਪਹੁੰਚਾਉਣ ਵਾਲੇ ਹਰ ਕਾਰਯਕਰਤਾ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਦੌਰਾਨ ਡਾ. ਕਾਂਸਲ ਨੇ ਪਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਭਾਜਪਾ ਨੇ ਪੰਜਾਬ ਦੇ ਪਿੰਡਾਂ ਪਿੰਡਾਂ ਤੱਕ ਆਪਣੀ ਮਜ਼ਬੂਤ ਪਕੜ ਬਣਾ ਲਈ ਹੈ ਜਿਸ ਨਾਲ ਵਿਰੋਧੀ ਪਾਰਟੀਆਂ ਦੇ ਹੋਸ਼ ਉੱਡ ਚੁੱਕੇ ਹਨ। ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੇ ਨਤੀਜੇ ਸਾਫ਼ ਦੱਸਦੇ ਹਨ ਕਿ ਅੱਜ ਭਾਜਪਾ ਸਿਰਫ਼ ਸ਼ਹਿਰਾਂ ਤੱਕ ਸੀਮਿਤ ਨਹੀਂ ਰਹੀ, ਬਲਕਿ ਹਰ ਪਿੰਡ ਅਤੇ ਹਰ ਘਰ ਤੱਕ ਪਹੁੰਚ ਗਈ ਹੈ।

ਡਾ. ਕਾਂਸਲ ਨੇ ਇਹ ਵੀ ਕਿਹਾ ਪਿੰਡ ਵਾਸੀਆਂ ਨੇ ਮੋਦੀ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ 'ਤੇ ਭਰੋਸਾ ਜਤਾਇਆ ਅਤੇ ਵਿਕਾਸ ਲਈ ਭਾਜਪਾ ਨੂੰ ਖੁੱਲ੍ਹੇ ਦਿਲ ਨਾਲ ਸਹਿਯੋਗ ਦਿੱਤਾ। ਹਰ ਪਿੰਡ, ਹਰ ਗਲੀ ਤੋਂ ਮਿਲਿਆ ਇਹ ਸਮਰਥਨ ਭਾਜਪਾ ਦੀ ਵਧਦੀ ਲੋਕਪ੍ਰਿਯਤਾ ਅਤੇ ਮਜ਼ਬੂਤ ਆਧਾਰ ਦਾ ਸਪਸ਼ਟ ਸਬੂਤ ਹੈ।

# ਕੁਲਾਰ ਸਮਾਜਿਕ ਸੇਵਾ ਲਈ ਸਨਮਾਨਿਤ



**ਲੁਧਿਆਣਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫਿਕੋ (ਫੈਡਰੇਸ਼ਨ ਆਫ਼ ਇੰਡਸਟਰੀਅਲ ਐਂਡ ਕਮਰਸ਼ੀਅਲ ਆਰਗੇਨਾਈਜ਼ੇਸ਼ਨ) ਦੇ ਪ੍ਰਧਾਨ ਸ. ਗੁਰਮੀਤ ਸਿੰਘ ਕੁਲਾਰ ਨੂੰ ਸਮਾਜ ਪ੍ਰਤੀ ਉਨ੍ਹਾਂ ਦੀ ਨਿਸ਼ਕਾਮ ਅਤੇ ਲਗਾਤਾਰ ਸੇਵਾ ਲਈ ਸਨਮਾਨਿਤ ਕੀਤਾ ਗਿਆ।

ਇਹ ਸਨਮਾਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਦੀ ਯਾਦ ਵਿੱਚ ਗੁਰੂ ਤੇਗ ਬਹਾਦਰ ਸਾਹਿਬ ਚੈਰੀਟੇਬਲ ਹਸਪਤਾਲ ਵੱਲੋਂ ਆਯੋਜਿਤ ਮੁਫ਼ਤ ਮੈਡੀਕਲ ਕੈਂਪ ਦੌਰਾਨ ਪ੍ਰਦਾਨ ਕੀਤਾ ਗਿਆ। ਇਸ ਮੌਕੇ ਪੰਜਾਬ ਦੇ ਉਦਯੋਗ ਮੰਤਰੀ ਸ੍ਰੀ ਸੰਜੀਵ ਅਰੋੜਾ, ਸ. ਕੁਲਵੰਤ ਸਿੰਘ ਸਿੱਧੂ ਅਤੇ ਗੁਰੂ ਤੇਗ ਬਹਾਦਰ ਸਾਹਿਬ ਚੈਰੀਟੇਬਲ ਹਸਪਤਾਲ ਦੇ ਪ੍ਰਧਾਨ ਸ. ਅਮਰਜੀਤ ਸਿੰਘ ਬਖਸ਼ੀ ਨੇ ਸ. ਗੁਰਮੀਤ ਸਿੰਘ ਕੁਲਾਰ ਨੂੰ ਸਨਮਾਨ ਪੱਤਰ ਭੇਟ ਕਰਕੇ ਉਨ੍ਹਾਂ ਦੇ ਸਮਾਜਿਕ ਯੋਗਦਾਨ ਦੀ ਸਰਾਹਨਾ ਕੀਤੀ।

ਜ਼ਿਕਰਯੋਗ ਹੈ ਕਿ ਸ. ਗੁਰਮੀਤ ਸਿੰਘ ਕੁਲਾਰ ਹਰ ਸਾਲ ਆਪਣੇ ਪਿਤਾ ਸਵਰਗੀ ਸਰਦਾਰ ਦਰਸ਼ਨ ਸਿੰਘ ਜੀ ਕੁਲਾਰ ਦੀ ਯਾਦ ਵਿੱਚ 200 ਤੋਂ ਵੱਧ ਖ਼ੂਨ ਦੀਆਂ ਬੋਤਲਾਂ ਦਾ ਪ੍ਰਬੰਧ ਕਰਦੇ ਹਨ, ਜੋ ਮਨੁੱਖਤਾ ਦੀ ਸੇਵਾ ਵੱਲ ਉਨ੍ਹਾਂ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਸਨਮਾਨ ਸਮਾਰੋਹ ਦੌਰਾਨ ਬਕਤਾਵਾਂ ਨੇ ਸ. ਕੁਲਾਰ ਦੇ ਇਸ ਪ੍ਰੇਰਨਾਦਾਇਕ ਯਤਨ ਨੂੰ ਸਮਾਜ ਲਈ ਮਿਸਾਲ ਕਰਾਰ ਦਿੰਦਿਆਂ ਨੌਜਵਾਨ ਪੀੜ੍ਹੀ ਨੂੰ ਵੀ ਸਮਾਜਿਕ ਸੇਵਾ ਨਾਲ ਜੁੜਨ ਦਾ ਆਹਵਾਨ ਕੀਤਾ।

# ਮਸੀਂਗਣ ਜ਼ੋਨ ਤੋਂ 5446 ਵੱਧ ਵੋਟਾਂ ਦੀ ਲੀਡ ਨਾਲ ਗੁਰਮੀਤ ਸਰਪੰਚ ਪਰਿਵਾਰ ਨੇ ਕੀਤੀ ਸ਼ਾਨਦਾਰ ਜਿੱਤ ਹਾਸਿਲ

**ਸਨੌਰ,22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**





ਹਲਕਾ ਸਨੌਰ ਦੇ ਬਲਾਕ ਭੁੰਨਰਹੇੜੀ ਜੋਂਨ ਮਸਿੰਗਣ ਤੋਂ ਜਿਲ੍ਹਾ ਪਰਿਸ਼ਦ ਆਪ ਪਾਰਟੀ ਦੇ ਉਮੀਦਵਾਰ ਗਗਨਦੀਪ ਕੌਰ ਪਤਨੀ ਗੁਰਮੀਤ ਸਿੰਘ ਵਿਰਕ ( ਸਰਪੰਚ) ਪਿੰਡ ਸੇਖੂਪੁਰ ਜਗੀਰ ਨੇ ਵਿਰੋਧੀ ਪਾਰਟੀਆ ਦੇ ਉਮੀਦਵਾਰਾਂ ਨੂੰ ਪਿੱਛੇ ਛੱਡ 5446 ਵੋਟਾਂ ਦੀ ਵੱਧ ਲੀਡ ਪ੍ਰਾਪਤ ਕਰ ਪਟਿਆਲਾ ਜਿਲ੍ਹੇ ਚ ਵੱਡੀ ਜਿੱਤ ਪ੍ਰਾਪਤ ਕੀਤੀ। ਜੇਤੂ ਉਮੀਦਵਾਰ ਗਗਨਦੀਪ ਕੌਰ ਪਤਨੀ ਗੁਰਮੀਤ ਸਿੰਘ ਸਰਪੰਚ ਪੂਰੇ ਪਰਿਵਾਰ ਨੇ ਪ੍ਰਮਾਤਮਾਂ ਦਾ ਸ਼ੁਕਰਾਨਾ ਕੀਤਾ। ਕਿਹਾ ਆਮ ਆਦਮੀ ਪਾਰਟੀ ਸਮੂੰਹ ਲੀਡਰਸ਼ਿਪ, ਹਲਕਾ ਸਨੌਰ ਇੰਚਾਰਜ ਚੇਅਰਮੈਨ ਰਣਜੋਧ ਸਿੰਘ ਹਡਾਣਾ ਦਾ ਬਹੁਤ ਧੰਨਵਾਦ ਜਿਨਾਂ ਨੇ ਸਾਨੂੰ ਜਿਲ੍ਹਾ ਪਰਿਸ਼ਦ ਦੀ ਟਿਕਟ ਦੇ ਮਾਣ ਭਰੋਸਾ ਸਾਡੇ ਤੇ ਕੀਤਾ।

ਕਿਹਾ ਜਿਨਾਂ ਵੀਰ ਭੈਣਾਂ ਨੇ ਸਾਨੂੰ ਆਪਣਾ ਇਕ ਇਕ ਕੀਮਤੀ ਵੋਟ ਪਾ ਕੇ ਮਸਿੰਗਣ ਜੋਂਨ ਤੋਂ ਵੱਡੀ ਲੀਡ ਨਾਲ ਜਿੱਤ ਹਾਸਿਲ ਕਰਵਾਈ ਸਭ ਦਾ ਤਹਿਦਿਲੋਂ ਧੰਨਵਾਦ। ਕਿਹਾ ਅਸੀ ਕਿਸੇ ਵੀ ਤਰ੍ਹਾਂ ਦੀ ਸ਼ਿਕਾਇਤ ਦਾ ਮੌਕਾ ਨਹੀਂ ਦੇਵਾਂਗੇ ।

ਆਪ ਪਾਰਟੀ ਦੇ ਜੇਤੂ ਉਮੀਦਵਾਰ ਗਗਨਦੀਪ ਕੌਰ ਪਤਨੀ ਗੁਰਮੀਤ ਸਿੰਘ ਵਿਰਕ ਸਰਪੰਚ ਦੇ ਘਰ ਪਿੰਡ ਸੇਖ਼ੂਪੁਰ ਜਗੀਰ ਚ ਵਧਾਈਆ ਦੇਣ ਵਾਲਿਆਂ ਦਾ ਆਉਣਾ ਜਾਣਾ ਲਗਿਆ ਹੋਇਆ ਹੈ, ਲੱਡੂ ਵੰਡ ਮਿੱਠਾ ਮੂੰਹ ਕਰਵਾਇਆ ਜਾ ਰਿਹਾ ਹੈ।

# 'ਦਾਦੀ ਪੋਤੇ' ਧਾਰਮਿਕ ਗੀਤ ਦਾ ਪੋਸਟਰ ਰਿਲੀਜ਼; ਇਤਿਹਾਸ ਨੂੰ ਗਾਇਕੀ ਰਾਹੀਂ ਪੇਸ਼ ਕਰਨਾ ਸ਼ਲਾਘਾਯੋਗ




**ਪਟਿਆਲਾ, 22 ਦਸੰਬਰ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਫਤਿਹਗੜ੍ਹ ਸਾਹਿਬ ਜੋੜ ਮੇਲ ਮੌਕੇ ਇਤਿਹਾਸ ਨੂੰ ਗਾਇਕੀ ਰਾਹੀਂ ਵੱਖ-ਵੱਖ ਗਾਇਕਾਂ ਵੱਲੋਂ ਪੇਸ਼ ਕੀਤਾ ਜਾ ਰਿਹਾ ਹੈ ਤਾਂ ਜੋ ਨਵੀਂ ਪੀੜ੍ਹੀ ਨੂੰ ਜਾਗਰੂਕ ਕੀਤਾ ਜਾ ਸਕੇ। ਇਸ ਮੌਕੇ ਲੋਕ ਗਾਇਕ ਲੱਕੀ ਸਿੰਘ ਦੀ ਆਵਾਜ਼ ਵਿਚ ਚਾਰ ਗੀਤ ਰਿਕਾਰਡ ਹੋ ਕੇ ਰਿਲੀਜ਼ ਕਰਨ ਸੰਬੰਧੀ ਮਿਸ਼ਨ ਲਾਲੀ ਤੇ ਹਰਿਆਲੀ ਦੇ ਦਫਤਰ ਵਿਖੇ ਪੋਸਟਰ ਜਾਰੀ ਕੀਤਾ ਗਿਆ। ਇਹ ਪੋਸਟਰ ਉਘੇ ਸਮਾਜ ਸੇਵੀ ਤੇ ਯੂਥ ਫੈਡਰੇਸ਼ਨ ਆਫ ਇੰਡੀਆ ਦੇ ਪ੍ਰਧਾਨ ਪਰਮਿੰਦਰ ਭਲਵਾਨ, ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ, ਉਘੇ ਗੀਤਕਾਰ ਹਰੀਸ਼ ਸਿਉਣਾ ਤੇ ਐਡਵੋਕੇਟ ਸੁਖਮਿੰਦਰ ਸਿੰਘ ਬੋਬੀ ਨੇ ਸਾਂਝੇ ਤੌਰ 'ਤੇ ਜਾਰੀ ਕੀਤਾ। ਵਿਚਾਰ ਚਰਚਾ ਦੌਰਾਨ ਗਾਇਕ ਲੱਕੀ ਸਿੰਘ ਨੇ ਦੱਸਿਆ ਕਿ ਸਾਕਾ ਸਰਹੰਦ ਨਾਲ ਸੰਬੰਧਿਤ ਚਾਰ ਧਾਰਮਿਕ ਗੀਤ 'ਦਾਦੀ ਪੋਤੇ', 'ਫਤਿਹਗੜ੍ਹ ਸਾਹਿਬ', 'ਸੂਬੇ ਦੀ ਕਚਿਹਰੀ' ਅਤੇ 'ਸਿੱਖੀ ਵਿੱਚ ਆਨੰਦ' ਯੂਟਿਊਬ ਅਤੇ ਸਾਰੇ ਡਿਜ਼ੀਟਲ ਪਲੇਟਫਾਰਮਾਂ 'ਤੇ ਜਾਰੀ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਗੀਤਾਂ ਵਿਚ ਨਵੀਂ ਪੀੜ੍ਹੀ ਨੂੰ ਜਾਣਕਾਰੀ ਪ੍ਰਦਾਨ ਕਰਨ ਦੀ ਨਿਮਾਣੀ ਜਿਹੀ ਕੋਸ਼ਿਸ਼ ਕੀਤੀ ਗਈ ਹੈ। ਪੋਸਟਰ ਜਾਰੀ ਕਰਨ ਉਪਰੰਤ ਪਰਮਿੰਦਰ ਭਲਵਾਨ, ਹਰਦੀਪ ਸਿੰਘ ਸਨੌਰ ਤੇ ਹਰੀਸ਼ ਹਰਫ ਸਿਉਣਾ ਨੇ ਸਾਂਝੇ ਰੂਪ ਵਿਚ ਗੱਲ ਕਰਦਿਆਂ ਕਿਹਾ ਕਿ ਗਾਇਕੀ ਦੇ ਖੇਤਰ ਵਿਚ ਲੱਕੀ ਸਿੰਘ ਇੱਕ ਪੁਖਤਾ ਹਸਤਾਖਰ ਹੈ ਜਿਸ ਦੀ ਆਵਾਜ਼ ਵਿਚ ਦਮ ਹੈ ਅਤੇ ਗਲੇ ਵਿਚ ਸੋਜ਼ ਦਾ ਅਹਿਸਾਸ ਹੈ। ਉਨ੍ਹਾਂ ਕਿਹਾ ਕਿ ਸ਼ਹੀਦੀ ਦਿਹਾੜਿਆਂ ਮੌਕੇ ਇਤਿਹਾਸ ਨਾਲ ਸੰਬੰਧਿਤ ਗੀਤ ਰਿਲੀਜ਼ ਕਰਨਾ ਚੰਗਾ ਸੁਨੇਹਾ ਹੈ। ਇਸ ਮੌਕੇ ਗੁਰਪ੍ਰੀਤ ਸਿੰਘ ਲਲੀਨਾ, ਹਰਪਾਲ ਸਿੰਘ ਹਡਾਣਾ ਤੇ ਬਿਲਮਜੀਤ ਸਿੰਘ ਪਟਿਆਲਾ ਵੀ ਹਾਜ਼ਰ ਸਨ।

# ਆਪਣੀਆਂ ਮੰਗਾਂ ਨੂੰ ਲੈ ਕੇ ਪੀ.ਆਰ.ਟੀ.ਸੀ. ਪੈਨਸ਼ਨਰਾਂ ਨੇ ਘੇਰਿਆ ਮੁੱਖ ਦਫਤਰ; ਪੈਨਸ਼ਨ ਲੇਟ ਹੋਣ ਕਾਰਨ ਬਜ਼ੁਰਗਾਂ ਵਿੱਚ ਜਾਗਿਆ ਰੋਹ

**ਪਟਿਆਲਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਲੰਮੇ ਸਮੇਂ ਤੋਂ ਬਕਾਏ ਨਾ ਮਿਲਣ ਕਾਰਨ ਪੀ.ਆਰ.ਟੀ.ਸੀ. ਪੈਨਸ਼ਨਰਾਂ ਵਿੱਚ ਜਾਗੇ ਰਹੋ ਨੂੰ ਲੈ ਕੇ ਪੀ.ਆਰ.ਟੀ.ਸੀ. ਪੈਨਸ਼ਨਰਾਂ ਨੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਚੇਅਰਮੈਨ ਮੁਕੰਦ ਸਿੰਘ ਅਤੇ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਦੀ ਅਗਵਾਈ ਵਿੱਚ ਪੀ.ਆਰ.ਟੀ.ਸੀ. ਦੇ ਮੁੱਖ ਦਫਤਰ ਦੇ ਮੁੱਖ ਗੇਟ ਉੱਤੇ ਇੱਕ ਵਿਸ਼ਾਲ ਰੋਸ ਧਰਨਾ ਦਿੱਤਾ। ਜਿਸ ਵਿੱਚ ਵੱਖ-ਵੱਖ ਡਿਪੂ ਨਾਲ ਸਬੰਧਤ ਪੈਨਸ਼ਨਰਾਂ ਨੇ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ, ਜਿਸ ਵਿੱਚ ਪੀ.ਆਰ.ਟੀ.ਸੀ. ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ। ਰੋਹ ਭਰੇ ਇਸ ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਨੇ ਅਦਾਰੇ ਦੀ ਮੈਨੇਜਮੈਂਟ ਦੀ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਧਾਰੀ ਚੁੱਪ ਦੀ ਨਿਖੇਧੀ ਕਰਦਿਆਂ ਕਿਹਾ ਕਿ ਅਸੀਂ ਸਾਰੀ ਉਮਰ ਅਦਾਰੇ ਦੀ ਸੇਵਾ ਕਰਦਿਆਂ ਲੰਘਾਈ ਪਰ ਅੱਜ ਸਾਨੂੰ ਆਪਣੇ ਹੱਕ ਲੈਣ ਲਈ ਵਾਰ-ਵਾਰ ਧਰਨਾ ਦੇਣਾ ਪੈ ਰਿਹਾ ਹੈ। ਸੁਪਰੀਮ ਕੋਰਟ ਦੇ, ਹਰ ਮਹੀਨੇ ਦੀ ਦਸ ਤਰੀਕ ਤੱਕ ਪੈਨਸ਼ਨ ਦੇਣ ਦੇ ਹੁਕਮਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ। ਸਾਡੇ ਬਕਾਏ ਜਿਵੇਂ ਕਿ 2016 ਦੇ ਪੇ ਗਰੇਡਾਂ ਦੇ ਬਕਾਏ, ਹੁਣ ਰਿਟਾਇਰ ਹੋਣ ਵਾਲੇ ਪੈਨਸ਼ਨਰਾਂ ਦੇ ਸਾਰੇ ਬਕਾਏ ਅਤੇ ਇੱਕ ਸਾਲ ਤੋਂ ਪਏ ਮੈਡੀਕਲ ਬਿਲਾਂ ਦੇ ਬਕਾਏ ਨਹੀਂ ਦਿੱਤੇ ਜਾ ਰਹੇ। ਜਿਸ ਕਾਰਨ ਸਾਨੂੰ ਮਜਬੂਰ ਹੋ ਕੇ ਧਰਨਾ ਦੇਣਾ ਪੈ ਰਿਹਾ ਹੈ। ਉਨ੍ਹਾਂ ਨੇ ਸਾਰੇ ਬਕਾਇਆਂ ਦੀ ਅਦਾਇਗੀ ਕਰਨ ਦੀ ਮੰਗ ਕੀਤੀ। ਸਕੱਤਰ ਜਨਰਲ ਹਰੀ ਸਿੰਘ ਚਮਕ ਨੇ ਕਿਹਾ ਕਿ ਸਾਡਾ ਪੇਟ ਕੱਟ ਕੇ ਭਾਰੀ ਤਨਖਾਹ ਲੈਣ ਵਾਲੀਆਂ ਔਰਤਾਂ ਨੂੰ ਦਿੱਤੀ ਜਾ ਰਹੀ ਮੁਫ਼ਤ ਸਫ਼ਰ ਸਹੂਲਤ, ਵੋਟਾਂ ਲੈਣ ਲਈ ਸਰਕਾਰੀ ਰਿਸ਼ਵਤ ਹੈ, ਜਿਸ ਨਾਲ ਅਦਾਰੇ ਤਕਰੀਬਨ 500 ਕਰੋੜ ਸਲਾਨਾ ਦਾ ਨੁਕਸਾਨ ਹੋ ਰਿਹਾ ਹੈ। ਸਰਕਾਰੀ ਲੁੱਟ ਬੰਦ ਕਰਕੇ ਅਦਾਰੇ ਦੀ ਦਸ਼ਾ ਸੁਧਾਰੀ ਜਾਵੇ ਜਾਂ ਸਰਕਾਰੀ ਅਦਾਰੇ ਨੂੰ ਪੈਣ ਵਾਲੇ ਘਾਟੇ ਦੀ, ਸਰਕਾਰ ਭਰਪਾਈ ਕਰੇ। ਕਿਲੋਮੀਟਰ ਸਕੀਮ ਨੂੰ ਅਦਾਰੇ ਲਈ ਘਾਤਿਕ ਦੱਸਦਿਆਂ ਉਹਨਾਂ ਕਿਹਾ ਕਿ ਸਰਕਾਰੀ ਅਦਾਰੇ ਅੰਦਰ ਇੱਕ ਹੋਰ ਪ੍ਰਾਈਵੇਟ ਟਰਾਂਸਪੋਰਟ ਕੰਪਨੀ ਚਲਾ ਕੇ, ਧਨਾਡ ਬੰਦੇ ਜਾਂ ਅਫਸਰ, ਅਦਾਰੇ ਨੂੰ ਖੋਰਾ ਲਾ ਰਹੇ ਹਨ। ਉਨ੍ਹਾਂ ਨੇ ਠੇਕੇ ਦੇ ਆਧਾਰ ਉੱਤੇ ਰੱਖੇ ਕਾਮਿਆਂ ਦੀਆਂ ਮੰਗਾਂ ਦਾ ਸਮਰਥਨ ਕਰਦਿਆਂ ਮੰਗ ਕੀਤੀ ਕਿ ਉਨ੍ਹਾਂ ਦੀਆਂ ਮੰਗਾਂ ਮੰਨੀਆਂ ਜਾਣ ਅਤੇ ਗ੍ਰਿਫਤਾਰ ਕੀਤੇ ਕਾਮੇ ਰਿਹਾ ਕੀਤੇ ਜਾਣ ਅਤੇ ਉਨ੍ਹਾਂ ਤੇ ਬਣਾਏ ਕੇਸ ਵਾਪਿਸ ਲਏ ਜਾਣ। ਚੇਅਰਮੈਨ ਮੁਕੰਦ ਸਿੰਘ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਕਿਹਾ ਕਿ ਸਾਨੂੰ ਆਪਣੇ ਹੱਕ ਲੈਣ ਲਈ ਪਤਾ ਨਹੀਂ ਕਿਉਂ ਵਾਰ-ਵਾਰ ਸੰਘਰਸ਼ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਹੁਣ ਪੀ.ਆਰ.ਟੀ.ਸੀ. ਲਾ-ਵਾਰਸ ਹੈ। ਤਿੰਨ ਮਹੀਨੇ ਤੋਂ ਇੱਥੇ ਕੋਈ ਐਮ.ਡੀ. ਨਹੀਂ ਲਾਇਆ ਗਿਆ। ਉਨ੍ਹਾਂ ਕਿਹਾ ਕਿ ਸਾਡੀਆਂ ਰਹਿੰਦੀਆਂ ਅਦਾਇਗੀਆਂ ਤੁਰੰਤ ਕੀਤੀਆਂ ਜਾਣ ਤਾਂ ਕਿ ਇਸ ਉਮਰ ਵਿੱਚ ਸਾਨੂੰ ਸੜਕਾਂ ਤੇ ਨਾ ਉਤਰਨਾ ਪਵੇ। ਉਨ੍ਹਾਂ ਮੈਨੇਜਮੈਂਟ ਨੂੰ ਚਿਤਾਵਨੀ ਦਿੰਦਿਆ ਕਿਹਾ ਕਿ ਅਗਰ ਰਹਿੰਦੇ ਬਕਾਇਆਂ ਦੀ ਅਦਾਇਗੀ ਇਸੇ ਮਹੀਨੇ ਵਿੱਚ ਨਾ ਕੀਤੀ ਤਾਂ ਆਉਂਦੇ ਦਿਨਾਂ ਵਿੱਚ ਸਾਨੂੰ ਸਖਤ ਕਦਮ ਚੁੱਕਣ ਲਈ ਮਜਬੂਰ ਹੋਣਾ ਪਵੇਗਾ। ਉਨ੍ਹਾਂ ਸਮੂਹ ਪੈਨਸ਼ਨਰਾਂ ਜਿਸ ਵਿੱਚ ਭਾਰੀ ਗਿਣਤੀ ਵਿੱਚ ਔਰਤਾਂ ਵੀ ਸ਼ਾਮਲ ਸਨ ਦਾ ਇਸ ਧਰਨੇ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ। ਉਪਰੋਕਤ ਤੋਂ ਇਲਾਵਾ ਇਸ ਧਰਨੇ ਨੂੰ ਸਰਵ ਸ੍ਰੀ ਬਚਿੱਤਰ ਸਿੰਘ ਲੁਧਿਆਣਾ ਡਿਪੂ, ਗੁਰਮੀਤ ਸਿੰਘ ਕਪੂਰਥਲਾ, ਕਾਲਾ ਸਿੰਘ ਕੋਟਕਪੁਰ ਫਰੀਦਕੋਟ, ਗੋਪਾਲ ਕ੍ਰਿਸ਼ਨ ਬਠਿੰਡਾ, ਗਿਆਨ ਚੰਦ ਬੁੱਢਲਾਡਾ, ਸੁਖਵਿੰਦਰ ਸਿੰਘ ਬਰਨਾਲਾ, ਬਲਵੰਤ ਸਿੰਘ ਜੋਗਾ ਸੰਗਰੂਰ, ਜਗਤਾਰ ਸਿੰਘ ਪਟਿਆਲਾ ਅਤੇ ਹਰਭਜਨ ਸਿੰਘ ਚੰਡੀਗੜ੍ਹ ਨੇ ਵੀ ਸੰਬੋਧਨ ਕੀਤਾ। ਇਸ ਧਰਨੇ ਨੂੰ ਸਫਲ ਬਣਾਉਣ ਲਈ ਸਰਵ ਸ੍ਰੀ ਅਮੋਲਕ ਸਿੰਘ ਕੈਸ਼ੀਅਰ, ਬਚਨ ਸਿੰਘ ਅਰੋੜਾ ਜਨਰਲ ਸਕੱਤਰ, ਬਖਸ਼ੀਸ਼ ਸਿੰਘ ਦਫਤਰ ਸਕੱਤਰ, ਨਿਰਪਾਲ ਸਿੰਘ, ਬਲਵੀਰ ਸਿੰਘ ਬੁੱਟਰ, ਮਹਿੰਦਰ ਸਿੰਘ ਸੋਹੀ, ਬੀਰ ਸਿੰਘ, ਗੁਰਦੀਪ ਸਿੰਘ ਇਸਪੈਕਟਰ, ਸੁਰਜਭਾਨ, ਬਲਵੰਤ ਸਿੰਘ ਕੈਸ਼ੀਅਰ, ਰਮੇਸ਼ਵਰ ਦਾਸ, ਘੋਲਾ ਸਿੰਘ ਡਡੋਆ, ਸੰਨਤੋਸ਼ ਕ੍ਰਿਸ਼ਨ ਚੱਪੜ, ਨੇ ਅਹਿਮ ਭੂਮਕਾ ਨਿਭਾਈ, ਸਟੇਜ ਦੀ ਡਿਊਟੀ ਬਚਨ ਸਿੰਘ ਅਰੋੜਾ ਨੇ ਬਾਖੂਬੀ ਨਿਭਾਈ।

# ਗੁਰਿੰਦਰ ਸਿੰਘ ਬੱਲ ਡੀਐਸਪੀ ਨਾਭਾ ਦਾ ਅਹੁਦਾ ਸੰਭਾਲਣ 'ਤੇ ਆਮ ਆਦਮੀ ਪਾਰਟੀ ਦੇ ਆਗੂ ਵੱਲੋਂ ਸਨਮਾਨ

**ਨਾਭਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਬੀਤੇ ਦਿਨ ਪੰਜਾਬ ਸਰਕਾਰ ਵੱਲੋਂ ਡੀਐਸਪੀ ਅਫਸਰਾਂ ਦੇ ਤਬਾਦਲੇ ਕੀਤੇ ਗਏ ਸਨ। ਉੱਥੇ ਹੀ ਸਬ ਡਿਵੀਜ਼ਨ ਨਾਭਾ ਵਿਖੇ ਡੀਐਸਪੀ ਗੁਰਿੰਦਰ ਸਿੰਘ ਬੱਲ ਨੂੰ ਨਿਯੁਕਤ ਕੀਤਾ ਗਿਆ। ਉਨ੍ਹਾਂ ਵੱਲੋਂ ਆਪਣਾ ਅਹੁਦਾ ਸੰਭਾਲ ਲਿਆ ਗਿਆ। ਇਸ ਮੌਕੇ ਕਸ਼ਮੀਰ ਸਿੰਘ ਲਾਲਕਾ ਆਮ ਆਦਮੀ ਬਲਾਕ ਪ੍ਰਧਾਨ ਨਾਭਾ ਅਤੇ ਉਨਾਂ ਦੇ ਨਾਲ ਥਾਣਾ ਸਦਰ ਨਾਭਾ ਦੇ ਐਸਐਚਓ ਸਰਦਾਰ ਜਸਵਿੰਦਰ ਸਿੰਘ ਖੋਖਰ ਨੇ ਨਵ ਨਿਯੁਕਤ ਡੀਐਸਪੀ ਗੁਰਿੰਦਰ ਸਿੰਘ ਬੱਲ ਦਾ ਕਰਾਉਂਦਿਆਂ ਸਿਰੋਪਾ ਪਾ ਕੇ ਸਨਮਾਨਿਤ ਕੀਤਾ। ਸਨਮਾਨਿਤ ਹੋਣ ਉਪਰੰਤ ਨੇ ਗੁਰਿੰਦਰ ਸਿੰਘ ਬੱਲ ਨੇ ਕਿਹਾ ਕਿ ਐਸਐਸਪੀ ਪਟਿਆਲਾ ਤੇ ਐਸਪੀ ਗੁਰਬੰਸ ਸਿੰਘ ਬੈਂਸ ਦੀ ਅਗਵਾਈ 'ਚ ਸਮਾਜ ਵਿਰੋਧੀ ਅਨਸਰਾਂ, ਨਸ਼ਾ ਸਮਗਲਰਾਂ ਤੇ ਗੈਂਗਸਟਰਾਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਰੁੱਖ ਅਪਣਾਇਆ ਜਾਵੇਗਾ। ਗੁਰਿੰਦਰ ਸਿੰਘ ਬੱਲ ਨੇ ਕਿਹਾ ਕਿ ਨਾਭਾ ਇਲਾਕੇ ਦੀ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਰਹੇਗੀ।

ਉਨ੍ਹਾਂ ਨੇ ਕਿਹਾ ਕਿ ਅਪਰਾਧਕ ਗਤੀਵਿਧੀਆਂ 'ਤੇ ਸਖ਼ਤੀ ਨਾਲ ਨਕੇਲ ਪਾਈ ਜਾਵੇਗੀ ਅਤੇ ਨਸ਼ੇ ਦੇ ਕਾਰੋਬਾਰ, ਗੁੰਡਾਗਰਦੀ ਅਤੇ ਸਮਾਜ ਵਿਰੋਧੀ ਤੱਤਾਂ ਖ਼ਿਲਾਫ਼ ਜ਼ੀਰੋ ਟੋਲਰੈਂਸ ਨੀਤੀ ਅਪਣਾਈ ਜਾਵੇਗੀ। ਡੀਐਸਪੀ ਬੱਲ ਨੇ ਕਿਹਾ ਕਿ ਨਾਭਾ ਵਾਸੀਆਂ ਨੂੰ ਯਕੀਨ ਦਵਾਇਆ ਕਿ ਹਰ ਸ਼ਿਕਾਇਤ ਨੂੰ ਗੰਭੀਰਤਾ ਨਾਲ ਸੁਣਿਆ ਜਾਵੇਗਾ ਅਤੇ ਕਾਨੂੰਨ ਦੀ ਪਾਲਣਾ ਸੁਚੱਜੇ ਅਤੇ ਪਾਰਦਰਸ਼ੀ ਤਰੀਕੇ ਨਾਲ ਕਰਵਾਈ ਜਾਵੇਗੀ। ਇਸ ਮੌਕੇ ਟਰੈਫਿਕ ਦੀ ਸਮੱਸਿਆ ਨੂੰ ਲੈ ਕੇ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਦਿਨ ਪ੍ਰਤੀ ਦਿਨ ਵੱਧ ਰਹੀ ਟਰੈਫਿਕ ਦੀ ਸਮੱਸਿਆ ਦਾ ਹੱਲ ਬਹੁਤ ਜਲਦੀ ਕੀਤਾ ਜਾਵੇਗਾ। ਤਾਂ ਕਿ ਲੋਕਾਂ ਨੂੰ ਕਿਸੇ ਪ੍ਰਕਾਰ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੁਕਾਨਦਾਰ ਵੀਰਾਂ ਨੂੰ ਅਪੀਲ ਕੀਤੀ ਕਿ ਆਪਣਾ ਸਮਾਨ ਦੁਕਾਨ ਦੇ ਅੰਦਰ ਰੱਖਣ ਨਹੀਂ ਤਾਂ ਉਨ੍ਹਾਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ।

## ਸੰਪਾਦਕੀ

# ਭਾਰਤ ਨੂੰ ਅੱਗੇ ਵਧਣ ਦਾ ਰਾਹ ਦਿਖਾਉਂਦਾ ਆਸਟਰੇਲੀਆ

ਆਸਟਰੇਲੀਆ ਨੇ ਦਸ ਦਸੰਬਰ 2025 ਤੋਂ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਸੋਸ਼ਲ ਮੀਡੀਆ ਦੀ ਵਰਤੋਂ 'ਤੇ ਪਾਬੰਦੀ ਲਗਾ ਦਿੱਤੀ ਹੈ। ਇਉਂ ਆਸਟਰੇਲੀਆ ਅਜਿਹਾ ਕਰਨ ਵਾਲਾ ਦੁਨੀਆ ਦਾ ਪਹਿਲਾ ਦੇਸ਼ ਬਣ ਗਿਆ ਹੈ। ਇਹ ਕਾਨੂੰਨ ਆਸਟਰੇਲਿਆਈ ਸਕੂਲਾਂ ਵਿੱਚ ਕੀਤੇ ਗਏ ਵਿਹਾਰਕ ਅਧਿਐਨਾਂ ਦੇ ਸਬੂਤਾਂ ਦੇ ਮੱਦੇਨਜ਼ਰ ਬਣਾਇਆ ਗਿਆ ਕਿ ਬਹੁਤ ਜ਼ਿਆਦਾ ਮੋਬਾਈਲ ਫੋਨ ਦੇਖਣਾ ਅੱਲੜ੍ਹ ਉਮਰ ਦੇ ਬੱਚਿਆਂ ਦੇ ਪੜ੍ਹਾਈ 'ਚ ਧਿਆਨ ਨੂੰ ਘਟਾਉਂਦਾ ਹੈ ਅਤੇ ਬੱਚਿਆਂ ਦੇ ਭਾਵਨਾਤਮਕ ਵਿਕਾਸ 'ਤੇ ਸੋਸ਼ਲ ਮੀਡੀਆ ਦੇ ਪ੍ਰਭਾਵ ਨੂੰ ਵਧਾਉਂਦਾ ਹੈ। ਆਸਟਰੇਲੀਆ ਦੇ ਔਨਲਾਈਨ ਸੁਰੱਖਿਆ ਰੈਗੂਲੇਟਰ 'ਈ-ਸੇਫਟੀ' ਨੇ ਦਸੰਬਰ 2024 ਤੋਂ ਲੈ ਕੇ ਫਰਵਰੀ 2025 ਤੱਕ ਬੱਚਿਆਂ ਬਾਰੇ ਇੱਕ ਸਰਵੇਖਣ ਕੀਤਾ, ਜਿਸ ਵਿੱਚ ਪਤਾ ਲੱਗਿਆ ਕਿ 74 ਫ਼ੀਸਦੀ ਬੱਚਿਆਂ ਨੇ ਨੁਕਸਾਨਦੇਹ ਸਮੱਗਰੀ ਦੇਖੀ, 60 ਫ਼ੀਸਦੀ ਨੇ ਔਨਲਾਈਨ ਨਫ਼ਰਤ ਭਰੇ ਭਾਸ਼ਣ ਦੇਖੇ ਜਾਂ ਸੁਣੇ, 53 ਫ਼ੀਸਦੀ ਨੂੰ ਸਾਈਬਰ ਧੱਕੇਸ਼ਾਹੀ ਦਾ ਅਨੁਭਵ ਹੋਇਆ ਅਤੇ 25 ਫ਼ੀਸਦੀ ਨੂੰ ਆਪਣੀ ਅਸਹਿਮਤੀ ਦੇ ਬਾਵਜੂਦ ਟਰੈਕਿੰਗ, ਨਿਗਰਾਨੀ ਅਤੇ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਸੀ। ਸਾਈਬਰ ਧੱਕੇਸ਼ਾਹੀ, ਜਿਨਸੀ ਸ਼ੋਸ਼ਣ ਅਤੇ ਐਲਗੋਰਿਦਮ ਆਧਾਰਿਤ ਸਮੱਗਰੀ ਅੱਲੜ੍ਹ ਬੱਚਿਆਂ ਵਿੱਚ ਚਿੰਤਾ, ਉਦਾਸੀ, ਨੀਂਦ ਦੀ ਕਮੀ ਅਤੇ ਨਸ਼ਾਖੋਰੀ ਨੂੰ ਕਾਫ਼ੀ ਵਧਾਉਂਦੀ ਹੈ। ਫੇਸਬੁੱਕ, ਇੰਸਟਾਗ੍ਰਾਮ, ਯੂਟਿਊਬ, ਕਿੱਕ, ਰੈੱਡਿਟ, ਸਨੈਪਚੈਟ, ਥ੍ਰੈੱਡਸ, ਟਿਕਟੌਕ ਅਤੇ ਟਵਿੱਚ ਵਰਗੇ ਸੋਸ਼ਲ ਮੀਡੀਆ ਪਲੈਟਫਾਰਮਾਂ ਨੂੰ 16 ਸਾਲ ਤੋਂ ਘੱਟ ਉਮਰ ਦੇ ਲੱਖਾਂ ਉਪਭੋਗਤਾਵਾਂ ਦੇ ਖਾਤਿਆਂ ਨੂੰ ਬੰਦ ਕਰਨ ਦਾ ਹੁਕਮ ਦਿੱਤਾ ਗਿਆ ਹੈ। ਨਵੇਂ ਕਾਨੂੰਨ ਤਹਿਤ ਸੋਸ਼ਲ ਮੀਡੀਆ ਪਲੈਟਫਾਰਮਾਂ ਦੁਆਰਾ ਸਰਕਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਉਣ ਅਤੇ ਇਨ੍ਹਾਂ ਦੀ ਪਾਲਣਾ ਨਾ ਕਰਨ 'ਤੇ ਕੰਪਨੀਆਂ ਖ਼ਿਲਾਫ਼ ਕਾਰਵਾਈ ਕਰਨ ਦੇ ਅਧਿਕਾਰ ਈ-ਸੇਫਟੀ ਕਮਿਸ਼ਨਰ ਕੋਲ ਹਨ। ਨਿਯਮਾਂ ਦੀ ਪਾਲਣਾ ਨਾ ਕਰਨ ਦੀ ਸੂਰਤ ਵਿੱਚ ਕੰਪਨੀਆਂ 'ਤੇ 3.3 ਕਰੋੜ ਅਮਰੀਕੀ ਡਾਲਰ ਤੱਕ ਦਾ ਜੁਰਮਾਨਾ ਲਗਾਇਆ ਜਾ ਸਕਦਾ ਹੈ। ਇਸ ਕਾਨੂੰਨ ਨੂੰ ਮਾਪਿਆਂ ਅਤੇ ਬੱਚਿਆਂ ਦੇ ਹੱਕਾਂ ਲਈ ਕੰਮ ਕਰਨ ਵਾਲਿਆਂ ਤੋਂ ਭਾਰੀ ਹਮਾਇਤ ਮਿਲੀ ਕਿਉਂਕਿ ਉਮਰ-ਆਧਾਰਿਤ ਪਾਬੰਦੀਆਂ ਕਾਰਨ ਮਾਪੇ ਘਰ ਵਿੱਚ ਬੱਚਿਆਂ ਵੱਲੋਂ ਮੋਬਾਈਲ ਦੀ ਵਰਤੋਂ 'ਤੇ ਕੁੰਡਾ ਰੱਖ ਸਕਦੇ ਹਨ। ਬੱਚਿਆਂ ਦੀ ਸੁਰੱਖਿਆ ਦੀ ਅਹਿਮੀਅਤ ਨੂੰ ਸਵੀਕਾਰਦਿਆਂ ਵੀ ਸੋਸ਼ਲ ਮੀਡੀਆ ਕੰਪਨੀਆਂ ਅਤੇ ਬੋਲਣ ਦੀ ਆਜ਼ਾਦੀ ਦੇ ਹਾਮੀਆਂ ਨੇ ਉਮਰ ਦੀ ਤਸਦੀਕ ਅਤੇ ਇਸ 'ਤੇ ਆਉਣ ਵਾਲੀ ਲਾਗਤ, ਗੁਪਤਤਾ ਸਬੰਧੀ ਸੰਭਾਵੀ ਖ਼ਤਰਿਆਂ ਅਤੇ ਉਪਭੋਗਤਾ ਘਟਣ ਦੀ ਚਿਤਾਵਨੀ ਦਿੰਦਿਆਂ ਸਰਕਾਰ ਦੇ ਫ਼ੈਸਲੇ ਦੀ ਆਲੋਚਨਾ ਕੀਤੀ ਹੈ ਕਿਉਂਕਿ ਆਸਟਰੇਲੀਆ ਦੀ ਮਿਸਾਲ ਦੇਖ ਕੇ ਪੂਰੀ ਦੁਨੀਆ ਦੇ ਮੁਲਕਾਂ ਵਿੱਚ ਅਜਿਹੇ ਫ਼ੈਸਲੇ ਲੈਣ ਦੀ ਸ਼ੁਰੂਆਤ ਹੋ ਸਕਦੀ ਹੈ। ਇਨ੍ਹਾਂ ਇਤਰਾਜ਼ਾਂ ਦੇ ਬਾਵਜੂਦ ਆਸਟਰੇਲੀਆ ਨੇ ਵਪਾਰਕ ਹਿੱਤਾਂ ਨਾਲੋਂ ਬੱਚਿਆਂ ਦੀ ਸੁਰੱਖਿਆ ਨੂੰ ਤਰਜੀਹ ਦੇਣ ਦਾ ਇਰਾਦਾ ਪ੍ਰਗਟਾਇਆ ਹੈ ਅਤੇ ਇਹ ਫ਼ੈਸਲਾ ਲਾਗੂ ਕਰਨਾ ਸਰਕਾਰ ਦੇ ਮਜ਼ਬੂਤ ? ?ਇਰਾਦੇ ਨੂੰ ਦਰਸਾਉਂਦਾ ਹੈ। ਭਾਰਤ ਵਿੱਚ ਸੋਸ਼ਲ ਮੀਡੀਆ ਨੂੰ ਸੂਚਨਾ ਤਕਨਾਲੋਜੀ ਐਕਟ 2000, ਸੂਚਨਾ ਤਕਨਾਲੋਜੀ (ਵਿਚੋਲਗੀ ਸਬੰਧੀ ਦਿਸ਼ਾ-ਨਿਰਦੇਸ਼ ਅਤੇ ਡਿਜੀਟਲ ਮੀਡੀਆ ਲਈ ਨੈਤਿਕ ਨੇਮ) ਨਿਯਮਾਂ 2021 ਅਤੇ ਡਿਜੀਟਲ ਨਿੱਜੀ ਡੇਟਾ ਸੁਰੱਖਿਆ ਐਕਟ (ਡੀ ਪੀ ਡੀ ਡੀ ਐਕਟ) 2023 ਦੁਆਰਾ ਨਿਯੰਤਰਿਤ ਕੀਤਾ ਜਾਂਦਾ ਹੈ। ਹਾਲਾਂਕਿ ਇਨ੍ਹਾਂ ਕਾਨੂੰਨਾਂ ਤਹਿਤ ਸੋਸ਼ਲ ਮੀਡੀਆ ਦੀ ਵਰਤੋਂ ਲਈ ਘੱਟੋ-ਘੱਟ ਉਮਰ ਨਿਰਧਾਰਤ ਨਹੀਂ ਕੀਤੀ ਗਈ, ਪਰ ਇਹ ਨਿਯਮਿਤ ਕਰਦੇ ਹਨ ਕਿ ਸੋਸ਼ਲ ਮੀਡੀਆ ਪਲੈਟਫਾਰਮ ਬੱਚਿਆਂ ਦੇ ਡੇਟਾ ਨੂੰ ਕਿਵੇਂ ਵਰਤਦੇ ਹਨ, ਉਨ੍ਹਾਂ ਨੂੰ ਕਿਹੜੇ ਸੁਰੱਖਿਆ ਉਪਾਅ ਲਾਜ਼ਮੀ ਵਰਤਣੇ ਚਾਹੀਦੇ ਹਨ ਅਤੇ ਨੁਕਸਾਨਦੇਹ ਸਮੱਗਰੀ ਨੂੰ ਕਿੰਨੀ ਛੇਤੀ ਹਟਾਉਣਾ ਚਾਹੀਦਾ ਹੈ। 2021 ਦੇ ਵਿਚੋਲਗੀ/ਸਾਲਸੀ ਸਬੰਧੀ ਨਿਯਮਾਂ ਤਹਿਤ ਸੋਸ਼ਲ ਮੀਡੀਆ ਪਲੈਟਫਾਰਮਾਂ ਦੁਆਰਾ ਸ਼ਿਕਾਇਤ ਨਿਵਾਰਨ ਅਧਿਕਾਰੀਆਂ ਦੀ ਤਾਇਨਾਤੀ ਕਰਨਾ, ਨਿਰਧਾਰਤ ਸਮਾਂ-ਸੀਮਾ ਅੰਦਰ ਸਮੱਗਰੀ ਨੂੰ ਹਟਾਉਣਾ ਅਤੇ ਨਿਯਮਾਂ ਦੀ ਪਾਲਣਾ ਕਰਨਾ ਲਾਜ਼ਮੀ ਹੈ। ਪ੍ਰਮੁੱਖ ਸੋਸ਼ਲ ਮੀਡੀਆ ਸਾਲਸ ਮਾਪਿਆਂ ਲਈ ਸ਼ਿਕਾਇਤ ਕਰਨਾ ਅਤੇ ਵਧੀਆ ਸੁਰੱਖਿਆ ਉਪਾਅ ਅਪਣਾਉਣ ਨੂੰ ਸੁਖਾਲਾ ਬਣਾਉਣ ਦਾ ਕੰਮ ਕਰਦੇ ਹਨ, ਹਾਲਾਂਕਿ ਇਹ ਜ਼ਿੰਮੇਵਾਰੀਆਂ ਅੱਲੜ੍ਹ ਬੱਚਿਆਂ ਨੂੰ ਇਨ੍ਹਾਂ ਪਲੈਟਫਾਰਮਾਂ ਦੀ ਵਰਤੋਂ ਕਰਨ ਤੋਂ ਨਹੀਂ ਰੋਕਦੀਆਂ। ਡੀ ਪੀ ਡੀ ਪੀ ਐਕਟ ਬੱਚਿਆਂ ਦੇ ਡੇਟਾ ਲਈ ਮਾਪਿਆਂ ਦੀ ਸਹਿਮਤੀ ਦੀ ਲੋੜ ਨੂੰ ਲਾਜ਼ਮੀ ਬਣਾ ਕੇ, ਬੱਚਿਆਂ ਨੂੰ ਮੁੱਖ ਰੱਖ ਕੇ ਕੀਤੀ ਜਾਂਦੀ ਇਸ਼ਤਿਹਾਰਬਾਜ਼ੀ 'ਤੇ ਪਾਬੰਦੀ ਲਗਾ ਕੇ ਅਤੇ ਸੰਵੇਦਨਸ਼ੀਲ ਜਾਣਕਾਰੀ ਦੀ ਦੁਰਵਰਤੋਂ ਲਈ ਨਵੇਂ ਜੁਰਮਾਨੇ ਦੀ ਵਿਵਸਥਾ ਕਰਕੇ ਨਾਬਾਲਗਾਂ ਦੀ ਸੁਰੱਖਿਆ ਨੂੰ ਮਜ਼ਬੂਤ ਕਰਦਾ ਹੈ। ਇਸ ਸਭ ਦੇ ਬਾਵਜੂਦ ਇਨ੍ਹਾਂ ਨਿਯਮਾਂ ਅਤੇ ਇਨ੍ਹਾਂ ਨੂੰ ਅਮਲੀ ਜਾਮਾ ਪਹਿਨਾਉਣ ਵਿੱਚ ਪਾੜਾ ਰਹਿੰਦਾ ਹੀ ਹੈ। ਉਮਰ ਦੀ ਤਸਦੀਕ ਸੋਸ਼ਲ ਮੀਡੀਆ ਦੀ ਵਰਤੋਂ ਕਰਨ ਵਾਲਿਆਂ ਦੀ ਮਰਜ਼ੀ 'ਤੇ ਨਿਰਭਰ ਕਰਦੀ ਹੈ ਅਤੇ ਅਸ਼ਲੀਲ ਤੇ ਹਿੰਸਕ ਸਮੱਗਰੀ ਇਨ੍ਹਾਂ ਪਲੈਟਫਾਰਮਾਂ 'ਤੇ ਸੁਖਾਲਿਆਂ ਉਪਲਬਧ ਹੁੰਦੀ ਹੈ। ਭਾਰਤ ਦੀ ਰੈਗੂਲੇਟਰੀ ਪ੍ਰਣਾਲੀ ਸੋਸ਼ਲ ਮੀਡੀਆ ਤੱਕ ਬੱਚਿਆਂ ਦੀ ਪਹੁੰਚ ਨੂੰ ਸਿੱਧੇ ਤੌਰ 'ਤੇ ਸੀਮਤ ਨਹੀਂ ਕਰਦੀ ਸਗੋਂ ਪਲੈਟਫਾਰਮਾਂ 'ਤੇ ਜ਼ਿੰਮੇਵਾਰੀ ਪਾਉਂਦੀ ਹੈ। ਇਸ ਦੇ ਸਿੱਟੇ ਵਜੋਂ ਨਿਗਰਾਨੀ ਦਾ ਬੋਝ ਮੁੱਖ ਤੌਰ 'ਤੇ ਹਾਲੇ ਵੀ ਮਾਪਿਆਂ, ਸਕੂਲਾਂ ਅਤੇ ਨੌਜਵਾਨ ਉਪਭੋਗਤਾਵਾਂ 'ਤੇ ਹੀ ਹੈ। ਸੋਸ਼ਲ ਮੀਡੀਆ ਭਾਰਤੀ ਅੱਲੜ੍ਹ ਬੱਚਿਆਂ ਦੇ ਦਿਲੋ-ਦਿਮਾਗ਼ ਨੂੰ ਨੁਕਸਾਨ ਪਹੁੰਚਾ ਰਿਹਾ ਹੈ ਕਿਉਂਕਿ ਇਹ ਸਮਾਜਿਕ ਤੁਲਨਾ, ਸਾਈਬਰ ਧੱਕੇਸ਼ਾਹੀ ਅਤੇ ਗ਼ੈਰ-ਯਥਾਰਥਵਾਦੀ ਔਨਲਾਈਨ ਆਦਰਸ਼ਾਂ ਕਾਰਨ ਚਿੰਤਾ ਤੇ ਉਦਾਸੀ ਨੂੰ ਵਧਾਉਂਦਿਆਂ ਸਵੈ-ਮਾਣ ਨੂੰ ਘਟਾਉਂਦਾ ਹੈ। ਅਧਿਐਨ ਦਰਸਾਉਂਦੇ ਹਨ ਕਿ ਲਗਭਗ 27 ਫ਼ੀਸਦੀ ਅੱਲੜ੍ਹਾਂ ਨੂੰ ਸੋਸ਼ਲ ਮੀਡੀਆ ਦੀ ਲਤ ਦੇ ਸੰਕੇਤ ਮਿਲੇ ਹਨ ਅਤੇ 65 ਫ਼ੀਸਦੀ ਅੱਲੜ੍ਹ ਬੱਚੇ ਔਨਲਾਈਨ ਸਮੱਗਰੀ ਕਾਰਨ ਹੀਣੇ ਮਹਿਸੂਸ ਕਰਦੇ ਹਨ, ਜਿਸ ਨਾਲ ਉਨ੍ਹਾਂ ਦੀ ਪੜ੍ਹਾਈ ਅਤੇ ਅਸਲ ਜੀਵਨ ਦੇ ਰਿਸ਼ਤੇ ਨਾਤੇ ਪ੍ਰਭਾਵਿਤ ਹੁੰਦੇ ਹਨ। ਬੱਚਿਆਂ ਵਿੱਚ ਨੀਂਦ ਸਬੰਧੀ ਵਿਕਾਰ (40 ਫ਼ੀਸਦੀ ਬੱਚੇ ਇਸ ਤੋਂ ਪੀੜਤ ਹਨ), ਸਾਈਬਰ ਧੱਕੇਸ਼ਾਹੀ ਅਤੇ ਸਰੀਰਕ ਦਿੱਖ ਦੇ ਮਸਲੇ ਚਿੰਤਾ ਦਾ ਮੁੱਖ ਵਿਸ਼ਾ ਹਨ। ਐਸੋਚੈਮ ਦੇ ਇੱਕ ਅਧਿਐਨ ਤੋਂ ਪਤਾ ਲੱਗਿਆ ਹੈ ਕਿ ਟੀਅਰ-1 ਅਤੇ ਟੀਅਰ-2 (ਵੱਡੇ) ਸ਼ਹਿਰਾਂ ਵਿੱਚ ਰਹਿੰਦੇ ਅੱਠ-ਤੇਰ੍ਹਾਂ ਸਾਲ ਉਮਰ ਵਰਗ ਦੇ ਲਗਭਗ 73 ਫ਼ੀਸਦੀ ਬੱਚੇ ਸੋਸ਼ਲ ਮੀਡੀਆ ਐਪਸ ਦੀ ਵਰਤੋਂ ਕਰਦੇ ਹਨ, ਜਿਸ ਕਾਰਨ ਉਨ੍ਹਾਂ ਨੂੰ ਬਹੁਤ ਛੋਟੀ ਉਮਰ ਵਿੱਚ ਹੀ ਅਜਿਹੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਬਿਲਕੁਲ ਢੁੱਕਵਾਂ ਵੇਲਾ ਹੈ ਕਿ ਭਾਰਤ ਸਰਕਾਰ ਕੰਪਨੀਆਂ ਦੁਆਰਾ ਨਿਯਮਾਂ ਦੀ ਸਵੈ-ਇੱਛਤ ਪਾਲਣਾ 'ਤੇ ਨਿਰਭਰ ਨਾ ਕਰੇ ਅਤੇ ਆਸਟਰੇਲਿਆਈ ਕਾਨੂੰਨ ਤੋਂ ਪ੍ਰੇਰਨਾ ਲਵੇ। ਭਾਰਤ ਨੂੰ ਅਜਿਹੇ ਪਲੈਟਫਾਰਮਾਂ ਦੀ ਵਰਤੋਂ ਲਈ ਉਮਰ ਸੀਮਾ ਨਿਰਧਾਰਤ ਕਰਨੀ ਚਾਹੀਦੀ ਹੈ ਅਤੇ ਨਿਯਮਾਂ ਦੀ ਉਲੰਘਣਾ ਲਈ ਢੁਕਵੇਂ ਜੁਰਮਾਨੇ ਲਗਾਉਣੇ ਚਾਹੀਦੇ ਹਨ। ਭਾਰਤ ਨੂੰ ਅਜਿਹਾ ਸਥਿਰ ਤੇ ਵਿਆਪਕ ਮਾਡਲ ਅਪਣਾਉਣਾ ਚਾਹੀਦਾ ਹੈ ਜੋ ਸਾਂਝੇ ਯੰਤਰਾਂ, ਵੱਖੋ-ਵੱਖ ਸਾਖਰਤਾ ਪੱਧਰਾਂ ਅਤੇ ਡਿਜੀਟਲ ਪਹੁੰਚ ਵਿੱਚ ਫ਼ਰਕ ਤੋਂ ਪਾਰ ਜਾ ਕੇ ਸਭ ਦੀ ਸੁਰੱਖਿਆ ਯਕੀਨੀ ਬਣਾਵੇ। ਉਮਰ-ਨਿਯੰਤਰਣ ਉਪਾਵਾਂ ਦੇ ਓਹਲੇ ਵਿੱਚ ਵਿਦਿਅਕ ਸਮੱਗਰੀ ਤੇ ਸਾਧਨਾਂ ਤੱਕ ਪਹੁੰਚ ਨੂੰ ਸੀਮਤ ਨਹੀਂ ਕੀਤਾ ਜਾਣਾ ਚਾਹੀਦਾ। ਭਾਰਤ ਨੂੰ ਨਿੱਜੀ ਡੇਟਾ ਦੀ ਹੱਦੋਂ ਵੱਧ ਤਸਦੀਕ ਤੇ ਇਸ ਨੂੰ ਇਕੱਠਾ ਕਰਨ ਅਤੇ ਇਸ ਬਹਾਨੇ ਹੱਦੋਂ ਵੱਧ ਕੰਟਰੋਲ ਤੇ ਮਨਮਰਜ਼ੀਆਂ ਕਰਨ ਤੋਂ ਬਚਣਾ ਚਾਹੀਦਾ ਹੈ। ਭਾਰਤ ਵਿੱਚ 39 ਕਰੋੜ ਤੋਂ ਵੱਧ ਬੱਚੇ 16 ਸਾਲ ਤੱਕ ਉਮਰ ਦੇ ਹਨ, ਜੋ ਕੁੱਲ ਆਬਾਦੀ ਦਾ ਲਗਭਗ 27-28 ਫ਼ੀਸਦੀ ਹਿੱਸਾ ਹੈ। ਉਨ੍ਹਾਂ ਦੇ ਵਿਕਸਿਤ ਹੋ ਰਹੇ ਦਿਮਾਗ਼ਾਂ ਨੂੰ ਅਜਿਹੀ ਬੇਲੋੜੀ ਜਾਣਕਾਰੀ ਤੋਂ ਲਾਜ਼ਮੀ ਬਚਾਉਣਾ ਚਾਹੀਦਾ ਹੈ ਜੋ ਉਨ੍ਹਾਂ ਦੇ ਆਤਮ-ਵਿਸ਼ਵਾਸ ਨੂੰ ਕਮਜ਼ੋਰ ਅਤੇ ਨਜ਼ਰੀਏ ਨੂੰ ਗੰਧਲਾ ਕਰਦੀ ਹੈ। ਬੇਕਾਬੂ ਸੋਸ਼ਲ ਮੀਡੀਆ ਸਿਰਫ਼ ਡਿਜੀਟਲ ਭਟਕਣਾ ਨਹੀਂ ਹੈ ਸਗੋਂ ਇਹ ਮਾਸੂਮ ਅਤੇ ਰਚਨਾਤਮਕ ਬਚਪਨ ਨੂੰ ਚੁੱਪ-ਚੁਪੀਤੇ ਖ਼ਤਮ ਕਰ ਦਿੰਦਾ ਹੈ। ਭਾਰਤ ਆਪਣੇ ਬੱਚਿਆਂ ਨੂੰ ਤਬਾਹ ਹੁੰਦੇ ਨਹੀਂ ਦੇਖ ਸਕਦਾ। ਮਜ਼ਬੂਤ ਸੁਰੱਖਿਆ ਉਪਾਅ, ਮਨੁੱਖਤਾਵਾਦੀ ਨੀਤੀਆਂ ਅਤੇ ਜ਼ਿੰਮੇਵਾਰ ਤਕਨਾਲੋਜੀ ਅਜਿਹੀ ਡਿਜੀਟਲ ਸਪੇਸ ਬਣਾ ਸਕਦੀ ਹੈ, ਜਿੱਥੇ ਸਾਡੇ ਦੇਸ਼ ਦੇ ਨੌਜਵਾਨ ਦਿਮਾਗ਼ ਮੁਰਝਾਉਣ ਦੀ ਥਾਂ ਵਧ-ਫੁੱਲ ਸਕਣ। ਇੱਕ ਰਾਸ਼ਟਰ ਸਿਰਫ਼ ਇਸ ਲਈ ਨਹੀਂ ਜਾਣਿਆ ਜਾਂਦਾ ਕਿ ਉਹ ਕੀ ਬਣਾਉਂਦਾ ਹੈ ਸਗੋਂ ਇਸ ਲਈ ਵੀ ਜਾਣਿਆ ਜਾਂਦਾ ਹੈ ਕਿ ਉਹ ਆਪਣੇ ਬੱਚਿਆਂ ਦੇ ਸੁਪਨਿਆਂ ਦੀ ਕਿੰਨੀ ਕੋਮਲਤਾ ਨਾਲ ਰੱਖਿਆ ਕਰਦਾ ਹੈ।

# ਵਿਧਾਨ ਸਭਾ ਹਲਕਾ ਖੇਮਕਰਨ ਵਿੱਚ ਆਮ ਆਦਮੀ ਪਾਰਟੀ ਨੇ ਹੂੰਝਾ ਫੇਰ ਜਿੱਤ ਦਰਜ ਕੀਤੀ

**ਤਰਨ ਤਾਰਨ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਵਿਧਾਨ ਸਭਾ ਹਲਕਾ ਖੇਮਕਰਨ ਅਧੀਨ ਪੈਂਦੇ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀਆਂ ਦੇ ਸਾਰੇ ਜੋਨਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੇ ਸ਼ਾਨਦਾਰ ਤੇ ਇਤਿਹਾਸਕ ਜਿੱਤ ਦਰਜ ਕੀਤੀ ਹੈ।

ਇਸ ਸ਼ਾਨਦਾਰ ਜਿੱਤ ਲਈ ਵਿਧਾਨ ਸਭਾ ਹਲਕਾ ਖੇਮਰਕਨ ਦੇ ਵਿਧਾਇਕ ਸ. ਸਰਵਣ ਸਿੰਘ ਧੁੰਨ ਨੇ ਸਮੂਹ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜਿੱਤ ਆਮ ਲੋਕਾਂ ਦੀ ਅਤੇ ਪੰਜਾਬ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਦੀ ਜਿੱਤ ਹੈ।

ਵਿਧਾਇਕ ਸ. ਸਰਵਣ ਸਿੰਘ ਧੁੰਨ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਖੇਮਰਕਨ ਵਿੱਚ ਜ਼ਿਲ੍ਹਾ ਪ੍ਰੀਸ਼ਦ ਦੇ ਸਾਰੇ ਹੀ 5 ਜੋਨਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਜੇਤੂ ਰਹੇ ਹਨ। ਇਸੇ ਤਰ੍ਹਾਂ ਹਲਕੇ ਵਿੱਚ ਪੰਚਾਇਤ ਸੰਮਤੀਆਂ ਦੇ ਸਾਰੇ 41 ਜੋਨਾਂ ਉੱਪਰ ਵੀ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੇ ਇਤਿਹਾਸਕ ਜਿੱਤ ਦਰਜ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਉਹ ਆਪ ਦੀ ਹੋਈ ਇਤਿਹਾਸਿਕ ਜਿੱਤ 'ਤੇ ਦਿਨ-ਰਾਤ ਮਿਹਨਤ ਕਰਨ ਵਾਲੇ ਆਮ ਆਦਮੀ ਪਾਰਟੀ ਦੇ ਸਾਰੇ ਹੀ ਅਹੁਦੇਦਾਰਾਂ, ਆਗੂਆਂ ਦਾ ਅਤੇ ਹਰ ਵਲੰਟੀਅਰ ਦਾ ਦਾਸ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੇ ਹਨ।

ਵਿਧਾਇਕ ਸ. ਸਰਵਣ ਸਿੰਘ ਧੁੰਨ ਨੇ ਕਿਹਾ ਕਿ ਇਹ ਜਿੱਤ ਸਾਬਿਤ ਕਰਦੀ ਹੈ ਕਿ ਲੋਕ ਮਾਨ ਸਰਕਾਰ ਦੀਆ ਲੋਕ-ਪੱਖੀ ਨੀਤੀਆਂ ਤੋਂ ਸੰਤੁਸ਼ਟ ਹਨ, ਲੋਕ ਮੁਫ਼ਤ ਬਿਜਲੀ, ਸਿੱਖਿਆ ਕ੍ਰਾਂਤੀ, ਰੁਜ਼ਗਾਰ ਕ੍ਰਾਂਤੀ ਅਤੇ ਮਾਨ ਸਰਕਾਰ ਦੁਆਰਾ ਹੋਏ ਹੋਰ ਲੋਕ ਪੱਖੀ ਕੰਮਾਂ ਤੋਂ ਖ਼ੁਸ਼ ਹਨ ਅਤੇ ਮਾਨ ਸਰਕਾਰ ਨਾਲ ਖੜ੍ਹੇ ਹਨ। ਉਨ੍ਹਾਂ ਇਸ ਸ਼ਾਨਦਾਰ ਜਿੱਤ ਲਈ ਪਾਰਟੀ ਦੇ ਹਰ ਇੱਕ ਵਲੰਟੀਅਰ, ਆਗੂ ਸਾਥੀਆਂ ਅਤੇ ਆਪਣੇ ਹਲਕੇ ਦੇ ਸਮੂਹ ਵੋਟਰਾਂ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਸ਼ਾਨਦਾਰ ਜਿੱਤ ਦਰਜ ਕਰਕੇ ਇੱਕ ਵਾਰ ਫਿਰ ਆਪਣੀ ਸਰਕਾਰ ਬਣਾਏਗੀ।

# ਐੱਸ.ਐੱਸ.ਸੀ. (ਜੀ.ਡੀ) ਭਰਤੀ ਲਈ ਮੁਫਤ ਟ੍ਰੇਨਿੰਗ ਕੈਂਪ ਸ਼ੁਰੂ

**ਬਠਿੰਡਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਸਿਖਲਾਈ ਅਧਿਕਾਰੀ, ਸੀ-ਪਾਈਟ ਕੈਂਪ ਕੈਪਟਨ ਲਖਵਿੰਦਰ ਸਿੰਘ ਨੇ ਦੱਸਿਆ ਕਿ ਐੱਸ.ਐੱਸ.ਸੀ. (ਜੀ.ਡੀ) ਵੱਲੋਂ 25487 ਆਸਾਮੀਆਂ (ਮੇਲ ਅਤੇ ਫੀਮੇਲ) ਕੱਢੀਆਂ ਗਈਆਂ ਹਨ। ਇਨ੍ਹਾਂ ਆਸਾਮੀਆਂ ਲਈ 31 ਦਸੰਬਰ 2025 ਤੱਕ ਵੈੱਬਸਾਈਟ https://ssc.gov.in 'ਤੇ ਆਨ-ਲਾਈਨ ਅਪਲਾਈ ਕੀਤਾ ਜਾ ਸਕਦਾ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਦੇ ਰੋਜਗਾਰ ਉਤਪੱਤੀ ਤੇ ਟ੍ਰੇਨਿੰਗ ਵਿਭਾਗ ਦੇ ਅਦਾਰੇ ਸੀ-ਪਾਈਟ ਕੈਂਪ ਪਿੰਡ ਕਾਲਝਰਾਣੀ (ਬਾਦਲ-ਲੰਬੀ ਰੋਡ) ਵੱਲੋਂ ਜ਼ਿਲ੍ਹਾ ਬਠਿੰਡਾ, ਸ੍ਰੀ ਮੁਕਤਸਰ ਸਾਹਿਬ ਅਤੇ ਫਾਜਿਲਕਾ ਦੇ ਨੌਜਵਾਨਾਂ ਲਈ ਐੱਸ.ਐੱਸ.ਸੀ. (ਜੀ.ਡੀ.) ਦੇ ਲਿਖਤੀ ਪੇਪਰ ਤੇ ਫਿਜੀਕਲ ਦੀ ਤਿਆਰੀ ਲਈ ਮੁਫ਼ਤ ਸਿਖਲਾਈ ਕੈਂਪ ਸ਼ੁਰੂ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਉਕਤ ਜ਼ਿਲ੍ਹਿਆਂ ਦੇ ਸਿਖਲਾਈ ਲੈਣ ਦੇ ਚਾਹਵਾਨ ਨੌਜਵਾਨ ਆਨ-ਲਾਈਨ ਅਪਲਾਈ ਕਰਕੇ ਦਸਵੀਂ ਜਮਾਤ ਦੇ ਸਰਟੀਫਿਕੇਟ ਦੀ ਫੋਟੋ ਕਾਪੀ, ਆਨ-ਲਾਈਨ ਅਪਲਾਈ ਫਾਰਮ ਦੀ ਫੋਟੋ ਕਾਪੀ, ਅਧਾਰ ਕਾਰਡ ਅਤੇ ਜਾਤੀ ਸਰਟੀਫਿਕੇਟ ਦੀ ਫੋਟੋ ਕਾਪੀ ਅਤੇ 2 ਪਾਸਪੋਰਟ ਸਾਈਜ਼ ਫੋਟੋਆਂ ਸਮੇਤ ਬਾਦਲ-ਲੰਬੀ ਮੇਨ ਰੋਡ 'ਤੇ ਪੈਂਦੇ ਪਿੰਡ ਕਾਲਝਰਾਣੀ ਵਿਖੇ ਸੀ-ਪਾਈਟ ਕੈਂਪ ਵਿੱਚ ਨਿੱਜੀ ਤੌਰ 'ਤੇ 22 ਦਸੰਬਰ 2025 ਨੂੰ ਸਵੇਰੇ 9 ਵਜੇ ਪਹੁੰਚ ਕੇ ਸਿਖਲਾਈ ਲਈ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

ਉਨ੍ਹਾਂ ਇਹ ਵੀ ਕਿਹਾ ਕਿ ਸਿਖਲਾਈ ਦੌਰਾਨ ਨੌਜਵਾਨਾਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਖਾਣਾ ਅਤੇ ਰਿਹਾਇਸ਼ ਮੁਫਤ ਦਿੱਤੀ ਜਾਵੇਗੀ। ਵਧੇਰੇ ਜਾਣਕਾਰੀ ਲਈ ਨੌਜਾਵਾਨ 94641-52013 ਅਤੇ 94638-31615 'ਤੇ ਸੰਪਰਕ ਕਰ ਸਕਦੇ ਹਨ।

# ਵਿਦਿਆਰਥੀ ਆਤਮ ਵਿਸ਼ਵਾਸ ਪੈਦਾ ਕਰਨ ਲਈ ਆਪਣੇ ਹੁਨਰ ਤੇ ਭਰੋਸਾ ਵਧਾਉਣ: ਹਰਜੋਤ ਸਿੰਘ ਬੈਂਸ

**ਸ੍ਰੀ ਆਨੰਦਪੁਰ ਸਾਹਿਬ,22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਸਿੱਖਿਆ ਮੰਤਰੀ ਸ੍ਰ.ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਜਗਤ ਗੁਰੂ ਨਾਨਕ ਜੀ ਓਪਨ ਯੂਨੀਵਰਸਿਟੀ ਦੇ ਮਾਧਿਅਮ ਰਾਹੀਂ ਸਿੱਖਿਆ ਖੇਤਰ ਵਿੱਚ ਇਕ ਨਵਾਂ ਯਤਨ ਕੀਤਾ ਜਾ ਰਿਹਾ ਹੈ, ਜਿਸਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਰਵਾਇਤੀ ਪੜ੍ਹਾਈ ਦੇ ਨਾਲ-ਨਾਲ ਹੁਨਰਮੰਦ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਪ੍ਰਿੰਸੀਪਲ ਸਾਹਿਬਾਨ, ਨੌਜਵਾਨ ਅਧਿਆਪਕਾਂ ਅਤੇ ਸਾਰੀ ਟੀਮ ਵੱਲੋਂ ਕੀਤੀ ਜਾ ਰਹੀ ਇਹ ਕੋਸ਼ਿਸ਼ ਕਾਬਿਲ-ਏ-ਤਾਰੀਫ਼ ਹੈ।

ਸਿੱਖਿਆ ਮੰਤਰੀ ਨੇ ਅੱਜ ਅਨਮੋਲ ਸਿੱਖਿਆ ਕੇਂਦਰ ਢੇਰ ਵਿਖੇ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਦੇ ਸਰਕਾਰੀ ਕੰਨਿਆ ਸੀਨੀ.ਸੈਕੰਡਰੀ ਸਕੂਲ ਨੂੰ ਹੁਣ ਹੁਨਰ ਸਿੱਖਿਆ ਸਕੂਲ ਦੇ ਰੂਪ ਵਿੱਚ ਵਿਕਸਤ ਕੀਤਾ ਗਿਆ ਹੈ, ਜਿੱਥੇ ਵਿਦਿਆਰਥਣਾਂ ਨੂੰ ਨੌਵੀਂ ਜਮਾਤ ਤੋਂ ਹੀ ਅਜਿਹੀ ਸਿੱਖਿਆ ਦਿੱਤੀ ਜਾ ਰਹੀ ਹੈ, ਜੋ ਬਾਰ੍ਹਵੀਂ ਪਾਸ ਕਰਨ ਉਪਰੰਤ ਉਨ੍ਹਾਂ ਨੂੰ ਸਿੱਧੇ ਰੋਜ਼ਗਾਰ ਯੋਗ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ ਚਾਰ ਵੱਖ-ਵੱਖ ਕੋਰਸ ਮਾਹਿਰਾਂ ਦੁਆਰਾ ਤਿਆਰ ਕਰਵਾਏ ਗਏ ਹਨ, ਜਿਵੇਂ ਕਿ ਹੈਲਥ ਕੇਅਰ ਕੋਰਸ, ਜੋ ਅਪੋਲੋ ਵਰਗੀਆਂ ਸੰਸਥਾਵਾਂ ਨਾਲ ਸਾਂਝੇਦਾਰੀ ਰਾਹੀਂ ਕਰਵਾਇਆ ਜਾ ਰਿਹਾ ਹੈ। ਇਸ ਕੋਰਸ ਤਹਿਤ ਵਿਦਿਆਰਥਣਾਂ ਨੂੰ ਬੋਰਡ ਦੇ ਸਰਟੀਫਿਕੇਟ ਦੇ ਨਾਲ-ਨਾਲ ਉਦਯੋਗਕ ਸਰਟੀਫਿਕੇਟ ਵੀ ਮਿਲੇਗਾ, ਜਿਸ ਨਾਲ ਉਨ੍ਹਾਂ ਨੂੰ ਹਸਪਤਾਲਾਂ ਵਿੱਚ ਨੌਕਰੀ ਮਿਲਣਾ ਆਸਾਨ ਹੋਵੇਗਾ।

ਉਨ੍ਹਾਂ ਨੇ ਕਿਹਾ ਕਿ ਫੈਸ਼ਨ ਡਿਜ਼ਾਇਨਿੰਗ, ਪੇਂਟਿੰਗ, ਅਕਾਊਂਟਿੰਗ, ਕੰਪਿਊਟਰ ਅਤੇ ਡਿਜ਼ੀਟਲ ਡਿਜ਼ਾਇਨਿੰਗ ਵਰਗੇ ਕੋਰਸਾਂ ਰਾਹੀਂ ਵਿਦਿਆਰਥਣਾਂ ਨੂੰ ਸਵੈ-ਰੋਜ਼ਗਾਰ ਵੱਲ ਪ੍ਰੇਰਿਤ ਕੀਤਾ ਜਾ ਰਿਹਾ ਹੈ। ਸ੍ਰ.ਬੈਂਸ ਨੇ ਵਿਦਿਆਰਥਣਾਂ ਨੂੰ ਅਪੀਲ ਕੀਤੀ ਕਿ ਮੋਬਾਈਲ ਅਤੇ ਸੋਸ਼ਲ ਮੀਡੀਆ ਦਾ ਸਹੀ ਇਸਤੇਮਾਲ ਕਰਕੇ ਆਪਣੇ ਉਤਪਾਦਾਂ ਨੂੰ ਆਨਲਾਈਨ ਪਲੇਟਫਾਰਮਾਂ ਰਾਹੀਂ ਮਾਰਕੀਟ ਤੱਕ ਪਹੁੰਚਾਇਆ ਜਾਵੇ।

ਸਿੱਖਿਆ ਮੰਤਰੀ ਨੇ ਦੱਸਿਆ ਕਿ ਵਿਭਾਗ ਵੱਲੋਂ ਖਾਸ ਟਰੇਨਰ ਭੇਜੇ ਜਾਣਗੇ, ਜੋ ਵਿਦਿਆਰਥੀਆਂ ਨੂੰ ਉਤਪਾਦ ਬਣਾਉਣ ਦੇ ਨਾਲ-ਨਾਲ ਉਹਨਾਂ ਨੂੰ ਵੇਚਣ ਦੀ ਕਲਾ ਵੀ ਸਿਖਾਉਣਗੇ। ਉਨ੍ਹਾਂ ਕਿਹਾ ਕਿ ਅਸਲ ਆਤਮ-ਵਿਸ਼ਵਾਸ ਸਰਟੀਫਿਕੇਟ ਨਾਲ ਨਹੀਂ, ਸਗੋਂ ਆਪਣੀ ਕਾਬਲੀਅਤ 'ਤੇ ਭਰੋਸਾ ਕਰਨ ਨਾਲ ਪੈਦਾ ਹੁੰਦਾ ਹੈ। ਉਨ੍ਹਾਂ ਨੇ ਹੋਣਹਾਰ ਵਿਦਿਆਰਥਣਾਂ ਕਾਮਨੀ ਅਤੇ ਅਮਨਦੀਪ ਦੀ ਪ੍ਰਸ਼ੰਸ਼ਾ ਕਰਦਿਆਂ ਕਿਹਾ ਕਿ ਇਹ ਵਿਦਿਆਰਥਣਾਂ ਨਾ ਸਿਰਫ਼ ਆਪਣੇ ਪਰਿਵਾਰਾਂ, ਸਗੋਂ ਪੂਰੇ ਇਲਾਕੇ ਦਾ ਨਾਮ ਰੋਸ਼ਨ ਕਰਨਗੀਆਂ।

ਸਿੱਖਿਆ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਵਿਦਿਆਰਥੀਆਂ ਨੂੰ ਰਵਾਇਤੀ ਸਿੱਖਿਆ ਦੇ ਨਾਲ ਨਾਲ ਭਵਿੱਖ ਸਵਾਰਨ ਦੇ ਮੌਕੇ ਦੇ ਰਹੀ ਹੈ, ਹੁਨਰ ਸਿਖਲਾਈ ਨੂੰ ਸਕੂਲ ਸਿੱਖਿਆ ਨਾਲ ਜੋੜਨ ਦਾ ਉਪਰਾਲਾ ਇਸ ਦਿਸ਼ਾਂ ਵਿਚ ਸ਼ਲਾਘਾਯੋਗ ਕਦਮ ਹੈ, ਜਿਸ ਨਾਲ ਵਿਦਿਆਰਥੀ ਸਵੈ ਨਿਰਭਰ ਹੋ ਕੇ ਹੋਰ ਆਤਮ ਵਿਸ਼ਵਾਸ਼ ਨਾਲ ਭਰ ਜਾਣਗੇ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਦੇ ਜੀਵਨ ਨੂੰ ਨਿਖਾਰਨ ਵਿੱਚ ਮਾਪਿਆਂ ਦੇ ਨਾਲ ਨਾਲ ਅਧਿਆਪਕਾਂ ਦੀ ਵੀ ਵੱਡੀ ਭੂਮਿਕਾ ਹੈ ਇਸ ਲਈ ਸਿੱਖਿਆ ਸੰਸਥਾਵਾਂ ਵਿਚ ਸੇਵਾਵਾ ਦੇ ਰਹੇ ਮਾਹਰ ਅਧਿਆਪਕ ਵਿਦਿਆਰਥੀਆਂ ਦੇ ਹੁਨਰ ਨੂੰ ਪਛਾਣ ਕੇ ਉਸ ਨੂੰ ਲਿਸ਼ਕਾਉਣ ਲਈ ਆਪਣਾ ਪੁਰਜੋਰ ਯਤਨ ਕਰਨ ਇਸ ਨਾਲ ਸਾਡੇ ਦੇਸ਼ ਦਾ ਭਵਿੱਖ ਹੋਰ ਸੁਨਹਿਰਾ ਹੋਵੇਗਾ

# ਸ਼੍ਰੋਮਣੀ ਅਕਾਲੀ ਦਲ ਖੇਤਰੀ ਪਾਰਟੀ ਹੀ ਵੋਟਾਂ ਦੀ ਹੱਕਦਾਰ



**ਸਨੌਰ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਰਾਜਿੰਦਰ ਸਿੰਘ ਵਿਰਕ ਨੇ ਕਿਹਾ ਹੈ ਕਿ ਸਨੌਰ ਹਲਕੇ ਵਿਚ ਜਿਹੜੀਆਂ ਸੀਟਾਂ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਦੇ ਫਾਰਮ ਪਾੜ ਦਿੱਤੇ ਗਏ ਸਨ ਜਾਂ ਦਾਖਲ ਨਹੀਂ ਹੋ ਸਕੇ ਸਨ।

ਤ ਉਹਨਾਂ ਸੀਟਾਂ 'ਤੇ ਅਕਾਲੀ ਦਲ ਪੁਨਰ ਸੁਰਜੀਤ ਦੇ ਉਮੀਦਵਾਰ ਅਕਾਲੀ ਦਲ ਦੀ ਵੋਟ ਨਾਲ ਜਿੱਤੇ ਹਨ।

ਗੱਲਬਾਤ ਕਰਦਿਆਂ ਰਾਜਿੰਦਰ ਸਿੰਘ ਵਿਰਕ ਨੇ ਕਿਹਾ ਕਿ ਜੇਕਰ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀਆਂ ਦੇ ਚੋਣ ਨਤੀਜਿਆਂ 'ਤੇ ਝਾਤ ਮਾਰੀ ਜਾਵੇ ਤਾਂ ਸਪਸ਼ਟ ਹੋ ਜਾਵੇਗਾ ਕਿ ਜਿਹੜੀਆਂ ਸੀਟਾਂ 'ਤੇ ਅਕਾਲੀ ਦਲ ਦੇ ਉਮੀਦਵਾਰ ਖੜ੍ਹੇ ਸਨ, ਉਥੇ ਪੁਨਰ ਸੁਰਜੀਤ ਦਲ ਚੌਥੇ ਸਥਾਨ 'ਤੇ ਰਿਹਾ ਹੈ। ਉਹਨਾਂ ਕਿਹਾ ਕਿ ਉਹ ਕਿਸੇ ਵਿਅਕਤੀ ਵਿਸ਼ੇਸ਼ ਦਾ ਨਾਂ ਨਹੀਂ ਲੈਣਾ ਚਾਹੁੰਦੇ ਪਰ ਕੁਝ ਆਗੂਆਂ ਨੇ ਅਕਾਲੀ ਸਮਰਥਕਾਂ ਨੂੰ ਇਹ ਕਹਿ ਕੇ ਵੋਟ ਪਾਉਣ ਲਈ ਰਾਜ਼ੀ ਕੀਤਾ ਸੀ ਕਿ ਸਾਡੀ ਸ਼੍ਰੋਮਣੀ ਅਕਾਲੀ ਦਲ ਵਿਚ ਵਾਪਸੀ ਹੋ ਰਹੀ ਹੈ ਤੇ ਇਸ ਲਈ ਤੁਸੀਂ ਵੋਟਾਂ ਸਾਨੂੰ ਹੀ ਪਾਓ। ਉਹਨਾਂ ਕਿਹਾ ਕਿ ਜੇਕਰ ਅੱਜ ਇਹ ਆਗੂ ਜਿੱਤ ਦੇ ਦਾਅਵੇ ਕਰਦੇ ਹਨ ਤਾਂ ਇਹ ਚੇਤੇ ਰੱਖਣ ਕਿ ਸਿਰਫ ਅਕਾਲੀ ਦਲ ਦੀਆਂ ਵੋਟਾਂ ਨਾਲ ਹੀ ਇਹਨਾਂ ਦੇ ਉਮੀਦਵਾਰ ਜਿੱਤੇ ਹਨ।

ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਹਰ ਆਗੂ ਤੇ ਵਰਕਰ ਆਪਣੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੇ ਨਾਲ ਸੀ, ਹੈ ਤੇ ਹਮੇਸ਼ਾ ਰਹੇਗਾ ਤੇ ਪੂਰਾ ਡੱਟ ਕੇ ਉਹਨਾਂ ਦਾ ਸਾਥ ਦੇਵੇਗਾ। ਉਹਨਾਂ ਕਿਹਾ ਕਿ ਅਕਾਲੀ ਦਲ ਨੂੰ ਮਿਲੀਆਂ ਵੋਟਾਂ ਤੋਂ ਸਪਸ਼ਟ ਹੈ ਕਿ 2027 ਵਿਚ ਮੌਜੂਦਾ ਸਰਕਾਰ ਤੇ ਸ਼੍ਰੋਮਣੀ ਅਕਾਲੀ ਦਲ ਵਿਚਾਲੇ ਹੀ ਮੁੱਖ ਮੁਕਾਬਲਾ ਹੋਵੇਗਾ ਜਿਸ ਵਿਚ ਸ਼੍ਰੋਮਣੀ ਅਕਾਲੀ ਦਲ ਦੀ ਲਾਮਿਸਾਲ ਜਿੱਤ ਹੋਵੇਗੀ।

ਇਸ ਮੌਕੇ 'ਤੇ ਉਹਨਾਂ ਦੇ ਨਾਲ ਜਿਲਾ ਪ੍ਰੀਸ਼ਦ ਬਹਾਦੁਰਗੜ ਤੋਂ ਰਾਜਵੀਰ ਸਿੰਘ ਹਾਜ਼ਰ ਸਨ।

# ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਵਿਖੇ ਟੇਰੀਟੋਰਿਅਲ ਆਰਮੀ ਅਤੇ ਰੀਲੇਸ਼ਨ ਦੀ ਲਿਖਤੀ ਪ੍ਰੀਖਿਆ ਲਈ ਮੁਫਤ ਸਿਖਲਾਈ ਦਿੱਤੀ ਜਾਵੇਗੀ

**ਗੁਰਦਾਸਪੁਰ,22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਪੰਜਾਬ ਸਰਕਾਰ ਦੇ ਅਦਾਰੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਵੱਲੋਂ ਜਿਲ੍ਹਾ ਗੁਰਦਾਸਪੁਰ, ਪਠਾਨਕੋਟ ਅਤੇ ਅੰਮ੍ਰਿਤਸਰ ਦੇ ਯੁਵਕਾਂ ਲਈ ਟੈਰੀਟੋਰਿਅਲ ਆਰਮੀ ਅਤੇ ਗੀਲੇਸ਼ਨ ਦੀ ਲਿਖਤੀ ਪ੍ਰੀਖਿਆ ਲਈ ਕੈਂਪ ਵਿੱਚ ਦਾਖਲਾ ਸ਼ੁਰੂ ਹੈ।

ਸੂਬੇਦਾਰ ਗੁਰਨਾਮ ਸਿੰਘ (ਟ੍ਰੇਨਿੰਗ ਅਧਿਕਾਰੀ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਨਾਂ ਯੁਵਕਾਂ ਨੇ ਟੈਰੀਟੋਰਿਅਲ ਆਰਮੀ ਅਤੇ ਗੀਲੇਸ਼ਨ ਦੀ ਸ਼ਰੀਰਕ ਅਤੇ ਮੈਡੀਕਲ ਪ੍ਰੀਖਿਆ ਪਾਸ ਕੀਤੀ ਹੈ ਉਹਨਾਂ ਦੀ ਲਿਖਤੀ ਪੇਪਰ ਦੀ ਤਿਆਰੀ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਵਿਖੇ ਮੁਫਤ ਕਰਵਾਈ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਿਖਲਾਈ ਦੌਰਾਨ ਯੁਵਕਾਂ ਨੂੰ ਮੁਫ਼ਤ ਰਿਹਾਇਸ਼ ਅਤੇ ਖਾਣਾ ਮੁਹੱਈਆ ਕਰਵਾਇਆ ਜਾਵੇਗਾ।

ਚਾਹਵਾਨ ਯੁਵਕ ਆਪਣੇ ਸਾਰੇ ਅਸਲ ਸਰਟੀਫਿਕੇਟ ਤੇ ਉਹਨਾਂ ਦੀਆਂ 2-2 ਫੋਟੋਕਾਪੀਆਂ ਅਤੇ 4 ਪਾਸਪੋਰਟ ਸਾਈਜ਼ ਫੋਟੋਆਂ ਲੈ ਕੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ( ਗੁਰਦਾਸਪੁਰ ) ਵਿੱਚ ਰਿਪੋਰਟ ਕਰ ਸਕਦੇ ਹਨ ।

ਵਧੇਰੇ ਜਾਣਕਾਰੀ ਲਈ 62830- 31125, 94647-56808, 94174-20125,84374- 42966 ਨੰਬਰਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਪਾਕਿਸਤਾਨ ਨੇ ਚਨਾਬ ਵਿੱਚ ਪਾਣੀ ਛੱਡਣ ਦੇ ਮਾਮਲੇ 'ਤੇ ਭਾਰਤ ਤੋਂ ਸਪੱਸ਼ਟੀਕਰਨ ਮੰਗਿਆ

**ਇਸਲਾਮਾਬਾਦ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪਾਕਿਸਤਾਨ ਨੇ ਚਨਾਬ ਦੇ ਵਹਾਅ ਵਿੱਚ ਇਕਦਮ ਹੋਏ ਬਦਲਾਅ 'ਤੇ ਚਿੰਤਾ ਪ੍ਰਗਟ ਕਰਦੇ ਹੋਏ ਕਿਹਾ ਕਿ ਉਸ ਨੇ ਭਾਰਤ ਨੂੰ ਇੱਕ ਪੱਤਰ ਲਿਖ ਕੇ ਸਪੱਸ਼ਟੀਕਰਨ ਮੰਗਿਆ ਹੈ। ਪਾਕਿਸਤਾਨ ਨੇ ਕਿਹਾ ਹੈ ਕਿ ਭਾਰਤ ਨੇ ਚਨਾਬ ਵਿਚ ਬਿਨਾਂ ਕੋਈ ਸੂਚਨਾ ਦਿੱਤੇ ਪਾਣੀ ਛੱਡ ਦਿੱਤਾ ਹੈ।

ਵਿਦੇਸ਼ ਦਫ਼ਤਰ ਦੇ ਬੁਲਾਰੇ ਤਾਹਿਰ ਅੰਦਰਾਬੀ ਨੇ ਹਫਤਾਵਾਰੀ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕਿਹਾ, 'ਸਾਡੇ ਜਲ ਕਮਿਸ਼ਨਰ ਨੇ ਆਪਣੇ ਭਾਰਤੀ ਹਮਰੁਤਬਾ ਨੂੰ ਪੱਤਰ ਲਿਖ ਕੇ ਸਿੰਧੂ ਜਲ ਸੰਧੀ ਵਿੱਚ ਦਰਜ ਪ੍ਰਕਿਰਿਆਵਾਂ ਦਾ ਪਾਲਣ ਕਰਨ ਦੇ ਮਾਮਲੇ 'ਤੇ ਸਪੱਸ਼ਟੀਕਰਨ ਮੰਗਿਆ ਹੈ। ਅਸੀਂ ਭਾਰਤ ਨੂੰ ਪਾਕਿਸਤਾਨੀ ਸਿੰਧੂ ਜਲ ਕਮਿਸ਼ਨਰ ਵਲੋਂ ਚੁੱਕੇ ਗਏ ਸਵਾਲਾਂ ਦਾ ਜਵਾਬ ਦੇਣ, ਦਰਿਆ ਦੇ ਵਹਾਅ ਵਿੱਚ ਆਈ ਤਬਦੀਲੀ ਅਤੇ ਸਿੰਧੂ ਜਲ ਸੰਧੀ ਦੇ ਉਪਬੰਧਾਂ ਤਹਿਤ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰਾ ਕਰਨ ਦੀ ਅਪੀਲ ਕਰਦੇ ਹਾਂ।'ਦੱਸਣਾ ਬਣਦਾ ਹੈ ਕਿ 22 ਅਪਰੈਲ ਨੂੰ ਪਹਿਲਗਾਮ ਦਹਿਸ਼ਤੀ ਹਮਲੇ ਤੋਂ ਇੱਕ ਦਿਨ ਬਾਅਦ ਭਾਰਤ ਨੇ ਪਾਕਿਸਤਾਨ ਨਾਲ 1960 ਦੀ ਸਿੰਧੂ ਜਲ ਸੰਧੀ ਨੂੰ ਮੁਲਤਵੀ ਕਰ ਦਿੱਤਾ ਸੀ।

ਦੂਜੇ ਪਾਸੇ ਪਾਕਿਸਤਾਨ ਦੀ ਟਿੱਪਣ ਤੋਂ ਬਾਅਦ ਭਾਰਤ ਵਲੋਂ ਫੌਰੀ ਕੋਈ ਪ੍ਰਤੀਕਿਰਿਆ ਸਾਹਮਣੇ ਨਹੀਂ ਆਈ। ਇਸ ਤੋਂ ਪਹਿਲਾਂ ਪਾਕਿਸਤਾਨ ਨੇ ਭਾਰਤ ਨੂੰ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰਨ ਦੇ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ ਸੀ। ਪਾਕਿਸਤਾਨ ਨੇ ਕਿਹਾ ਸੀ ਕਿ 1960 ਦੀ ਸੰਧੀ ਰਾਹੀਂ ਨਿਯੰਤ੍ਰਿਤ ਕੀਤੇ ਜਾ ਰਹੇ ਪਾਣੀ 'ਤੇ ਦੇਸ਼ ਦੇ ਕਰੋੜਾਂ ਲੋਕ ਨਿਰਭਰ ਹਨ। ਭਾਰਤ ਨੇ ਪਹਿਲਗਾਮ ਦਹਿਸ਼ਤੀ ਹਮਲੇ ਤੋਂ ਇਕ ਦਿਨ ਬਾਅਦ 23 ਅਪਰੈਲ ਨੂੰ ਸੁਰੱਖਿਆ ਬਾਰੇ ਕੈਬਨਿਟ ਕਮੇਟੀ (ਸੀਸੀਐਸ) ਦੇ ਫੈਸਲੇ ਦੇ ਆਧਾਰ 'ਤੇ ਸੰਧੀ ਨੂੰ ਮੁਅੱਤਲ ਕਰ ਦਿੱਤਾ ਸੀ। ਇਸ ਹਮਲੇ ਵਿਚ 26 ਭਾਰਤੀ ਮਾਰੇ ਗਏ ਸਨ।

## 10 ਲੱਖ ਤੋਂ ਵੱਧ ਦੇ ਵਿਕਾਸ ਕਾਰਜਾਂ ਦੀ ਹੁਣ ਲਾਜ਼ਮੀ ਹੋਵੇਗੀ ਥਰਡ ਪਾਰਟੀ ਆਡਿਟ

# ਗੁਣਵੱਤਾ ਯਕੀਨੀ ਬਣਾਉਣ ਮਗਰੋਂ ਹੀ ਹੋਵੇਗੀ ਠੇਕੇਦਾਰਾਂ ਨੂੰ ਅਦਾਇਗੀ: ਮੇਅਰ ਕੁੰਦਨ ਗੋਗੀਆ



**ਪਟਿਆਲਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਪਟਿਆਲਾ ਦੇ ਰਾਹੀਂ ਹੋ ਰਹੇ ਵਿਕਾਸ ਕਾਰਜਾਂ ਦੀ ਗੁਣਵੱਤਾ ਨੂੰ ਪੂਰੀ ਤਰ੍ਹਾਂ ਯਕੀਨੀ ਬਣਾਉਣ ਲਈ ਮੇਅਰ ਕੁੰਦਨ ਗੋਗੀਆ ਵੱਲੋਂ ਇੱਕ ਅਹਿਮ ਫੈਸਲਾ ਲਿਆ ਗਿਆ ਹੈ। ਇਸ ਤਹਿਤ 10 ਲੱਖ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਸਾਰੇ ਸਿਵਲ ਵਿਕਾਸ ਕੰਮਾਂ ਦੀ ਥਰਡ ਪਾਰਟੀ ਆਡਿਟ ਕਰਵਾਉਣ ਲਈ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਹ ਮੀਟਿੰਗ ਨਗਰ ਨਿਗਮ ਦਫ਼ਤਰ ਵਿੱਚ ਨਿਗਰਾਨ ਇੰਜੀਨੀਅਰ ਰਾਜਿੰਦਰ ਚੋਪੜਾ ਅਤੇ ਨਿਗਰਾਨ ਇੰਜੀਨੀਅਰ ਜਤਿੰਦਰਪਾਲ ਸਿੰਘ ਅਤੇ ਹੋਰ ਉੱਚ ਅਧਿਕਾਰੀਆਂ ਨਾਲ ਹੋਈ।

ਮੀਟਿੰਗ ਦੌਰਾਨ ਮੇਅਰ ਕੁੰਦਨ ਗੋਗੀਆ ਨੇ ਸਪਸ਼ਟ ਕੀਤਾ ਕਿ ਨਿਗਮ ਦੇ ਪੈਸੇ ਨਾਲ ਹੋਣ ਵਾਲੇ ਹਰ ਵਿਕਾਸ ਕੰਮ ਵਿੱਚ ਪਾਰਦਰਸ਼ਤਾ, ਮਜ਼ਬੂਤੀ ਅਤੇ ਮਿਆਰੀ ਗੁਣਵੱਤਾ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਹੁਣ 10 ਲੱਖ ਰੁਪਏ ਤੋਂ ਵੱਧ ਦੇ ਸਿਵਲ ਕੰਮਾਂ ਦੀ ਅਦਾਇਗੀ ਕਰਨ ਤੋਂ ਪਹਿਲਾਂ ਥਰਡ ਪਾਰਟੀ ਆਡਿਟ ਲਾਜ਼ਮੀ ਹੋਵੇਗੀ ਅਤੇ ਇਸ ਸਬੰਧੀ ਕੁਟੇਸ਼ਨਾਂ ਕਾਲ ਕੀਤੀਆਂ ਜਾ ਚੁੱਕੀਆਂ ਹਨ।

ਨਿਗਰਾਨ ਇੰਜੀਨੀਅਰਾਂ ਨੇ ਮੇਅਰ ਨੂੰ ਦੱਸਿਆ ਕਿ ਥਰਡ ਪਾਰਟੀ ਆਡਿਟ ਦੀ ਪ੍ਰਕਿਰਿਆ ਸ਼ੁਰੂ ਕਰਨ ਨਾਲ ਵਿਕਾਸ ਕਾਰਜਾਂ ਦੀ ਤਕਨੀਕੀ ਜਾਂਚ, ਮਟੀਰੀਅਲ ਦੀ ਗੁਣਵੱਤਾ ਅਤੇ ਨਿਰਧਾਰਿਤ ਮਾਪਦੰਡਾਂ ਦੀ ਪਾਲਣਾ ਨੂੰ ਪਰਖਿਆ ਜਾਵੇਗਾ। ਆਡਿਟ ਏਜੰਸੀ ਵੱਲੋਂ ਕੰਮ ਨੂੰ ਸਹੀ ਅਤੇ ਮਿਆਰੀ ਪਾਏ ਜਾਣ ਉਪਰੰਤ ਹੀ ਸਬੰਧਤ ਠੇਕੇਦਾਰ ਨੂੰ ਭੁਗਤਾਨ ਕੀਤਾ ਜਾਵੇਗਾ।

ਮੇਅਰ ਨੇ ਦੱਸਿਆ ਕਿ ਨਗਰ ਨਿਗਮ ਪਟਿਆਲਾ ਵਿੱਚ ਥਰਡ ਪਾਰਟੀ ਆਡਿਟ ਦੀ ਪ੍ਰਕਿਰਿਆ ਕਾਫੀ ਸਮੇਂ ਤੋਂ ਬੰਦ ਪਈ ਸੀ, ਜਿਸ ਨੂੰ ਹੁਣ ਮੁੜ ਸ਼ੁਰੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਫੈਸਲੇ ਨਾਲ ਨਾ ਸਿਰਫ਼ ਘੱਟ ਗੁਣਵੱਤਾ ਵਾਲੇ ਕੰਮਾਂ 'ਤੇ ਰੋਕ ਲੱਗੇਗੀ, ਸਗੋਂ ਲੋਕਾਂ ਦਾ ਨਿਗਮ 'ਤੇ ਭਰੋਸਾ ਵੀ ਮਜ਼ਬੂਤ ਹੋਵੇਗਾ।

ਉਨ੍ਹਾਂ ਸਪਸ਼ਟ ਸ਼ਬਦਾਂ ਵਿੱਚ ਕਿਹਾ ਕਿ ਵਿਕਾਸ ਦੇ ਨਾਂ 'ਤੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮੇਅਰ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਥਰਡ ਪਾਰਟੀ ਆਡਿਟ ਦੀ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ ਹੋਵੇ ਅਤੇ ਹਰ ਕੰਮ ਦੀ ਰਿਪੋਰਟ ਦਸਤਾਵੇਜ਼ੀ ਰੂਪ ਵਿੱਚ ਸੰਭਾਲੀ ਜਾਵੇ।

ਮੀਟਿੰਗ ਦੇ ਅੰਤ 'ਤੇ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਨਗਰ ਨਿਗਮ ਦਾ ਮੁੱਖ ਮਕਸਦ ਪਟਿਆਲਾ ਸ਼ਹਿਰ ਨੂੰ ਸੁੰਦਰ, ਮਜ਼ਬੂਤ ਅਤੇ ਆਧੁਨਿਕ ਬਣਾਉਣਾ ਹੈ ਅਤੇ ਇਸ ਲਈ ਹਰ ਇਕ ਰੁਪਏ ਦੀ ਸਹੀ ਵਰਤੋਂ ਯਕੀਨੀ ਬਣਾਈ ਜਾਵੇਗੀ।

# ਹਲਕਾ ਸਨੌਰ ਤੋਂ ਜਿੱਤੇ ਉਮੀਦਵਾਰਾਂ ਨੂੰ ਮੇਅਰ ਨੇ ਦਿੱਤੀਆਂ ਮੁਬਾਰਕਾਂ



**ਪਟਿਆਲਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਸਨੌਰ ਤੋਂ ਚੋਣਾਂ ਵਿੱਚ ਜਿੱਤ ਹਾਸਲ ਕਰਨ ਵਾਲੇ ਉਮੀਦਵਾਰਾਂ ਨੂੰ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਨੇ ਦਿਲੋਂ ਮੁਬਾਰਕਾਂ ਦਿੰਦਿਆਂ ਕਿਹਾ ਹੈ ਕਿ ਇਹ ਜਿੱਤ ਆਮ ਆਦਮੀ ਪਾਰਟੀ ਸਰਕਾਰ ਦੇ ਲੋਕ-ਪੱਖੀ ਕੰਮਾਂ ਅਤੇ ਨੀਤੀਆਂ 'ਤੇ ਲੋਕਾਂ ਦੇ ਭਰੋਸੇ ਦਾ ਸਪਸ਼ਟ ਪ੍ਰਮਾਣ ਹੈ। ਮੇਅਰ ਨੇ ਕਿਹਾ ਕਿ ਹਲਕਾ ਸਨੌਰ ਦੇ ਵੋਟਰਾਂ ਨੇ ਹਲਕਾ ਇੰਚਾਰਜ ਸਨੌਰ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਵਿਚ ਚੱਲ ਰਹੇ ਵਿਕਾਸ, ਇਮਾਨਦਾਰ ਪ੍ਰਸ਼ਾਸਨ ਅਤੇ ਪਾਰਦਰਸ਼ਤਾ ਨੂੰ ਤਰਜੀਹ ਦਿੰਦਿਆਂ ਸਹੀ ਫ਼ੈਸਲਾ ਕੀਤਾ ਹੈ। ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੇ ਸਮੇਂ ਦੌਰਾਨ ਸਿੱਖਿਆ, ਸਿਹਤ, ਸਫ਼ਾਈ, ਬੁਨਿਆਦੀ ਢਾਂਚੇ ਅਤੇ ਸਮਾਜਕ ਕਲਿਆਣ ਦੇ ਖੇਤਰਾਂ ਵਿੱਚ ਕਈ ਅਹਿਮ ਕਦਮ ਚੁੱਕੇ ਹਨ। ਇਨ੍ਹਾਂ ਕਦਮਾਂ ਦਾ ਲਾਭ ਸਿੱਧਾ ਆਮ ਲੋਕਾਂ ਤੱਕ ਪਹੁੰਚਿਆ ਹੈ, ਜਿਸ ਕਾਰਨ ਲੋਕਾਂ ਨੇ ਭਾਰੀ ਮਤਾਂ ਨਾਲ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾਇਆ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਸਨੌਰ ਹਲਕੇ ਵਿੱਚ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਵਿਚ ਵਿਕਾਸ ਕਾਰਜਾਂ ਦੀ ਰਫ਼ਤਾਰ ਹੋਰ ਤੇਜ਼ ਹੋਵੇਗੀ ਅਤੇ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਮੇਅਰ ਨੇ ਜਿੱਤੇ ਹੋਏ ਉਮੀਦਵਾਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕਰਨ ਅਤੇ ਹਲਕੇ ਦੇ ਵਿਕਾਸ ਲਈ ਇਕਜੁੱਟ ਹੋ ਕੇ ਕੰਮ ਕਰਨ। ਉਨ੍ਹਾਂ ਕਿਹਾ ਕਿ ਜਨਤਾ ਨੇ ਜਿਸ ਭਰੋਸੇ ਨਾਲ ਉਮੀਦਵਾਰਾਂ ਨੂੰ ਜਿਤਾਇਆ ਹੈ, ਉਸ 'ਤੇ ਖਰਾ ਉਤਰਨਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਅੰਤ ਵਿੱਚ ਮੇਅਰ ਕੁੰਦਨ ਗੋਗੀਆ ਨੇ ਸਨੌਰ ਹਲਕੇ ਦੇ ਸਮੂਹ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜਿੱਤ ਸਿਰਫ਼ ਉਮੀਦਵਾਰਾਂ ਦੀ ਨਹੀਂ, ਸਗੋਂ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਜਨ-ਹਿਤੀ ਸੋਚ ਦੀ ਜਿੱਤ ਹੈ।

ਇਸ ਮੌਕੇ ਉਨ੍ਹਾਂ ਨਾਲ ਭੂਸ਼ਣ ਕੁਮਾਰ, ਰਵੀ ਮਲਹੋਤਰਾ, ਮਨਬੀਰ ਸਿੰਘ, ਕੇਸ਼ਵ, ਤੁਸ਼ਾਰ, ਰਾਜਿੰਦਰ ਕੁਮਾਰ ਸੈਕਟਰੀ ਮੇਅਰ, ਲਵਿਸ਼ ਚੁੱਘ ਪੀ ਏ, ਲੱਕੀ ਲਹਿਲ ਪੀ ਏ, ਰਣਬੀਰ ਸਹੋਤਾ ਅਤੇ ਹੋਰ ਪਾਰਟੀ ਵਰਕਰ ਵਿਸ਼ੇਸ਼ ਤੌਰ ਤੇ ਮੌਜੂਦ ਸਨ.

# ਮਾਤਨਹੇਲ ਕਾਲਜ ਦੀ ਬਿਲਡਿੰਗ ਦੀ ਕਰਵਾਈ ਜਾਵੇਗੀ ਪੂਰੀ ਜਾਂਚ, ਜੋ ਵੀ ਦੋਸ਼ੀ ਹੋਵੇਗਾ, ਉਸ ਦੇ ਖਿਲਾਫ ਕੀਤੀ ਜਾਵੇਗੀ ਕਾਰਵਾਈ : ਮੁੱਖ ਮੰਤਰੀ

**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਾਤਨਹੇਲ ਕਾਲਜ ਦੀ ਬਿਲਡਿੰਗ ਕਦੋਂ ਬਣੀ, ਉਸ ਦੀ ਪੂਰੀ ਜਾਂਚ ਕਰਵਾਈ ਜਾਵੇਗੀ। ਜਦੋਂ ਬਿਲਡਿੰਗ ਬਣਾਈ ਗਈ, ਉਸ ਸਮੇਂ ਉਸ ਦੇ ਕੀ ਮਾਨਦੰਡ ਰਹੇ ਅਤੇ ਕੀ ਨਿਰਮਾਣ ਸਮੱਗਰੀ ਵਰਤੀ ਹੋਵੇਗੀ। ਜਾਂਚ ਬਾਅਦ ਜੋ ਵੀ ਦੋਸ਼ੀ ਹੋਵੇਗਾ, ਉਸ ਦੇ ਖਿਲਾਫ ਕਾਰਵਾਈ ਕੀਤੀ ਜਾਵੇਗੀ।ਮੁੱਖ ਮੰਤਰੀ ਵੀਰਵਾਰ ਨੂੰ ਹਰਿਆਣਾ ਵਿਧਾਨਸਭਾ ਦੇ ਸਰਦੀ ਰੁੱਤ ਸੈਸ਼ਨ ਦੇ ਪਹਿਲੇ ਦਿਨ ਵਿਧਾਇਕ ਸ੍ਰੀਮਤੀ



ਗੀਤਾ ਭੁੱਕਲ ਵੱਲੋਂ ਪੁੱਛੇ ਗਏ ਇੱਕ ਸੁਆਲ ਦਾ ਜਵਾਬ ਦੇ ਰਹੇ ਸਨ।ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਿਖਿਆ ਮੰਤਰੀ ਨੇ ਵੱਡਾ ਦਿੱਲ ਦਿਖਾਉਂਦੇ ਹੋਏ ਕਿਹਾ ਹੈ ਕਿ ਉਹ ਵਿਧਾਇਕ ਸ੍ਰੀਮਤੀ ਗੀਤਾ ਭੁੱਕਲ ਜੀ ਨੂੰ ਨਾਲ ਲੈ ਕੇ ਮੌਕੇ 'ਤੇ ਜਾਣਗੇ ਅਤੇ ਜੇਕਰ ਕਿਸੇ ਨੇ ਕੋਈ ਕੋਤਾਹੀ ਵਰਤੀ ਹੋਵੇਗੀ ਤਾਂ ਉਸ ਦੇ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਵਿਭਾਗ ਵੱਲੋਂ ਮਾਨਦੰਡਾਂ ਦੇ ਅਨੁਸਾਰ ਹਰ ਬਿਲਡਿੰਗ ਦੀ ਇੱਕ ਲਾਇਫ ਤੈਅ ਕੀਤੀ ਜਾਂਦੀ ਹੈ। ਇਸ ਲਈ ਸਰਕਾਰ ਜਾਂਚ ਕਰਵਾਏਗੀ ਕਿ ਇਹ ਬਿਲਡਿੰਗ ਕਦੋਂ ਬਣੀ, ਕੀ ਨਿਰਮਾਣ ਸਮੱਗਰੀ ਵਰਤੀ ਹੋਈ ਅਤੇ ਜੋ ਵੀ ਦੋਸ਼ੀ ਹੋਵੇਗਾ ਉਸ ਦੇ ਖਿਲਾਫ ਕਾਰਵਾਈ ਕੀਤੀ ਜਾਵੇਗੀ।

# ਸ਼ੈਸ਼ਨ ਦੌਰਾਨ ਮੌਤ ਨੂੰ ਪ੍ਰਾਪਤ ਹੋਏ ਮਹਾਨ ਵਿਭੂਤਿਆਂ, ਸੁਤੰਤਰਤਾ ਸੈਨਾਨੀ ਅਤੇ ਸ਼ਹੀਦ ਜਵਾਨਾਂ ਦੇ ਸਨਮਾਨ ਵਿੱਚ ਸ਼ੋਕ ਪ੍ਰਸਤਾਵ ਪੜ੍ਹੇ ਗਏ

**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਵਿਧਾਨਸਭਾ ਸ਼ੈਸ਼ਨ ਦੇ ਪਹਿਲੇ ਦਿਨ ਸਦਨ ਵਿੱਚ ਪਿਛਲੇ ਸ਼ੈਸ਼ਨ ਅਤੇ ਇਸ ਸ਼ੈਸ਼ਨ ਦੌਰਾਨ ਮੌਤ ਨੂੰ ਪ੍ਰਾਪਤ ਹੋਏ ਮਹਾਨ ਵਿਭੂਤੀਆਂ, ਸੁਤੰਤਰਤਾ ਸੈਨਾਨੀ ਅਤੇ ਸ਼ਹੀਦ ਜਵਾਨਾਂ ਦੇ ਸਨਮਾਨ ਵਿੱਚ ਸ਼ੋਕ ਪ੍ਰਸਤਾਵ ਪੜ੍ਹੇ ਗਏ ਅਤੇ ਸ਼ੋਕ ਵਿੱਚ ਡੁੱਬੇ ਪਰਿਵਾਰਾਂ ਦੇ ਮੈਂਬਰਾਂ ਪ੍ਰਤੀ ਦਿਲੋਂ ਸੰਵੇਦਨਾ ਵਿਅਕਤ ਕੀਤੀ ਗਈ।

ਸਭ ਤੋਂ ਪਹਿਲਾਂ ਸਦਨ ਦੇ ਨੇਤਾ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸ਼ੋਕ ਪ੍ਰਸਤਾਵ ਪੜ੍ਹੇ। ਇਸ ਦੇ ਇਲਾਵਾ, ਵਿਧਾਨਸਭਾ ਸਪੀਕਰ ਸ੍ਰੀ ਹਰਵਿੰਦਰ ਕਲਿਆਣ, ਨੇਤਾ ਵਿਧੀਰ ਸ੍ਰੀ ਭੂਪੇਂਦਰ ਸਿੰਘ ਹੁੱਡਾ ਅਤੇ ਸ੍ਰੀ ਆਦਿਤਿਆ ਦੇਵੀ ਲਾਲ ਨੇ ਆਪਣੀ ਪਾਰਟੀ ਵਲੋਂ ਸ਼ੋਕ ਪ੍ਰਸਤਾਵ ਪਢ ਕੇ ਸ਼ਰਧਾਂਜਲੀ ਦਿੱਤੀ। ਸਦਨ ਦੇ ਸਾਰੇ ਮੈਂਬਰਾਂ, ਅਧਿਕਾਰਿਆਂ, ਮੀਡੀਆ ਅਤੇ ਸਦਨ ਵਿੱਚ ਮੌਜੂਦ ਸਾਰੇ ਕਰਮਚਾਰਿਆਂ ਨੇ ਖੜੇ ਹੋ ਕੇ ਦੋ ਮਿਨਟ ਦਾ ਮੌਨ ਰੱਖਿਆ ਅਤੇ ਵਿਛੜੀ ਰੂਹਾਂ ਦੀ ਸ਼ਾਂਤੀ ਲਈ ਪ੍ਰਾਥਨਾ ਵੀ ਕੀਤੀ।

ਸਦਨ ਵਿੱਚ ਜਿਨ੍ਹਾਂ ਦੇ ਸ਼ੋਕ ਪ੍ਰਸਤਾਵ ਪੱਢੇ ਗਏ ਉਸ ਵਿੱਚ ਮਿਜ਼ੋਰਮ ਦੇ ਸਾਬਕਾ ਰਾਜਪਾਲ ਸ੍ਰੀ ਸਵਰਾਜ ਕੌਸ਼ਲ, ਸਾਬਕਾ ਗ੍ਰਹਿ ਮੰਤਰੀ ਸ੍ਰੀ ਸ਼ਿਵਰਾਜ ਪਾਟਿਲ, ਹਰਿਆਣਾ ਦੇ ਸਾਬਕਾ ਰਾਜਮੰਤਰੀ ਸ੍ਰੀ ਖਰੈਤੀ ਲਾਲ ਸ਼ਰਮਾ ਅਤੇ ਚੌਧਰੀ ਸਾਹਿਬ ਸਿੰਘ ਸੈਣੀ ਸ਼ਾਮਲ ਹਨ।

ਸਦਨ ਵਿੱਚ ਹਿੰਮਤ ਅਤੇ ਬਹਾਦਰੀ ਵਿਖਾਉਂਦੇ ਹੋਏ ਮਾਤਰਭੂਮਿ ਦੀ ਏਕਤਾ ਅਤੇ ਅਖੰਡਤਾ ਦੀ ਰੱਖਿਆ ਕਰਦੇ ਹੋਏ ਸਰਵੋਚ ਬਲਿਦਾਨ ਦੇਣ ਵਾਲੇ ਹਰਿਆਣਾ ਦੇ 26 ਵੀਰ ਸੈਨਿਕਾਂ ਦੀ ਸ਼ਹੀਦੀ 'ਤੇ ਵੀ ਸ਼ੋਕ ਵਿਅਕਤ ਕੀਤਾ ਗਿਆ। ਇਨ੍ਹਾਂ ਵੀਰ ਸ਼ਹੀਦਾਂ ਵਿੱਚ ਜ਼ਿਲ੍ਹਾ ਗੁਰੂਗ੍ਰਾਮ ਦੇ ਪਿੰਡ ਭਾਂਗਰੋਲਾ ਦੇ ਸੂਬੇਦਾਰ ਨਰੇਸ਼ ਕੁਮਾਰ, ਜ਼ਿਲ੍ਹਾ ਰੋਹਤਕ ਦੇ ਪਿੰਡ ਚੁਲਿਆਨਾ ਦੇ ਸੂਬੇਦਾਰ ਜੈਪਾਲ, ਜ਼ਿਲ੍ਹਾ ਮਹਿੰਦਰਗੜ੍ਹ ਦੇ ਪਿੰਡ ਭਾਂਡੋਰ ਨੀਚੀ ਦੇ ਸੂਬੇਦਾਰ ਕ੍ਰਿਸ਼ਣ ਕੁਮਾਰ, ਜ਼ਿਲ੍ਹਾ ਚਰਖੀ ਦਾਦਰੀ ਦੇ ਪਿੰਡ ਘਸੋਲਾ ਦੇ ਹਵਲਦਾਰ ਸਤੀਸ਼ ਕੁਮਾਰ, ਜ਼ਿਲ੍ਹਾ ਚਰਖੀ ਦਾਦਰੀ ਦੇ ਪਿੰਡ ਚਰਖੀ ਦੇ ਹਵਲਦਾਰ ਰਵਿੰਦਰ ਸਾਂਗਵਾਨ, ਜ਼ਿਲ੍ਹਾ ਝੱਜਰ ਦੇ ਪਿੰਡ ਸਿਲਾਨੀ ਕੇਸ਼ੋ ਦੇ ਹਵਲਦਾਰ ਵਿਜੇਂਦਰ ਸਿੰਘ, ਜ਼ਿਲ੍ਹਾ ਹਿਸਾਰ ਦੇ ਪਿੰਡ



ਖਾਂਡਾਖੇੜੀ ਦੇ ਹਵਲਦਾਰ ਪਵਨ ਸਿੰਘ,ਜ਼ਿਲ੍ਹਾ ਝੱਜਰ ਦੇ ਪਿੰਡ ਮਾਜਰਾ (ਦੁਬਲਧਨ) ਦੇ ਹਵਲਦਾਰ ਜੈਵੀਰ ਸਿੰਘ, ਜ਼ਿਲ੍ਹਾ ਹਿਸਾਰ ਦੇ ਪਿੰਡ ਬੁਰਾਨਾ ਦੇ ਹਵਲਦਾਰ ਕਰਮਬੀਰ ਸਿੰਘ, ਜ਼ਿਲ੍ਹਾ ਕੈਥਲ ਦੇ ਕਲਾਇਤ ਦੇ ਨਾਇਕ ਪੰਕਜ ਰਾਣਾ, ਜ਼ਿਲ੍ਹਾ ਜੀਂਦ ਦੇ ਪਿੰਡ ਜਾਜਨਵਾਲਾ ਦੇ ਨਾਇਕ ਅਮਰਜੀਤ ਨੈਨ, ਜ਼ਿਲ੍ਹਾ ਕੈਥਲ ਦੇ ਪਿੰਡ ਰੋਹੇੜਾ ਦੇ ਲਾਂਸ ਨਾਇਕ ਨਰੇਂਦਰ ਸਿੰਘ ਸਿੰਧੂ, ਜ਼ਿਲ੍ਹਾ ਝੱਜਰ ਦੇ ਪਿੰਡ ਮਾਂਡੋਠੀ ਦੇ ਲਾਂਸ ਨਾਇਕ ਵਿਜੇ ਦਲਾਲ, ਜ਼ਿਲ੍ਹਾ ਪਲਵਲ ਦੇ ਪਿੰਡ ਕੁਸ਼ਕ ਦੇ ਲਾਂਸ ਨਾਇਕ ਸੁਨੀਲ ਬੈਂਸਲਾ, ਜ਼ਿਲ੍ਹਾ ਚਰਖੀ ਦਾਦਰੀ ਦੇ ਪਿੰਡ ਬੌਂਦ ਕਲਾਂ ਦੇ ਸਿਪਾਹੀ ਬਲਜੀਤ ਚੌਹਾਨ , ਜ਼ਿਲ੍ਹਾ ਚਰਖੀ ਦਾਦਰੀ ਦੇ ਪਿੰਡ ਪਿਚੋਪਾ ਕਲਾਂ ਦੇ ਸਿਪਾਹੀ ਪ੍ਰਸ਼ਾਂਤ ਰਾਜ, ਜ਼ਿਲ੍ਹਾ ਮਹਿੰਦਰਗੜ੍ਹ ਦੇ ਪਿੰਡ ਮਾਲੋਲੀ ਦੇ ਸਿਪਾਹੀ ਅਮਰ ਸਿੰਘ, ਜ਼ਿਲ੍ਹਾ ਭਿਵਾਨੀ ਦੇ ਪਿੰਡ ਖਰਕੜੀ ਮਾਖਨਵਾਨ ਦੇ ਸਿਪਾਹੀ ਅਨਿਲ ਕੁਮਾਰ, ਜ਼ਿਲ੍ਹਾ ਹਿਸਾਰ ਦੇ ਪਿੰਡ ਧੀਰਣਵਾਸ ਦੇ ਸਿਪਾਹੀ ਪ੍ਰਦੀਪ ਕੁਮਾਰ, ਜ਼ਿਲ੍ਹਾ ਜੀਂਦ ਦੇ ਪਿੰਡ ਗੁਰੂਸਰ ਦੇ ਸਿਪਾਹੀ ਵਿਕਰਮ, ਜ਼ਿਲ੍ਹਾ ਮਹਿੰਦਰਗੜ੍ਹ ਦੇ ਪਿੰਡ ਗਢੀ ਰੁਥਲ ਦੇ ਸਿਪਾਹੀ ਹਿਤੇਸ਼ ਯਾਦਵ, ਜ਼ਿਲ੍ਹਾ ਮਹਿੰਦਰਗੜ੍ਹ ਦੇ ਪਿੰਡ ਸੈਦਪੁਰ ਦੇ ਸਿਪਾਹੀ ਗਨੇਸ਼ ਅਤੇ ਜ਼ਿਲ੍ਹਾ ਨੂਹ ਦੇ ਪਿੰਡ ਕੁਰਥਲਾ ਦੇ ਅਗਨੀਵੀਰ ਸਮੇ ਸਿੰਘ ਦੇ ਨਿਧਨ 'ਤੇ ਸ਼ੋਕ ਵਿਅਕਤ ਕੀਤਾ ਗਿਆ।

ਇਸ ਦੇ ਇਲਾਵਾ, ਸਦਨ ਵਿੱਚ ਵਿਧਾਨਸਭਾ ਸਪੀਕਰ ਸ੍ਰੀ ਹਰਵਿੰਦਰ ਕਲਿਆਣ ਦੇ ਮੌਸਾ ਕਰਨਲ ਸੁਲਹਿਰਾ ਸਿੰਘ, ਨੇਤਾ ਵਿਰੋਧੀ ਸ੍ਰੀ ਭੂਪੇਂਦਰ ਸਿੰਘ ਹੁੱਡਾ ਦੀ ਭੈਣ ਸ੍ਰੀਮਤੀ ਬਿਮਲਾ ਦੇਵੀ, ਮੰਤਰੀ ਸ੍ਰੀ ਵਿਪੁਲ ਗੋਇਲ ਦੀ ਭਾਬੀ ਸ੍ਰੀਮਤੀ ਰੇਣੂ ਗੋਇਲ, ਰਾਜ ਮੰਤਰੀ ਸ੍ਰੀ ਗੌਰਵ ਗੌਤਮ ਦੇ ਦਾਦਾ ਸ੍ਰੀ ਜੇਪਾਲ ਗੌਤਮ ਅਤੇ ਚਚੇਰੇ ਭਰਾ ਸ੍ਰੀ ਰਾਕੇਸ਼ ਗੌਤਮ, ਵਿਧਾਇਕ ਸਾਵਿਤਰੀ ਜਿੰਦਲ ਦੇ ਦੇਵਰ ਸ੍ਰੀ ਮਦਨ ਲਾਲ ਜਿੰਦਲ, ਵਿਧਾਇਕ ਸ੍ਰੀ ਮੁਕੇਸ਼ ਸ਼ਰਮਾ ਦੇ ਚਾਚਾ ਸ੍ਰੀ ਰਾਮ ਕਿਸ਼ਨ ਵਤਸ ਅਤੇ ਵਿਧਾਇਕ ਸ੍ਰੀ ਜੱਸੀ ਪੇਟਵਾੜ ਦੇ ਸਾਲੇ ਸ੍ਰੀ ਰਾਹੁਲ ਚਹਿਲ ਦੇ ਦੁਖਦ ਨਿਧਨ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

# ਹੜ੍ਹ ਨਾਲ ਨੁਕਸਾਨ ਹੋਈਆਂ ਸੜਕਾਂ ਦੇ ਪੁਨਰ ਨਿਰਮਾਣ ਨੂੰ ਮੰਜ਼ੂਰੀ, ਕਾਰਜ ਪ੍ਰਗਤੀ 'ਤੇ - ਕੈਬਨਿਟ ਮੰਤਰੀ ਰਣਬੀਰ ਗੰਗਵਾ

**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਲੋਕ ਨਿਰਮਾਣ (ਭਵਨ ਅਤੇ ਸੜਕਾਂ) ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਗੁਹਿਲਾ ਭਾਟਿਆ ਸੜਕ ਪੁਨਰ ਨਿਰਮਾਣ ਅਤੇ ਮੁਰੰਮਤ ਆਦਿ ਲਈ 275.33 ਲੱਖ ਰੁਪਏ ਦੀ ਸੋਧ ਪ੍ਰਸ਼ਾਸਨਿਕ ਮੰਜ਼ੂਰੀ ਦਿੱਤੀ ਹੈ। ਸੁਧਾਰ ਦਾ ਕੰਮ ਮਈ 2026 ਤੱਕ ਪੂਰਾ ਹੋ ਜਾਵੇਗਾ।

ਸ੍ਰੀ ਗੰਗਵਾ ਅੱਜ ਵਿਧਾਨਸਭਾ ਦੇ ਸਰਦੀ ਰੁੱਤ ਸੈਸ਼ਨ ਵਿੱਚ ਗੁਹਿਲਾ ਤੋਂ ਵਿਧਾਇਕ ਸ੍ਰੀ ਦੇਵੇਂਦਰ ਹੰਸ ਵੱਲੋਂ ਪੁੱਛੇ ਗਏ ਇੱਕ ਸੁਆਲ ਦੇ ਜਵਾਬ ਵਿੱਚ ਸਦਨ ਨੂੰ ਜਾਣੂ ਕਰਾ ਰਹੇ ਸਨ। ਕੈਬਨਿਟ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਜੁਲਾਈ 2017 ਵਿੱਚ ਕੀਤਾ ਗਿਆ ਐਲਾਨ ਚੀਕਾ ਵਿੱਚ ਬਾਈਪਾਸ ਬਨਾਉਣ ਲਈ ਸੀ, ਨਾ ਕਿ ਕੈਥਲ-ਚੀਕਾ ਸੜਕ ਨੂੰ 4 ਲੇਨ ਕਰਨ ਲਈ। ਸਰਕਾਰ ਨੇ ਜੁਲਾਈ 2018 ਨੂੰ ਬਾਈਪਾਸ ਲਈ ਪ੍ਰਸ਼ਾਸਨਿਕ ਮੰਜ਼ੂਰੀ ਦੇ ਦਿੱਤੀ ਸੀ। ਇਸ ਦੇ ਬਾਅਦ, ਫਰਵਰੀ, 2025 ਨੂੰ ਸਰਕਾਰ ਨੇ 6851.98 ਲੱਖ ਰੁਪਏ ਲਈ ਸੋਧ ਮੰਜ਼ੂਰੀ ਦਿੱਤੀ ਹੈ। ਚੀਕਾ ਬਾਈਪਾਸ ਦੀ ਪ੍ਰਸਤਾਵਿਤ ਲੰਬਾਈ 12.20 ਕਿਲੋਮੀਟਰ ਹੈ। ਖਰੀਦੀ ਜਾਣ ਵਾਲੀ ਜਮੀਨ ਦੀ ਮੰਗ ਜੂਨ 2019 ਨੂੰ ਈ-ਭੂਮੀ ਪੋਰਟਲ 'ਤੇ ਅਪਲੋਡ ਕੀਤੀ ਗਈ ਸੀ। ਉਨ੍ਹਾਂ ਨੇ ਕਿਹਾ ਕਿ ਕੁੱਲ 60.66 ਏਕੜ ਜਮੀਨ ਦੀ ਜ਼ਰੂਰਤ ਹੈ, ਜਿਸ ਵਿੱਚੋਂ 54.59 ਏਕੜ (ਯਾਨੀ 89.99%) ਜਮੀਨ ਵਿਭਾਗ ਨੇ ਪਹਿਲਾਂ ਹੀ ਖਰੀਦ ਲਈ ਹੈ। ਬਚੀ ਹੋਈ ਜਮੀਨ ਨੂੰ ਹਰਿਆਣਾ ਕੰਸੋਲੀਡੇਸ਼ਨ ਆਦ ਪ੍ਰੋਜੈਕਟ ਲੈਂਡ (ਸਪੈਸ਼ਲ ਪ੍ਰੋਵਿਜਨਸ ਐਕਟ, 2017 ਤਹਿਤ ਰਾਖਵਾਂ ਕਰਨ ਲਈ ਸਰਕਾਰ ਨੇ ਨਵੰਬਰ 2025 ਨੂੰ ਮੰਜੂਰੀ ਦੇ ਦਿੱਤੀ ਹੈ, ਜਿਸ ਦੇ ਲਈ ਪ੍ਰਕ੍ਰਿਆ ਸ਼ੁਰੂ ਕਰ ਦਿੱਤੀ ਗਈ ਹੈ। ਇਸ ਲਈ, ਇਸ ਸਟੇਜ 'ਤੇ ਕੰਮ ਪੂਰਾ ਹੋਣ ਦੀ ਕੋਈ ਨਿਰਧਾਰਿਤ ਸਮਾਂ ਨਹੀਂ ਦੱਸਿਆ ਜਾ ਸਕਦਾ।

ਉਨ੍ਹਾਂ ਨੇ ਸਾਲ 2023 ਦੀ ਹੜ੍ਹ ਦੌਰਾਨ ਨੁਕਸਾਨ ਹੋਈ ਬਦਸੂਈ-ਅਰਨੌਲੀ ਸੜਕ ਅਤੇ ਗੁਹਿਲਾ ਭਾਟਿਆ ਸੜਕ ਦਾ ਮੁੜ ਨਿਰਮਾਣ ਦੇ ਕੰਮ ਬਾਰੇ ਦੱਸਿਆ ਕਿ ਮੁਰੰਮਤ ਦਾ ਕੰਮ ਵੱਖ-ਵੱਖ ਠੇਕਾ ਏਜੰਸੀਆਂ ਨੂੰ ਦਿੱਤਾ ਗਿਆ ਹੈ, ਜਿਸ ਦੇ ਨਾਮ ਹੈ, ਬਦਸੂਈ ਤੋਂ ਡੰਡੋਟਾ, ਡੰਡੋਟਾ ਤੋਂ ਬਾਊਪੁਰ ਅਤੇ ਬਾਊਪੁਰ ਤੋਂ ਅਰਨੌਲੀ। ਪਹਿਲਾਂ ਦੋ ਹਿੱਸੇ ਮਾਰਚ 2026 ਤੱਕ ਅਤੇ ਤੀਜਾ ਮਈ 2026 ਤੱਕ ਪੂਰਾ ਹੋ ਜਾਵੇਗਾ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਤੋਂ ਇਲਾਵਾ, ਗੁਹਿਲਾ ਭਾਟਿਆ ਸੜਕ ਦੀ ਕੁੱਲ ਲੰਬਾਈ 6.50 ਕਿਲੋਮੀਟਰ ਹੈ ਅਤੇ ਪੱਕ ਸੜਕ ਦੀ ਚੌੜਾਈ 5.50 ਮੀਟਰ ਹੈ। ਸਰਕਾਰ ਨੇ ਜਨਵਰੀ 2023 ਨੂੰ 91.48 ਲੱਖ ਰੁਪਏ ਦੀ ਪ੍ਰਸਾਸ਼ਨਿਕ ਮੰਜ਼ੂਰੀ ਦਿੱਤੀ ਸੀ ਅਤੇ ਕੰਮ ਠੇਕਾ ਏਜੰਸੀ ਨੂੰ ਸੌਂਪਿਆ ਗਿਆ ਸੀ, ਪਰ ਕੰਮ ਸ਼ੁਰੂ ਹੋਣ ਤੋਂ ਪਹਿਲਾਂ, ਜੁਲਾਈ 2023 ਵਿੱਚ ਹੜ੍ਹ ਦੌਰਾਨ ਸੜਕ ਖਰਾਬ ਹੋ ਗਈ ਅਤੇ ਵਿਭਾਗ ਵੱਲੋਂ ਅਸਥਾਈ ਰੂਪ ਨਾਲ ਮੁਰੰਮਤ ਕੀਤੀ ਗਈ ਹੈ ਅਤੇ ਹੁਣ ਇਹ ਸੜਕ ਠੀਕ ਹੈ। ਸਰਕਾਰ ਨੇ ਮਾਰਚ 2025 ਨੂੰ 275.33 ਲੱਖ ਰੁਪਏ ਦੀ ਸੋਧ ਪ੍ਰਸਾਸ਼ਨਿਕ ਮੰਜ਼ੂਰੀ ਦਿੱਤੀ ਹੈ। ਸੁਧਾਰ ਦਾ ਕੰਮ ਮਈ 2026 ਤੱਕ ਪੂਰਾ ਹੋ ਜਾਵੇਗਾ।

ਸ੍ਰੀ ਗੰਗਵਾ ਨੇ ਕਿਹਾ ਕਿ ਸਾਰੋਲਾ ਤੋਂ ਡੇਰਾ ਬਚਨ ਸਿੰਘ (ਸਾਰੋਲਾ ਤੋਂ ਖੁਸ਼ਾਲ ਮਾਜਰਾ) ਸੜਕਾਂ ਦੀ ਕੁੱਲ ਲੰਬਾਈ 4.00 ਕਿਲੋਮੀਟਰ ਹੈ ਅਤੇ ਪੱਕੀ ਚੌੜਾਈ 5.50 ਮੀਟਰ ਹੈ। ਜੁਲਾਈ 2023 ਵਿੱਚ ਹੜ੍ਹ ਦੌਰਾਨ ਸੜਕ ਖਰਾਬ ਹੋ ਗਈ ਸੀ ਅਤੇ ਉਸ ਦੀ ਅਸਥਾਈ ਮੁਰੰਮਤ ਕੀਤੀ ਗਈ ਸੀ। ਸਰਕਾਰ ਨੇ ਮਈ 2025 ਨੂੰ 202.58 ਲੱਖ ਰੁਪਏ ਦੀ ਪ੍ਰਸ਼ਾਸਨਿਕ ਮੰਜ਼ੂਰੀ ਦਿੱਤੀ ਹੈ। ਟੈਂਡਰ ਠੇਕਾ ਏਜੰਸੀ ਨੂੰ ਅਲਾਟ ਕਰ ਦਿੱਤੇ ਗਏ ਹਨ ਅਤੇ ਕੰਮ ਪ੍ਰਗਤੀ 'ਤੇ ਹੈ। ਉਸਾਰੀ ਦਾ ਕੰਮ ਮਾਰਚ 2026 ਦੇ ਅੰਤ ਤੱਕ ਪੂਰਾ ਹੋ ਜਾਵੇਗਾ। ਸਾਰੋਲਾ ਤੋਂ ਡੇਰਾ ਬਚਨ ਸਿੰਘ ਸੜਕ ਦੀ ਕੁੱਲ ਲੰਬਾਈ 0.42 ਕਿਲਮੀਟਰ ਹੈ ਅਤੇ ਪੱਕੀ ਚੌੜਾਈ 5.50 ਮੀਟਰ ਹੈ। ਹੜ੍ਹ ਦੌਰਾਨ ਸੜਕ ਖਰਾਬ ਹੋ ਗਈ ਸੀ। ਸਰਕਾਰ ਨੇ ਮਈ 2025 ਨੂੰ 41.53 ਲੱਖ ਰੁਪਏ ਦੀ ਪ੍ਰਸਾਸ਼ਨਿਕ ਮੰਜ਼ੂਰੀ ਦਿੱਤੀ ਹੈ। ਟੈਂਡਰ ਠੇਕਾ ਏਜੰਸੀ ਨੂੰ ਅਲਾਟ ਕਰ ਦਿੱਤਾ ਗਿਆ ਹੈ ਅਤੇ ਕੰਮ ਪ੍ਰਗਤੀ 'ਤੇ ਹੈ ਅਤੇ ਮਈ 2026 ਤੱਕ ਪੂਰਾ ਹੋ ਜਾਵੇਗਾ। ਡੇਰਾ ਬਚਨ ਸਿੰਘ ਤੋਂ ਟਟਿਆਨ (ਟਟਿਆਨਾ ਤੋਂ ਡੇਰਾ ਭਾਗ ਸਿੰਘ) ਸੜਕ ਦੀ ਕੁੱਲ ਲੰਬਾਈ 2.48 ਕਿਲੋਮੀਟਰ ਹੈ ਅਤੇ ਪੱਕੀ ਸੜਕ ਦੀ ਚੌੜਾਈ 5.50 ਮੀਟਰ ਹੈ। ਜੁਲਾਈ 2023 ਵਿੱਚ ਹੜ੍ਹ ਦੌਰਾਨ ਸੜਕ ਦੀ ਸਤ੍ਹਾ ਖਰਾਬ ਹੋ ਗਈ ਸੀ, ਜਿਸ ਨੂੰ ਅਸਥਾਈ ਰੂਪ ਨਾਲ ਠੀਕ ਕੀਤਾ ਗਿਆ ਸੀ। ਸਰਕਾਰ ਨੇ ਮਈ 2025 ਨੂੰ 89.43 ਲੱਖ ਰੁਪਏ ਦੀ ਪ੍ਰਸਾਸ਼ਨਿਕ ਮੰਜ਼ੂਰੀ ਦਿੱਤੀ ਹੈ। ਟੈਂਡਰ ਠੇਕਾ ਏਜੰਸੀ ਨੂੰ ਅਲਾਅ ਕਰ ਦਿੱਤੇ ਗਏ ਹਨ ਅਤੇ ਕੰਮ ਪ੍ਰਗਤੀ 'ਤੇ ਹੈ ਅਤੇ ਮਾਰਚ 2026 ਤੱਕ ਪੂਰਾ ਹੋ ਜਾਵੇਗਾ।

# ਹਰਿਆਣਾ ਵਿਧਾਨਸਭਾ ਵਿੱਚ ਸਰਦੀ ਰੁੱਤ ਸੈਸ਼ਨ ਦੌਰਾਨ 8 ਬਿੱਲ ਪੇਸ਼ ਕੀਤੇ ਗਏ

**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਵਿਧਾਨਸਭਾ ਵਿੱਚ ਸਰਦੀ ਰੁੱਤ ਸੈਸ਼ਨ ਦੌਰਾਨ ਅੱਠ ਬਿੱਲ ਪੇਸ਼ ਕੀਤੇ ਗਏ। ਪੇਸ਼ ਕੀਤੇ ਗਏ ਬਿੱਲਾਂ ਵਿੱਚ ਹਰਿਆਣਾ ਸ੍ਰੀ ਮਾਤਾ ਮਨਸਾ ਦੇਵੀ ਪੂਜਾ ਸਥਲ (ਸੋਧ) ਬਿੱਲ, 2025, ਹਰਿਆਣਾ ਸ੍ਰੀ ਮਾਤਾ ਸ਼ੀਤਲਾ ਦੇਵੀ ਪੂਜਾਸਥਲ (ਸੋਧ), ਬਿੱਲ, 2025, ਹਰਿਆਣਾ ਸ੍ਰੀ ਮਾਤਾ ਭੀਮੇਸ਼ਵਰੀ ਦੇਵੀ ਮੰਦਿਰ (ਆਸ਼ਰਮ), ਬੇਰੀ ਪੂਜਾਸਥਲ (ਸੋਧ) ਬਿੱਲ, 2025, ਹਰਿਆਣਾ ਕੌਮਾਂਤਰੀ ਗੀਤਾ ਜੈਯੰਤੀ ਮੇਲਾ ਅਥਾਰਿਟੀ (ਸੋਧ) ਬਿੱਲ, 2025, ਹਰਿਆਣਾ ਸ੍ਰੀ ਕਪਾਲ ਮੋਚਨ, ਸ੍ਰੀ ਬਦਰੀ ਨਰਾਇਣ, ਸ੍ਰੀ ਮੰਤਰਾ ਦੇਵੀ ਅਤੇ ਸ੍ਰੀ ਕੇਦਾਰ ਨਾਥ ਪੂਜਾਸਥਲ (ਸੋਧ), ਬਿੱਲ, 2025, ਹਰਿਆਣਾ ਨਗਰ ਨਿਗਮ (ਸੋਧ), ਬਿੱਲ, 2025, ਹਰਿਆਣਾ ਪੰਚਾਇਤੀ ਰਾਜ (ਦੂਜਾ ਸੋਧ) ਬਿੱਲ, 2025 ਅਤੇ ਹਰਿਆਣਾ ਨਗਰ ਨਿਗਮ ਬਿੱਲ, 2025 ਸ਼ਾਮਿਲ ਹਨ।

# ਅਸੰਧ ਖੇਤਰ ਦੇ ਪਿੰਡਾਂ ਨੂੰ ਨਹਿਰ ਅਧਾਰਿਤ ਪੇਯਜਲ ਸਪਲਾਈ 'ਤੇ ਸਰਕਾਰ ਕਰ ਰਹੀ ਹੈ ਵਿਚਾਰ-ਕੈਬਨਿਟ ਮੰਤਰੀ ਰਣਬੀਰ ਗੰਗਵਾ

**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਜਨ ਸਿਹਤ ਇੰਜੀਨਿਅਰਿੰਗ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਅਸੰਧ ਵਿਧਾਨਸਭਾ ਚੌਣ ਖੇਤਰ ਦੇ ਅਰਡਾਨਾ, ਬਾਲੂ, ਬੰਦਰਾਲਾ, ਖਾਂਡਾ ਖੇੜੀ ਅਤੇ ਫਫੜਾਨਾ ਪਿੰਡਾਂ ਵਿੱਚ ਡਿਗਦੇ ਭੂ-ਜਲ ਪੱਧਰ ਕਾਰਨ ਨਹਿਰ ਅਧਾਰਿਤ ਪੇਯਜਲ ਸਪਲਾਈ ਦਾ ਇੱਕ ਪ੍ਰਸਤਾਵ ਸਰਕਾਰ ਦੇ ਵਿਚਾਰ ਅਧੀਨ ਹੈ।

ਸ੍ਰੀ ਗੰਗਵਾ ਅੱਜ ਵਿਧਾਨਸਭਾ ਦੇ ਸ਼ਰਦ ਰੁਤ ਸ਼ੈਸ਼ਨ ਵਿੱਚ ਅਸੰਧ ਤੋਂ ਵਿਧਾਇਕ ਸ੍ਰੀ ਯੋਗੇਂਦਰ ਸਿੰਘ ਰਾਣਾ ਵੱਲੋਂ ਪੁੱਛੇ ਗਏ ਸੁਆਲ ਦਾ ਉਤਰ ਦੇ ਰਹੇ ਸਨ। ਉਨ੍ਹਾਂ ਨੇ ਦੱਸਿਆ ਕਿ ਦਿੱਤੇ ਗਏ ਪਿੰਡਾਂ ਵਿੱਚ ਪੇਯਜਲ ਸੰਕਟ ਨੂੰ ਵੇਖਦੇ ਹੋਏ ਪਹਿਲਾਂ ਦੀ ਤਰ੍ਹਾਂ ਨਹਿਰ ਅਧਾਰਿਤ ਜਲ ਸਪਲਾਈ ਦੀ ਤਰਜ 'ਤੇ ਵਿਵਸਥਾ ਕਰਨ 'ਤੇ ਵਿਚਾਰ ਕੀਤਾ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਸਦਨ ਨੂੰ ਇਹ ਵੀ ਜਾਣੂ ਕਰਾਇਆ ਕਿ ਗੰਗਾਟੇਡੀ, ਕੌਲ ਖੇੜਾ, ਪੋਪੜਾ ਅਤੇ ਝਿਮਰੀ ਖੇੜਾ ਪਿੰਡਾਂ ਨੂੰ ਵੀ ਇਸ ਪ੍ਰਸਤਾਵ ਵਿੱਚ ਸ਼ਾਮਲ ਕੀਤਾ ਗਿਆ ਹੈ।

ਉਨ੍ਹਾਂ ਨੇ ਕਿਹਾ ਕਿ ਮੌਜੂਦਾ ਵਿੱਚ ਇਸ ਪ੍ਰਸਤਾਵ ਦੇ ਲਾਗੂਕਰਨ ਲਈ ਸਰਵੇਖਣ ਦੀ ਪ੍ਰਕਿਰਿਆ ਚੱਲ ਰਹੀ ਹੈ। ਸਰਵੇਖਣ ਪੂਰਾ ਹੋਣ ਤੋਂ ਬਾਅਦ ਅੱਗੇ ਦੀ ਕਾਰਵਾਈ ਕੀਤੀ ਜਾਵੇਗੀ।

# ਪੀਐੱਮ ਵਿਸ਼ਵਕਰਮਾ ਯੋਜਨਾ ਤੇ ਇੱਕ-ਦਿਨ ਦੇ ਜਾਗਰੂਕਤਾ ਪ੍ਰੋਗਰਾਮ ਤੇ ਜਾਗਰੂਕਤਾ ਪ੍ਰੋਗਰਾਮ



**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਯੂਟੀ ਚੰਡੀਗੜ੍ਹ ਦੇ ਉਦਯੋਗ ਵਿਭਾਗ ਨੇ ਐੱਮਐੱਸਐੱਮਈ-ਡੀਐੱਫਓ (MSME-DFO) ਲੁਧਿਆਣਾ ਦੇ ਸਹਿਯੋਗ ਨਾਲ, 18 ਦਸੰਬਰ 2025 ਨੂੰ ਸਰਕਾਰੀ ਪੌਲੀਟੈਕਨਿਕ ਕਾਲਜ ਸੈਕਟਰ 10 ਡੀ, ਚੰਡੀਗੜ੍ਹ ਵਿਖੇ ਪੀਐੱਮ ਵਿਸ਼ਵਕਰਮਾ ਯੋਜਨਾ 'ਤੇ ਇੱਕ-ਦਿਨ ਦੇ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ। ਇਸ ਸਮਾਗਮ ਵਿੱਚ 80 ਤੋਂ ਵੱਧ ਰਜਿਸਟਰਡ ਕਾਰੀਗਰਾਂ ਅਤੇ ਯੋਜਨਾ ਨਾਲ ਜੁੜੇ ਵਿਭਿੰਨ ਵਿਭਾਗਾਂ ਦੇ ਪਤਵੰਤੇ ਵਿਅਕਤੀਆਂ ਨੇ ਹਿੱਸਾ ਲਿਆ। ਰਜਿਸਟਰਡ ਕਾਰੀਗਰਾਂ ਨੂੰ ਸਕਿੱਲ ਟ੍ਰੇਨਿੰਗ, ਕਰਜ਼ਿਆਂ, ਅਤੇ ਮਾਰਕਿਟਿੰਗ ਅਤੇ ਬ੍ਰਾਂਡਿੰਗ ਸਹਾਇਤਾ ਸਹਿਤ ਪ੍ਰਮੁੱਖ ਲਾਭਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਸਮਾਗਮ ਦਾ ਸਮਾਪਨ ਕਾਰੀਗਰਾਂ ਦੇ ਸਵਾਲਾਂ ਦੇ ਜਵਾਬ ਦਿੰਦੇ ਹੋਏ ਇੱਕ ਇੰਟਰਐਕਟਿਵ ਸਵਾਲ-ਜਵਾਬ ਸੈਸ਼ਨ ਨਾਲ ਹੋਇਆ। ਅਜਿਹੀਆਂ ਪਹਿਲਾਂ ਦੇ ਜ਼ਰੀਏ, ਵਿਭਾਗ ਰਵਾਇਤੀ ਕਾਰੀਗਰਾਂ ਨੂੰ ਸਸ਼ਕਤ ਬਣਾਉਣ, ਟਿਕਾਊ ਆਜੀਵਿਕਾ ਨੂੰ ਹੁਲਾਰਾ ਦੇਣ ਅਤੇ ਉਨ੍ਹਾਂ ਨੂੰ ਰਸਮੀ ਅਰਥਵਿਵਸਥਾ ਵਿੱਚ ਸ਼ਾਮਲ ਕਰਨ ਲਈ ਨਿਰੰਤਰ ਕਾਰਜ ਕਰ ਰਿਹਾ ਹੈ।

# ਪਾਣੀਪਤ ਦੇ ਸਿਵਲ ਹੱਸਪਤਾਲ ਕਾਂਪਲੈਕਸ ਵਿੱਚ ਨਵਜਾਤ ਬੱਚੇ ਅਤੇ ਮਾਵਾਂ ਲਈ ਹੱਸਪਤਾਲ ਦਾ ਨਿਰਮਾਣ ਕੰਮ 31 ਦਸੰਬਰ 2025 ਤੱਕ ਪੂਰਾ ਹੋਣ ਦੀ ਸੰਭਾਵਨਾ

**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਪਾਣੀਪਤ ਦੇ ਸਿਵਲ ਹੱਸਪਤਾਲ ਕਾਂਪਲੈਕਸ ਵਿੱਚ ਨਵਜਾਤ ਬੱਚੇ ਅਤੇ ਮਾਵਾਂ ਲਈ ਹੱਸਪਤਾਲ ਦਾ ਨਿਰਮਾਣ ਕੰਮ 31 ਦਸੰਬਰ 2025 ਤੱਕ ਪੂਰਾ ਹੋਣ ਦੀ ਸੰਭਾਵਨਾ ਹੈ। ਇਸ ਤੋਂ ਬਾਅਦ ਇਸ ਨੂੰ ਔਪਚਾਰਿਕ ਢੰਗ ਨਾਲ ਜਨਤਾ ਦੀ ਸੇਵਾ ਲਈ ਸਮਰਪਿਤ ਕੀਤਾ ਜਾਵੇਗਾ।

ਸਿਹਤ ਮੰਤਰੀ ਅੱਜ ਹਰਿਆਣਾ ਵਿਧਾਨਸਭਾ ਦੇ ਸ਼ਰਦ ਰੁਤ ਸ਼ੈਸ਼ਨ ਦੌਰਾਨ ਸਦਨ ਵਿੱਚ ਇੱਕ ਮੈਂਬਰ ਵੱਲੋਂ ਪੁੱਛੇ ਗਏ ਸੁਆਲ ਦਾ ਜੁਆਬ ਦੇ ਰਹੇ ਸਨ।

ਆਰਤੀ ਸਿੰਘ ਰਾਓ ਨੇ ਦੱਸਿਆ ਕਿ ਪਾਣੀਪਤ ਸਥਿਤ ਸਿਵਲ ਹੱਸਪਤਾਲ ਕਾਂਪਲੈਕਸ ਵਿੱਚ ਨਵਜਾਤ ਬੱਚੇ ਅਤੇ ਮਾਵਾਂ ਲਈ ਹੱਸਪਤਾਲ ਦੇ ਨਿਰਮਾਣ ਦੀ ਐਸਟੀਮੇਟ ਲਾਗਤ 6,237.01 ਲੱਖ ਰੁਪਏ ਹਨ ਅਤੇ ਹੁਣ ਤੱਕ ਇਸ 'ਤੇ ਕੁੱਲ੍ਹ ਖਰਚ 4,303.51 ਲੱਖ ਰੁਪਏ ਹੋਇਆ ਹੈ।

ਉਨ੍ਹਾਂ ਨੇ ਦੱਸਿਆ ਕਿ ਇਸ ਹੱਸਪਤਾਲ ਵਿੱਚ 100 ਬੈਡ ਹੋਣਗੇ। ਨਵਜਾਤ ਬੱਚੇ ਅਤੇ ਮਾਵਾਂ ਲਈ ਹੱਸਪਤਾਲ ਵਿੱਚ ਪ੍ਰਸੂਤਿ ਅਤੇ ਗਾਇਨੋਲੋਜੀ ਅਤੇ ਬਾਲ ਰੋਗ ਸਮੇਤ ਸਾਰੇ ਵਿਸ਼ੇਸ਼ ਆਉਟਪੇਸ਼ੇਂਟ ਅਤੇ ਇਨਪੇਸ਼ੇਂਟ ਵਿਭਾਗ ਦੀ ਸੇਵਾਵਾਂ, ਜਿਨ੍ਹਾਂ ਵਿੱਚ ਪ੍ਰਯੋਗਸ਼ਾਲਾ, ਜਣੇਪੇ ਤੋਂ ਬਾਅਦ ਦੀ ਦੇਖਭਾਲ, ਟੀਕਾਕਰਨ, ਅਲਟ੍ਰਾਸਾਉਂਡ, ਐਂਬੁਲੇਂਸ, ਐਨਆਈਸੀਯੂ, ਡੀਈਆਈਸੀ, ਐਨਆਰਸੀ ਆਦਿ ਸੇਵਾਵਾਂ ਮੁਹੱਈਆ ਕਰਾਈ ਜਾਣਗੀਆਂ।

ਸਿਹਤ ਮੰਤਰੀ ਨੇ ਪੂਰਕ ਸੁਆਲ ਦੇ ਉਤਰ ਵਿੱਚ ਦੱਸਿਆ ਕਿ ਇਸ ਹੱਸਪਤਾਲ ਵਿੱਚ 4 ਆਪਰੇਸ਼ਨ ਥਇਏਟਰ ਬਣਾਏ ਜਾ ਰਹੇ ਹਨ। ਉਪਕਰਨ ਖਰੀਦਣ ਦੀ ਪ੍ਰਕਿਰਿਆ ਵੀ ਚਲ ਹੀ ਹੈ।

ਸਟਾਫ਼ ਦੀ ਵੀ ਜਲਦ ਭਰਤੀ ਕਰ ਦਿੱਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੇ ਯਤਨਾਂ ਨਾਲ ਸਿਹਤ ਖੇਤਰ ਵਿੱਚ ਕੰਮ ਕੀਤੇ ਜਾ ਰਹੇ ਹਨ।

# ਉਸਾਰੀ ਅਤੇ ਇੰਟਰਲਾਕਿੰਗ ਟਾਇਲਸ ਬਿਛਾਉਣ ਲਈ 78.72 ਲੱਖ ਰੁਪਏ ਅਤੇ 85.30 ਲੱਖ ਰੁਪਏ ਹਰਿਆਣਾ ਸਕੂਲ ਸਿੱਖਿਆ ਪਰਿਯੋਜਨਾ ਕਾਉਂਸਿਲ ਨੂੰ ਦਿੱਤ

**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਸਿੱਖਿਆ ਮੰਤਰੀ ਸ੍ਰੀ ਮਹਿਪਾਲ ਢਾਂਡਾ ਨੇ ਅੱਜ ਵਿਧਾਨਸਭਾ ਸ਼ਰਦ ਰੁਤ ਸ਼ੈਸ਼ਨ ਵਿੱਚ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਰਕਾਰੀ ਮਾਡਲ ਸੰਸਕ੍ਰਿਤੀ ਸੀਨੀਅਰ ਸਕੈਂਡਰੀ ਸਕੂਲ ਕਾਕੋਰਿਆ ( ਰੇਵਾੜੀ ) ਦੇ ਮੌਜੂਦਾ ਕਾਂਪਲੈਕਸ ਵਿੱਚ 5 ਲੈਬ, 6 ਕਮਰਿਆਂ ਦੇ ਨਿਰਮਾਣ, 3 ਕਮਰਿਆਂ ਦੀ ਉਸਾਰੀ ਅਤੇ ਇੰਟਰਲਾਕਿੰਗ ਟਾਇਲਸ ਬਿਛਾਉਣ ਲਈ 78.72 ਲੱਖ ਰੁਪਏ ਅਤੇ 85.30 ਲੱਖ ਰੁਪਏ ਹਰਿਆਣਾ ਸਕੂਲ ਸਿੱਖਿਆ ਪਰਿਯੋਜਨਾ ਕਾਉਂਸਿਲ ਨੂੰ ਦਿੱਤੇ ਗਏ ਹਨ।

ਉਨ੍ਹਾਂ ਨੇ ਦੱਸਿਆ ਕਿ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ, ਤਤਾਰਪੁਰ, ਈਸਤਮੁਰਾਰ ਸਕੂਲ ਦਾ ਨਿਰਮਾਣ ਕੰਮ ਲਈ 317.10 ਲੱਖ ਰੁਪਏ ਦੀ ਅਨੁਬੰਧ ਰਕਮ ਦੀ ਵੰਡ ਕੀਤੀ ਗਈ ਸੀ।

ਠੇਕੇਦਾਰ ਨੇ 40 ਫੀਸਦੀ ਕੰਮ ਕਰਨ ਤੋਂ ਬਾਅਦ ਕੰਮ ਰੋਕ ਦਿੱਤਾ ਸੀ। ਅੰਤਮ ਨੋਟਿਸ ਜਾਰੀ ਕੀਤੇ ਜਾਣ ਦੇ ਬਾਵਜੂਦ ਵੀ ਉਨ੍ਹਾਂ ਨੇ ਕੰਮ ਫੇਰ ਤੋਂ ਸ਼ੁਰੂ ਨਹੀਂ ਕੀਤਾ। ਚੱਲ ਰਹੇ ਲਾਗਤ ਮੁਲਾਂਕਨ ਦੇ ਪੂਰਾ ਹੋਣ ਤੋਂ ਬਾਅਦ ਜਨਵਰੀ 2026 ਵਿੱਚ ਨਵਾਂ ਟੈਂਡਰ ਸ਼ੁਰੂ ਕੀਤਾ ਜਾਵੇਗਾ।

ਉਨ੍ਹਾਂ ਨੇ ਦੱਸਿਆ ਕਿ ਸਰਕਾਰੀ ਹਾਈ ਸਕੂਲ ਜਾਂਟ ਸਾਇਰਵਾਸ ਸਕੂਲ ਦਾ ਨਿਰਮਾਣ ਕੰਮ ਲਈ 421.31 ਲੱਖ ਰੁਪਏ ਦੀ ਅਨੁਬੰਧ ਰਕਮ 'ਤੇ 24 ਮਹੀਨੇ ਦੀ ਸਮੇ-ਸੀਮਾ ਨਾਲ ਵੰਡ ਕੀਤੀ ਗਈ ਸੀ।

ਠੇਕੇਦਾਰ ਨੇ 80 ਫੀਸਦੀ ਕੰਮ ਕਰਨ ਤੋਂ ਬਾਅਦ ਕੰਮ ਰੋਕ ਦਿੱਤਾ। ਅੰਤਮ ਨੋਟਿਸ ਜਾਰੀ ਕਰਨ ਤੋਂ ਬਾਵਜੂਦ ਵੀ ਉਨ੍ਹਾਂ ਨੇ ਕੰਮ ਫੇਰ ਤੋਂ ਸ਼ੁਰੂ ਨਹੀਂ ਕੀਤਾ। ਚੱਲ ਰਹੇ ਲਾਗਤ ਮੁਲਾਂਕਨ ਦੇ ਪੂਰਾ ਹੋਣ ਤੋਂ ਬਾਅਦ ਜਨਵਰੀ 2026 ਵਿੱਚ ਨਵਾਂ ਟੈਂਡਰ ਸ਼ੁਰੂ ਕੀਤਾ ਜਾਵੇਗਾ।

ਉਨ੍ਹਾਂ ਨੇ ਦੱਸਿਆ ਕਿ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਹਾਂਸਾਕਾ ਸਕੂਲ ਦਾ ਨਿਰਮਾਣ ਕੰਮ ਲਈ 180.45 ਲੱਖ ਰੁਪਏ ਦੀ ਅਨੁਬੰਧ ਰਕਮ 'ਤੇ 18 ਮਹੀਨੇ ਦੀ ਸਮਾ-ਸੀਮਾ ਲਈ ਵੰਡ ਕੀਤੀ ਗਈ ਸੀ। ਜਲਭਰਾਵ ਕਰਨ ਕੰਮ ਸ਼ੁਰੂ ਕਰਨ ਵਿੱਚ ਦੇਰੀ ਹੋਈ ਹੈ ਅਤੇ ਕੰਮ ਨੂੰ ਜਲਦ ਸ਼ੁਰੂ ਹੋਣ ਦੀ ਸੰਭਾਵਨਾ ਹੈ।

ਉਨ੍ਹਾਂ ਨੇ ਦੱਸਿਆ ਕਿ ਸਰਕਾਰੀ ਕੰਨ੍ਹਿਆਂ ਸੀਨੀਅਰ ਸਕੈਂਡਰੀ ਸਕੂਲ, ਰੇਵਾੜੀ ਸਕੂਲ ਦੇ ਨਿਰਮਾਣ ਕੰਮ ਲਈ ਅਨੁਬੰਧ ਰਕਮ 287.91 ਲੱਖ ਰੁਪਏ ਕੀਤਾ ਗਿਆ ਸੀ ਜਿਸ ਦੇ ਲਈ ਸਮੇ-ਸੀਮਾ 12 ਮਹੀਨੇ ਤੈਅ ਕੀਤੀ ਗਈ ਸੀ। ਕੰਮ ਜਲਦ ਤੋਂ ਜਲਦ ਸ਼ੁਰੂ ਕੀਤਾ ਜਾਵੇਗਾ। ਇਸ ਦੇ ਇਲਾਵਾ ਕੰਮ ਵਿੱਚ ਦੇਰੀ ਕਾਰਨ ਠੇਕੇਦਾਰ 'ਤੇ 14.27 ਲੱਖ ਰੁਪਏ ਦਾ ਜੁਰਮਾਨਾ ਲਗਾਇਆ ਗਿਆ ਹੈ।

# ਲਾਲਜੀਤ ਸਿੰਘ ਭੁੱਲਰ ਦੀ ਪ੍ਰਧਾਨਗੀ 'ਚ ਪੰਜਾਬ ਸਟੇਟ ਰੋਡ ਸੇਫਟੀ ਕੌਂਸਲ ਦੀ 16ਵੀ ਮੀਟਿੰਗ ਹੋਈ



**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਟੇਟ ਰੋਡ ਸੇਫਟੀ ਕੌਂਸਿਲ ਦੀ 16ਵੀ ਮੀਟਿੰਗ ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਪ੍ਰਧਾਨਗੀ 'ਚ ਹੋਈ। ਇਸ ਮੀਟਿੰਗ ਦੌਰਾਨ ਕੌਂਸਲ ਵੱਲੋਂ 5 ਟਰਾਂਮਾ ਕੇਅਰ ਸੈਂਟਰਾਂ ਦੇ ਆਧੁਨੀਕਰਨ ਲਈ 66 ਲੱਖ ਰੁਪਏ ਦੇ ਫੰਡਜ਼ ਜਾਰੀ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਈ-ਡਾਰ ਪ੍ਰੋਜੈਕਟ ਨੂੰ ਇਫੈਕਟਿਵਲੀ ਲਾਗੂ ਕਰਨ ਲਈ 415 ਸਮਾਰਟ ਫੋਨ ਪੁਲਿਸ ਵਿਭਾਗ ਵਿੱਚ ਆਈ ਓਜ ਨੂੰ ਦੇਣ ਦਾ ਫੈਸਲਾ ਵੀ ਕੀਤਾ ਗਿਆ। ਇਸ ਤੋਂ ਇਲਾਵਾ 35 ਏ.ਐਲ.ਐਸ.ਐਬੂਲੈਂਸਜ਼ ਲਈ 14 ਕਰੋੜ ਰੁਪਏ 31 ਮਾਰਚ, 2026 ਤੱਕ ਜਾਰੀ ਕਰਨ ਦਾ ਫੈਸਲਾ ਵੀ ਕੌਂਸਲ ਵਲੋਂ ਲਿਆ ਗਿਆ।

ਅੱਜ ਇੱਥੇ ਪੰਜਾਬ ਭਵਨ ਚੰਡੀਗੜ੍ਹ ਵਿਖੇ ਹੋਈ ਇਸ ਮੀਟਿੰਗ ਵਿਚ ਵਿਸਥਾਰ ਸਹਿਤ ਈ-ਡਾਰ ਪ੍ਰੋਜੈਕਟ ਸਬੰਧੀ, ਬਲੈਕ ਸਪਾਟ ਦੀ ਰੈਕਟੀਫਿਕੇਸ਼ਨ ਸਬੰਧੀ ਮੁੱਦਿਆ ਤੇ ਚਰਚਾ ਕੀਤੀ ਗਈ। ਇਸ ਮੌਕੇ ਪੰਜਾਬ ਸਰਕਾਰ ਅਤੇ ਭਾਰਤ ਸਰਕਾਰ ਦੀਆਂ ਸਕੀਮਾ ਗੁਡ ਸਮਾਰਟੀਅਨ ਨੂੰ ਅਵਾਰਡ ਦੇਣ ਸਬੰਧੀ, ਹਿਟ ਐਂਡ ਰੰਨ ਦੇ ਪ੍ਰਭਾਵਿਤ ਵਿਅਕਤੀਆਂ ਨੂੰ ਲਾਭ ਦੇਣ ਸਬੰਧੀ, ਰੋਡ ਐਕਸਡੈਂਟ ਦੇ ਪ੍ਰਭਾਵਿਤ ਵਿਅਕਤੀਆਂ ਮੁਫਤ ਇਲਾਜ, ਫਰਿਸ਼ਤੇ ਸਕੀਮ ਵੀ ਵਿਸਥਾਰ 'ਚ ਵਿਚਾਰ ਵਟਾਂਦਰਾ ਕੀਤਾ ਗਿਆ।

ਇਸ ਤੋਂ ਇਲਾਵਾ ਇਲੈਕਟ੍ਰਨਿਕਸ ਇਕਪੂਮੈਂਟ, ਇੰਟਰਾਸੈਪਟਰਜ਼, ਰਿਕਵਰੀ ਵੈਨਜ਼ ਐਲਕੋਮੀਟਰ ਜਲਦੀ ਤੋਂ ਜਲਦੀ ਖ੍ਰੀਦਣ ਦੇ ਨਿਰਦੇਸ਼ ਦਿੱਤੇ ਗਏ ਤਾਂ ਜ਼ੋ ਇਨਫੋਰਸਮੈਂਟ ਦੇ ਕੰਮ ਵਿੱਚ ਸੁਧਾਰ ਲਿਆਂਦਾ ਜਾ ਸਕੇ।

ਇਸ ਤੋਂ ਇਲਾਵਾ ਈ-ਡਾਰ ਪ੍ਰੋਜੈਕਟ ਨੂੰ ਇਫੈਕਟਿਵਲੀ ਲਾਗੂ ਕਰਨ ਲਈ 415 ਸਮਾਰਟ ਫੋਨ ਪੁਲਿਸ ਵਿਭਾਗ ਵਿੱਚ ਆਈ ਓਜ ਨੂੰ ਦੇਣ ਦਾ ਫੈਸਲਾ ਕੀਤਾ ਗਿਆ।

ਇਸ ਮੌਕੇ 5 ਟਰਾਮਾ ਕੇਅਰ ਸੈਂਟਰਾਂ ਦੇ ਆਧੁਨੀਕਰਨ ਲਈ 66 ਲੱਖ ਰੁਪਏ ਦੇ ਫੰਡਜ਼ ਜਾਰੀ ਕਰਨ ਦਾ ਫੈਸਲਾ ਕੀਤਾ ਗਿਆ। ਇਸ ਤੋਂ ਇਲਾਵਾ 35 ਏ. ਐਲ. ਐਸ. ਐਬੂਲੈਂਸਜ਼ ਲਈ 14 ਕਰੋੜ ਰੁਪਏ 31 ਮਾਰਚ,2026 ਤੱਕ ਜਾਰੀ ਕਰਨ ਦਾ ਫੈਸਲਾ ਕੀਤਾ ਗਿਆ।

ਕੌਂਸਲ ਵਲੋਂ ਇਹ ਵੀ ਫੈਸਲਾ ਗਿਆ ਕਿ ਇਸ ਧੁੰਦ ਦੇ ਸੀਜ਼ਨ ਦੌਰਾਨ ਭਿਆਨਕ ਐਕਸੀਡੈਂਟਲ ਨੂੰ ਰੋਕਣ ਲਈ ਵਾਈਟ ਲੇਅਰ, ਰਿਫਲੈਕਟਰ ਟੇਪ, ਰੋਡ ਮਾਰਕਿੰਗ ਲਾਈਟਸ ਦਾ ਕੰਮ ਸਬੰਧਤ ਰੋਡ ਓਨਿੰਗ ਏਜੈਂਸੀ ਵਲੋਂ ਕੰਮ ਇੱਕ ਹਫਤੇ ਵਿੱਚ ਮੁਕੰਮਲ ਕਰਨਗੇ। ਇਸ ਕੰਮ ਲਈ ਜੇਕਰ ਜਰੂਰਤ ਹੋਵੇ ਤਾਂ ਇੱਕ ਲੱਖ ਰੁਪਏ ਸਬੰਧਤ ਡਿਪਟੀ ਕਮਿਸ਼ਨਰ ਉਨ੍ਹਾ ਮੌਜੂਦ ਰੋਡ ਸੇਫਟੀ ਫੰਡ ਵਿਚੋਂ ਰਲੀਜ ਕਰਨਗੇ।

ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਧੁੰਦ ਦੇ ਮੌਸਮ ਦੌਰਾਨ ਲਾਈਟਾਂ ਆਦਿ ਨਾ ਹੋਣ ਕਾਰਨ ਜੇਕਰ ਐਕਸੀਡੈਂਟ ਹੁੰਦਾ ਹੈ ਤਾਂ ਇਸ ਦੀ ਨਿੱਜੀ ਜਿੰਮੇਵਾਰੀ ਉਸ ਰੋਡ ਦੇ ਚੀਫ ਇੰਜਨੀਅਰ ਦੀ ਹੋਵੇਗੀ।

ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਹਿਟ ਐਂਡ ਰਨ ਸਕੀਮ ਨੂੰ ਅੱਛੇ ਤਰੀਕੇ ਲਾਗੂ ਕਰਨ ਲਈ ਅਗਲੇ ਦੋ ਮਹੀਨਿਆ ਦੌਰਾਨ ਮੁੱਖ ਜਿਲ੍ਹਾ ਹੈਡਕੁਆਟਰਜ਼ ਤੇ ਔਰੀਐਨਟੇਸ਼ਨ/ਟ੍ਰਨਿੰਗ ਪ੍ਰੋਗਰਾਮ ਚਲਾਏ ਜਾਣਗੇ ਤਾਂ ਪ੍ਰਭਾਵਿਤ ਵਿਅੱਕਤੀਆਂ ਨੂੰ ਇਸ ਸਕੀਮ ਦਾ ਬਣਦਾ ਲਾਭ ਮਿਲ ਸਕੇ।

ਨੈਸ਼ਨਲ ਰੋਡ ਸੇਫਟੀ ਮਹੀਨਾ, 2026 ਮਨਾਉਣ ਲਈ ਵੱਖ-ਵੱਖ ਵਿਭਾਗਾ ਜਿਵੇਂਕਿ ਟ੍ਰੈਫਿਕ ਪੁਲਿਸ, ਟਰਾਂਸਪੋਰਟ ਵਿਭਾਗ, ਸਿਹਤ ਵਿਭਾਗ ਅਤੇ ਵੱਖ—ਵੱਖ ਐਨ ਜੀ ਓਜ਼ ਨੂੰ ਵੱਧ ਚੜਕੇ ਕੰਮ ਕਰਨ ਲਈ ਨਿਰਦੇਸ਼ ਜਾਰੀ ਕੀਤੇ ਗਏ। ਇਹ ਪ੍ਰੋਗਰਾਮ ਪੂਰੇ ਜਨਵਰੀ ਮਹੀਨੇ ਦੌਰਾਨ ਕੀਤੇ ਜਾਣਗੇ।

ਇਸ ਮੀਟਿੰਗ ਵਿੱਚ ਸ਼੍ਰੀ ਵਰੁਣ ਰੂਜਮ, ਆਈ.ਏ.ਐਸ. ਪ੍ਰਬੰਧਕੀ ਸਕੱਤਰ ਟਰਾਂਸਪੋਰਟ, ਸ਼੍ਰੀ ਆਰ.ਵੈਂਕਟ ਰਤਨਮ, ਆਈ.ਏ.ਐਸ.(ਰਿਟਾ.) ਡਾਇਰੈਕਟਰ ਜਨਰਲ ਲੀਡ ਏਜੰਸੀ ਆਨ ਰੋਡ ਸੇਫਟੀ, ਪੰਜਾਬ, ਸ਼੍ਰੀ ਏ.ਐਸ.ਰਾਏ, ਸਪੈਸ਼ਲ ਡੀ ਜੀ ਪੀ ਟ੍ਰੈਫਿਕ, ਸ਼੍ਰੀਮਤੀ ਪ੍ਰਨੀਤ ਸ਼ੇਰਗਿਲ, ਆਈ.ਏ.ਐਸ. ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਰੋਡ ਸੇਫਟੀ ਦੇ ਸੰਯੁਕਤ ਸਕੱਤਰਜ਼, ਚੀਫ ਇੰਜੀਨੀਅਰ ਸਥਾਨਕ ਸਕਰਾਰ, ਐਨ ਐਚ.ਏ. ਆਈ, ਸਿਹਤ ਵਿਭਾਗ, ਸਿਖਿਆ ਵਿਭਾਗ, ਲੋਕ ਨਿਰਮਾਣ ਵਿਭਾਗ ਦੇ ਨੁਮਾਇੰਦਿਆ ਨੇ ਭਾਗ ਲਿਆ।

# ਉਪ ਕੁਲਪਤੀ ਵੱਲੋਂ ਖਿਡਾਰੀਆਂ ਨਾਲ ਮੁਲਾਕਾਤ

**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੁਰੂਕਸ਼ੇਤਰ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਸੋਮ ਨਾਥ ਸਚਦੇਵਾ ਨੇ ਖੇਲੋ ਇੰਡੀਆ ਯੂਨੀਵਰਸਿਟੀ ਖੇਡਾਂ ਦੇ ਸਾਰੇ ਤਗ਼ਮਾ ਜੇਤੂਆਂ, ਉੱਤਰੀ ਜ਼ੋਨ ਦੇ ਪੁਰਸ਼ ਵਾਲੀਬਾਲ ਚੈਂਪੀਅਨ ਅਤੇ ਮਹਿਲਾ ਵਾਲੀਬਾਲ ਟੀਮ ਦੇ ਉਪ ਜੇਤੂਆਂ ਨਾਲ ਮੁਲਾਕਾਤ ਕੀਤੀ। ਇਹ ਮੁਲਾਕਾਤ ਖਿਡਾਰੀਆਂ ਲਈ ਬਹੁਤ ਪ੍ਰੇਰਨਾਦਾਇਕ ਸਾਬਤ ਹੋਈ, ਕਿਉਂਕਿ ਵਾਈਸ ਚਾਂਸਲਰ ਨੇ ਆਪਣੇ ਰੁਝੇਵਿਆਂ ਦੇ ਬਾਵਜੂਦ ਖਿਡਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਖੇਡਾਂ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਕੁਰੂਕਸ਼ੇਤਰ ਯੂਨੀਵਰਸਿਟੀ ਹਮੇਸ਼ਾ ਆਪਣੇ ਅਥਲੀਟਾਂ ਨਾਲ ਮਜ਼ਬੂਤੀ ਨਾਲ ਖੜ੍ਹੀ ਰਹੀ ਹੈ ਅਤੇ ਭਵਿੱਖ ਵਿੱਚ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਦੇਵੇਦੀ। ਉਨ੍ਹਾਂ ਕਿਹਾ ਕਿ ਖੇਡਾਂ ਵਿਚ ਇਹ ਪ੍ਰਾਪਤੀਆਂ ਖਿਡਾਰੀਆਂ ਦੀ ਸਖਤ ਮਿਹਨਤ, ਕੋਚਾਂ ਦੇ ਮਾਰਗਦਰਸ਼ਨ ਤੇ ਯੂਨੀਵਰਸਿਟੀ ਪ੍ਰਸ਼ਾਸਨ ਦੇ ਸਹਿਯੋਗ ਦਾ ਨਤੀਜਾ ਹੈ। ਇਸ ਦੌਰਾਨ ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਨੂੰ ਆਪਣੀਆਂ ਮਹਿਲਾ ਅਥਲੀਟਾਂ 'ਤੇ ਮਾਣ ਹੈ ਜੋ ਲਗਾਤਾਰ ਉਚਾਈਆਂ ਛੂਹ ਰਹੀਆਂ ਹਨ।

ਉਨ੍ਹਾਂ ਨੇ ਸਾਰੇ ਅਥਲੀਟਾਂ ਦੇ ਉਜਵੱਲ ਭਵਿੱਖ ਦੀ ਕਾਮਨਾ ਕਰਦੇ ਹੋਏ ਉਮੀਦ ਪ੍ਰਗਟਾਈ ਕਿ ਕੁਰੂਕਸ਼ੇਤਰ ਯੂਨੀਵਰਸਿਟੀ ਆਉਣ ਵਾਲੇ ਸਾਲਾਂ ਵਿੱਚ ਖੇਡ ਜਗਤ ਵਿੱਚ ਹੋਰ ਵੀ ਸ਼ਾਨਦਾਰ ਪ੍ਰਦਰਸ਼ਨ ਕਰੇਗੀ। ਖੇਡ ਡਾਇਰੈਕਟਰ ਨਿਦੇਸ਼ਕ ਪ੍ਰੋ. ਡੀ ਐੱਸ ਰਾਣਾ ਨੇ ਦੱਸਿਆ ਕਿ ਇਸ ਸਾਲ ਦੀਆਂ ਖੇਲੋ ਇੰਡੀਆ ਯੂਨੀਵਰਸਿਟੀ ਖੇਡਾਂ ਵਿੱਚ ਯੂਨੀਵਰਸਿਟੀ ਦੇ 126 ਅਥਲੀਟਾਂ ਨੇ ਹਿੱਸਾ ਲਿਆ ਸੀ। ਇਸ ਦੌਰਾਨ ਅਥਲੀਟਾਂ ਨੇ ਕੁੱਲ 17 ਤਗਮੇ ਜਿੱਤੇ ਸਨ। ਇਸ ਮੌਕੇ ਮੁੱਕੇਬਾਜ਼ੀ ਕੋਚ ਰਾਜੇਸ਼ ਕੁਮਾਰ, ਵਾਲੀਬਾਲ ਕੋਚ ਰਾਜੇਸ਼ ਮਹਿਲਾ, ਕੁਸ਼ਤੀ ਕੋਚ ਰਮੇਸ਼ ਕੁਮਾਰ ਤੇ ਵੱਖ ਵੱਖ ਖੇਡਾਂ ਦੇ ਖਿਡਾਰੀ ਮੌਜੂਦ ਸਨ।

# ਸਰਕਾਰ ਦੀ ਆਨਲਾਈਨ ਟਰਾਂਸਫਰ ਨੀਤੀ ਖ਼ਿਲਾਫ਼ ਮੁਜ਼ਾਹਰਾ



**ਰਤੀਆ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਰਾਜ ਬਿਜਲੀ ਬੋਰਡ ਵਰਕਰਜ਼ ਯੂਨੀਅਨ ਦੀ ਕੇਂਦਰੀ ਪਰਿਸ਼ਦ ਦੇ ਸੱਦੇ 'ਤੇ ਆਨਲਾਈਨ ਟਰਾਂਸਫਰ ਨੀਤੀ-2025 ਖ਼ਿਲਾਫ਼ ਵਿਰੋਧ ਦੇ ਪਹਿਲੇ ਦਿਨ ਡਿਵੀਜ਼ਨ ਫਤਿਹਾਬਾਦ ਕਾਰਜਕਾਰੀ ਇੰਜਨੀਅਰ ਦੇ ਦਫ਼ਤਰ ਅੱਗੇ ਦੋ ਘੰਟੇ ਮੁਜ਼ਾਹਰਾ ਕੀਤਾ ਗਿਆ। ਯੂਨਿਟ ਪ੍ਰਧਾਨ ਖੁਰਸ਼ੀਦ ਨੇ ਪ੍ਰਦਰਸ਼ਨ ਦੀ ਪ੍ਰਧਾਨਗੀ ਕੀਤੀ ਅਤੇ ਯੂਨਿਟ ਸਕੱਤਰ ਦੀਵਾਨ ਸਿੰਘ ਨੇ ਸਟੇਜ ਦਾ ਸੰਚਾਲਨ ਕੀਤਾ। ਸਰਕਲ ਸਕੱਤਰ ਫਤਿਹਾਬਾਦ ਫਕੀਰ ਚੰਦ ਸੈਣੀ ਇਸ ਪ੍ਰਦਰਸ਼ਨ ਵਿੱਚ ਮੁੱਖ ਬੁਲਾਰੇ ਸਨ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਰਕਲ ਸਕੱਤਰ ਨੇ ਕਿਹਾ ਕਿ ਵਿਭਾਗ ਵਿੱਚ ਤਕਨੀਕੀ ਅਤੇ ਫੀਲਡ ਸਟਾਫ ਲਈ ਆਨਲਾਈਨ ਟਰਾਂਸਫਰ ਨੀਤੀ 2025 ਲਾਗੂ ਕਰਨ ਲਈ ਜਾਰੀ ਕੀਤੇ ਗਏ ਨਿਰਦੇਸ਼ ਕਰਮਚਾਰੀਆਂ ਦੇ ਹਿੱਤ ਵਿੱਚ ਨਹੀਂ ਹਨ। ਜੇ ਇਸ ਨੀਤੀ ਨੂੰ ਇਸ ਦੇ ਮੌਜੂਦਾ ਰੂਪ ਵਿੱਚ ਲਾਗੂ ਕੀਤਾ ਜਾਂਦਾ ਹੈ ਤਾਂ ਇਸ ਦਾ ਵਿਭਾਗੀ ਕੰਮਕਾਜ, ਮੁਲਾਜ਼ਮ ਦੀ ਸੁਰੱਖਿਆ ਅਤੇ ਖਪਤਕਾਰ ਸੇਵਾ 'ਤੇ ਡੂੰਘਾ ਮਾੜਾ ਪ੍ਰਭਾਵ ਪਵੇਗਾ। ਉਨ੍ਹਾਂ ਦੱਸਿਆ ਕਿ ਨਵੇਂ ਕੰਮ ਕਰਨ ਵਾਲੇ ਸਥਾਨਾਂ 'ਤੇ ਲਾਈਨ ਰੂਟਾਂ ਅਤੇ ਖੇਤਰੀ ਸਥਿਤੀਆਂ ਦਾ ਨਾਕਾਫ਼ੀ ਗਿਆਨ ਹਾਦਸਿਆਂ ਅਤੇ ਮੌਤਾਂ ਦੀ ਸੰਭਾਵਨਾ ਨੂੰ ਕਾਫ਼ੀ ਵਧਾ ਦੇਵੇਗਾ। ਖੇਤਰੀ ਗਿਆਨ ਦੀ ਘਾਟ ਕਾਰਨ ਮੁਲਾਜ਼ਮਾਂ ਨੂੰ ਡਿਫਾਲਟ ਬਕਾਏ ਦੀ ਵਸੂਲੀ, ਬਿਜਲੀ ਚੋਰੀ ਰੋਕਣ ਅਤੇ ਨਵੇਂ ਕੁਨੈਕਸ਼ਨਾਂ ਲਈ ਪੜਤਾਲ ਵਰਗੇ ਕੰਮਾਂ ਵਿੱਚ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ। ਵਾਰ-ਵਾਰ ਤਬਾਦਲਿਆਂ ਨਾਲ ਵੀ ਕੰਮ ਪ੍ਰਭਾਵਿਤ ਹੋਵੇਗਾ। ਯੂਨੀਅਨ ਆਗੂਆਂ ਨੇ ਬਿਜਲੀ ਵਿਭਾਗ ਤੇ ਸਰਕਾਰ ਨੂੰ ਅਪੀਲ ਕੀਤੀ ਕਿ ਆਨਲਾਈਨ ਟਰਾਂਸਫਰ ਨੀਤੀ 2025 ਲਾਗੂ ਕਰਨ ਨੂੰ ਤੁਰੰਤ ਰੋਕਣ ਅਤੇ ਇਸ ਨੀਤੀ ਦਾ ਇੱਕ ਸਰਬਸੰਮਤੀ, ਵਿਹਾਰਕ ਅਤੇ ਸੁਰੱਖਿਅਤ ਹੱਲ ਵਿਕਸਤ ਕਰਨ ਲਈ ਜਲਦੀ ਹੀ ਯੂਨੀਅਨ ਦੇ ਪ੍ਰਤੀਨਿਧੀਆਂ ਨਾਲ ਸਾਂਝੀ ਮੀਟਿੰਗ ਕੀਤੀ ਜਾਵੇ। ਅੱਜ ਦੇ ਵਿਰੋਧ ਪ੍ਰਦਰਸ਼ਨ ਵਿੱਚ ਯੂਨਿਟ ਕਾਰਜਕਾਰੀ ਕਮੇਟੀ ਦੇ ਮੈਂਬਰ ਰਾਮ ਨਿਵਾਸ, ਜਸਵੰਤ ਸਿੰਘ ਜੇ ਈ, ਪ੍ਰੇਮ ਸਿੰਘ, ਸੰਜੇ ਸੈਣੀ, ਅਨੀਸ਼ ਕੁਮਾਰ, ਸਬ ਯੂਨਿਟ ਭੱਟੂ ਦੇ ਪ੍ਰਧਾਨ ਪ੍ਰਦੀਪ ਬਿਸਲਾ, ਸਕੱਤਰ ਓਮ ਪ੍ਰਕਾਸ਼, ਸਬ ਯੂਨਿਟ ਸਬ ਅਰਬਨ ਦੇ ਪ੍ਰਧਾਨ ਦੇਵੇਂਦਰ ਜਾਖੜ, ਸਕੱਤਰ ਕੁਲਦੀਪ ਸਿੰਘ ਗੋਦਾਰਾ, ਸਬ ਯੂਨਿਟ ਸਿਟੀ ਰਤੀਆ ਦੇ ਪ੍ਰਧਾਨ ਅਸ਼ੋਕ ਕੁਮਾਰ, ਸਕੱਤਰ ਸਤਬੀਰ ਸਿੰਘ, ਉਨ੍ਹਾਂ ਦੱਸਿਆ ਕਿ ਨਵੇਂ ਕੰਮ ਕਰਨ ਵਾਲੇ ਸਥਾਨਾਂ 'ਤੇ ਲਾਈਨ ਰੂਟਾਂ ਅਤੇ ਖੇਤਰੀ ਸਥਿਤੀਆਂ ਦਾ ਨਾਕਾਫ਼ੀ ਗਿਆਨ ਹਾਦਸਿਆਂ ਅਤੇ ਮੌਤਾਂ ਦੀ ਸੰਭਾਵਨਾ ਨੂੰ ਕਾਫ਼ੀ ਵਧਾ ਦੇਵੇਗਾ। ਖੇਤਰੀ ਗਿਆਨ ਦੀ ਘਾਟ ਕਾਰਨ ਮੁਲਾਜ਼ਮਾਂ ਨੂੰ ਡਿਫਾਲਟ ਬਕਾਏ ਦੀ ਵਸੂਲੀ, ਬਿਜਲੀ ਚੋਰੀ ਰੋਕਣ ਅਤੇ ਨਵੇਂ ਕੁਨੈਕਸ਼ਨਾਂ ਲਈ ਪੜਤਾਲ ਵਰਗੇ ਕੰਮਾਂ ਵਿੱਚ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ। ਵਾਰ-ਵਾਰ ਤਬਾਦਲਿਆਂ ਨਾਲ ਵੀ ਕੰਮ ਪ੍ਰਭਾਵਿਤ ਹੋਵੇਗਾ। ਯੂਨੀਅਨ ਆਗੂਆਂ ਨੇ ਬਿਜਲੀ ਵਿਭਾਗ ਤੇ ਸਰਕਾਰ ਨੂੰ ਅਪੀਲ ਕੀਤੀਸਬ ਯੂਨਿਟ ਰਤੀਆ ਦੇ ਸਕੱਤਰ ਦੀਪਕ ਕੁਮਾਰ ਅਤੇ ਇਨ੍ਹਾਂ ਸਾਰੀਆਂ ਸਬ ਯੂਨਿਟਾਂ ਦੀ ਸਮੁੱਚੀ ਕਾਰਜਕਾਰੀ ਕਮੇਟੀ ਅਤੇ ਸਟਾਫ ਮੈਂਬਰ ਹਾਜ਼ਰ ਸਨ।

# ਕੈਲਾਸ਼ ਸੈਣੀ ਨੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ

**ਸ਼ਾਹਬਾਦ ਮਾਰਕੰਡਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਪ੍ਰਤੀਨਿੱਧ ਕੈਲਾਸ਼ ਸੈਣੀ ਨੇ ਅਧਿਕਾਰੀਆਂ ਨਾਲ ਬਾਬੈਨ ਦੇ ਰਾਮ ਸ਼ਰਨ ਮਾਜਰਾ ਵਿੱਚ ਸੀਵਰੇਜ ਟਰੀਟਮੈਂਟ ਪਲਾਂਟ ਅਤੇ ਬਾਬੈਨ ਦੇ ਮੁੱਖ ਚੌਕ ਦੇ ਨਿਰਮਾਣ ਲਈ ਜਗ੍ਹਾ ਦਾ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਸੀਵਰੇਜ ਟਰੀਟਮੈਂਟ ਪਲਾਂਟ ਲਈ ਜ਼ਮੀਨ ਦੀ ਪਛਾਣ ਕਰਕੇ ਜਲਦੀ ਤੋਂ ਜਲਦੀ ਉਸਾਰੀ ਦੇ ਕੰਮ ਨੂੰ ਯਕੀਨੀ ਬਣਾਉਣ ਲਈ ਰਾਮ ਸ਼ਰਨ ਮਾਜਰਾ ਤੇ ਬਾਬੈਨ ਵਿੱਚ ਵੱਖ ਵੱਖ ਥਾਵਾਂ ਦਾ ਨਿਰੀਖਣ ਕੀਤਾ। ਕੈਲਾਸ਼ ਸੈਣੀ ਨੇ ਕਿਹਾ ਕਿ ਮੁੱਖ ਮੰਤਰੀ ਹਲਕੇ ਵਿੱਚ ਲੋਕਾਂ ਨੂੰ ਸਾਰੀਆਂ ਸਹੂਲਤਾਂ ਦੇਣ ਲਈ ਵਚਨਬੱਧ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਦੋਹਾਂ ਪਿੰਡਾਂ ਵਿੱਚ ਪਾਣੀ ਦੀ ਸਮੱਸਿਆ ਦਾ ਸਥਾਈ ਹੱਲ ਕਰਨ ਲਈ ਮਹਾਂਗਰਾਮ ਵਿਕਾਸ ਯੋਜਨਾ ਤਹਿਤ ਬਾਬੈਨ ਅਤੇ ਰਾਮ ਸ਼ਰਨ ਮਾਜਰਾ ਵਿੱਚ ਐਸ ਟੀ ਪੀ ਪਲਾਂਟ ਲਗਾਉਣ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਬਾਬੈਨ ਦੇ ਮੁੱਖ ਬਾਜ਼ਾਰ ਵਿੱਚ ਮੁੱਖ ਸੜਕ 'ਤੇ ਇਕ ਵਿਸ਼ਾਲ ਚੌਕ ਦਾ ਨਿਰਮਾਣ



ਸ਼ੁਰੂ ਕੀਤਾ ਜਾਵੇਗਾ ਤਾਂ ਜੋ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸਿਹਤ, ਸਿੱਖਿਆ, ਸੜਕਾਂ ਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਤਰਜੀਹ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਲਾਡਵਾ ਹਲਕੇ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਪ੍ਰਾਜੈਕਟ ਪੂਰੇ ਹੋ ਚੁੱਕੇ ਹਨ ਤੇ ਕੁੱਝ ਇਸ ਵੇਲੇ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਬਾਬੈਨ ਦੇ ਰਾਮ ਸ਼ਰਨ ਪਿੰਡ ਵਿੱਚ ਸਰਕਾਰੀ ਕਾਲਜ ਬਣਾਇਆ ਜਾਵੇਗਾ ਜਿਸ ਲਈ ਕੰਮ ਚਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਹਲਕੇ ਦੇ 38 ਪਿੰਡਾਂ ਵਿਚ 10.01 ਕਰੋੜ ਰੁਪਏ ਦੀ ਲਾਗਤ ਨਾਲ ਡੀ ਆਈ ਪਾਈਪ ਲਾਈਨਾਂ ਵਿਛਾਉਣ ਦੀ ਮੰਗ ਨੂੰ ਵੀ ਮਜ਼ਜੂਰੀ ਦੇ ਦਿੱਤੀ ਹੈ। ਹਲਕੇ ਦੇ ਪਿੰਡਾਂ ਦੇ ਵਿਕਾਸ ਲਈ ਪੰਜ ਕਰੋੜ ਰੁਪਏ ਦੀ ਗਰਾਂਟ ਜਾਰੀ ਕਰ ਦਿੱਤੀ ਗਈ ਹੈ। ਖੇਤ ਖਲਿਆਣ ਯੋਜਨਾ ਤਹਿਤ 25 ਕਿਲੋਮੀਟਰ ਸੜਕਾਂ ਨੂੰ ਪੱਕਾ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਸ ਮੌਕੇ ਭਾਜਪਾ ਮੰਡਲ ਬਾਬੈਨ ਦੇ ਪ੍ਰਧਾਨ ਵਿਕਾਸ ਸ਼ਰਮਾ, ਸਰਪੰਚ ਨੁਮਾਇੰਦੇ ਓਮ ਪ੍ਰਕਾਸ਼ ਸੈਣੀ ਅਤੇ ਬਖਤਾਵਰ ਸੈਣੀ ਆਦਿ ਹਾਜ਼ਰ ਸਨ।

# ਉਮੰਗ ਵੈਲਫੇਅਰ ਫਾਊਂਡੇਸ਼ਨ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਮੁਫ਼ਤ ਸਿੱਖਿਆ ਉਪਰਾਲਾ

## ਗਣਿਤ ਅਤੇ ਸਾਇੰਸ ਵਿਸ਼ਿਆਂ ਦੀ ਸੌਖੇ ਤਰੀਕੇ ਨਾਲ ਕਰਵਾਈ ਜਾ ਰਹੀ ਵਿਸ਼ੇਸ਼ ਤਿਆਰੀ: ਡਾ. ਗਗਨਪ੍ਰੀਤ ਕੌਰ

**ਪਟਿਆਲਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਸ਼ਹਿਰ ਵਿੱਚ ਸਮਾਜਿਕ ਭਲਾਈ ਦੇ ਖੇਤਰ ਵਿੱਚ ਕੰਮ ਕਰ ਰਹੀ ਸੰਸਥਾ ਉਮੰਗ ਵੈਲਫੇਅਰ ਫਾਊਂਡੇਸ਼ਨ ਵੱਲੋਂ ਵਿਦਿਆ ਦੇ ਖੇਤਰ ਵਿੱਚ ਇੱਕ ਸਰਾਹਣਯੋਗ ਕਦਮ ਚੁੱਕਿਆ ਗਿਆ ਹੈ। ਫਾਊਂਡੇਸ਼ਨ ਦੇ ਪ੍ਰਧਾਨ ਅਰਵਿੰਦਰ ਸਿੰਘ ਦੀ ਅਗਵਾਈ ਹੇਠ ਸੰਸਥਾ ਪਿਛਲੇ ਲੰਮੇ ਸਮੇਂ ਤੋਂ ਸਮਾਜਿਕ ਸੇਵਾ, ਸਿੱਖਿਆ , ਸਾਈਬਰ ਸਿਕਿਉਰਿਟੀ ਸੈਮੀਨਾਰ, ਰੁੱਖ ਲਗਾਉਣ ਅਤੇ ਜਾਗਰੂਕਤਾ ਨਾਲ ਜੁੜੇ ਕਈ ਪ੍ਰੋਗਰਾਮ ਸਫਲਤਾਪੂਰਵਕ ਚਲਾ ਰਹੀ ਹੈ।

ਇਸੇ ਕੜੀ ਤਹਿਤ ਹੁਣ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਪੜ੍ਹਾਈ ਵਿੱਚ ਪਿੱਛੇ ਰਹਿ ਗਏ ਵਿਦਿਆਰਥੀਆਂ ਲਈ ਮੁਫ਼ਤ ਸਿੱਖਿਆ ਦਾ ਉਪਰਾਲਾ ਸ਼ੁਰੂ ਕੀਤਾ ਗਿਆ ਹੈ। ਸੰਸਥਾ ਦੇ ਪ੍ਰਧਾਨ ਅਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਯੋਜਨਾ ਦਾ ਮੁੱਖ ਉਦੇਸ਼ ਉਹਨਾਂ ਵਿਦਿਆਰਥੀਆਂ ਨੂੰ ਮਜ਼ਬੂਤ ਕਰਨਾ ਹੈ ਜੋ ਸਹੀ ਮਾਰਗਦਰਸ਼ਨ ਅਤੇ ਸਹਾਇਤਾ ਦੀ ਕਮੀ ਕਾਰਨ ਆਪਣੀ ਯੋਗਤਾ ਅਨੁਸਾਰ ਚੰਗਾ ਪ੍ਰਦਰਸ਼ਨ ਨਹੀਂ ਕਰ ਪਾਂਦੇ।

ਇਸ ਉਪਰਾਲੇ ਦੇ ਤਹਿਤ ਸੰਸਥਾ ਦੇ ਕੋਆਰਡੀਨੇਟਰ ਡਾ. ਗਗਨਪ੍ਰੀਤ ਕੌਰ ਵੱਲੋਂ ਗਣਿਤ ਅਤੇ ਸਾਇੰਸ ਵਰਗੇ ਮਹੱਤਵਪੂਰਨ ਵਿਸ਼ਿਆਂ ਵਿੱਚ ਵਿਦਿਆਰਥੀਆਂ ਨੂੰ ਵਿਸ਼ੇਸ਼ ਤਿਆਰੀ ਕਰਵਾਈ ਜਾ ਰਹੀ ਹੈ। ਹਰ ਰੋਜ਼ ਉਹ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਪੁਰਾਣੀ ਪੁਲਿਸ ਲਾਈਨ, ਪਟਿਆਲਾ ਵਿਖੇ ਜਾ ਕੇ ਪੜ੍ਹਾਈ ਵਿੱਚ ਕਮਜ਼ੋਰ ਵਿਦਿਆਰਥੀਆਂ ਨੂੰ ਆਉਣ ਵਾਲੇ ਬੋਰਡ ਇਮਤਿਹਾਨਾਂ ਦੀ ਤਿਆਰੀ ਕਰਵਾ ਰਹੇ ਹਨ। ਵਿਦਿਆਰਥੀਆਂ ਨੂੰ ਸੌਖੇ ਅਤੇ ਸਮਝਣਯੋਗ ਤਰੀਕੇ ਨਾਲ ਵਿਉਪਰੋਕਤ ਵਿਸ਼ੇ ਪੜ੍ਹਾਏ ਜਾ ਰਹੇ ਹਨ, ਜਿਸ ਨਾਲ ਉਹਨਾਂ ਦਾ ਆਤਮ-ਵਿਸ਼ਵਾਸ ਵਧ ਰਿਹਾ ਹੈ।

ਉਹਨਾਂ ਨੇ ਕਿਹਾ ਕਿ ਇਸ ਵਿਸ਼ੇਸ਼ ਉਪਰਾਲੇ ਦੀ ਵਿਦਿਆਰਥੀਆਂ ਵੱਲੋਂ ਭਰਪੂਰ ਸਰਾਹਣਾ ਕੀਤੀ ਜਾ ਰਹੀ ਹੈ। ਸਕੂਲ ਦੀ ਪ੍ਰਿੰਸੀਪਲ ਮਨਦੀਪ ਕੌਰ ਨੇ ਉਮੰਗ ਵੈਲਫੇਅਰ ਫਾਊਂਡੇਸ਼ਨ ਦੇ ਇਸ ਯਤਨ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਬਹੁਤ ਹੀ ਲਾਭਦਾਇਕ ਸਾਬਤ ਹੋ ਰਹੇ ਹਨ। ਉਨ੍ਹਾਂ ਨੇ ਦੱਸਿਆ ਕਿ ਸਕੂਲ ਦੇ ਅਧਿਆਪਕ ਵਰਗ ਵੱਲੋਂ ਵੀ ਇਸ ਕਾਰਜ ਵਿੱਚ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ।

ਇਸ ਮੁਫ਼ਤ ਕੋਚਿੰਗ ਦੌਰਾਨ ਵਿਦਿਆਰਥੀਆਂ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਧਿਆਨ ਵਿੱਚ ਰੱਖਦਿਆਂ ਸੌਖੀ ਭਾਸ਼ਾ ਵਿੱਚ ਪਾਠ ਪੜ੍ਹਾਇਆ ਜਾਂਦਾ ਹੈ, ਤਾਂ ਜੋ ਉਹ ਵਿਸ਼ਿਆਂ ਨੂੰ ਚੰਗੀ ਤਰ੍ਹਾਂ ਸਮਝ ਸਕਣ ਅਤੇ ਆਤਮ-ਵਿਸ਼ਵਾਸ ਨਾਲ ਇਮਤਿਹਾਨਾਂ ਦਾ ਸਾਹਮਣਾ ਕਰ ਸਕਣ। ਉਹਨਾਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਸਕੂਲਾਂ ਤੱਕ ਇਸ ਉਪਰਾਲੇ ਨੂੰ ਵਧਾਇਆ ਜਾਵੇਗਾ, ਤਾਂ ਜੋ ਵੱਧ ਤੋਂ ਵੱਧ ਲੋੜਵੰਦ ਵਿਦਿਆਰਥੀ ਇਸ ਦਾ ਲਾਭ ਲੈ ਸਕਣ।

# ਪਟਿਆਲਾ ਦਿਹਾਤੀ ਹਲਕੇ ਅੰਦਰ ਚੱਠਾ ਦੀ ਅਗਵਾਈ ਚ ਸ਼੍ਰੋਮਣੀ ਅਕਾਲੀ ਦਲ ਦੇ 5 ਬਲਾਕ ਸੰਮਤੀ ਮੈਂਬਰ ਰਹੇ ਜੇਤੂ



**ਪਟਿਆਲਾ, 22 ਦਸੰਬਰ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦਿਹਾਤੀ ਹਲਕੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜਸਪਾਲ ਸਿੰਘ ਬਿੱਟੂ ਚੱਠਾ ਦੀ ਅਗਵਾਹੀ ਚ ਜਿਲਾ ਪਰਿਸ਼ਦ ਤੇ ਬਲਾਕ ਸੰਮਤੀ ਚੋਣਾਂ ਅੰਦਰ ਆਪਣੇ ਉਮੀਦਵਾਰਾਂ ਨੂੰ ਜਿਤਾਉਣ ਲਈ ਦਿਨ ਰਾਤ ਇੱਕ ਕੀਤੀ ਹੋਈ ਸੀ ਜਿੱਥੇ ਉਹਨਾਂ ਸਮੇਂ ਸਮੇਂ ਸਿਰ ਸਰਕਾਰ ਵੱਲੋਂ ਕੀਤੀ ਗਈ ਧੱਕੇਸ਼ਾਹੀ ਦੇ ਖਿਲਾਫ ਆਪਣੀ ਆਵਾਜ਼ ਨੂੰ ਬੁਲੰਦ ਕੀਤਾ ਹੋਇਆ ਸੀ ਪਰ ਸਰਕਾਰ ਦੀ ਵੱਡੇ ਪੱਧਰ ਤੇ ਧੱਕੇਸ਼ਾਹੀ ਦੇ ਬਾਵਜੂਦ ਚੱਠਾ ਦੀ ਅਗਵਾਈ ਵਾਲੇ 5 ਬਲਾਕ ਸੰਮਤੀ ਮੈਂਬਰ ਵੱਡੀ ਲੀਡ ਨਾਲ ਜਿੱਤ ਕੇ ਇਹ ਸਾਬਤ ਕਰ ਦਿੱਤਾ ਕੀ ਸ਼੍ਰੋਮਣੀ ਕੱਲ ਦਲ ਦੇ ਵਰਕਰ ਸਰਕਾਰ ਦੀ ਧੱਕੇਸ਼ਾਹੀ ਦੀ ਕੋਈ ਪਰਵਾਹ ਨਹੀਂ ਕਰਦੇ ਲਿਹਾਜਾ ਇਸ ਜਿੱਤ ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜਬੂਤ ਕੀਤਾ ਹੈ। ਇਹਨਾਂ ਪੰਜੇ ਬਲਾਕ ਸੰਮਤੀ ਮੈਂਬਰਾਂ ਨੂੰ ਚੱਠਾ ਨੇ ਸਰੋਪਾ ਦੇ ਕੇ ਸਨਮਾਨਿਤ ਕੀਤਾ ਜਿਨਾਂ ਵਿੱਚ ਸ਼ਾਮਿਲ ਬਲਾਕ ਸੰਮਤੀ ਮੈਂਬਰ ਰੋਟੀ ਸ਼ਨਾ ਜੋਨ ਤੋਂ ਹਰਵਿੰਦਰ ਸਿੰਘ ਕੈਦੂਪੁਰ ਜ਼ੋਨ ਤੋਂ ਸੀਮਾ ਦੇਵੀ ਬਾਰਨਜੋਨ ਤੋਂ ਮਨਪ੍ਰੀਤ ਸਿੰਘ ਚ ਲੈਲਾ ਜੂਨ ਤੋਂ ਅਰਵਿੰਦਰ ਕੌਰ ਲੰਗਜੋਨ ਤੋਂ ਜਰਨੈਲ ਸਿੰਘ ਆਦ ਉਮੀਦਵਾਰਾਂ ਨੇ ਜਿੱਤ ਕੇ ਸ਼੍ਰੋਮਣੀ ਅਕਾਲੀ ਦਲ ਨਾਲ ਚਟਾਨ ਖੜੇ ਹੋਣ ਦਾ ਸਬੂਤ ਦਿੱਤਾ ਹੈ। ਇਸ ਵਕਤ ਦੀ ਗੱਲਬਾਤ ਕਰਦੇ ਹੋਏ ਸਮੁੱਚੇ ਬਲਾਕ ਜੇਤੂ ਬਲਾਕ ਸੰਮਤੀ ਮੈਂਬਰਾਂ ਨੇ ਕਿਹਾ ਕਿ ਸਰਕਾਰ ਦੀ ਧੱਕੇਸ਼ਾਹੀ ਦਾ ਜਵਾਬ ਜਰੂਰ ਦਿੱਤਾ ਜਾਵੇਗਾ ਅਤੇ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਡੱਟ ਕੇ ਸਾਥ ਦੇਣ ਵਾਲੇ ਲੋਕਾਂ ਦੇ ਨਾਲ ਖੜੇ ਹਾਂ ਜੇਕਰ ਸਰਕਾਰ ਵਿਕਾਸ ਕਾਰਜਾਂ ਲਈ ਪੱਖਪਾਤ ਬਣਾਵੇਗੀ ਉਸਦਾ ਜਵਾਬ ਵੀ ਦਿੱਤਾ ਜਾਵੇਗਾ ਇਸ ਮੌਕੇ ਝੱਠਾ ਦੇ ਸਮੁੱਚੇ ਵੋਟਰਾਂ ਦਾ ਧੰਨਵਾਦ ਕੀਤਾ ਅਤੇ ਇਹਨਾਂ ਪੰਜੇ ਬਲਾਕ ਸਿੰਘ ਬਲਾਕ ਸੰਮਤੀ ਮੈਂਬਰ ਨੂੰ ਜਿੱਤ ਤੇ ਵਧਾਈ ਦਿੱਤੀ ਉਥੇ ਬਿੱਟੂ ਚੱਠਾ ਨੇ ਕਿਹਾ ਕੀ ਸਰਕਾਰ ਦੀ ਇਨੀ ਧੱਕੇਸ਼ਾਹੀ ਦੇ ਬਾਵਜੂਦ ਵੀ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੇ ਜਿੱਤ ਪ੍ਰਾਪਤ ਕਰਨੀ ਵੱਡੇ ਮਾਣ ਵਾਲੀ ਗੱਲ ਹੈ ਜਿਸ ਤੋਂ ਸਾਫ ਹੋ ਜਾਂਦਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਨੂੰ ਜਿਤਾਉਣ ਲਈ ਲੋਕਾਂ ਦੇ ਪੂਰਾ ਸਾਥ ਦਿੱਤਾ ਹੈ ਤਾਂ ਹੀ ਇਹਨਾਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੇ ਜਿੱਤ ਦਰਜ ਕਰਵਾਈ ਹੈ ਅਤੇ ਭਵਿੱਖ ਵਿੱਚ ਆ ਰਹੀਆਂ ਵਿਧਾਨ ਸਭਾ ਚੋਣਾਂ 202 ਲਈ ਤਿਆਰੀ ਹੁਣ ਤੋਂ ਹੀ ਆਰੰਭ ਕੀਤੀ ਜਾਵੇਗੀ ਤਾਂ ਜੋ ਭਵਿੱਖ ਵਿੱਚ ਸੂਬੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੂੰ ਸੱਤਾ ਵਿੱਚ ਲਿਆਂਦਾ ਜਾ ਸਕੇ ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਅੰਮ੍ਰਿਤ ਪਾਲ ਸਿੰਘ ਲੰਗ ਆਦ ਹੋਰ ਅਕਾਲੀ ਦਲ ਦੇ ਆਗੂ ਤੇ ਵਰਕਰ ਭਾਰੀ ਗਿਣਤੀ ਵਿੱਚ ਮੌਜੂਦ ਸਨ।

# ਸਰਹੱਦ ਪਾਰੋਂ ਚੱਲ ਰਹੇ ਤਸਕਰੀ ਕਾਰਟੈਲ ਦਾ ਅੰਮ੍ਰਿਤਸਰ ਵਿੱਚ ਪਰਦਾਫਾਸ਼; 4.5 ਕਿਲੋ ਹੈਰੋਇਨ, ਇੱਕ ਪਿਸਤੌਲ ਸਮੇਤ ਤਿੰਨ ਗ੍ਰਿਫ਼ਤਾਰ

## ➤ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਵਿਦੇਸ਼ੀ ਹੈਂਡਲਰ ਦੇ ਸੰਪਰਕ ਵਿੱਚ ਸਨ ਗ੍ਰਿਫ਼ਤਾਰ ਕੀਤੇ ਦੋਸ਼ੀ: ਡੀਜੀਪੀ ਗੌਰਵ ਯਾਦਵ ➤ ਡਰੋਨ ਡਰਾਪਾਂ ਰਾਹੀਂ ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਪ੍ਰਾਪਤ ਕਰ ਰਹੇ ਸਨ ਗ੍ਰਿਫ਼ਤਾਰ ਕੀਤੇ ਵਿਅਕਤੀ : ਸੀਪੀ ਅੰਮ੍ਰਿਤਸਰ ਗੁਰਪ੍ਰੀਤ ਭੁੱਲਰ

**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਵਿੱਚ ਸ਼ਾਮਲ ਤਿੰਨ ਨਸ਼ਾ ਤਸਕਰਾਂ ਨੂੰ 4.5 ਕਿਲੋ ਹੈਰੋਇਨ ਅਤੇ ਇੱਕ .30 ਬੋਰ ਪਿਸਤੌਲ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਚੱਲ ਰਹੇ ਨਸ਼ਾ ਤਸਕਰੀ ਕਾਰਟੇਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਵਿੰਦਰ ਸਿੰਘ ਉਰਫ਼ ਗੋਪੀ (23) ਵਾਸੀ ਪਿੰਡ ਸ਼ਾਹਵਾਲਾ (ਫਿਰੋਜ਼ਪੁਰ), ਤਿਲਕ ਉਰਫ਼ ਸ਼ਿਬੂ (18) ਜੋ ਕਿ ਰਾਜੀਵ ਗਾਂਧੀ ਵਿਹਾਰ, ਜਲੰਧਰ ਦਾ ਵਸਨੀਕ ਹੈ ਪਰ ਮੌਜੂਦਾ ਸਮੇਂ ਦੌਰਾਨ ਅੰਮ੍ਰਿਤਸਰ ਦੇ ਮੁਸਤਫਾਬਾਦ ਵਿੱਚ ਰਹਿੰਦਾ ਹੈ ਅਤੇ ਦਲਜੀਤ ਸਿੰਘ ਉਰਫ਼ ਲਾਲਾ (20), ਜੋ ਕਿ ਪਿੰਡ ਨੌਸ਼ਹਿਰਾ ਢੱਲਾ ਦਾ ਰਹਿਣ ਵਾਲਾ ਹੈ ਅਤੇ ਮੌਜੂਦਾ ਸਮੇਂ ਦੌਰਾਨ ਅੰਮ੍ਰਿਤਸਰ ਦੇ ਪਿੰਡ ਮੁਸਤਫਾਬਾਦ ਵਿੱਚ ਰਹਿੰਦਾ ਹੈ, ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਇੱਕ ਵਿਦੇਸ਼ੀ ਹੈਂਡਲਰ ਦੇ ਸੰਪਰਕ ਵਿੱਚ ਸਨ ਅਤੇ ਉਸਦੇ ਨਿਰਦੇਸ਼ਾਂ 'ਤੇ, ਉਹ ਵੱਖ-ਵੱਖ ਥਾਵਾਂ 'ਤੇ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਖੇਪਾਂ ਲਿਆਉਣ-ਲਿਜਾਣ ਅਤੇ ਅੱਗੇ ਸਪਲਾਈ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ।

ਆਪ੍ਰੇਸ਼ਨ ਸੰਬੰਧੀ ਵੇਰਵੇ ਸਾਂਝੇ ਕਰਦੇ ਹੋਏ, ਪੁਲਿਸ ਕਮਿਸ਼ਨਰ (ਸੀ.ਪੀ.) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਮੁਲਜ਼ਮ ਗੁਰਵਿੰਦਰ ਸਿੰਘ ਉਰਫ਼ ਗੋਪੀ ਨੂੰ 1.5 ਕਿਲੋ ਹੈਰੋਇਨ ਅਤੇ ਇੱਕ .30 ਬੋਰ ਪਿਸਤੌਲ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਪੁੱਛਗਿੱਛ ਦੌਰਾਨ ਮੁਲਜ਼ਮ ਨੇ ਆਪਣੇ ਦੋ ਹੋਰ ਸਾਥੀਆਂ ਦੀ ਸ਼ਮੂਲੀਅਤ ਦਾ ਖੁਲਾਸਾ ਕੀਤਾ, ਜਿਸ ਨਾਲ ਹੋਰ ਬਰਾਮਦਗੀਆਂ ਹੋਈਆਂ।

ਸ. ਭੁੱਲਰ ਨੇ ਕਿਹਾ ਕਿ ਉਕਤ ਦੇ ਖੁਲਾਸੇ ਦੇ ਆਧਾਰ 'ਤੇ, ਪੁਲਿਸ ਨੇ ਦੋ ਹੋਰ ਮੁਲਜ਼ਮਾਂ ਜਿਨ੍ਹਾਂ ਦੀ ਪਛਾਣ ਤਿਲਕ ਉਰਫ਼ ਸ਼ਿਬੂ ਅਤੇ ਦਲਜੀਤ ਸਿੰਘ ਉਰਫ਼ ਲਾਲਾ ਵਜੋਂ ਹੋਈ ਹੈ, ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 3 ਕਿਲੋ ਹੋਰ ਹੈਰੋਇਨ ਬਰਾਮਦ ਕੀਤੀ।

ਸੀ.ਪੀ. ਨੇ ਦੱਸਿਆ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਫਿਰੋਜ਼ਪੁਰ ਵਿੱਚ ਸਰਹੱਦੀ ਖੇਤਰ ਦੇ ਨੇੜੇ ਰਿਹਾਇਸ਼ ਹੋਣ ਕਾਰਨ, ਮੁਲਜ਼ਮ ਗੁਰਵਿੰਦਰ ਸਿੰਘ ਉਰਫ਼ ਗੋਪੀ, ਫਿਰੋਜ਼ਪੁਰ ਖੇਤਰ ਵਿੱਚ ਡਰੋਨ ਡਰੌਪ ਰਾਹੀਂ ਨਸ਼ੀਲੇ ਪਦਾਰਥਾਂ ਦੀ ਖੇਪ ਅਤੇ ਹੋਰ ਗੈਰ-ਕਾਨੂੰਨੀ ਖੇਪਾਂ ਪ੍ਰਾਪਤ ਕਰਨ ਵਿੱਚ ਸਰਗਰਮ ਸੀ। ਉਨ੍ਹਾਂ ਅੱਗੇ ਕਿਹਾ ਕਿ ਇਹ ਵੀ ਪਤਾ ਲੱਗਿਆ ਹੈ ਕਿ ਮੁਲਜ਼ਮ ਗੁਰਵਿੰਦਰ ਸਿੰਘ ਉਰਫ਼ ਗੋਪੀ ਖੇਪਾਂ ਪ੍ਰਾਪਤ ਕਰਨ ਲਈ ਇੱਕ ਵਿਦੇਸ਼ੀ ਤਸਕਰ ਨਾਲ ਸਿੱਧੇ ਤੌਰ 'ਤੇ ਸੰਪਰਕ ਵਿੱਚ ਸੀ।

ਇਸ ਸਬੰਧ ਵਿੱਚ ਅੰਮ੍ਰਿਤਸਰ ਦੇ ਪੁਲਿਸ ਸਟੇਸ਼ਨ ਗੇਟ ਹਕੀਮਾ ਵਿਖੇ ਐਨ.ਡੀ.ਪੀ.ਐਸ. ਐਕਟ ਦੀ ਧਾਰਾ 21-ਸੀ ਅਤੇ 29 ਅਤੇ ਅਸਲਾ ਐਕਟ ਦੀ ਧਾਰਾ 25 (6, 7, 8) ਅਧੀਨ ਐਫ.ਆਈ.ਆਰ. ਨੰਬਰ 345 ਮਿਤੀ 12-12-2025 ਤਹਿਤ ਕੇਸ ਦਰਜ ਕੀਤਾ ਗਿਆ ਹੈ।

# ਰੱਖੜਾ ਦੇ ਸਮਾਣੇ ਅੰਦਰ ਤਿੰਨ ਬਲਾਕ ਸੰਮਤੀ ਮੈਂਬਰ ਜਿੱਤੇ; ਬਲਾਕ ਸੰਮਤੀ ਮੈਂਬਰਾਂ ਨੂੰ ਸਰੋਪਾ ਦੇ ਕੇ ਕੀਤਾ ਸਨਮਾਨਿਤ



**ਪਟਿਆਲਾ, 22 ਦਸੰਬਰ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਅੰਦਰ ਭਾਵੇਂ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ 'ਚ ਆਪਣੇ ਉਮੀਦਵਾਰਾਂ ਨੂੰ ਧੱਕੇਸ਼ਾਹੀ ਨਾਲ ਜਿਤਾਉਣ ਲਈ ਅੱਡੀ ਚੋਟੀ ਦਾ ਜੋਰ ਲਗਾਇਆ ਹੋਇਆ ਸੀ ਪਰ ਫਿਰ ਵੀ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜਿਤੀ ਨੇ ਪਹਿਲੀ ਵਾਰ ਲੜੀਆਂ ਇਨ੍ਹਾਂ ਚੋਣਾਂ ਵਿੱਚ ਆਪਣੇ ਸੈਂਕੜੇ ਹੀ ਉਮੀਦਵਾਰ ਜਿਤਾ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਬਾਦਲ ਪਰਿਵਾਰ ਦੇ ਅਕਾਲੀ ਦਲ ਨਾਲੋਂ ਵੱਖ ਹੋਈ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜਿਤੀ ਪਾਰਟੀ ਨੇ ਆਪਣੀ ਪਕੜ ਨੂੰ ਮਜਬੂਤ ਕੀਤਾ ਹੈ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਨੇ ਸਮਾਣਾ ਹਲਕਾ ਵਿੱਚ ਜਿੱਤੇ ਬਲਾਕ ਸੰਮਤੀ ਮੈਂਬਰਾਂ ਨੂੰ ਕਰਤਾਰ ਵਿਲਾ ਰੱਖੜਾ ਵਿਖੇ ਸਨਮਾਨਿਤ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਇਸ ਮੌਕੇ ਰੱਖੜਾ ਨੇ ਤਿੰਨੇ ਬਲਾਕ ਸੰਮਤੀ ਮੈਂਬਰਾਂ ਨੂੰ ਸਰੋਪਾ ਦੇ ਕੇ ਸਨਮਾਨਿਤ ਕੀਤਾ। ਜਿੱਥੇ ਜੇਤੂ ਬਲਾਕ ਸੰਮਤੀ ਮੈਂਬਰਾਂ ਨੇ ਵੀ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜਿਤੀ ਨੂੰ ਹੋਰ ਕਾਮਯਾਬ ਕਰਨ ਲਈ ਲੋਕਾਂ ਨੂੰ ਲਾਮਬੰਧ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਰੱਖੜਾ ਨੇ ਕਿਹਾ ਕਿ ਪਾਰਟੀ ਬਣੇ ਨੂੰ ਥੋੜਾ ਸਮਾਂ ਹੋਇਆ ਹੈ ਫਿਰ ਵੀ ਸੂਬੇ ਦੇ ਹਰ ਜ਼ਿਲ੍ਹੇ ਅੰਦਰੋਂ ਸੈਂਕੜੇ ਹੀ ਬਲਾਕ ਸੰਮਤੀ ਮੈਂਬਰ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਨੇ ਜਿੱਤ ਦਰਜ ਕਰਵਾ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਹੁਣ ਸੂਬੇ ਦੇ ਲੋਕ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਨਹੀਂ ਚਾਹੁੰਦੇ ਅਤੇ ਪੁਨਰ ਸੁਰਜਿਤੀ ਅਕਾਲੀ ਦਲ ਨੂੰ ਹੀ ਭਵਿੱਖ ਵਿੱਚ ਇੱਕ ਵੱਡੀ ਖੇਤਰੀ ਪਾਰਟੀ ਵਜੋਂ ਦੇਖਣ ਲਈ ਉਤਾਵਲੇ ਹਨ। ਕਿਉਂਕਿ ਬਾਦਲ ਪਰਿਵਾਰ ਨੇ ਜਿੱਥੇ ਪੰਜਾਬ ਦਾ ਨੁਕਸਾਨ ਕੀਤਾ ਉਥੇ ਹੀ ਪੰਜਾਬੀਅਤ ਨੂੰ ਵੀ ਖੋਰਾ ਲਗਾਇਆ ਹੈ। ਇਸ ਮੌਕੇ ਹੋਰਾਂ ਤੋਂ ਇਲਾਵਾ ਬਲਾਕ ਸੰਮਤੀ ਮੈਂਬਰ ਕਰਮਜੀਤ ਕੌਰ ਜੋਨ ਹਰੀ ਨਗਰ ਖੇੜਕੀ, ਸਾਬਕਾ ਚੇਅਰਮੈਨ ਜਸਪਾਲ ਕਲਿਆਣ, ਰਘੁਬੀਰ ਕਲਿਆਣ, ਕੁਲਵੰਤ ਸਿੰਘ ਦਦਹੇੜਾ, ਜਸਵਿੰਦਰ ਸਿੰਘ ਮੂੰਡਖੇੜਾ, ਸੁੱਖੀ ਮੂੰਡਖੇੜਾ ਆਦਿ ਵੀ ਹਾਜ਼ਰ ਸਨ।

# 'ਯੁੱਧ ਨਸ਼ਿਆਂ ਵਿਰੁੱਧ': 292ਵੇਂ ਦਿਨ, ਪੰਜਾਬ ਪੁਲਿਸ ਨੇ 51 ਨਸ਼ਾ ਤਸਕਰਾਂ ਨੂੰ 3.9 ਕਿਲੋਗ੍ਰਾਮ ਹੈਰੋਇਨ, 500 ਗ੍ਰਾਮ ਅਫੀਮ ਸਮੇਤ ਕੀਤਾ ਗ੍ਰਿਫ਼ਤਾਰ

**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਚੱਲ ਰਹੀ ਨਸ਼ਾ ਵਿਰੋਧੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੇ ਲਗਾਤਾਰ 292ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 268 ਥਾਵਾਂ 'ਤੇ ਛਾਪੇਮਾਰੀ ਕੀਤੀ ਜਿਸ ਨਾਲ ਸੂਬੇ ਭਰ ਵਿੱਚ 51 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਨ ਉਪਰੰਤ 40 ਐਫਆਈਆਰਜ਼ ਦਰਜ ਕੀਤੀਆਂ । ਇਸ ਦੇ ਨਾਲ, 292 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 40,623 ਹੋ ਗਈ ਹੈ।

ਛਾਪੇਮਾਰੀਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 3.9 ਕਿਲੋ ਹੈਰੋਇਨ, 500 ਗ੍ਰਾਮ ਅਫੀਮ, 165 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 8190 ਰੁਪਏ ਦੀ ਡਰੱਗ ਮਨੀ ਬਰਾਮਦ ਹੋਈ ਹੈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਵੀ ਗਠਨ ਕੀਤਾ ਹੈ।

54 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 800 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 100 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 268 ਛਾਪੇ ਮਾਰੇ ਹਨ। ਪੁਲਿਸ ਟੀਮਾਂ ਨੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 253 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਵੀ ਕੀਤੀ।

ਸੂਬਾ ਸਰਕਾਰ ਨੇ ਰਾਜ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ - ਲਾਗੂ ਕੀਤੀ ਹੈ, ਪੰਜਾਬ ਪੁਲਿਸ ਨੇ 'ਨਸ਼ਾ ਛੁਡਾਉਣ' ਦੇ ਹਿੱਸੇ ਵਜੋਂ ਅੱਜ 17 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਨਾਭਾ ਵਿਖੇ ਮਨਾਇਆ ਗਿਆ ਧਰਮੀ ਰਾਜਾ ਮਹਾਰਾਜਾ ਹੀਰਾ ਸਿੰਘ ਦਾ ਜਨਮ ਦਿਹਾੜਾ



**ਨਾਭਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰਿਆਸਤੀ ਨਗਰੀ ਨਾਭਾ ਦੇ ਧਰਮੀ ਰਾਜਾ ਮਹਾਰਾਜਾ ਹੀਰਾ ??? ਜੀ ਦਾ 182ਵਾਂ ਜਨਮ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਰਿਆਸਤੀ ਕਿਲ੍ਹਾ ਨਾਭਾ ਵਿਖੇ ਮਨਾਇਆ ਗਿਆ। ਇਸ ਮੌਕੇ ਸਮਾਗਮ ਵਿੱਚ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਇਸ ਮੌਕੇ ਬਾਬਾ ਗੁਲਾਬ ਸਿੰਘ ਜੀ ਚਮਕੌਰ ਸਾਹਿਬ ਵਾਲੇ, ਬਾਬਾ ਨਰਿੰਦਰ ਸਿੰਘ ਅਲਹੌਰਾਂ ਸਾਹਿਬ, ਰਾਜਿੰਦਰ ਸਿੰਘ ਵੱਲੋ ਕਥਾ ਅਤੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਵਿਧਾਇਕ ਦੇਵ ਮਾਨ ਨੇ ਕਿਹਾ ਕਿ ਨਾਭਾ ਰਿਆਸਤ ਦੇ ਮਹਾਰਾਜਾ ਹੀਰਾ ਸਿੰਘ ਦਾ ਨਾਮ ਧਰਮੀ ਮਹਾਰਾਜੇ ਵਜੋਂ ਮਸ਼ਹੂਰ ਹੈ, ਜਿਨ੍ਹਾਂ ਨੇ ਆਪਣੇ ਰਾਜ ਸਮੇਂ ਹਰ ਧਰਮ ਅਤੇ ਜਾਤ-ਪਾਤ ਤੋਂ ਉੱਪਰ ਉੱਠ ਕੇ ਰਾਜ ਕੀਤਾ ਅਤੇ ਜਨਤਾ ਦੇ ਹਰਮਨ ਪਿਆਰੇ ਮਹਾਰਾਜਾ ਬਣੇ। ਉਨ੍ਹਾਂ ਕਿਹਾ ਕਿ ਮਹਾਰਾਜਾ ਹੀਰਾ ਸਿੰਘ ਦਾ ਜਨਮ 18 ਦਸੰਬਰ 1843 ਈਸਵੀ ਵਿੱਚ ਨਾਭਾ ਰਿਆਸਤ ਵਿੱਚ ਪੈਂਦੇ ਅਤੇ ਮੌਜੂਦਾ ਸੰਗਰੂਰ ਜ਼ਿਲ੍ਹੇ ਦੇ ਪਿੰਡ ਬਡਰੁੱਖਾ ਵਿਖੇ ਹੋਇਆ। ਮਹਾਰਾਜਾ ਹੀਰਾ ਸਿੰਘ ਜੋ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਵਿਸ਼ਵਾਸ ਰੱਖਦੇ ਸਨ, ਪਰ ਉਹ ਹਰ ਧਰਮ ਦਾ ਸਰਧਾ ਨਾਲ ਸਤਿਕਾਰ ਵੀ ਕਰਦੇ ਸਨ ਤੇ ਸਿੱਖ ਧਰਮ ਲਈ ਉਨ੍ਹਾਂ ਨੇ ਅਨੇਕਾਂ ਕਾਰਜ ਕੀਤੇ। ਇਸ ਮੌਕੇ ਮਹਾਰਾਣੀ ਉਮਾ ਸਿੰਘ, ਰਾਣੀ ਪ੍ਰੀਤੀ ਸਿੰਘ ਆਦਿ ਪਰਿਵਾਰ ਹਾਜਰ ਸੀ। ਇਸ ਮੌਕੇ ਅਮਰਦੀਪ ਸਿੰਘ ਖੰਨਾ, ਜਸਦੀਪ ਸਿੰਘ ਖੰਨਾ, ਚਰਨ ਸਿੰਘ, ਸੁਰਿੰਦਰ ਪਾਲ ਸ਼ਰਮਾ, ਤੇਜਿੰਦਰ ਸਿੰਘ ਖਹਿਰਾ, ਗੁਰਲਾਲ ਸਿੰਘ ਮੱਲੀ, ਕਪਿਲ ਮਾਨ, ਸੁਖਦੇਵ ਸਿੰਘ ਮਾਨ, ਸੁਖਦੇਵ ਸਿੰਘ ਸੰਧੂ, ਹਰਵਿੰਦਰ ਸਿੰਘ ਖਹਿਰਾ, ਕਰਮਜੀਤ ਸਿੰਘ ਭੋਲੀ, ਅਸ਼ੋਕ ਅਰੋੜਾ, ਸੁਰਿੰਦਰ ਗੁਪਤਾ, ਰਮੇਸ਼ ਤਲਵਾੜ, ਧਰਮਿੰਦਰ ਸਿੰਘ ਸੁੱਖੇਵਾਲ, ਧਨਜੇ ਵਾਲੀਆ, ਗੌਤਮ ਬਾਤਿਸ਼, ਭੁਵੇਸ਼ ਬਾਂਸਲ, ਸਰਬਜੀਤ ਸਿੰਘ ਚੀਮਾ ਐਸ ਐਚ ਓ ਕੋਤਵਾਲੀ, ਵਰੁਣ ਜੈਨ, ਸੋਮ ਨਾਥ ਢੱਲ, ਜੀ ਐਸ ਭੱਟੀ, ਊਸ਼ਾ ਮੱਗੋ ਕੰਸਲਰ, ਜਸਵੀਰ ਸਿੰਘ ਛਿੰਦਾ, ਕੁਲਵੰਤ ਸਿੰਘ ਸਿਆਣ, ਹਰਬੰਸ ਸਿੰਘ ਖੱਟਰਾ, ਭੁਪਿੰਦਰ ਸਿੰਘ ਕਲਰਮਾਜਰੀ, ਰਾਜੂ ਵਰਮਾ, ਮਾਨਟੂ ਪਾਹੂਜਾ ਆਦਿ ਹਾਜ਼ਰ ਸਨ।

# ਕਾਂਗਰਸੀ ਆਗੂ ਮਹੰਤ ਖਨੌੜਾ ਦੇ ਸਪੁੱਤਰ ਕੁੰਵਰ ਵਿਜੇ ਪ੍ਰਤਾਪ ਨੇ ਜਿੱਤੀ ਜ਼ਿਲ੍ਹਾ ਪ੍ਰੀਸ਼ਦ ਦੀ ਚੋਣ ਰਾਜਨੀਤਿਕ ਖੇਤਰ ਚ ਮਾਰੀ ਪਹਿਲੀ ਐਂਟਰੀ



**ਪਟਿਆਲਾ, 22 ਦਸੰਬਰ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਪਾਰਟੀ ਅੰਦਰ ਵੱਖ ਵੱਖ ਅਹੁਦਿਆਂ ਤੇ ਕੰਮ ਕਰਨ ਵਾਲੇ ਮਿਹਨਤੀ ਤੇ ਨਿਧੜਕ ਆਗੂ ਮਹੰਤ ਹਰਵਿੰਦਰ ਖਨੌੜਾ ਨੇ ਇਹ ਸਵਾਲ ਜਿਲਾ ਪਰਿਸ਼ਦ ਚੋਣਾਂ ਅੰਦਰ ਆਪਣੇ ਪੁੱਤਰ ਦੀ ਪਹਿਲੀ ਵਾਰ ਰਾਜਨੀਤੀ ਖੇਤਰ ਅੰਦਰ ਮਰਾਈ ਐਂਟਰੀ ਪਰਿਵਾਰ ਲਈ ਖੁਸ਼ੀ ਲੈ ਕੇ ਆਈ ਹੈ ਕਿਉਂਕਿ ਮਹੰਤ ਹਰਵਿੰਦਰ ਖਨੌੜਾ ਨੇ ਜਿਲਾ ਪ੍ਰੀਸ਼ਦ ਦੇ ਟੌਹੜਾ ਜੋਨ ਤੋਂ ਕਾਂਗਰਸ ਪਾਰਟੀ ਵੱਲੋਂ ਆਪਣੇ ਪੁੱਤਰ ਕੁਵਰ ਪ੍ਰਤਾਪ ਸਿੰਘ ਖਨੌੜਾ ਨੂੰ ਮੈਦਾਨ ਵਿੱਚ ਉਤਾਰਿਆ ਸੀ ਭਾਵੇਂ ਕਿ ਸਰਕਾਰ ਦੀਆਂ ਇਹਨਾਂ ਚੋਣਾਂ ਨੂੰ ਜਿੱਤਣ ਲਈ ਕਾਫੀ ਧੱਕੇਸ਼ਾਹੀਆਂ ਵੀ ਕੀਤੀਆਂ ਪਰ ਖਨੌੜਾ ਆਪਣੀ ਨਿਧੜਕਤਾ ਨਾਲ ਮੈਦਾਨ ਵਿੱਚ ਆਪਣੇ ਪੁੱਤਰ ਲਈ ਡਟੇ ਰਹੇ ਜਿੱਥੇ ਉਹਨਾਂ ਆਪਣੇ ਪੁੱਤਰ ਲਈ ਦਿਨ ਰਾਤ ਇੱਕ ਕਰਕੇ ਜਮੀਨੀ ਪੱਧਰ ਤੇ ਪ੍ਰਚਾਰ ਕੀਤਾ ਉੱਥੇ ਹੀ ਉਹਨਾਂ ਦੀ ਪੁਰਾਣੀ ਟੀਮ ਵਿੱਚ ਕੰਮ ਕਰਨ ਵਾਲੇ ਕਾਂਗਰਸੀ ਆਗੂਆਂ ਨੇ ਵੀ ਮਹੰਤ ਖਨੌੜਾ ਦੀ ਜਿਲਾ ਦਿਹਾਤੀ ਦੀ ਪ੍ਰਧਾਨਗੀ ਖੁਸ ਜਾਣ ਮਗਰੋਂ ਨਿਰਾਸਾ ਵਿੱਚ ਸਨ ਪਰ ਖਨੌੜਾ ਦੇ ਪੁੱਤਰ ਨੂੰ ਕਾਂਗਰਸ ਪਾਰਟੀ ਦੇ ਚੋਣ ਮੈਦਾਨ ਵਿੱਚ ਉਤਾਰਨ ਤੇ ਖੁਸ਼ੀ ਜਾਹਿਰ ਕੀਤੀ ਮਹੰਤ ਖਨੌੜਾ ਦੀ ਗ੍ਰਹਿ ਵਿਖੇ ਆਹ ਸਵੇਰ ਤੋਂ ਹੀ ਵਧਾਈਆਂ ਦੇਣ ਵਾਲਿਆਂ ਕਾਂਗਰਸੀ ਵਰਕਰਾਂ ਤੇ ਆਗੂਆਂ ਦਾ ਧੰਨਤਾ ਲੱਗਿਆ ਰਿਹਾ ਕਿਉਂਕਿ ਮਹੰਤ ਖਨੌੜਾ ਦੇ 25 ਸਾਲਾਂ ਪੁੱਤਰ ਨੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਨੂੰ 171 1ਵੋਟਾਂ ਦੇ ਫਰਕ ਨਾਲ ਹਰਾ ਕੇ ਪਹਿਲੀ ਵਾਰ ਰਾਜਨੀਤੀ ਖੇਤਰ ਵਿੱਚ ਆਉਣ ਤੇ ਆਪਣੀ ਜਿੱਤ ਦਰਜ ਕਰਵਾਈ ਹੈ ਜਿਸ ਨਾਲ ਪਟਿਆਲਾ ਦਿਹਾਤੀ ਹਲਕੇ ਅੰਦਰ ਵੀ ਵਰਕਰਾਂ ਵਿੱਚ ਭਾਰੀ ਖੁਸ਼ੀ ਪਾਈ ਜਾ ਰਹੀ ਹੈ।

ਉੱਥੇ ਹੀ ਜਿਲਾ ਪ੍ਰੀਸ਼ਦ ਚੋਣ ਜੇਤੂ ਕੁਵਰ ਪ੍ਰਤਾਪ ਖਨੌੜਾ ਨੇ ਸਮੁੱਚੇ ਵੋਟਰਾਂ ਤੇ ਕਾਂਗਰਸ ਪਾਰਟੀ ਦੇ ਵਰਕਰਾਂ , ਆਗੂਆਂ ਦਾ ਹਰ ਸਮੇਂ ਸਹਿਯੋਗ ਦੇਣ ਤੇ ਧੰਨਵਾਦ ਕੀਤਾ।

# ਪ੍ਰਧਾਨ ਮੰਤਰੀ ਸਿੱਖ ਘੱਟ ਗਿਣਤੀ ਦੀ ਭਾਸ਼ਾ, ਪੰਜਾਬ, ਇਤਿਹਾਸ, ਸਭਿਆਚਾਰ ਅਤੇ ਸਿਧਾਂਤ ਦੀ ਰੱਖਿਆ ਤੇ ਸੁਰੱਖਿਆ ਕਰਨ : ਪ੍ਰੋ. ਬਡੂੰਗਰ

**ਪਟਿਆਲਾ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਕੇਂਦਰ ਸਰਕਾਰ ਵੱਲੋਂ ਆਪਣੀ 'ਏਕ ਭਾਰਤ ਏਕ ਰਾਸਟਰ' ਦੀ ਨੀਤੀ ਅਤੇ ਨਿਸ਼ਾਨੇ ਅਨੁਸਾਰ ਭਾਰਤ ਅੰਦਰ ਪਹਿਲਾਂ ਰਾਸਟਰੀ ਸਿੱਖਿਆ ਨੀਤੀ 2020 ਲਿਆਂਦੀ ਗਈ ਸੀ ਤੇ ਹੁਣ ਰਾਸਟਰੀ ਉਚੇਰੀ ਸਿੱਖਿਆ ਨੀਤੀ ਲਿਆਉਣ ਲਈ ਲੋਕ ਸਭਾ ਵਿਚ ਬਿੱਲ ਲਿਆਂਦਾ ਗਿਆ ਹੈ।

ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਬਡੂੰਗਰ ਨੇ ਦੇਸ ਦੇ ਪ੍ਰਧਾਨ ਮੰਤਰੀ ਨੂੰ ਭਾਰਤ ਦੀਆਂ ਘੱਟ-ਗਿਣਤੀਆਂ ਖਾਸ ਸਿੱਖ ਘੱਟ ਗਿਣਤੀ ਦੀ ਭਾਸ਼ਾ ਪੰਜਾਬ, ਇਤਿਹਾਸ, ਸਭਿਆਚਾਰ ਅਤੇ ਸਿਧਾਂਤ ਦੀ ਪੂਰਨ ਤੌਰ ਉੱਤੇ ਰੱਖਿਆ-ਸੁਰੱਖਿਆ ਕਰਨ ਦੀ ਅਪੀਲ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਸਿੱਖ ਕੌਮ ਤਥਾ ਪੰਜਾਬੀਆਂ ਨੇ ਦੇਸ ਦੀ ਜੰਗ-ਏ-ਅਜ਼ਾਦੀ ਵਿਚ ਦੇਸ ਦੀਆਂ ਸਰਹੱਦਾਂ ਦੀ ਰੱਖਿਆ ਲਈ ਅਤੇ ਦੇਸ ਨੂੰ ਅੰਨ੍ਹ ਭੰਡਾਰ ਬਣਾਉਣ ਵਿਚ ਬਾਕਮਾਲ ਹਿੱਸਾ ਪਾਇਆ ਹੈ ਤੇ ਦੇਸ਼ ਦੀ ਆਜ਼ਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਵੱਲੋਂ ਹੀ ਦਿੱਤੀਆਂ ਗਈਆਂ।

# ਗੱਤਕੇ ਲਈ ਇਤਿਹਾਸਕ ਪੁਲਾਂਘ : ਨੀਲਮ ਯੂਨੀਵਰਸਿਟੀ ਤੇ ਐਨ.ਜੀ.ਏ.ਆਈ. ਵੱਲੋਂ ਗੱਤਕੇ ਦੇ ਵਿਕਾਸ ਲਈ ਭਾਈਵਾਲੀ

## ਰਣਨੀਤਕ ਸਾਂਝ ਨਾਲ ਤਿਆਰ ਹੋਣਗੇ ਗੱਤਕੇ ਦੇ ਭਵਿੱਖੀ ਚੈਂਪੀਅਨ : ਗਰੇਵਾਲ



**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੀ ਅਮੀਰ ਜੰਗਜੂ ਵਿਰਾਸਤ ਨੂੰ ਸੰਸਥਾਗਤ ਰੂਪ ਦੇਣ ਦੀ ਦਿਸ਼ਾ 'ਚ ਇੱਕ ਇਤਿਹਾਸਕ ਪਹਿਲ ਕਰਦਿਆਂ ਐਨ.ਆਈ.ਆਈ.ਐਲ.ਐਮ. ਯੂਨੀਵਰਸਿਟੀ ਕੈਥਲ ਅਤੇ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ਼ ਇੰਡੀਆ (ਐਨ.ਜੀ.ਏ.ਆਈ.) ਨੇ ਗੱਤਕੇ ਨੂੰ ਯੋਜਨਾਬੱਧ ਅਤੇ ਮੁਕਾਬਲੇਬਾਜ਼ੀ ਦੀ ਖੇਡ ਵਜੋਂ ਵੱਡੇ ਪੱਧਰ 'ਤੇ ਵਿਕਸਤ ਕਰਨ ਦੇ ਉਦੇਸ਼ ਨਾਲ ਇੱਕ ਸਹਿਮਤੀ ਪੱਤਰ (ਐਮ.ਓ.ਯੂ.) 'ਤੇ ਦਸਤਖ਼ਤ ਕੀਤੇ ਹਨ। ਇਹ ਭਾਈਵਾਲੀ ਗੱਤਕੇ ਦੇ ਯੋਜਨਾਬੱਧ ਪ੍ਰਚਾਰ, ਸੰਸਥਾਗਤ ਵਿਕਾਸ ਅਤੇ ਲੋਕਪ੍ਰਿਯਤਾ ਵਿੱਚ ਵਾਧਾ ਕਰਨ ਲਈ ਸਮਰਪਿਤ ਹੈ। ਇਸ ਮਹੱਤਵਪੂਰਨ ਸਮਝੌਤੇ 'ਤੇ ਐਨ.ਆਈ.ਆਈ.ਐਲ.ਐਮ. (ਨੀਲਮ) ਯੂਨੀਵਰਸਿਟੀ ਦੇ ਚੇਅਰਮੈਨ ਅਮਿਤ ਚਹਿਲ ਅਤੇ ਐਨ.ਜੀ.ਏ.ਆਈ. ਦੇ ਪ੍ਰਧਾਨ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਦੀ ਤਰਫੋਂ ਉਪ ਪ੍ਰਧਾਨ ਸੁਖਚੈਨ ਸਿੰਘ ਕਲਸਾਣੀ ਨੇ ਦਸਤਖ਼ਤ ਕਰਦਿਆਂ ਇਸ ਕਰਾਰ ਨੂੰ ਰਸਮੀ ਰੂਪ ਦਿੱਤਾ। ਇਸ ਮੌਕੇ ਯੂਨੀਵਰਸਿਟੀ ਦੇ ਡਾਇਰੈਕਟਰ (ਖੇਡਾਂ) ਨਰਿੰਦਰ ਢੁੱਲ ਅਤੇ ਹਰਿਆਣਵੀ ਗੱਤਕਾ ਐਸੋਸੀਏਸ਼ਨ ਦੇ ਸੰਯੁਕਤ ਸਕੱਤਰ ਨਰਿੰਦਰ ਪਾਲ ਸਿੰਘ ਵੀ ਮੌਜੂਦ ਰਹੇ ਜਿਸ ਨਾਲ ਇਸ ਦੂਰਦਰਸ਼ੀ ਪਹਿਲ ਨੂੰ ਖੇਤਰੀ ਪੱਧਰ 'ਤੇ ਮਜ਼ਬੂਤ ਸਮਰਥਨ ਮਿਲਿਆ। ਇਸ ਮੌਕੇ 'ਤੇ ਚੇਅਰਮੈਨ ਅਮਿਤ ਚਹਿਲ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਇਹ ਦੁਵੱਲੀ ਸਾਂਝ ਵਿਦਿਆਰਥੀਆਂ, ਖਿਡਾਰੀਆਂ ਅਤੇ ਅਕਾਦਮਿਕ ਖੋਜਾਰਥੀਆਂ ਲਈ ਵਾਧੂ ਮੌਕੇ ਪੈਦਾ ਕਰੇਗੀ। ਉਨ੍ਹਾਂ ਕਿਹਾ ਕਿ ਇਹ ਕੋਸ਼ਿਸ਼ ਗੱਤਕੇ ਨੂੰ ਸੁਚੱਜੀ ਮੁਕਾਬਲੇਬਾਜ਼ੀ ਦੀ ਖੇਡ ਅਤੇ ਅਕਾਦਮਿਕ ਖੇਤਰਾਂ 'ਚ ਵਿਸਥਾਰ ਕਰਨ ਅਤੇ ਖੇਡ ਦੀ ਸਥਾਪਤੀ ਵੱਲ ਇੱਕ ਠੋਸ ਕਦਮ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਸ ਸਹਿਯੋਗ ਨਾਲ ਨੀਲਮ ਯੂਨੀਵਰਸਿਟੀ ਵਿਸ਼ਵ ਗੱਤਕਾ ਫੈਡਰੇਸ਼ਨ ਦੇ ਨਿਰਧਾਰਤ ਨਿਯਮਾਂ ਅਨੁਸਾਰ ਰਸਮੀ ਤੌਰ 'ਤੇ ਜੁੜਨ ਵਾਲੀਆਂ ਚੋਣਵੀਆਂ ਉੱਚ ਸਿੱਖਿਆ ਸੰਸਥਾਵਾਂ 'ਚ ਸ਼ੁਮਾਰ ਹੋ ਗਈ ਹੈ ਜਿਸ ਨਾਲ ਰਵਾਇਤੀ ਖੇਡਾਂ ਦੇ ਪ੍ਰਚਾਰ ਅਤੇ ਪ੍ਰਸਾਰ ਵਿੱਚ ਹਰਿਆਣਾ ਦੀ ਭੂਮਿਕਾ ਹੋਰ ਮਜ਼ਬੂਤ ਹੋਵੇਗੀ।

ਇਸ ਸਮਝੌਤੇ ਦੇ ਉਦੇਸ਼ ਸਪੱਸ਼ਟ ਕਰਦਿਆਂ ਗੱਤਕਾ ਪ੍ਰਮੋਟਰ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਇਹ ਐਮ.ਓ.ਯੂ. ਗੱਤਕੇ ਦੀ ਸਿਖਲਾਈ, ਮੁਕਾਬਲਿਆਂ ਅਤੇ ਅਕਾਦਮਿਕ ਅਧਿਐਨ ਨੂੰ ਵਿਦਿਅਕ ਸੰਸਥਾਵਾਂ ਵਿੱਚ ਸਥਾਪਿਤ ਕਰਨ ਦੀ ਇੱਕ ਰਣਨੀਤਕ ਪਹਿਲ ਹੈ। ਉਨ੍ਹਾਂ ਦੱਸਿਆ ਕਿ ਇਸ ਸਮਝੌਤੇ ਅਧੀਨ ਨੀਲਮ ਯੂਨੀਵਰਸਿਟੀ ਰਾਸ਼ਟਰੀ ਪੱਧਰ ਦੀਆਂ ਗੱਤਕਾ ਗਤੀਵਿਧੀਆਂ ਲਈ ਖੇਡ ਲਈ ਆਧੁਨਿਕ ਬੁਨਿਆਦੀ ਢਾਂਚਾ ਅਤੇ ਸਹਿਯੋਗ ਮੁਹੱਈਆ ਕਰੇਗੀ ਜਦਕਿ ਨੈਸ਼ਨਲ ਗੱਤਕਾ ਐਸੋਸੀਏਸ਼ਨ ਤਕਨੀਕੀ ਮਹਾਰਤ, ਪ੍ਰਮਾਣਿਤ ਕੋਚ ਅਤੇ ਤਕਨੀਕੀ ਆਫੀਸ਼ੀਅਲ ਉਪਲਬਧ ਕਰਵਾਏਗੀ। ਇਸ ਤੋਂ ਇਲਾਵਾ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲੇ ਕਰਵਾਉਣ ਵਿੱਚ ਸਹਿਯੋਗ ਦੇਵੇਗੀ।

ਐਨ.ਜੀ.ਏ.ਆਈ. ਦੇ ਪ੍ਰਧਾਨ ਗਰੇਵਾਲ ਨੇ ਕਿਹਾ ਕਿ ਇਸ ਭਾਈਵਾਲੀ ਰਾਹੀਂ ਖੇਡ ਪ੍ਰਤਿਭਾ ਦੀ ਸੁਚੱਜੀ ਪਛਾਣ, ਤਕਨੀਕੀ ਆਫੀਸ਼ੀਅਲਾਂ ਦੀ ਸਮਰੱਥਾ ਵਧਾਉਣ ਸਮੇਤ ਅਕਾਦਮਿਕ ਅਤੇ ਖੇਡ ਮੁਕਾਬਲਿਆਂ ਰਾਹੀਂ ਗੱਤਕੇ ਦੇ ਵਿਸ਼ਾਲ ਪ੍ਰਚਾਰ-ਪਸਾਰ ਦੀ ਦੂਰਦਰਸ਼ੀ ਯੋਜਨਾ ਤਿਆਰ ਕੀਤੀ ਗਈ ਹੈ।

ਇਸੇ ਭਾਵਨਾ ਨੂੰ ਦੁਹਰਾਉਂਦਿਆਂ ਹਰਿਆਣਵੀ ਗੱਤਕਾ ਐਸੋਸੀਏਸ਼ਨ ਦੇ ਜਨਰਲ ਸਕੱਤਰ ਸੁਖਚੈਨ ਸਿੰਘ ਕਲਸਾਣੀ ਨੇ ਕਿਹਾ ਕਿ ਐਨ.ਆਈ.ਆਈ.ਐਲ.ਐਮ. ਯੂਨੀਵਰਸਿਟੀ ਨਾਲ ਇਹ ਇਤਿਹਾਸਕ ਸਾਂਝ ਗੱਤਕੇ ਦੀ ਜੰਗਜੂ ਪ੍ਰਦਰਸ਼ਨੀ ਅਤੇ ਆਧੁਨਿਕ ਖੇਡ, ਦੋਵਾਂ ਰੂਪਾਂ ਵਿੱਚ, ਵਧ ਰਹੀ ਮਾਨਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਉਚੇਰੀ ਵਿੱਦਿਅਕ ਸੰਸਥਾਵਾਂ ਰਵਾਇਤੀ ਖੇਡਾਂ ਨੂੰ ਸੰਭਾਲਣ ਅਤੇ ਉਨ੍ਹਾਂ ਦੀ ਮਹੱਤਤਾ ਵਧਾਉਣ ਲਈ ਬਿਹਤਰ ਭੂਮਿਕਾ ਨਿਭਾਉਂਦੀਆਂ ਹਨ ਅਤੇ ਇਹ ਐਮ.ਓ.ਯੂ. ਉਸੇ ਦਿਸ਼ਾ 'ਚ ਇੱਕ ਫੈਸਲਾਕੁਨ ਕਦਮ ਹੈ।

# ਕੈਬਨਿਟ ਮੰਤਰੀ ਨੇ ਕੇ.ਪੀ.ਨਗਰ ਦੀ ਪਾਰਕ ਦੇ ਸੁੰਦਰੀਕਰਨ ਕਰਨ ਦੇ ਕੰਮ ਦਾ ਰੱਖਿਆ ਨੀਂਹ ਪੱਥਰ

## 6.5 ਲੱਖ ਰੁਪਏ ਦੀ ਲਾਗਤ ਨਾਲ ਪਾਰਕ ਦੇ ਸੁੰਦਰੀਕਰਨ ਦੇ ਕੰਮ ਨੂੰ ਕੀਤਾ ਜਾਵੇਗਾ ਮੁਕੰਮਲ



**ਜਲੰਧਰ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸੁਤੰਤਰਤਾ ਸੈਨਾਨੀ, ਰੱਖਿਆ ਸੇਵਾਵਾਂ ਭਲਾਈ ਤੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਵਲੋਂ ਅੱਜ ਮਾਡਲ ਹਾਊਸ ਦੇ ਕੇ.ਪੀ.ਨਗਰ ਵਿਖੇ 6.5 ਲੱਖ ਰੁਪਏ ਦੀ ਲਾਗਤ ਨਾਲ ਪਾਰਕ ਦੇ ਸੁੰਦਰੀਕਰਨ ਦੇ ਕੰਮ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਮੇਅਰ ਨਗਰ ਨਿਗਮ ਵਨੀਤ ਧੀਰ ਵੀ ਮੌਜੂਦ ਸਨ।

ਪਾਰਕ ਦੇ ਸੁੰਦਰੀਕਰਨ ਦਾ ਨੀਂਹ ਪੱਥਰ ਰੱਖਣ ਉਪਰੰਤ ਲੋਕਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਪਾਰਕ ਦੇ ਸੁੰਦਰੀਕਰਨ ਅਤੇ ਇਸ ਦੇ ਬੁਨਿਆਦੀ ਢਾਂਚੇ ਵਿੱਚ ਹੋਰ ਸੁਧਾਰ ਹੋਣ ਨਾਲ ਲੋਕਾਂ ਨੂੰ ਪਾਰਕ ਵਿੱਚ ਸਵੇਰ ਤੇ ਸ਼ਾਮ ਦੀ ਸੈਰ ਕਰਨ ਤੋਂ ਇਲਾਵਾ ਸਰੀਰਕ ਕਸਰਤ ਕਰਨ ਵਿੱਚ ਹੋਰ ਸਹੂਲਤ ਮਿਲੇਗੀ।

ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਮੁੱਖ ਮੰਤਰੀ, ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਜਲੰਧਰ ਸ਼ਹਿਰ ਦੇ ਸਰਵਪੱਖੀ ਵਿਕਾਸ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਕਰਕੇ ਇਸ ਨੂੰ ਇਕ ਨਵੀਂ ਦਿੱਖ ਮਿਲ ਰਹੀ ਹੈ, ਜਿਸ ਨਾਲ ਸ਼ਹਿਰ ਵਾਸੀਆਂ ਨੂੰ ਸਾਫ਼-ਸੁਥਰਾ ਤੇ ਪ੍ਰਦੂਸ਼ਣ ਮੁਕਤ ਵਾਤਾਵਰਣ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸ਼ਹਿਰ ਵਿੱਚ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਲਈ ਵੱਡੇ ਪੱਧਰ 'ਤੇ ਫੰਡ ਜਾਰੀ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਸ਼ਹਿਰ ਨੂੰ ਹੋਰ ਖੂਬਸੂਰਤ ਤੇ ਬੁਨਿਆਦੀ ਢਾਂਚੇ ਪਖੋਂ ਹੋਰ ਮਜਬੂਤ ਬਣਾਉਣ ਲਈ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਜਾਵੇਗੀ ਅਤੇ ਇਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ।

ਇਸ ਮੌਕੇ ਮੇਅਰ ਵਨੀਤ ਧੀਰ ਨੇ ਕਿਹਾ ਕਿ ਨਗਰ ਨਿਗਮ ਵਲੋਂ ਸ਼ਹਿਰ ਨੂੰ ਸੁੰਦਰ ਬਣਾਉਣ ਲਈ ਲਗਾਤਾਰ ਸੰਜੀਦਾ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਦੀਆਂ ਪਾਰਕਾਂ ਅਤੇ ਚੌਕਾਂ ਦੇ ਸੁੰਦਰੀਕਰਨ ਕੀਤੇ ਜਾ ਰਹੇ ਹਨ ਜੋ ਸ਼ਹਿਰ ਨੂੰ ਹੋਰ ਵੀ ਖੂਬਸੂਰਤ ਦਿੱਖ ਪ੍ਰਦਾਨ ਕਰ ਰਹੇ ਹਨ। ਇਸ ਮੌਕੇ ਇਲਾਕਾ ਨਿਵਾਸੀਆਂ ਨੇ ਪੰਜਾਬ ਸਰਕਾਰ ਵਲੋਂ ਸ਼ਹਿਰ ਨੂੰ ਬੁਨਿਆਦੀ ਢਾਂਚੇ ਪਖੋਂ ਮਜ਼ਬੂਤ ਬਣਾਉਣ ਲਈ ਸ਼ੁਰੂ ਕੀਤੀਆਂ ਪਹਿਲਕਦਮੀਆਂ ਦੀ ਭਰਪੂਰ ਸ਼ਲਾਘਾ ਕੀਤੀ ਗਈ। ਉਨ੍ਹਾਂ ਕਿਹਾ ਕਿ ਸ਼ਹਿਰ ਦਾ ਜੋ ਵਿਕਾਸ ਉਹਨਾਂ ਨੂੰ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਸਮੇਂ ਦੇਖਣ ਨੂੰ ਮਿਲ ਰਿਹਾ ਹੈ ਉਹ ਪਹਿਲਾਂ ਕਦੇ ਨਹੀਂ ਦੇਖਿਆ ਗਿਆ।

# 3000 ਤੋਂ ਵੱਧ ਵਿਦਿਆਰਥੀਆਂ ਨੇ ਆਈਸੀਪੀਈ 2025 ਦਾ ਉਦਘਾਟਨ ਕੀਤਾ, ਜਿਸਦਾ ਉਦਘਾਟਨ ਪ੍ਰਿੰਸੀਪਲ ਸਾਇੰਟਿਫਿਕ ਐਡਵਾਈਜ਼ਰ ਨੇ ਕੀਤਾ

**ਰੋਪੜ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ (ਆਈਆਈਟੀ) ਰੋਪੜ ਦੇ ਡਾਇਰੈਕਟਰ, ਪ੍ਰੋ. ਰਾਜੀਵ ਆਹੂਜਾ ਨੇ ਭਾਰਤ ਸਰਕਾਰ ਦੇ ਪ੍ਰਿੰਸੀਪਲ ਸਾਇੰਟਿਫਿਕ ਐਡਵਾਈਜ਼ਰ (ਪੀਐਸਏ) ਪ੍ਰੋਫੈਸਰ ਅਜੈ ਕੁਮਾਰ ਸੂਦ ਦਾ ਸੰਸਥਾ ਵਿੱਚ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਆਈਆਈਟੀ ਰੋਪੜ ਦੇ ਵਿਸਤਾਰਸ਼ੀਲ ਖੋਜ, ਨਵੀਨਤਾ ਅਤੇ ਤਕਨਾਲੋਜੀ-ਅਧਾਰਤ ਪਹਿਲਕਦਮੀਆਂ ਬਾਰੇ ਜਾਣਕਾਰੀ ਦਿੱਤੀ। ਪ੍ਰੋ. ਸੂਦ ਆਈਆਈਟੀ ਰੋਪੜ ਵਿਖੇ ਆਯੋਜਿਤ ਕੀਤੀ ਜਾ ਰਹੀ ਇੰਟਰਨੈਸ਼ਨਲ ਕਾਨਫਰੰਸ ਔਨ ਫਿਜ਼ਿਕਸ ਐਜੂਕੇਸ਼ਨ (ਆਈਸੀਪੀਈ) 2025 ਦੇ ਮੁੱਖ ਮਹਿਮਾਨ ਵੀ ਹਨ।



ਗੱਲਬਾਤ ਦੌਰਾਨ, ਪ੍ਰੋ. ਰਾਜੀਵ ਆਹੂਜਾ ਨੇ ਮਜ਼ਬੂਤ ਉਦਯੋਗ ਭਾਈਵਾਲੀ ਅਤੇ ਰਾਸ਼ਟਰੀ ਮਿਸ਼ਨਾਂ ਦੁਆਰਾ ਸਮਰਥਤ, ਨਕਲੀ ਬੁੱਧੀ, ਕੁਆਂਟਮ ਤਕਨਾਲੋਜੀਆਂ, ਉੱਨਤ ਸਮੱਗਰੀ, ਸਾਫ਼ ਊਰਜਾ, ਖੇਤੀਬਾੜੀ ਤਕਨਾਲੋਜੀ ਅਤੇ ਸਿੱਖਿਆ ਨਵੀਨਤਾ ਵਰਗੇ ਸਰਹੱਦੀ ਖੇਤਰਾਂ ਵਿੱਚ ਆਈਆਈਟੀ ਰੋਪੜ ਦੇ ਵਧ ਰਹੇ ਯੋਗਦਾਨਾਂ ਨੂੰ ਉਜਾਗਰ ਕੀਤਾ।

ਪ੍ਰੋ. ਸੂਦ ਨੇ ਖੋਜ, ਨਵੀਨਤਾ ਅਤੇ ਸਮਾਜਿਕ ਪ੍ਰਭਾਵ ਲਈ ਆਈਆਈਟੀ ਰੋਪੜ ਦੇ ਏਕੀਕ੍ਰਿਤ ਪਹੁੰਚ ਦੀ ਸ਼ਲਾਘਾ ਕੀਤੀ, ਅਤੇ ਰਾਸ਼ਟਰੀ ਤਰਜੀਹਾਂ ਨਾਲ ਅਕਾਦਮਿਕ ਖੋਜ ਨੂੰ ਇਕਸਾਰ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

ਇਸ ਮੌਕੇ ਬੋਲਦਿਆਂ, ਪ੍ਰੋ. ਰਾਜੀਵ ਆਹੂਜਾ ਨੇ ਕਿਹਾ, ਪ੍ਰੋ. ਅਜੇ ਕੁਮਾਰ ਸੂਦ ਦਾ ਆਈਆਈਟੀ ਰੋਪੜ ਵਿੱਚ ਸਵਾਗਤ ਕਰਨਾ ਇੱਕ ਸਨਮਾਨ ਦੀ ਗੱਲ ਸੀ। ਅਤਿ-ਆਧੁਨਿਕ ਖੋਜ ਅਤੇ ਨਵੀਨਤਾ ਲਈ ਵਚਨਬੱਧ ਇੱਕ ਪ੍ਰਮੁੱਖ ਸੰਸਥਾ ਹੋਣ ਦੇ ਨਾਤੇ, ਅਸੀਂ ਰਾਸ਼ਟਰੀ ਅਤੇ ਵਿਸ਼ਵਵਿਆਪੀ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਭੌਤਿਕ ਵਿਗਿਆਨ ਅਤੇ ਅੰਤਰ-ਅਨੁਸ਼ਾਸਨੀ ਵਿਗਿਆਨ ਵਿੱਚ ਆਪਣੀਆਂ ਸਮਰੱਥਾਵਾਂ ਨੂੰ ਲਗਾਤਾਰ ਮਜ਼ਬੂਤ ਕਰ ਰਹੇ ਹਾਂ। ਆਈਸੀਪੀਈ 2025 ਖੋਜ-ਅਧਾਰਤ ਸਿੱਖਿਆ ਸ਼ਾਸਤਰ ਅਤੇ ਅੰਤਰਰਾਸ਼ਟਰੀ ਸਹਿਯੋਗ ਦੁਆਰਾ ਭੌਤਿਕ ਵਿਗਿਆਨ ਸਿੱਖਿਆ ਨੂੰ ਅੱਗੇ ਵਧਾਉਣ ਦੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਪ੍ਰੋ. ਰਾਜੀਵ ਆਹੂਜਾ, ਜੋ ਕਿ ਖੁਦ ਇੱਕ ਵਿਆਪਕ ਖੋਜ ਕਰੀਅਰ ਦੇ ਨਾਲ ਇੱਕ ਪ੍ਰਸਿੱਧ ਭੌਤਿਕ ਵਿਗਿਆਨੀ ਹਨ, ਨੇ ਸੰਸਥਾ ਦੇ ਬੁਨਿਆਦੀ ਅਤੇ ਲਾਗੂ ਭੌਤਿਕ ਵਿਗਿਆਨ ਖੋਜ 'ਤੇ ਜ਼ੋਰ ਦੇਣ ਬਾਰੇ ਚਰਚਾ ਕੀਤੀ। ਉਹ ਸਵੀਡਨ ਅਤੇ ਭਾਰਤ ਵਿੱਚ ਸਭ ਤੋਂ ਵੱਧ ਹਵਾਲਾ ਦਿੱਤੇ ਗਏ ਖੋਜਕਰਤਾਵਾਂ ਦੇ ਨਾਲ-ਨਾਲ ਚੋਟੀ ਦੇ 5 ਸਮੱਗਰੀ ਵਿਗਿਆਨੀਆਂ ਵਿੱਚੋਂ ਇੱਕ ਹਨ। ਉਨ੍ਹਾਂ ਨੇ ਪ੍ਰਯੋਗਾਤਮਕ ਅਤੇ ਸਿਧਾਂਤਕ ਭੌਤਿਕ ਵਿਗਿਆਨ, ਅੰਤਰ-ਅਨੁਸ਼ਾਸਨੀ ਸਹਿਯੋਗ ਵਿੱਚ ਚੱਲ ਰਹੇ ਕੰਮ ਅਤੇ ਖੋਜ-ਅਗਵਾਈ ਵਾਲੀ ਸਿੱਖਿਆ ਅਤੇ ਵਿਸ਼ਵਵਿਆਪੀ ਸ਼ਮੂਲੀਅਤ ਦੁਆਰਾ ਭੌਤਿਕ ਵਿਗਿਆਨ ਸਿੱਖਿਆ ਨੂੰ ਮਜ਼ਬੂਤ ? ?ਕਰਨ ਲਈ ਸੰਸਥਾ ਦੀ ਵਚਨਬੱਧਤਾ ਦੀ ਰੂਪਰੇਖਾ ਦਿੱਤੀ।

ਪ੍ਰੋ. ਸੂਦ ਨੇ ਫੈਕਲਟੀ ਮੈਂਬਰਾਂ ਅਤੇ ਕਾਨਫਰੰਸ ਭਾਗੀਦਾਰਾਂ ਨਾਲ ਵੀ ਗੱਲਬਾਤ ਕੀਤੀ, ਆਧੁਨਿਕ ਸਿੱਖਿਆ ਸ਼ਾਸਤਰ, ਅਨੁਵਾਦਕ ਖੋਜ ਅਤੇ ਨਵੀਨਤਾ-ਅਗਵਾਈ ਵਾਲੀ ਵਿਕਾਸ ਦੁਆਰਾ ਭਾਰਤ ਦੇ ਵਿਗਿਆਨ ਵਾਤਾਵਰਣ ਨੂੰ ਮਜ਼ਬੂਤ ? ?ਕਰਨ ਬਾਰੇ ਸੂਝਾਂ ਸਾਂਝੀਆਂ ਕੀਤੀਆਂ।

ICPE 2025 ਵਿੱਚ 17 ਅਤੇ 18 ਦਸੰਬਰ ਨੂੰ ਮਜ਼ਬੂਤ ਅਕਾਦਮਿਕ ਸ਼ਮੂਲੀਅਤ ਦੇਖਣ ਨੂੰ ਮਿਲੀ, ਜਿਸ ਵਿੱਚ ਸਰਗਰਮ ਸਿਖਲਾਈ, ਭੌਤਿਕ ਵਿਗਿਆਨ ਸਿੱਖਿਆ ਖੋਜ, ਕੁਆਂਟਮ ਸਿੱਖਿਆ, 19-ਸਮਰੱਥ ਸਿਖਲਾਈ ਅਤੇ ਲਿੰਗ ਸਮਾਨਤਾ 'ਤੇ ਪੂਰਨ ਅਤੇ ਸੱਦਾ ਦਿੱਤੇ ਗਏ ਭਾਸ਼ਣ ਹੋਏ, ਜਿਸ ਵਿੱਚ ਭਾਰਤੀ ਭੌਤਿਕ ਵਿਗਿਆਨ ਸਿੱਖਿਆ ਵਿੱਚ ਸਮਾਵੇਸ਼ 'ਤੇ ਇੱਕ ਮੁੱਖ ਪੈਨਲ ਚਰਚਾ ਸ਼ਾਮਲ ਸੀ। 18 ਦਸੰਬਰ ਨੂੰ ਇੱਕ ਪ੍ਰਮੁੱਖ ਆਕਰਸ਼ਣ ਪਦਮ ਸ਼੍ਰੀ ਪ੍ਰੋ. ਐਚ.ਸੀ. ਵਰਮਾ ਦੀ ਸ਼੍ਰੀ ਪ੍ਰਤੀਕ ਸ਼ੁਕਲਾ, MASAI ਸਕੂਲ, ਪ੍ਰੋਫੈਸਰ ਸ਼ਿਲਪੀ ਚੌਧਰੀ, ਪੰਜਾਬ ਇੰਜੀਨੀਅਰਿੰਗ ਕਾਲਜ, ਚੰਡੀਗੜ੍ਹ ਅਤੇ ਵਿਦਿਆਰਥੀਆਂ ਨਾਲ ਖੁੱਲ੍ਹ ਕੇ ਗੱਲਬਾਤ ਸੀ, ਜਿਸ ਨੇ ਭਾਗੀਦਾਰਾਂ ਤੋਂ ਉਤਸ਼ਾਹੀ ਹੁੰਗਾਰਾ ਪ੍ਰਾਪਤ ਕੀਤਾ ਅਤੇ ਭਾਰਤ ਵਿੱਚ ਅਨੁਭਵੀ ਸਿੱਖਿਆ, ਸੰਕਲਪਿਕ ਸਪੱਸ਼ਟਤਾ ਅਤੇ ਭੌਤਿਕ ਵਿਗਿਆਨ ਸਿੱਖਿਆ ਦੇ ਭਵਿੱਖ 'ਤੇ ਡੂੰਘੀ ਚਰਚਾ ਸ਼ੁਰੂ ਕੀਤੀ।

ICPE 2025, 16 ਤੋਂ 20 ਦਸੰਬਰ ਤੱਕ ਆਯੋਜਿਤ ਹੋਣ ਵਾਲੀ ਪੰਜ-ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ, ਨੇ 3000 ਤੋਂ ਵੱਧ ਵਿਦਿਆਰਥੀਆਂ ਨੂੰ ਇਕੱਠਾ ਕੀਤਾ ਹੈ। ਦੋ ਹੋਰ ਦਿਨ ਬਾਕੀ ਰਹਿਣ ਦੇ ਨਾਲ, ਕਾਨਫਰੰਸ ਭੌਤਿਕ ਵਿਗਿਆਨ ਸਿੱਖਿਆ, ਕੁਆਂਟਮ ਤਕਨਾਲੋਜੀਆਂ, ਨਕਲੀ ਬੁੱਧੀ, ਉਦਯੋਗ-ਅਕਾਦਮਿਕ ਸਬੰਧਾਂ ਅਤੇ ਭਵਿੱਖ ਲਈ ਤਿਆਰ ਪਾਠਕ੍ਰਮ ਵਿੱਚ ਉੱਭਰ ਰਹੇ ਰੁਝਾਨਾਂ 'ਤੇ ਪ੍ਰਮੁੱਖ ਵਿਚਾਰ-ਵਟਾਂਦਰੇ ਦੀ ਮੇਜ਼ਬਾਨੀ ਕਰਦੀ ਰਹੇਗੀ।

ਆਈਸੀਪੀਈ 2025 ਅਤੇ ਪ੍ਰਮੁੱਖ ਵਿਗਿਆਨਕ ਸਲਾਹਕਾਰ ਦੀ ਫੇਰੀ ਵਰਗੇ ਉੱਚ-ਪੱਧਰੀ ਸਮਾਗਮਾਂ ਰਾਹੀਂ, ਆਈਆਈਟੀ ਰੋਪੜ ਨਵੀਨਤਾ-ਅਧਾਰਤ ਖੋਜ, ਵਿਸ਼ਵਵਿਆਪੀ ਅਕਾਦਮਿਕ ਸਹਿਯੋਗ ਅਤੇ ਵਿਗਿਆਨ ਅਤੇ ਇੰਜੀਨੀਅਰਿੰਗ ਸਿੱਖਿਆ ਵਿੱਚ ਉੱਤਮਤਾ ਲਈ ਇੱਕ ਮੋਹਰੀ ਕੇਂਦਰ ਵਜੋਂ ਆਪਣੀ ਸਥਿਤੀ ਨੂੰ ਮਜ਼ਬੂਤ ਕਰਨਾ ਜਾਰੀ ਰੱਖਦਾ ਹੈ।

## ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਅਤੇ ਸੁਸਾਈਡ ਰੋਕਥਾਮ ਸਬੰਧੀ ਟ੍ਰੇਨਿੰਗ ਵਰਕਸ਼ਾਪ




**ਗੁਰਦਾਸਪੁਰ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਣਯੋਗ ਸੁਪਰੀਮ ਕੋਰਟ ਆਫ਼ ਇੰਡੀਆ ਵੱਲੋਂ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਅਤੇ ਸੁਸਾਈਡਲ ਅਟੈਮਪਟ ਦੀ ਰੋਕਥਾਮ ਸਬੰਧੀ ਜਾਰੀ ਕੀਤੇ ਗਏ ਦਿਸ਼ਾ-ਨਿਰਦੇਸ਼ਾਂ ਦੇ ਅਨੁਸਾਰ ਸਰਕਾਰੀ ਕਾਲਜ ਗੁਰਦਾਸਪੁਰ ਵਿੱਚ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਲਈ Mental Health of Students & Suicide Prevention ਵਿਸ਼ੇ 'ਤੇ ਇੱਕ ਦਿਨਾਂ ਵਿਸਥਾਰਿਤ ਟ੍ਰੇਨਿੰਗ ਵਰਕਸ਼ਾਪ ਸਫ਼ਲਤਾਪੂਰਵਕ ਕੀਤੀ ਗਈ।

ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਵਧ ਰਹੇ ਮਾਨਸਿਕ ਤਣਾਅ, ਡਿਪ੍ਰੈਸ਼ਨ ਅਤੇ ਸੁਸਾਈਡਲ ਅਟੈਮਪਟ ਦੀ ਰੋਕਥਾਮ ਲਈ ਸੰਸਥਾਗਤ ਜਾਗਰੂਕਤਾ ਅਤੇ ਸਮਰਥਾ ਨੂੰ ਮਜ਼ਬੂਤ ਕਰਨਾ ਸੀ।

ਇਸ ਟ੍ਰੇਨਿੰਗ ਵਰਕਸ਼ਾਪ ਦੀ ਮੁੱਖ ਰਿਸੋਰਸ ਪਰਸਨ ਡਾ. ਪੂਜਾ ਤਿਆਗੀ, ਅਸਿਸਟੈਂਟ ਪ੍ਰੋਫੈਸਰ, ਡਿਪਾਰਟਮੈਂਟ ਆਫ਼ ਸਾਇਕੋਲੋਜੀ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਰਹੇ। ਡਾ. ਤਿਆਗੀ ਨੇ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਨਾਲ ਜੁੜੀਆਂ ਗੰਭੀਰ ਚੁਣੌਤੀਆਂ 'ਤੇ ਰੌਸ਼ਨੀ ਪਾਉਂਦਿਆਂ ਕਿਹਾ ਕਿ ਬਹੁਤ ਸਾਰੇ ਸੁਸਾਈਡ ਦੇ ਮਾਮਲੇ ਸੰਸਥਾਵਾਂ ਨੂੰ ਇਸ ਲਈ ਹੈਰਾਨ ਕਰ ਦਿੰਦੇ ਹਨ ਕਿਉਂਕਿ ਸੰਕੇਤ ਅਕਸਰ ਚੁੱਪ ਹੁੰਦੇ ਹਨ, ਗੈਰ-ਮੌਜੂਦ ਨਹੀਂ।

ਡਾ. ਤਿਆਗੀ ਨੇ ਦੱਸਿਆ ਕਿ ਅੱਜ ਦੇ ਵਿਦਿਆਰਥੀ ਅਕਾਦਮਿਕ ਦਬਾਅ, ਉੱਚ ਮੁਕਾਬਲਾ, ਰੁਜ਼ਗਾਰ ਦੀ ਅਨਿਸ਼ਚਿਤਤਾ, ਪਰਿਵਾਰਕ ਅਤੇ ਸਮਾਜਕ ਉਮੀਦਾਂ, ਨਸ਼ਿਆਂ ਦੀ ਆਸਾਨ ਪਹੁੰਚ, ਇਕੱਲਾਪਨ ਅਤੇ ਅਸਫਲਤਾ ਦੇ ਡਰ ਵਰਗੇ ਅਨੇਕ ਤੱਤਾਂ ਦੇ ਦਬਾਅ ਹੇਠ ਜੀ ਰਹੇ ਹਨ।

ਉਨ੍ਹਾਂ ਕਿਹਾ ਕਿ ਖਾਸ ਤੌਰ 'ਤੇ ਪਿੰਡਾਂ ਤੋਂ ਆਉਣ ਵਾਲੇ first-generation learners ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਿਛੋਕੜ ਵਾਲੇ ਵਿਦਿਆਰਥੀ ਇਸ ਦਬਾਅ ਨੂੰ ਹੋਰ ਵੀ ਵਧੇਰੇ ਤਰੀਕੇ ਨਾਲ ਮਹਿਸੂਸ ਕਰਦੇ ਹਨ, ਜਿਸ ਕਾਰਨ ਉਨ੍ਹਾਂ ਵਿੱਚ ਮਾਨਸਿਕ ਤਣਾਅ ਅਤੇ ਸੁਸਾਈਡਲ ਖ਼ਤਰੇ ਦੀ ਸੰਭਾਵਨਾ ਵੱਧ ਜਾਂਦੀ ਹੈ।

ਵਰਕਸ਼ਾਪ ਦੌਰਾਨ ਡਾ. ਤਿਆਗੀ ਨੇ ਸੁਸਾਈਡਲ ਵਿਹਾਰ ਦੀ ਪਛਾਣ ਲਈ I.N.D.I.A. Warning Signs Checklist ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਚੈੱਕਲਿਸਟ ਵਿੱਚ Isolation, Neglect, Decline, Intent ਅਤੇ Affect Change ਵਰਗੇ ਮਹੱਤਵਪੂਰਣ ਸੰਕੇਤ ਸ਼ਾਮਲ ਹਨ।

ਉਨ੍ਹਾਂ ਸਪਸ਼ਟ ਕੀਤਾ ਕਿ ਇਹ ਸੰਕੇਤ ਕਲਾਸਰੂਮ, ਹੋਸਟਲ, ਦਫ਼ਤਰਾਂ ਅਤੇ ਕੈਂਪਸ ਦੇ ਹੋਰ ਸਥਾਨਾਂ 'ਤੇ ਸਟਾਫ ਵੱਲੋਂ ਆਸਾਨੀ ਨਾਲ ਪਛਾਣੇ ਜਾ ਸਕਦੇ ਹਨ, ਜੇ ਸੰਵੇਦਨਸ਼ੀਲਤਾ ਅਤੇ ਜਾਗਰੂਕਤਾ ਹੋਵੇ।

ਡਾ. ਤਿਆਗੀ ਨੇ ਸੁਸਾਈਡ ਸਬੰਧੀ ਫੈਲੇ ਹੋਏ ਮਿਥਕਾਂ ਨੂੰ ਤੋੜਦਿਆਂ ਕਿਹਾ ਕਿ ਸੁਸਾਈਡ ਬਾਰੇ ਗੱਲ ਕਰਨਾ attention seeking ਨਹੀਂ, ਬਲਕਿ ਮਦਦ ਲਈ ਇੱਕ ਗੰਭੀਰ ਪੁਕਾਰ ਹੁੰਦੀ ਹੈ। ਉਨ੍ਹਾਂ ਨੇ ਇਹ ਵੀ ਸਪਸ਼ਟ ਕੀਤਾ ਕਿ ਵਿਦਿਆਰਥੀ ਨਾਲ ਸੁਸਾਈਡ ਬਾਰੇ ਸਿੱਧਾ ਅਤੇ ਸੰਵੇਦਨਸ਼ੀਲ ਤਰੀਕੇ ਨਾਲ ਪੁੱਛਣਾ ਖ਼ਤਰਨਾਕ ਨਹੀਂ, ਸਗੋਂ ਇਹ ਇੱਕ ਸੁਰੱਖਿਅਤ ਅਤੇ ਰੱਖਿਆਤਮਕ ਕਦਮ ਹੈ।

ਵਰਕਸ਼ਾਪ ਵਿੱਚ ਸਟਾਫ ਨੂੰ ਇੱਕ ਸਪਸ਼ਟ Three-Step Life Saving Protocol ਵੀ ਸਿਖਾਇਆ ਗਿਆ, ਜਿਸ ਅਨੁਸਾਰ Question, Persuade ਅਤੇ Refer ਦੇ ਤਿੰਨ ਕਦਮ ਸ਼ਾਮਲ ਹਨ ਅਤੇ ਸਟਾਫ ਦੀ ਜ਼ਿੰਮੇਵਾਰੀ ਉਸ ਸਮੇਂ ਤੱਕ ਖ਼ਤਮ ਨਹੀ ਹੁੰਦੀ ਜਦੋਂ ਤੱਕ ਵਿਦਿਆਰਥੀ ਸੁਰੱਖਿਅਤ ਹੱਥਾਂ ਵਿੱਚ ਨਾ ਪਹੁੰਚ ਜਾਵੇ।

ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਅਸ਼ਵਨੀ ਕੁਮਾਰ ਭੱਲਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਾਨਸਿਕ ਸਿਹਤ ਹੁਣ ਸਿਰਫ਼ ਵਿਅਕਤੀਗਤ ਮਸਲਾ ਨਹੀਂ ਰਹੀ, ਬਲਕਿ ਇੱਕ ਸੰਸਥਾਗਤ, ਨੈਤਿਕ ਅਤੇ ਕਾਨੂੰਨੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਕਾਲਜ ਗੁਰਦਾਸਪੁਰ ਵਿਦਿਆਰਥੀਆਂ ਲਈ ਇੱਕ ਸੁਰੱਖਿਅਤ, ਸੰਵੇਦਨਸ਼ੀਲ ਅਤੇ ਸਹਾਰਾ ਦੇਣ ਵਾਲਾ ਮਾਹੌਲ ਬਣਾਉਣ ਲਈ ਵਚਨਬੱਧ ਹੈ।

ਪ੍ਰਿੰਸੀਪਲ ਨੇ ਜ਼ੋਰ ਦਿੱਤਾ ਕਿ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਦੋਵੇਂ ਵਿਦਿਆਰਥੀਆਂ ਦੀ ਜ਼ਿੰਦਗੀ ਵਿੱਚ Gatekeepers of Hope ਦੀ ਭੂਮਿਕਾ ਨਿਭਾਉਂਦੇ ਹਨ ਅਤੇ ਇੱਕ ਸਮੇਂ-ਸਿਰ ਕੀਤੀ ਗਈ ਦਖ਼ਲਅੰਦਾਜ਼ੀ ਇੱਕ ਕੀਮਤੀ ਜ਼ਿੰਦਗੀ ਬਚਾ ਸਕਦੀ ਹੈ।

ਵਰਕਸ਼ਾਪ ਦੇ ਅੰਤ 'ਤੇ ਇਹ ਨਿਰਣੈ ਲਿਆ ਗਿਆ ਕਿ ਕਾਲਜ ਵਿੱਚ ਵਿਦਿਆਰਥੀਆਂ ਲਈ ਮਾਨਸਿਕ ਸਿਹਤ ਸਬੰਧੀ ਜਾਗਰੂਕਤਾ ਮੁਹਿੰਮਾਂ, ਲਾਈਫ ਸਕਿਲਜ਼ ਵਰਕਸ਼ਾਪਾਂ, ਪੀਅਰ ਸਪੋਰਟ ਗਰੁੱਪ ਅਤੇ ਕਾਊਂਸਲਿੰਗ ਸਹਾਇਤਾ ਗਤੀਵਿਧੀਆਂ ਨਿਯਮਿਤ ਤੌਰ 'ਤੇ ਕਰਵਾਈਆਂ ਜਾਣਗੀਆਂ।

# ਨਸ਼ਿਆਂ ਵਰਗੀ ਭੈੜੀ ਅਲਾਮਤ ਨਾਲ ਨਜਿੱਠਣ ਲਈ ਸਮੂਹਿਕ ਸਹਿਯੋਗ ਬੇਹੱਦ ਜ਼ਰੂਰੀ : ਰਾਜਪਾਲ ਗੁਲਾਬ ਚੰਦ ਕਟਾਰੀਆ

**➢ ਭਾਰਤੀ ਰੈੱਡ ਕਰਾਸ ਸੁਸਾਇਟੀ ਅਤੇ ਕਰਨ ਗਿਲਹੋਤਰਾ ਫਾਉਂਡੇਸ਼ਨ ਵੱਲੋਂ ਸੰਜੀਵ ਪੈਲੇਸ ਵਿਖੇ ਕਰਵਾਇਆ ਗਿਆ ਵਿਸ਼ੇਸ਼ ਸਮਾਗਮ ➢ ਸੰਜੀਵ ਪੈਲੇਸ ਤੋਂ ਘੰਟਾ ਘਰ ਚੌਂਕ ਤੱਕ ਨਸ਼ਿਆਂ ਖਿਲਾਫ ਕੱਢਿਆ ਗਿਆ ਪੈਦਲ ਮਾਰਚ**

**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**






ਨਸ਼ਿਆਂ ਦੇ ਖਾਤਮੇ ਲਈ ਭਾਰਤੀ ਰੈੱਡ ਕਰਾਸ ਸੁਸਾਇਟੀ ਅਤੇ ਕਰਨ ਗਿਲਹੋਤਰਾ ਫਾਉਂਡੇਸ਼ਨ ਵੱਲੋਂ ਕਰਵਾਏ ਗਏ ਸਮਾਗਮ ਵਿੱਚ ਪੰਜਾਬ ਦੇ ਰਾਜਪਾਲ ਸ਼੍ਰੀ. ਗੁਲਾਬ ਚੰਦ ਕਟਾਰੀਆ ਨੇ ਆਨਲਾਈਨ ਸ਼ਿਰਕਤ ਕੀਤੀ ਅਤੇ ਸਮਾਗਮ ਵਿੱਚ ਸ਼ਾਮਲ ਬੱਚਿਆਂ ਨੂੰ ਨਸ਼ਿਆਂ ਦੇ ਖਿਲਾਫ ਮੁਹਿੰਮ ਨਾਲ ਜੁੜਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਸ. ਸ਼ਿਵਦੁਲਾਰ ਸਿੰਘ ਢਿੱਲੋਂ (ਆਈਏਸ ਸੇਵਾਮੁਕਤ) ਸਕੱਤਰ ਰੈੱਡ ਕਰਾਸ ਸੋਸਾਇਟੀ, ਡਿਪਟੀ ਕਮਿਸ਼ਨਰ ਸ਼੍ਰੀਮਤੀ ਅਮਰਪ੍ਰੀਤ ਕੌਰ ਸੰਧੂ, ਜ਼ਿਲ੍ਹਾ ਪੁਲਿਸ ਮੁਖੀ ਗੁਰਮੀਤ ਸਿੰਘ ਤੇ ਕਰਨ ਗਿਲਹੋਤਰਾ ਫਾਊਂਡੇਸ਼ਨ ਤੋਂ ਸ੍ਰੀ ਕਰਨ ਗਿਲਹੋਤਰਾ ਨੇ ਮਾਣਯੋਗ ਰਾਜਪਾਲ ਜੀ ਵੱਲੋਂ ਫਾਜ਼ਿਲਕਾ ਵਾਸੀਆਂ ਨੂੰ ਨਸ਼ਿਆਂ ਖਿਲਾਫ ਸੰਬੋਧਨ ਕਰਨ ਲਈ ਧੰਨਵਾਦ ਕੀਤਾ ਗਿਆ।

ਇਸ ਮੌਕੇ ਰਾਜਪਾਲ ਪੰਜਾਬ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਮੌਸਮ ਦੀ ਖਰਾਬੀ ਅਤੇ ਕੁਝ ਤਕਨੀਕੀ ਕਾਰਨਾਂ ਕਰਕੇ ਹੈਲੀਕਾਪਟਰ ਦੀ ਉਡਾਨ ਨਾ ਹੋਣ ਕਰਕੇ ਉਹ ਇਸ ਪ੍ਰੋਗਰਾਮ ਵਿੱਚ ਸ਼ਾਮਲ ਨਹੀਂ ਹੋ ਸਕੇ ਇਸ ਲਈ ਉਹ ਆਨਲਾਈਨ ਸਮਾਗਮ ਵਿੱਚ ਸਾਮਲ ਹੋ ਰਹੇ ਹਨ ਅਤੇ ਉਨ੍ਹਾਂ ਨੇ ਅਗਲੇ ਮਹੀਨਿਆਂ ਦੌਰਾਨ ਦੁਬਾਰਾ ਫਾਜ਼ਿਲਕਾ ਦਾ ਦੌਰਾ ਕਰਨ ਦੀ ਇੱਛਾ ਜਤਾਈ।

ਉਨ੍ਹਾਂ ਨੇ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ, ਸੂਰਬੀਰਾਂ ਅਤੇ ਯੋਧਿਆਂ ਦੀ ਧਰਤੀ ਹੈ, ਜਿਸ ਨੇ ਹਮੇਸ਼ਾਂ ਦੇਸ਼ ਵਿਰੋਧੀ ਤਾਕਤਾਂ ਨਾਲ ਲੋਹਾ ਲੈਂਦਿਆਂ ਉਨਾਂ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਹੈ ਤੇ ਸਾਡਾ ਵੀ ਫਰਜ਼ ਬਣਦਾ ਹੈ ਕਿ ਅਸੀਂ ਵੀ ਨਸ਼ਿਆਂ ਵਰਗੀ ਭੈੜੀ ਅਲਾਮਤ ਤੋਂ ਆਪਣੇ ਦੇਸ਼ ਨੂੰ ਬਚਾਈਏ!

ਉਨ੍ਹਾਂ ਨੇ ਕਿਹਾ ਕਿ ਨਸ਼ੇ ਨੂੰ ਜੜੋਂ ਖਤਮ ਕਰਨ ਲਈ ਲੋਕਾਂ ਦਾ ਸਮੂਹਿਕ ਸਹਿਯੋਗ ਜ਼ਰੂਰੀ ਹੈ ਤਾਂ ਹੀ ਇਸ ਨਸਿਆਂ ਵਰਗੀ ਭੈੜੀ ਅਲਾਮਤ ਨਾਲ ਨਜਿੱਠਿਆ ਜਾ ਸਕਦਾ ਹੈ! ਉਨ੍ਹਾਂ ਕਿਹਾ ਕਿ ਆਓ ਅਸੀਂ ਆਪਣੇ ਮਹਾਨ ਦੇਸ਼ ਭਗਤਾਂ ਵੱਲੋਂ ਲਏ ਗਏ ਸੁਪਨੇ ਨੂੰ ਪੂਰਾ ਕਰੀਏ ਤੇ ਆਪਣੇ ਦੇਸ਼ ਨੂੰ ਨਸ਼ਾ ਮੁਕਤ ਤੇ ਰੰਗਲਾ ਬਣਾਈਏ! ! ਇਸ ਮੌਕੇ ਵੱਖ ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਅਤੇ ਨਸ਼ਿਆਂ ਖਿਲਾਫ ਸ਼ਾਨਦਾਰ ਪੇਸ਼ਕਾਰੀਆਂ ਵੀ ਕੀਤੀਆਂ ਗਈਆਂ।

ਇਸ ਤੋਂ ਬਾਅਦ ਸੰਜੀਵ ਪੈਲੇਸ ਫਾਜ਼ਿਲਕਾ ਤੋਂ ਘੰਟਾ ਘਰ ਚੌਂਕ ਤੱਕ ਨਸ਼ਿਆਂ ਖਿਲਾਫ ਪੈਦਲ ਮਾਰਚ ਕੱਢਿਆ ਗਿਆ ਜਿਸ ਦੀ ਅਗਵਾਈ ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ, ਜ਼ਿਲ੍ਹਾ ਪੁਲਿਸ ਮੁਖੀ ਸ. ਗੁਰਮੀਤ ਸਿੰਘ ਤੇ ਸਮਾਜ ਸੇਵੀ ਕਰਨ ਗਿਲਹੋਤਰਾ ਵੱਲੋਂ ਕੀਤੀ ਗਈ। ਇਸ ਪੈਦਲ ਯਾਤਰਾ ਦੌਰਾਨ ਉਹਨਾਂ ਧਾਰਮਿਕ ਸਥਾਨਾਂ ਤੇ ਪਹੁੰਚ ਕੇ ਮੱਥਾ ਟੇਕਿਆ ਤੇ ਗਊਸ਼ਾਲਾ ਵਿਖੇ ਗਊਮਾਤਾ ਦਾ ਵੀ ਆਸ਼ੀਰਵਾਦ ਲਿਆ! ਇਸ ਦੌਰਾਨ ਸਮਾਜ ਸੇਵੀ ਕਰਨ ਗਿਲਹੋਤਰਾ ਤੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਵੀ ਨੌਜਵਾਨਾਂ ਨੂੰ ਨਸ਼ਿਆਂ ਖਿਲਾਫ ਜਾਗਰੂਕ ਕੀਤਾ ਅਤੇ ਨਸ਼ਿਆਂ ਖਿਲਾਫ ਵਿੱਢੀ ਗਈ ਮੁਹਿੰਮ ਵਿੱਚ ਹਰ ਇੱਕ ਵਰਗ ਨੂੰ ਆਪਣਾ ਸਹਿਯੋਗ ਦੇਣ ਲਈ ਪ੍ਰੇਰਿਤ ਕੀਤਾ।

ਇਸ ਤੋਂ ਬਾਅਦ ਉਨ੍ਹਾਂ ਸ਼ਹੀਦੀ ਸਮਾਰਕ ਆਸਫ਼ਵਾਲਾ ਵਿਖੇ ਦੇਸ਼ ਤੋਂ ਜਾਨਾਂ ਵਾਰਨ ਵਾਲੇ ਮਹਾਨ ਸ਼ਹੀਦਾਂ ਨੂੰ ਸਰਧਾਂਜਲੀ ਭੇਂਟ ਕੀਤੀ ਗਈ!

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨ. ਡਾ. ਮਨਦੀਪ ਕੌਰ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸੁਭਾਸ਼ ਚੰਦਰ, ਐੱਸਡੀਐਮ ਫਾਜ਼ਿਲਕਾ ਸ.ਅਮਨਦੀਪ ਸਿੰਘ ਮਾਵੀ, ਐਸਡੀਐਮ ਅਬੋਹਰ ਕ੍ਰਿਸ਼ਨਾਪਾਲ ਰਾਜਪੂਤ ਤੇ ਕਰਨ ਗਿਲਹੋਤਰਾ ਫਾਊਂਡੇਸ਼ਨ ਦੇ ਅਹੁਦੇਦਾਰ ਤੇ ਮੈਂਬਰ ਵੀ ਹਾਜ਼ਰ ਸਨ।

## ਊਰਜਾ ਮੰਤਰੀ ਸ੍ਰੀ ਅਨਿਲ ਵਿਜ ਨੇ ਨੇਤਾ ਵਿਪੱਖ ਭੂਪੇਂਦਰ ਸਿੰਘ ਹੁੱਡਾ ਨੂੰ ਵਿਪੱਖ ਦਾ ਨੇਤਾ ਬਣਨ 'ਤੇ ਦਿੱਤੀ ਵਧਾਈ

**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਊਰਜਾ, ਟ੍ਰਾਂਸਪੋਰਟ ਅਤੇ ਕੀਰਤ ਮੰਤਰੀ ਸ੍ਰੀ ਅਨਿਲ ਵਿਜ ਨੇ ਹਰਿਆਣਾ ਵਿਧਾਨਸਭਾ ਵਿੱਚ ਸ਼ੁਰੂ ਹੋਏ ਸ਼ਰਦ ਰੁਤ ਸ਼ੈਸ਼ਨ ਦੌਰਾਨ ਵਿਪੱਖ ਦੇ ਨੇਤਾ ਸ੍ਰੀ ਭੂਪੇਂਦਰ ਸਿੰਘ ਹੁੱਡਾ ਨੂੰ ਵਿਪੱਖ ਦੇ ਨੇਤਾ ਬਣਨ 'ਤੇ ਵਧਾਈ ਦਿੱਤੀ ਅਤੇ ਕਿਹਾ ਕਿ ਹਵਾਵਾਂ ਲੱਖ ਮੁਖਾਲਿਫ਼ ਹੋਣ, ਪਰ ਇਹ ਤੈਅ ਹੈ ਕਿ ਦੀਵਾ ਉਹੀ ਜਲੇਗਾ ਜੋ ਆਪਣੀ ਜ਼ਿੱਦ 'ਤੇ ਅੜਿਆ ਹੈ।

ਸ੍ਰੀ ਵਿਜ ਨੇ ਵਿਪੱਖ ਦੇ ਨੇਤਾ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਤੁਹਾਡੀ ( ਵਿਪੱਖ ਦੇ ਨੇਤਾ ਭੂਪੇਂਦਰ ਸਿੰਘ ਹੁੱਡਾ ) ਜ਼ਿੱਦ ਜਿੱਤ ਗਈ, ਪਰ ਐਸਆਰ ਹਾਰ ਗਈ, ਮੈਂ ਤੁਹਾਨੂੰ ਵਧਾਈ ਦੇਣਾ ਚਾਹੁੰਦਾ ਹੈ।

# 2900 ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਨਾਲ ਪੰਜਾਬ ਵਿੱਚ ਜਲ ਅਤੇ ਸੈਨੀਟੇਸ਼ਨ ਢਾਂਚੇ ਨੂੰ ਹੁਲਾਰਾ ਮਿਲਿਆ: ਹਰਦੀਪ ਸਿੰਘ ਮੁੰਡੀਆਂ

**➢ ਪੇਂਡੂ ਖੇਤਰਾਂ ਵਿੱਚ 100 ਫ਼ੀਸਦੀ ਕਵਰੇਜ ਨਾਲ 34 ਲੱਖ ਤੋਂ ਵੱਧ ਪਰਿਵਾਰਾਂ ਨੂੰ ਮਿਲ ਰਿਹਾ ਸਾਫ਼ ਪੀਣਯੋਗ ਪਾਣੀ**
**➢ 15 ਸਤਹੀ ਜਲ ਪ੍ਰਾਜੈਕਟ, ਪਾਣੀ ਦੀ ਗੁਣਵੱਤਾ ਤੋਂ ਪ੍ਰਭਾਵਿਤ ਖੇਤਰਾਂ ਵਿੱਚ 1706 ਪਿੰਡਾਂ ਨੂੰ ਸਪਲਾਈ ਕਰਨਗੇ ਸਾਫ਼ ਪਾਣੀ**

**ਚੰਡੀਗੜ੍ਹ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪੰਜਾਬ ਭਰ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਬੁਨਿਆਦੀ ਢਾਂਚੇ ਨੂੰ ਮਜ਼ਬੂਤੀ ਦੇਣ ਲਈ 2,900 ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਵੱਡੇ ਨਿਵੇਸ਼ ਨਾਲ ਪ੍ਰਮੁੱਖ ਪ੍ਰਾਜੈਕਟਾਂ ਨੂੰ ਜਲਦ ਮੁਕੰਮਲ ਕਰਨ, ਨਵੀਨ ਤਕਨਾਲੋਜੀ ਦੇ ਵਿਸਥਾਰ ਅਤੇ ਪਾਣੀ ਦੀ ਗੁਣਵੱਤਾ ਅਤੇ ਸੈਨੀਟੇਸ਼ਨ ਪ੍ਰਣਾਲੀਆਂ ਨੂੰ ਮਜ਼ਬੂਤੀ ਦੇਣ ਵਿੱਚ ਵੱਡੀ ਮਦਦ ਮਿਲੀ ਹੈ, ਜਿਸ ਦੇ ਨਤੀਜੇ ਵਜੋਂ ਪੇਂਡੂ ਅਤੇ ਅਰਧ-ਸ਼ਹਿਰੀ ਖੇਤਰਾਂ ਵਿੱਚ ਲੋਕਾਂ ਦੇ ਰੋਜ਼ਾਨਾ ਜੀਵਨ ਪੱਧਰ ਵਿੱਚ ਕਾਫ਼ੀ ਸੁਧਾਰ ਹੋਇਆ ਹੈ। ਉਨ੍ਹਾਂ ਕਿਹਾ ਕਿ 100 ਫ਼ੀਸਦੀ ਕਵਰੇਜ ਨਾਲ ਇਸ ਸਮੇਂ ਸੂਬੇ ਵਿੱਚ 34 ਲੱਖ ਤੋਂ ਵੱਧ ਪਰਿਵਾਰਾਂ ਨੂੰ ਸੁਰੱਖਿਅਤ ਅਤੇ ਸਾਫ਼ ਪੀਣਯੋਗ ਪਾਣੀ ਮਿਲ ਰਿਹਾ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ 2025-26 ਲਈ ਪੇਂਡੂ ਵਿਕਾਸ ਵਾਸਤੇ ਸੈਨੀਟੇਸ਼ਨ ਖੇਤਰ ਹਿੱਤ 2,190.80 ਕਰੋੜ ਰੁਪਏ ਦੀ ਸਾਲਾਨਾ ਯੋਜਨਾ ਨੂੰ ਮਨਜ਼ੂਰੀ ਦਿੱਤੀ ਗਈ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ ਪੇਂਡੂ ਇਲਾਕਿਆਂ ਵਿੱਚ ਹਰ ਘਰ ਨੂੰ ਟੂਟੀ ਰਾਹੀਂ ਸਾਫ਼ ਪਾਣੀ ਦੀ ਸਪਲਾਈ ਦੇਣ ਦੇ ਟੀਚੇ ਨੂੰ ਹਾਸਲ ਕਰ ਚੁੱਕਾ ਹੈ, ਜਿਸ ਨਾਲ ਪੰਜਾਬ ਸੂਬਾ ਇਹ ਮੀਲ ਪੱਥਰ ਹਾਸਲ ਕਰਨ ਵਾਲਾ ਦੇਸ਼ ਦਾ ਪੰਜਵਾਂ ਰਾਜ ਬਣ ਕੇ ਉਭਰਿਆ ਹੈ। ਉਨ੍ਹਾਂ ਕਿਹਾ ਕਿ ਪਾਣੀ ਦੀ ਗੁਣਵੱਤਾ ਤੋਂ ਪ੍ਰਭਾਵਿਤ ਖੇਤਰਾਂ ਨੂੰ ਸਾਫ਼ ਪਾਣੀ ਦੀ ਸਪਲਾਈ ਦੇਣ ਲਈ 15 ਪ੍ਰਮੁੱਖ ਸਤਹੀ ਜਲ ਸਪਲਾਈ ਪ੍ਰਾਜੈਕਟਾਂ 'ਤੇ ਵਿਸ਼ੇਸ਼ ਧਿਆਨ ਦਿੰਦਿਆਂ ਇਸ ਅਧੀਨ 1706 ਪਿੰਡਾਂ ਨੂੰ ਕਵਰ ਕੀਤਾ ਗਿਆ ਹੈ। ਇਨ੍ਹਾਂ ਵਿੱਚੋਂ ਚਾਰ ਪ੍ਰਾਜੈਕਟ ਪਹਿਲਾਂ ਹੀ ਚਾਲੂ ਹੋ ਚੁੱਕੇ ਹਨ, ਜਦੋਂ ਕਿ 11 ਮੁਕੰਮਲ ਹੋਣ ਨੇੜੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਹ ਪ੍ਰਾਜੈਕਟ ਭਰੋਸੇਯੋਗ ਸਤਹੀ ਪਾਣੀ ਸਪਲਾਈ ਯਕੀਨੀ ਬਣਾ ਕੇ ਸਮੂਹਿਕ ਤੌਰ 'ਤੇ ਲਗਭਗ 25 ਲੱਖ ਪੇਂਡੂ ਪਰਿਵਾਰਾਂ ਨੂੰ ਲਾਭ ਪਹੁੰਚਾਉਣਗੇ।

ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਨੇ ਕਿਹਾ ਕਿ ਮੌਜੂਦਾ ਵਿੱਤੀ ਸਾਲ ਦੌਰਾਨ 278.37 ਕਰੋੜ ਰੁਪਏ ਦੀ ਲਾਗਤ ਨਾਲ 205 ਪੇਂਡੂ ਜਲ ਸਪਲਾਈ ਸਕੀਮਾਂ ਪੂਰੀਆਂ ਕੀਤੀਆਂ ਗਈਆਂ ਹਨ, ਜਿਸ ਨਾਲ ਢੁਕਵੇਂ ਪ੍ਰੈਸ਼ਰ ਨਾਲ ਸਾਫ਼ ਪਾਣੀ ਦੀ ਸਪਲਾਈ ਤੱਕ ਪਹੁੰਚ ਰਾਹੀਂ ਲਗਭਗ 2.33 ਲੱਖ ਪੇਂਡੂ ਵਸਨੀਕਾਂ ਨੂੰ ਲਾਭ ਪਹੁੰਚਿਆ ਹੈ।

ਉਨ੍ਹਾਂ ਕਿਹਾ ਕਿ 176 ਪਿੰਡਾਂ ਨੂੰ ਕਵਰ ਕਰਦੀਆਂ 144 ਜਲ ਸਪਲਾਈ ਸਕੀਮਾਂ ਦੇ ਪ੍ਰਾਜੈਕਟ ਨੂੰ 160 ਕਰੋੜ ਰੁਪਏ ਦੀ ਲਾਗਤ ਨਾਲ ਮਨਜ਼ੂਰੀ ਦਿੱਤੀ ਗਈ ਹੈ, ਜੋ ਲਗਭਗ 2026-27 ਤੱਕ ਪੂਰਾ ਹੋਣ ਦੀ ਸੰਭਾਵਨਾ ਹੈ। ਇਸ ਪ੍ਰਾਜੈਕਟ ਨਾਲ ਕਰੀਬ 3.04 ਲੱਖ ਪੇਂਡੂ ਵਸਨੀਕਾਂ ਨੂੰ ਲਾਭ ਹੋਵੇਗਾ। ਇਸ ਤੋਂ ਇਲਾਵਾ 19 ਜ਼ਿਲ੍ਹਿਆਂ ਦੇ 127 ਪਿੰਡਾਂ ਨੂੰ ਕਵਰ ਕਰਦੀਆਂ 98 ਸਕੀਮਾਂ ਦੀ ਅਪਗ੍ਰੇਡੇਸ਼ਨ ਦਾ ਪ੍ਰਸਤਾਵ, ਜਿਸ ਦੀ ਅਨੁਮਾਨਤ ਲਾਗਤ 105 ਕਰੋੜ ਰੁਪਏ ਹੈ, ਪ੍ਰਵਾਨਗੀ ਦੀ ਪ੍ਰਕਿਰਿਆ ਅਧੀਨ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਹਾਲ ਹੀ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੁਆਰਾ 140 ਕਰੋੜ ਰੁਪਏ ਦੇ ਨਿਵੇਸ਼ ਨਾਲ ਇਤਿਹਾਸਕ ਸ਼ਹਿਰ ਸ੍ਰੀ ਮੁਕਤਸਰ ਸਾਹਿਬ ਵਿੱਚ ਜਲ ਸਪਲਾਈ ਅਤੇ ਸੀਵਰੇਜ ਕੰਮਾਂ ਦੇ ਅਪਗ੍ਰੇਡੇਸ਼ਨ ਦਾ ਨੀਂਹ ਪੱਥਰ ਰੱਖਿਆ ਗਿਆ ਹੈ, ਜਿਸ ਨਾਲ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਤਾਲਮੇਲ ਆਧਾਰਤ ਬੁਨਿਆਦੀ ਢਾਂਚੇ ਦੀ ਯੋਜਨਾਬੰਦੀ ਨੂੰ ਹੋਰ ਮਜ਼ਬੂਤੀ ਮਿਲੇਗੀ।

ਉਨ੍ਹਾਂ ਦੱਸਿਆ ਕਿ ਮੌਜੂਦਾ ਸਾਲ ਦੌਰਾਨ ਤਕਨਾਲੋਜੀ-ਆਧਾਰਤ ਸ਼ਾਸਨ 'ਤੇ ਸਰਕਾਰ ਵੱਲੋਂ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ, ਜਿਸ ਤਹਿਤ 897 ਪਿੰਡਾਂ ਨੂੰ ਕਵਰ ਕਰਦੀਆਂ 346 ਜਲ ਸਪਲਾਈ ਸਕੀਮਾਂ ਵਿੱਚ ਇੱਕ ਆਈ.ਓ.ਟੀ-ਆਧਾਰਤ ਆਟੋਮੇਸ਼ਨ ਅਤੇ ਨਿਗਰਾਨ ਪ੍ਰਣਾਲੀ ਲਾਗੂ ਕੀਤੀ ਗਈ ਹੈ। ਇਹ ਸਕੀਮਾਂ ਇੱਕ ਵੈੱਬ ਅਤੇ ਮੋਬਾਈਲ ਐਪ-ਆਧਾਰਤ ਡੈਸ਼ਬੋਰਡ ਨਾਲ ਜੁੜੀਆਂ ਹੋਈਆਂ ਹਨ, ਜੋ ਅਸਲ ਸਮੇਂ ਵਿੱਚ ਕਾਰਜਸ਼ੀਲ ਮਾਪਦੰਡਾਂ ਨੂੰ ਟਰੈਕ ਕਰਦੀਆਂ ਹਨ, ਜੋ ਤੇਜ਼ ਰਿਸਪਾਂਸ ਅਤੇ ਬਿਹਤਰ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਂਦਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਪਾਣੀ ਦੀ ਗੁਣਵੱਤਾ ਦੀ ਨਿਗਰਾਨੀ ਲਈ ਲੈਬਾਰਟਰੀਆਂ ਦੇ ਤਿੰਨ-ਪੱਧਰੀ ਨੈੱਟਵਰਕ ਰਾਹੀਂ ਮਜ਼ਬੂਤ ਸੰਸਥਾਗਤ ਢਾਂਚਾ ਸਥਾਪਤ ਕੀਤਾ ਗਿਆ ਹੈ, ਜਿਸ ਵਿੱਚ ਇੱਕ ਰਾਜ-ਪੱਧਰੀ, ਸੱਤ ਖੇਤਰੀ-ਪੱਧਰੀ, 17 ਜ਼ਿਲ੍ਹਾ-ਪੱਧਰੀ ਅਤੇ ਸੱਤ ਬਲਾਕ-ਪੱਧਰੀ ਲੈਬਾਂ ਸ਼ਾਮਲ ਹਨ। ਸਾਰੀਆਂ ਲੈਬਾਂ ਰਸਾਇਣਕ ਜਾਂਚ ਲਈ ਐਨ.ਏ.ਬੀ.ਐਲ. ਮਾਨਤਾ ਪ੍ਰਾਪਤ ਹਨ, ਜਦੋਂ ਕਿ ਸੱਤ ਲੈਬਾਂ ਵਿਚ ਬੈਕਟੀਰੀਆਲੋਜੀਕਲ ਵਿਸ਼ਲੇਸ਼ਣ ਕਰਨ ਦੀ ਸਹੂਲਤ ਵੀ ਹੈ।

ਵਿਭਾਗ ਇਨ੍ਹਾਂ ਲੈਬਾਂ ਵਿੱਚ ਬੈਕਟੀਰੀਆਲੋਜੀਕਲ ਸਹੂਲਤਾਂ ਨੂੰ ਮਜ਼ਬੂਤ ਕਰ ਰਿਹਾ ਹੈ ਅਤੇ ਲਗਭਗ 11.42 ਕਰੋੜ ਰੁਪਏ ਦੀ ਲਾਗਤ ਨਾਲ 17 ਜ਼ਿਲ੍ਹਾ-ਪੱਧਰੀ ਲੈਬਾਂ ਵਿੱਚ ਇਸੇ ਤਰ੍ਹਾਂ ਦੀ ਸਹੂਲਤ ਸਥਾਪਤ ਕਰ ਰਿਹਾ ਹੈ, ਜਿਸ ਨੂੰ ਵਿੱਤੀ ਸਾਲ 2025-26 ਤੱਕ ਪੂਰਾ ਕਰਨ ਦਾ ਟੀਚਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸੱਤ ਲੈਬਾਂ ਵਿੱਚ ਬੁਨਿਆਦੀ ਢਾਂਚਾ ਵਿਕਾਸ ਅਤੇ ਉਪਕਰਣਾਂ ਦੀ ਸਥਾਪਨਾ ਪਹਿਲਾਂ ਹੀ ਪੂਰੀ ਹੋ ਚੁੱਕੀ ਹੈ।

ਸ. ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਭੂਮੀਗਤ ਪਾਣੀ ਵਿੱਚ ਭਾਰੀ ਧਾਤਾਂ ਤੋਂ ਪ੍ਰਭਾਵਿਤ ਪਿੰਡਾਂ ਵਿੱਚ ਢੁਕਵੇਂ ਉਪਾਅ ਕੀਤੇ ਗਏ ਹਨ। ਸਲਫੇਟ, ਨਾਈਟ੍ਰੇਟ ਅਤੇ ਸੇਲੇਨੀਅਮ ਤੋਂ ਪ੍ਰਭਾਵਿਤ 10 ਪਿੰਡਾਂ ਵਿੱਚ 54.33 ਲੱਖ ਰੁਪਏ ਦੀ ਲਾਗਤ ਨਾਲ ਰਿਵਰਸ ਓਸਮੋਸਿਸ (ਆਰ.ਓ.) ਪਲਾਂਟ ਲਗਾਏ ਗਏ ਹਨ। ਇਸੇ ਤਰ੍ਹਾਂ 23 ਯੂਰੇਨੀਅਮ ਪ੍ਰਭਾਵਿਤ ਪਿੰਡਾਂ ਵਿੱਚ 5.91 ਕਰੋੜ ਰੁਪਏ ਦੀ ਲਾਗਤ ਨਾਲ ਕਮਿਊਨਿਟੀ ਵਾਟਰ ਪਿਊਰੀਫਿਕੇਸ਼ਨ ਪਲਾਂਟ ਲਗਾਉਣ ਦਾ ਕੰਮ ਚੱਲ ਰਿਹਾ ਹੈ, ਜੋ ਫ਼ਰਵਰੀ 2026 ਤੱਕ ਪੂਰੇ ਹੋਣ ਦੀ ਉਮੀਦ ਹੈ।

ਉਨ੍ਹਾਂ ਕਿਹਾ ਕਿ 32 ਆਰਸੈਨਿਕ ਪ੍ਰਭਾਵਿਤ ਪਿੰਡਾਂ ਵਿੱਚ 9.77 ਕਰੋੜ ਰੁਪਏ ਦੀ ਲਾਗਤ ਨਾਲ ਆਰਸੈਨਿਕ-ਕਮ-ਆਇਰਨ ਰਿਮੂਵਲ ਪਲਾਂਟਾਂ ਲਈ ਪ੍ਰਸ਼ਾਸਕੀ ਪ੍ਰਵਾਨਗੀ ਦੇ ਦਿੱਤੀ ਗਈ ਹੈ, ਜਿਸ ਲਈ ਟੈਂਡਰ ਪ੍ਰਕਿਰਿਆ ਜਾਰੀ ਹੈ। ਇਸ ਤੋਂ ਇਲਾਵਾ 38.69 ਲੱਖ ਰੁਪਏ ਦੀ ਲਾਗਤ ਨਾਲ ਚਾਰ ਫਲੋਰਾਈਡ ਪ੍ਰਭਾਵਿਤ ਪਿੰਡਾਂ ਵਿੱਚ ਕਮਿਊਨਿਟੀ ਵਾਟਰ ਪਿਊਰੀਫਿਕੇਸ਼ਨ ਪਲਾਂਟ ਵੀ ਲਗਾਏ ਗਏ ਹਨ, ਜਦੋਂ ਕਿ 18.60 ਲੱਖ ਰੁਪਏ ਦੀ ਲਾਗਤ ਨਾਲ ਦੋ ਆਰਸੈਨਿਕ-ਪ੍ਰਭਾਵਿਤ ਪਿੰਡਾਂ ਵਿੱਚ ਇਸੇ ਤਰ੍ਹਾਂ ਦੇ ਕਾਰਜ ਦਸੰਬਰ 2025 ਤੱਕ ਪੂਰੇ ਹੋਣ ਦਾ ਟੀਚਾ ਹੈ। ਸੀ.ਐਸ.ਆਰ. ਸਹਾਇਤਾ ਅਧੀਨ ਪਟਿਆਲਾ ਜ਼ਿਲ੍ਹੇ ਦੇ ਪਿੰਡ ਰਣਬੀਰਪੁਰਾ ਵਿਖੇ ਇੱਕ ਯੂਰੇਨੀਅਮ ਰਿਮੂਵਲ ਪਲਾਂਟ ਵੀ ਲਗਾਇਆ ਗਿਆ ਹੈ।

ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਨੇ ਕਿਹਾ ਕਿ ਪੇਂਡੂ ਸੈਨੀਟੇਸ਼ਨ ਖੇਤਰ ਤਹਿਤ ਰਾਜ ਭਰ ਵਿੱਚ 1598 ਕਮਿਊਨਿਟੀ ਸੈਨੀਟੇਸ਼ਨ ਕੰਪਲੈਕਸ ਬਣਾਏ ਗਏ ਹਨ ਅਤੇ 580 ਹੋਰ ਕੰਪਲੈਕਸਾਂ 'ਤੇ ਕੰਮ ਜਾਰੀ ਹੈ। ਮੌਜੂਦਾ ਵਿੱਤੀ ਸਾਲ ਦੌਰਾਨ 6606 ਘਰਾਂ ਨੂੰ ਪਖ਼ਾਨੇ ਮੁਹੱਈਆ ਕਰਵਾਏ ਗਏ, ਜਦੋਂ ਕਿ 12,967 ਘਰੇਲੂ ਪਖ਼ਾਨਿਆਂ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਗਊਸ਼ਾਲਾਵਾਂ ਵਿੱਚ 20 ਬਾਇਓਗੈਸ ਪਲਾਂਟ ਸਥਾਪਤ ਕੀਤੇ ਗਏ ਹਨ ਅਤੇ 2025-26 ਤੱਕ ਮਾਲੇਰਕੋਟਲਾ, ਗੁਰਦਾਸਪੁਰ ਅਤੇ ਸ੍ਰੀ ਮੁਕਤਸਰ ਸਾਹਿਬ ਵਿੱਚ ਤਿੰਨ ਹੋਰ ਅਜਿਹੇ ਪਲਾਂਟ ਲਗਾਉਣ ਦੀ ਯੋਜਨਾ ਹੈ। ਠੋਸ ਰਹਿੰਦ-ਖੂੰਹਦ ਪ੍ਰਬੰਧਨ ਪਹਿਲਕਦਮੀਆਂ ਵਿਚ ਵੀ ਤੇਜ਼ੀ ਆਈ ਹੈ, 28 ਬਲਾਕ-ਪੱਧਰੀ ਪਲਾਸਟਿਕ ਰਹਿੰਦ-ਖੂੰਹਦ ਪ੍ਰਬੰਧਨ ਯੂਨਿਟਾਂ ਦਾ ਕੰਮ ਮੁਕੰਮਲ ਹੈ ਅਤੇ 22 ਹੋਰ ਯੂਨਿਟਾਂ ਪ੍ਰਗਤੀ ਅਧੀਨ ਹਨ। ਵਿੱਤੀ ਸਾਲ 2025-26 ਦੌਰਾਨ ਪੇਂਡੂ ਖੇਤਰਾਂ ਵਿੱਚ ਪੈਦਾ ਹੋਣ ਵਾਲੇ ਸੁੱਕੇ/ਪਲਾਸਟਿਕ ਕੂੜੇ ਦੇ ਪ੍ਰਬੰਧਨ ਲਈ ਪਿੰਡਾਂ ਵਿੱਚ 77 ਵਾਧੂ ਯੂਨਿਟ ਸਥਾਪਤ ਕਰਨ ਦੀ ਯੋਜਨਾ ਹੈ।

ਸ. ਹਰਦੀਪ ਸਿੰਘ ਮੁੰਡੀਆਂ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਖੁੱਲ੍ਹੇ ਵਿੱਚ ਸ਼ੌਚ ਮੁਕਤ (ਓ.ਡੀ.ਐਫ.) ਦਾ ਦਰਜਾ ਪ੍ਰਾਪਤ ਕਰਨ ਤੋਂ ਬਾਅਦ ਹੁਣ ਪੰਜਾਬ ਰਾਜ 31 ਮਾਰਚ, 2026 ਤੱਕ ਸਾਰੇ ਪਿੰਡਾਂ ਲਈ ਓ.ਡੀ.ਐਫ. ਪਲੱਸ (ਮਾਡਲ) ਦਾ ਦਰਜਾ ਪ੍ਰਾਪਤ ਕਰਨ ਵੱਲ ਵਧ ਰਿਹਾ ਹੈ। ਹੁਣ ਤੱਕ 2250 ਪਿੰਡਾਂ ਨੇ ਗੰਦਾ ਪਾਣੀ ਪ੍ਰਬੰਧਨ ਦੇ ਵਿਗਿਆਨਕ ਮਾਡਲ ਅਪਣਾਏ ਹਨ, ਜਦੋਂ ਕਿ 1812 ਪਿੰਡਾਂ ਵਿੱਚ ਕੰਮ ਜਾਰੀ ਹੈ। ਇਸੇ ਤਰ੍ਹਾਂ 8747 ਪਿੰਡਾਂ ਵਿੱਚ ਸਕਰੀਨਿੰਗ-ਕਮ-ਡਿਸਿਲਟਿੰਗ ਚੈਂਬਰ ਬਣਾਏ ਗਏ ਹਨ ਅਤੇ 4,260 ਪਿੰਡਾਂ ਵਿੱਚ ਠੋਸ ਰਹਿੰਦ-ਖੂੰਹਦ ਪ੍ਰਬੰਧਨ ਲਈ ਕੰਪੋਸਟ-ਪਿੱਟ ਪੂਰੇ ਕੀਤੇ ਗਏ ਹਨ।

## 'ਕਰਜ਼ੇ ਬਦਲੇ ਕਿਡਨੀ': ਕਰਜ਼ਾ ਚੁਕਾਉਣ ਲਈ ਕਿਡਨੀ ਵੇਚਣ ਲਈ ਮਜਬੂਰ ਹੋਇਆ ਕਿਸਾਨ

**ਚੰਦਰਪੁਰ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਕਸਰ ਸੋਸ਼ਲ ਮੀਡੀਆ 'ਤੇ ਅਸੀਂ ਮੀਮ'ਜ਼ ਅਤੇ ਚੁਟਕਲੇ ਦੇਖਦੇ ਹਾਂ ਜਿਸ ਵਿੱਚ ਕਿਡਨੀ ਵੇਚ ਕੇ ਆਈਫੋਨ ਲੈਣ ਬਾਰੇ ਜਾਂ ਆਪਣੇ ਸ਼ੌਕ ਪੂਰੇ ਕਰ ਲਈ ਕਿਡਨੀ ਵੇਚਣ ਬਾਰੇ ਦਰਸਾਇਆ ਹੁੰਦਾ ਹੈ। ਪਰ ਇੱਕ ਅਸਲ ਘਟਨਾ ਵਿੱਚ ਕਿਸਾਨ ਨੂੰ ਕਰਜ਼ਾ ਚੁਕਾਉਣ ਲਈ ਕਿਡਨੀ ਵੇਚਣ ਲਈ ਮਜਬੂਰ ਹੋਣ ਜਾਣ ਮਾਮਲਾ ਸਾਹਮਣੇ ਆਇਆ ਹੈ। ਮਹਾਰਾਸ਼ਟਰ ਦੇ ਚੰਦਰਪੁਰ ਜ਼ਿਲ੍ਹੇ ਦੇ ਇੱਕ ਕਿਸਾਨ ਨੇ ਹਾਲ ਹੀ ਵਿੱਚ ਦਾਅਵਾ ਕੀਤਾ ਸੀ ਕਿ ਉਸ ਨੂੰ ਆਪਣੇ ਕਰਜ਼ੇ ਦਾ ਇੱਕ ਹਿੱਸਾ ਚੁਕਾਉਣ ਲਈ ਆਪਣੀ ਕਿਡਨੀ ਵੇਚਣ ਲਈ ਮਜਬੂਰ ਕੀਤਾ ਗਿਆ ਹੈ। ਇਸ ਉਪਰੰਤ ਪ੍ ?ਸ਼ਾਸਨ ਵੱਲੋਂ ਉਸ ਦੀ ਡਾਕਟਰੀ ਜਾਂਚ ਤੋਂ ਬਾਅਦ ਪੁਲੀਸ ਨੇ ਪੁਸ਼ਟੀ ਕੀਤੀ ਹੈ ਕਿ ਉਸ ਦੀ ਇੱਕ ਕਿਡਨੀ ਗਾਇਬ ਹੈ।

ਸੀਨੀਅਰ ਪੁਲੀਸ ਅਧਿਕਾਰੀ ਨੇ ਦੱਸਿਆ ਕਿ ਕਿਸਾਨ ਰੋਸ਼ਨ ਕੁੜੇ ਦੀ ਬੁੱਧਵਾਰ ਨੂੰ ਚੰਦਰਪੁਰ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਸਿਹਤ ਜਾਂਚ ਕੀਤੀ ਗਈ ਸੀ, ਜਿਸ ਤੋਂ ਬਾਅਦ ਡਾਕਟਰਾਂ ਨੇ ਨਤੀਜਾ ਕੱਢਿਆ ਕਿ ਉਸ ਦੀਆਂ ਦੋਵਾਂ ਵਿੱਚੋਂ ਇੱਕ ਕਿਡਨੀ ਮੌਜੂਦ ਨਹੀਂ ਹੈ। ਇਸ ਤੋਂ ਪਹਿਲਾਂ ਕੁੜੇ ਨੇ ਦਾਅਵਾ ਕੀਤਾ ਸੀ ਕਿ ਉਸ ਨੂੰ ਚਾਰ ਸ਼ਾਹੂਕਾਰਾਂ ਤੋਂ ਲਏ ਕਰਜ਼ੇ ਦੀ ਅਦਾਇਗੀ ਕਰਨ ਲਈ ਕਿਡਨੀ ਵੇਚਣ ਲਈ ਮਜਬੂਰ ਕੀਤਾ ਗਿਆ ਸੀ। ਇਸ ਖੁਲਾਸੇ ਤੋਂ ਬਾਅਦ ਪੁਲੀਸ ਨੇ ਜਾਂਚ ਸ਼ੁਰੂ ਕੀਤੀ ਅਤੇ ਛੇ ਸ਼ਾਹੂਕਾਰਾਂ ਨੂੰ ਗ੍ਰਿਫ਼ਤਾਰ ਕਰ ਲਿਆ। ਅਧਿਕਾਰੀ ਨੇ ਦੱਸਿਆ ਕਿ ਛੇ ਵਿੱਚੋਂ ਪੰਜ ਮੁਲਜ਼ਮਾਂ ਨੂੰ 20 ਦਸੰਬਰ ਤੱਕ ਪੁਲੀਸ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਹੈ।

ਨਾਗਭੀੜ ਤਹਿਸੀਲ ਦੇ ਪਿੰਡ ਮਿੰਥੁਰ ਦੇ ਰਹਿਣ ਵਾਲੇ 29 ਸਾਲਾ ਰੋਸ਼ਨ ਕੁੜੇ ਕੋਲ ਚਾਰ ਏਕੜ ਖੇਤੀਬਾੜੀ ਵਾਲੀ ਜ਼ਮੀਨ ਹੈ। ਖੇਤੀ ਵਿੱਚ ਹੋਏ ਨੁਕਸਾਨ ਕਾਰਨ ਉਸ ਨੇ ਡੇਅਰੀ ਫਾਰਮਿੰਗ ਦਾ ਸਹਾਇਕ ਧੰਦਾ ਸ਼ੁਰੂ ਕਰਨ ਲਈ ਗਾਵਾਂ ਖਰੀਦੀਆਂ ਸਨ। ਉਸ ਨੇ ਪੁਲੀਸ ਨੂੰ ਦੱਸਿਆ ਕਿ ਉਸ ਨੇ 2021 ਵਿੱਚ ਦੋ ਸ਼ਾਹੂਕਾਰਾਂ ਤੋਂ 40 ਫੀਸਦੀ ਵਿਆਜ 'ਤੇ 50,000 ਰੁਪਏ ਉਧਾਰ ਲਏ ਸਨ। ਸ਼ਾਹੂਕਾਰਾਂ ਨੇ ਬਾਅਦ ਵਿੱਚ ਕਥਿਤ ਤੌਰ 'ਤੇ ਦਾਅਵਾ ਕੀਤਾ ਕਿ ਵਿਆਜ ਸਮੇਤ ਇਹ ਰਕਮ ਵਧ ਕੇ 74 ਲੱਖ ਰੁਪਏ ਹੋ ਗਈ ਹੈ।

ਕਿਸਾਨ ਅਨੁਸਾਰ, ਇੱਕ ਸ਼ਾਹੂਕਾਰ ਨੇ ਉਸ ਨੂੰ ਕਰਜ਼ਾ ਚੁਕਾਉਣ ਲਈ ਕਿਡਨੀ ਵੇਚਣ ਦੀ ਸਲਾਹ ਦਿੱਤੀ ਸੀ। ਇਸ ਤੋਂ ਬਾਅਦ ਉਸ ਨੇ ਇੰਟਰਨੈੱਟ ਰਾਹੀਂ ਇੱਕ ਏਜੰਟ ਨਾਲ ਸੰਪਰਕ ਕੀਤਾ। ਏਜੰਟ ਕੁੜੇ ਨੂੰ ਕੋਲਕਾਤਾ ਲੈ ਗਿਆ, ਜਿੱਥੇ ਇੱਕ ਡਾਕਟਰ ਦੁਆਰਾ ਮੈਡੀਕਲ ਜਾਂਚ ਤੋਂ ਬਾਅਦ ਉਹ ਕੰਬੋਡੀਆ ਗਿਆ, ਜਿੱਥੇ ਉਸ ਦੀ ਕਿਡਨੀ ਕੱਢੀ ਗਈ। ਕੁੜੇ ਨੇ ਪੁਲੀਸ ਨੂੰ ਦੱਸਿਆ ਕਿ ਬਦਲੇ ਵਿੱਚ ਉਸ ਨੂੰ 8 ਲੱਖ ਰੁਪਏ ਮਿਲੇ ਸਨ।

ਮੁਲਜ਼ਮ ਸ਼ਾਹੂਕਾਰਾਂ ਦੀ ਪਛਾਣ ਕਿਸ਼ੋਰ ਬਾਵਨਕੁਲੇ, ਪ੍ਰਦੀਪ ਬਾਵਨਕੁਲੇ, ਸੰਜੇ ਬੱਲਾਰਪੁਰੇ, ਲਕਸ਼ਮਣ ਉਰਕੁੜੇ, ਮਨੀਸ਼ ਘਾਟਬੰਧੇ ਅਤੇ ਸਤਿਆਵਾਨ ਬੋਰਕਰ ਵਜੋਂ ਹੋਈ ਹੈ। ਬ੍ਰਹਮਪੁਰੀ ਪੁਲੀਸ ਸਟੇਸ਼ਨ ਵਿੱਚ ਮਾਮਲਾ ਦਰਜ ਕਰ ਲਿਆ ਗਿਆ ਹੈ। ਚੰਦਰਪੁਰ ਦੇ ਐਸ.ਪੀ ਸੁਦਰਸ਼ਨ ਮੁੰਮਾਕਾ ਨੇ ਦੱਸਿਆ ਕਿ ਪੁਲਿਸ ਵਿੱਤੀ ਲੈਣ-ਦੇਣ ਦੀ ਜਾਂਚ ਕਰ ਰਹੀ ਹੈ ਅਤੇ ਕਿਸਾਨ ਤੋਂ ਸਾਰੀ ਜਾਣਕਾਰੀ ਮੰਗੀ ਗਈ ਹੈ।

## ਹਰਜੋਤ ਬੈਂਸ ਕੈਬਨਿਟ ਮੰਤਰੀ ਨੇ ਗੰਭੀਰਪੁਰ ਵਿਖੇ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰਾਂ ਨਾਲ ਕੀਤੀ ਮੁਲਾਕਾਤ

**ਸ੍ਰੀ ਅਨੰਦਪੁਰ ਸਾਹਿਬ, 22 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਨੇ ਅੱਜ ਗੰਭੀਰਪੁਰ ਪਿੰਡ ਵਿਖੇ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਕਾਮਯਾਬ ਰਹੇ ਸਾਰੇ ਉਮੀਦਵਾਰਾਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਸ ਮੌਕੇ ਕੈਬਨਿਟ ਮੰਤਰੀ ਨੇ ਉਮੀਦਵਾਰਾਂ ਨੂੰ ਦਿਲੋਂ ਵਧਾਈਆਂ ਤੇ ਮੁਬਾਰਕਾਂ ਦਿੱਤੀਆਂ। ਚੋਣਾਂ ਵਿੱਚ ਮਿਲੀ ਇਸ ਸ਼ਾਨਦਾਰ ਜਿੱਤ ਨੂੰ ਲੋਕਤੰਤਰ ਦੀ ਜਿੱਤ ਕਰਾਰ ਦਿੰਦਿਆਂ ਕਿਹਾ ਕਿ ਇਹ ਸਫਲਤਾ ਹਲਕੇ ਦੇ ਲੋਕਾਂ ਦੇ ਭਰੋਸੇ ਅਤੇ ਪਿਆਰ ਦਾ ਨਤੀਜਾ ਹੈ।



ਕੈਬਨਿਟ ਮੰਤਰੀ ਨੇ ਕਿਹਾ ਕਿ ਸ਼ਹੀਦੀ ਪੰਦਰਵਾੜੇ ਦੀ ਪਾਵਨ ਮਰਿਆਦਾ ਨੂੰ ਧਿਆਨ ਵਿੱਚ ਰੱਖਦਿਆਂ, ਇਸ ਜਿੱਤ ਨੂੰ ਬੜੀ ਸ਼ਾਂਤੀ, ਸਾਦਗੀ ਅਤੇ ਸਨਮਾਨ ਨਾਲ ਮਨਾਇਆ ਗਿਆ। ਕਿਸੇ ਵੀ ਤਰ੍ਹਾਂ ਦੀ ਧੂਮ-ਧਾਮ ਤੋਂ ਪਰਹੇਜ਼ ਕਰਦੇ ਹੋਏ, ਸਾਰਿਆਂ ਨੇ ਇਕੱਠੇ ਹੋ ਕੇ ਪ੍ਰਮਾਤਮਾ ਅੱਗੇ ਨਿਮਰਤਾ ਨਾਲ ਸ਼ੁਕਰਾਨਾ ਅਦਾ ਕੀਤਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।

ਸ੍ਰ.ਬੈਂਸ ਨੇ ਦੱਸਿਆ ਗਿਆ ਕਿ ਮਾਘੀ ਦੇ ਪਵਿੱਤਰ ਦਿਹਾੜੇ 'ਤੇ ਇਸ ਇਤਿਹਾਸਕ ਜਿੱਤ ਦੀ ਖੁਸ਼ੀ ਵਿੱਚ ਅਤੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਨ ਲਈ ਇੱਕ ਵੱਡਾ ਧਾਰਮਿਕ ਤੇ ਸਮਾਜਿਕ ਸਮਾਗਮ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਹਲਕੇ ਦੇ ਵੱਡੀ ਗਿਣਤੀ ਵਿੱਚ ਲੋਕ ਸ਼ਮੂਲੀਅਤ ਕਰਨਗੇ। ਇਹ ਸਮਾਗਮ ਏਕਤਾ, ਭਾਈਚਾਰੇ ਅਤੇ ਸੇਵਾ ਭਾਵਨਾ ਦਾ ਪ੍ਰਤੀਕ ਹੋਵੇਗਾ। ਕੈਬਨਿਟ ਮੰਤਰੀ ਨੇ ਆਮ ਆਦਮੀ ਪਾਰਟੀ ਨੂੰ ਇੱਕ ਵਾਰ ਫੇਰ ਵੱਡਾ ਫ਼ਤਵਾ ਦੇਣ ਲਈ ਹਲਕੇ ਦੇ ਸਮੂਹ ਵੋਟਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਕਿਹਾ ਕਿ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਹਲਕੇ ਦੇ ਵਿਕਾਸ, ਪਾਰਦਰਸ਼ਤਾ ਅਤੇ ਲੋਕ-ਹਿੱਤ ਦੇ ਕੰਮਾਂ ਲਈ ਇਮਾਨਦਾਰੀ, ਨਿਮਰਤਾ ਅਤੇ ਦਿਨ-ਰਾਤ ਮਿਹਨਤ ਨਾਲ ਸੇਵਾ ਜਾਰੀ ਰਹੇਗੀ।



# ਸਿਹਤ ਖ਼ਜ਼ਾਨਾ





# ਕ੍ਰੈਸ਼ ਡਾਇਟਿੰਗ

ਅੱਜਕਲ ਸੁੰਦਰਤਾ ਅਤੇ ਫਿੱਟਨੈਸ ਦੇ ਤੈਅ ਹੋ ਰਹੇ ਗੈਰ-ਵਿਹਾਰਕ ਮਾਪਦੰਡਾਂ ਕਾਰਨ ਵੱਧ ਤੋਂ ਵੱਧ ਔਰਤਾਂ ਕ੍ਰੈਸ਼ ਡਾਇਡਟੰਗ ਨੂੰ ਅਪਣਾਉਣ ਲੱਗੀਆਂ ਹਨ। ਇਸ 'ਚ ਕਈ ਤਾਂ ਅਜਿਹੀਆਂ ਵੀ ਹਨ, ਜਿਨ੍ਹਾਂ ਨੂੰ ਬਿਲਕੁਲ ਵੀ ਮੋਟਾਪਾ ਨਹੀਂ ਹੈ। ਉਹ ਮਾਡਲਸ ਅਤੇ ਫਿਲਮੀ ਸਿਤਾਰਿਆਂ ਨੂੰ ਦੇਖ ਕੇ ਉਨ੍ਹਾਂ ਵਰਗੀ ਫਿੱਗਰ ਪ੍ਰਾਪਤ ਕਰਨ ਦੀ ਲਾਲਸਾ 'ਚ ਕ੍ਰੈਸ਼ ਡਾਇਟਿੰਗ ਦੀ ਪਾਲਣਾ ਕਰਨ ਲੱਗਦੀਆਂ ਹਨ।

ਪਤਲੀ ਫਿੱਗਰ ਦੀ ਲਾਲਸਾ 'ਚ ਕਈ ਮੁਟਿਆਰਾਂ ਸਾਰੀਆਂ ਹੱਦਾਂ ਪਾਰ ਕਰ ਕੇ ਡਾਈਟ ਲਿਸ ਦੀ ਵਰਤੋਂ ਅਤੇ ਭਾਰ ਘੱਟ ਕਰਨ ਦੀਆਂ ਗੈਰ-ਸਿਹਤਮੰਦ ਵਿਧੀਆਂ ਜਿਵੇਂ ਉਲਟੀ ਕਰਨ, ਲੈਕਸੇਟਿਵਸ ਦੀ ਵਰਤੋਂ ਅਤੇ ਖਾਣਾ ਨਾ ਖਾਣ ਵਰਗੇ ਉਪਾਅ ਅਪਣਾਉਣ ਲੱਗੀਆਂ ਹਨ। ਇਸ ਤਰ੍ਹਾਂ ਕ੍ਰੈਸ਼ ਡਾਇਟਿੰਗ ਕਰਨਾ ਇਕ 'ਟਾਈਮ ਬੰਬ' ਸਿੱਧ ਹੁੰਦਾ ਹੈ, ਜੋ ਕੁਝ ਦੇਰ ਪਿੱਛੋਂ ਐਨੋਰੈਕਸੀਆ, ਬੁਲੀਮੀਆ, ਲਿਵਰ ਅਤੇ ਕਿਡਨੀ ਦੀ ਖਰਾਬੀ ਵਰਗੇ ਗੰਭੀਰ ਰੋਗਾਂ ਨੂੰ ਜਨਮ ਦੇ ਸਕਦੇ ਹਨ।

ਫਿੱਟਨੈਸ ਮਾਹਿਰਾਂ ਦਾ ਕਹਿਣੈ ਕਿ ਕਈ ਔਰਤਾਂ ਜਦੀ ਸਭ ਤੋਂ ਵੱਡੀ ਗਲਤੀ ਜ਼ੀਰੋ ਫਿੱਗਰ ਜਾਂ ਪਤਲੇਪਣ ਨੂੰ ਤੰਦਰੁਸਤੀ ਦਾ ਸੰਕੇਤ ਮੰਨਣਾ ਹੈ।

ਸਾਈਜ਼ ਜ਼ੀਰੋ ਦੀ ਸੱਚਾਈ

ਪਿਛਲੇ ਕੁਝ ਸਮੇਂ ਤੋਂ ਸਾਈਜ਼ ਜ਼ੀਰੋ ਦੀ ਚਰਚਾ ਹੋਣ ਲੱਗੀ ਹੈ। ਔਰਤਾਂ ਸਾਈਜ਼ ਜ਼ੀਰੋ ਪ੍ਰਤੀ ਇਹ ਸੋਚ ਕੇ ਆਕਰਸ਼ਿਤ ਹੁੰਦੀਆਂ ਹਨ ਕਿ ਇਸ ਨਾਲ ਉਹ ਵਧੇਰੇ ਸੁੰਦਰ, ਆਕਰਸ਼ਕ, ਤੰਦਰੁਸਤ ਅਤੇ ਖੁਸ਼ ਰਹਿ ਸਕਦੀਆਂ ਹਨ। ਇਸ ਦੇ ਉਲਟ ਜਦੋਂ ਸਾਈਜ਼ ਜ਼ੀਰੋ ਦੀ ਇੱਛਾ 'ਚ ਕੁਝ ਵੀ ਖਾਣ ਤੋਂ ਪਹਿਲਾਂ ਕੈਲੋਰੀ ਦੀ ਚਿੰਤਾ ਦਿਮਾਗ 'ਚ ਖਟਕਣ ਲੱਗੇ ਤਾਂ ਜ਼ਰੂਰੀ ਹੋ ਜਾਂਦਾ ਹੈ ਕਿ ਉਹ ਸੱਚਾਈ 'ਤੇ ਧਿਆਨ ਦੇਣਾ ਸ਼ੁਰੂ ਕਰ ਦੇਣ। ਇਹ ਸੰਕੇਤ ਹਨ ਕਿ ਉਨ੍ਹਾਂ ਨੂੰ ਤੁਰੰਤ ਡਾਇਟਿੰਗ ਬੰਦ ਕਰਕੇ ਆਪਣੇ ਸਰੀਰ ਨੂੰ ਜ਼ਰੂਰੀ ਰਾਹਤ ਦੇਣੀ ਚਾਹੀਦੀ ਹੈ।

ਲੱਛਣ

ਵਾਲਾਂ ਦਾ ਝੜਨਾ : ਖੁਰਾਕ 'ਚ ਭੋਜਨ ਦੀ ਕਮੀ ਹੋਣ ਜਾਂ ਆਪਣੀ ਖੁਰਾਕ 'ਚ ਬੇਹੱਦ ਤਬਦੀਲੀ ਕਰਨ 'ਤੇ ਇਸ ਦਾ ਅਸਰ ਵਾਲਾਂ ਦੇ ਝੜਣ ਦੇ ਰੂਪ 'ਚ ਸਾਹਮਣੇ ਆ ਸਕਦਾ ਹੈ।

ਬੁਢਾਪੇ ਦੇ ਲੱਛਣ : ਕ੍ਰੈਸ਼ ਡਾਇਟਿੰਗ ਬੁਢਾਪਾ ਆਉਣ ਦੀ ਰਫ਼ਤਾਰ ਵਧਾ ਦਿੰਦਾ ਹੈ, ਜਿਸ ਦੇ ਲੱਛਣਾਂ 'ਚ ਚਮੜੀ ਦਾ ਢਿਲਕਣਾ, ਚਮੜੀ 'ਤੇ ਰੇਖਾਵਾਂ ਅਤੇ ਝੁਰੜੀਆਂ ਦਾ ਉਭਰਨਾ ਆਦਿ ਸ਼ਾਮਲ ਹਨ।

ਡੀਹਾਈਡ੍ਰੇਸ਼ਨ : ਪਾਣੀ ਦੀ ਲੋੜੀਂਦੀ ਮਾਤਰਾ ਦੀ ਕਮੀ ਜਾਂ ਕਾਰਬੋਹਾਈਡ੍ਰੇਟਸ ਜਾਂ ਚਿਕਨਾਈ 'ਤੇ ਬਹੁਤ ਕੰਟਰੋਲ ਰੱਖਣ ਨਾਲ ਸਰੀਰ 'ਚ ਡੀਹਾਈਡ੍ਰੇਸ਼ਨ ਹੋ ਸਕਦਾ ਹੈ। ਇਸ ਨਾਲ ਦਿਲ ਜਾਂ ਗੁਰਦੇ ਜਵਾਬ ਦੇ ਸਕਦੇ ਹਨ। ਅਟੈਕ ਜਾਂ ਦਿਮਾਗ ਨੂੰ ਕਿਸੇ ਕਿਸਮ ਦੇ ਨੁਕਸਾਨ ਨਾਲ ਮੌਤ ਵੀ ਹੋ ਸਕਦੀ ਹੈ।

ਕਬਜ਼ : ਜਦੋਂ ਭੋਜਨ ਦੀ ਮਾਤਰਾ 'ਚ ਕਮੀ ਹੋਵੇਗੀ ਤਾਂ ਯਕੀਨਨ ਸਰੀਰ 'ਚ ਹਾਜਤ ਮਹਿਸੂਸ ਕਰਨ ਯੋਗ ਲੋੜੀਂਦੀ ਮਾਤਰਾ 'ਚ ਬੇਕਾਰ ਪਦਾਰਥ ਨਹੀਂ ਹੋਣਗੇ, ਜਿਸ ਨਾਲ ਗੰਭੀਰ ਕਬਜ਼ ਦੀ ਸਮੱਸਿਆ ਪੈਦਾ ਹੋ ਸਕਦੀ ਹੈ।

ਤਣਾਅ : 'ਬੀ' ਕੰਪਲੈਕਸ ਅਤੇ 'ਸੀ' ਵਿਟਾਮਿਨ ਅਤੇ ਖਣਿਜਾਂ ਦੀ ਕਮੀ ਨਾਲ ਵਿਅਕਤੀ ਤਣਾਅ ਦਾ ਸ਼ਿਕਾਰ ਹੋ ਸਕਦਾ ਹੈ।

ਭਾਰ ਵਧਣਾ : ਭਾਵੇਂ ਤੁਸੀਂ ਕ੍ਰੈਸ਼ ਡਾਇਟਿੰਗ ਕਰ ਰਹੇ ਹੋਵੋ ਪਰ ਇਕ ਹੱਣ ਪਾਰ ਕਰਨ ਪਿੱਛੋਂ ਸਰੀਰ ਦਾ ਭਾਰ ਘੱਟ ਹੋਣ ਦੀ ਬਜਾਏ ਕ੍ਰੈਸ਼ ਡਾਇਟਿੰਗ ਕਾਰਨ ਹੀ ਵਧਣਾ ਸ਼ੁਰੂ ਹੋ ਸਕਦਾ ਹੈ।

ਹੋਰ ਲੱਛਣ : ਮਾਹਵਾਰੀ ਦੀ ਅਨਿਯਮਿਤ ਹੋਣਾ, ਆਸਟੀਓਪੋਰੋਸਿਸ, ਮਾਸਪੇਸ਼ੀਆਂ ਅਤੇ ਕੋਸ਼ਿਕਾਵਾਂ ਨੂੰ ਨੁਕਸਾਨ, ਕੁਪੋਸ਼ਣ ਆਦਿ।

ਕ੍ਰੈਸ਼ ਡਾਇਟਿੰਗ ਦੀ ਆਦਤ ਤੋਂ ਬਾਅਦ : ਇਕ ਵਾਰ ਕ੍ਰੈਸ਼ ਡਾਇਟਿੰਗ ਦੀ ਆਦਤ ਪੈ ਜਾਣ ਪਿੱਛੋਂ ਇਸ 'ਤੇ ਕਾਬੂ ਕਰਨ ਲਈ ਕਾਫੀ ਸਿਹਤ ਕਰਨੀ ਪੈ ਸਕਦੀ ਹੈ। ਅਸਾਨੀ ਨਾਲ ਡਾਇਟਿੰਗ ਬੰਦ ਕਰਕੇ ਸਧਾਰਨ ਖੁਰਾਕ ਲੈਣੀ ਸ਼ੁਰੂ ਕਰਨਾ ਸੰਭਵ ਨਹੀਂ ਹੋ ਸਕਦਾ। ਭਾਰ ਘਟਾਉਣ ਨੂੰ ਜੀਵਨ ਸ਼ੈਲੀ 'ਚ ਤਬਦੀਲੀ ਸਮਝੋ, ਨਾ ਕਿ ਖੁਰਾਕ 'ਚ ਤਬਦੀਲੀ ਕਿਉਂਕਿ ਕੋਈ ਵੀ ਸਾਰੀ ਜ਼ਿੰਦਗੀ ਤਾਂ ਡਾਇਟਿੰਗ ਨਹੀਂ ਕਰ ਸਕਦਾ।

ਸਹੀ ਖੁਰਾਕ ਯੋਜਨਾ ਉਸ ਨੂੰ ਕਹਾਂਗੇ, ਜਦੋਂ 6 ਦਿਨਾਂ ਤੱਕ ਤੁਸੀਂ ਸੰਤੁਲਿਤ ਭੋਜਨ ਖਾਓ ਅਤੇ ਇਕ ਦਿਨ ਤੁਸੀਂ ਜੋ ਚਾਹੇ ਖਾਓ। ਹੌਲੀ-ਹੌਲੀ ਇਸ ਤਰ੍ਹਾਂ ਤਬਦੀਲੀ ਲਿਆਓ, ਜਿਨ੍ਹਾਂ ਨੂੰ ਤੁਸੀਂ ਸੰਭਾਲ ਸਕੋ। ਆਪਣੀ ਸਿਹਤ ਨੂੰ ਸੁਧਾਰਨ ਲਈ ਤੁਹਾਨੂੰ ਪ੍ਰੈਕਟੀਕਲ ਟੀਚਾ ਮਿੱਥਣਾ ਚਾਹੀਦੈ।

ਸਰੀਰ ਨੂੰ ਤੰਦਰੁਸਤ ਰੱਖਣ ਲਈ ਤੈਅ ਮਾਤਰਾ 'ਚ ਕੈਲੋਰੀਜ਼ ਅਤੇ ਪੋਸ਼ਣ ਦੀ ਲੋੜ ਹੁੰਦੀ ਹੈ। ਇਸ ਤੋਂ ਬਿਨਾਂ ਸਰੀਰ ਨੂੰ ਨੁਕਸਾਨ ਹੋਵੇਗਾ। ਤੰਦਰਸਤ ਰਹਿਣ ਅਤੇ ਭਾਰ 'ਤੇ ਕੰਟਰੋਲ ਲਈ ਤੁਹਾਨੂੰ ਆਪਣੀ ਸਾਰੀ ਜੀਵਨ ਸ਼ੈਲੀ 'ਚ ਤਬਦੀਲੀ ਕਰਨ ਦੀ ਲੋੜ ਹੈ, ਜਿਸ 'ਚ ਸੰਤੁਲਿਤ ਖੁਰਾਕ, ਕਸਰਤ ਅਤੇ ਚੰਗੀਆਂ ਆਦਤਾਂ ਦੀ ਪਾਲਣਾ ਸ਼ਾਮਲ ਹੋਣੀ ਚਾਹੀਦੀ ਹੈ।



ਟਿਪਸ

ਸਾਰੇ ਦਿਨ ਦੌਰਾਨ ਥੋੜ੍ਹਾ-ਥੋੜ੍ਹਾ ਕਰਕੇ 5 ਤੋਂ 6 ਵਾਰ ਖਾਓ। ਇਕ ਸਮੇਂ 'ਤੇ ਸਰੀਰ ਨੂੰ ਥੋੜ੍ਹੀ ਊਰਾ ਦੀ ਲੋੜ ਹੁੰਦੀ ਹੈ। ਇਕੋ ਵੇਲੇ ਜ਼ਿਆਦਾ ਖਾਣ ਨਾਲ ਸਰੀਰ ਦੇ ਪਾਚਣ ਤੰਤਰ 'ਤੇ ਦਬਾਅ ਪੈਂਦਾ ਹੈ।

ਪੋਸ਼ਣ ਭਰਪੂਰ ਹਲਕਾ ਭੋਜਨ ਖਾਓ, ਇਸ ਦੇ ਲਈ ਨਿਊਟ੍ਰੀਸ਼ਨਿਸਟ ਦੀ ਸਲਾਹ ਲਓ ਅਤੇ ਨਾਕਾਰਾਤਮਕ ਵਿਚਾਰਾਂ 'ਤੇ ਕਾਬੂ ਕਰੋ। ਸ਼ੀਸ਼ੇ 'ਚ ਦੇਖਦਿਆਂ ਅਤੇ ਸਰੀਰ ਦੀਆਂ ਖੂਬੀਆਂ 'ਤੇ ਗੌਰ ਕਰੋ ਨਾ ਕਿ ਕਮੀਆਂ 'ਤੇ।

ਮੱਛਵੂਕ



# ਚੰਗੀ ਸਿਹਤ ਦੀ ਲੋੜ ਹੈ ਸੋਇਆਬੀਨ

ਸਾਡੇ ਖਾਣ-ਪੀਣ ਨਾਲ ਸਾਡੀ ਸਿਹਤ ਪ੍ਰਭਾਵਿਤ ਹੁੰਦੀ ਹੈ। ਗਲਤ ਖਾਣ-ਪੀਣ ਕਾਰਨ ਪਿਛਲੇ ਕੁਝ ਸਮੇਂ 'ਚ ਦਿਲ ਦੇ ਰੋਗ, ਸ਼ੂਗਰ, ਕੈਂਸਰ ਆਦਿ ਰੋਗਾਂ ਤੋਂ ਪੀੜਤ ਮਰੀਜ਼ਾਂ ਦੀ ਗਿਣਤੀ ਵਧੀ ਹੈ। ਇਸ ਕਾਰਨ ਅੱਜ ਹਰ ਵਿਅਕਤੀ ਆਪਣੀ ਖੁਰਾਕ ਪ੍ਰਤੀ ਸੁਚੇਤ ਹੈ।

ਅਸੀਂ ਆਪਣੇ ਭੋਜਨ 'ਚ ਕੀ ਸ਼ਾਮਲ ਕਰੀਏ, ਕੀ ਨਾ, ਇਸ ਬਾਰੇ ਲੋਕਾਂ 'ਚ ਜਿਗਿਆਸ ਵੀ ਵਧੀ ਹੈ। ਵੱਖ-ਵੱਖ ਖੋਜਾਂ ਦੇ ਨਤੀਜੇ ਵਜੋਂ ਇਹ ਸਾਹਮਣੇ ਆਇਆ ਹੈ ਕਿ ਸੋਇਆਬੀਨ ਅਤੇ ਹੋਰ ਸੋਇਆ ਖਾਧ ਪਦਾਰਥਾਂ ਨੂੰ ਆਪਣੀ ਖੁਰਾਕ 'ਚ ਸ਼ਾਮਲ ਕਰਕੇ ਅਸੀਂ ਸਿਹਤ ਸਬੰਧੀ ਬਹੁਤ ਸਾਰੇ ਲਾਭ ਪ੍ਰਾਪਤ ਕਰ ਸਕਦੇ ਹਾਂ। ਸੋਇਆਬੀਨ ਸ਼ਾਕਾਹਾਰੀ ਖਾਧ ਪਦਾਰਥਾਂ 'ਚੋਂ ਸਭ ਤੋਂ ਵਧੇਰੇ ਪ੍ਰੋਟੀਨ ਭਰਪੂਰ ਪਦਾਰਥ ਹੈ। ਪ੍ਰੋਟੀਨ ਸਾਡੇ ਸਰੀਰ ਦੀ ਪਹਿਲੀ ਲੋੜ ਹੈ। ਇਹ ਸਰੀਰ 'ਚ ਵੱਖ-ਵੱਖ ਕਿਰਿਆਵਾਂ ਕਰਦਾ ਹੈ। ਸੋਇਆਬੀਨ ਕਾਰਬੋਹਾਈਡ੍ਰੇਟ, ਫਾਈਬਰ, ਵਿਟਾਮਿਨ, ਆਇਰਨ ਅਤੇ ਖਣਿਜ ਲੂਣਾਂ ਦੀ ਵੀ ਚੰਗਾ ਸਰੋਤ ਹੈ। ਵੱਖ-ਵੱਖ ਖੋਜਾਂ ਤੋਂ ਇਹ ਪਤਾ ਲੱਗਾ ਹੈ ਕਿ ਸੋਇਆ ਦਿਲ ਸਬੰਧੀ ਰੋਗਾਂ ਦੀ ਸੰਭਾਵਨਾ ਨੂੰ ਦੂਰ ਕਰਦਾ ਹੈ। ਜਿਹੜੇ ਦੇਸ਼ਾਂ 'ਚ ਸੋਇਆ ਦੀ ਬਹੁਤੀ ਵਰਤੋਂ ਕੀਤੀ ਜਾਂਦੀ ਹੈ, ਉਥੇ ਦਿਲ ਸਬੰਧੀ ਰੋਗੀਆਂ ਦੀ ਗਿਣਤੀ ਨਾਂਹ ਦੇ ਬਰਾਬਰ ਦੇਖੀ ਗਈ ਹੈ।

ਇਹੀ ਨਹੀਂ, ਕੋਲੈਸਟ੍ਰਾਲ ਦੇ ਪੱਧਰ 'ਚ 25 ਫੀਸਦੀ ਕਮੀ ਲਿਆਉਂਦੀ ਹੈ। ਸੋਇਆ ਖਾਧ ਪਦਾਰਥ ਕੋਲੈਸਟ੍ਰਾਲ ਰਹਿਤ ਹੁੰਦੇ ਹਨ। ਸੋਇਆ ਪ੍ਰੋਟੀਨ 'ਚ ਉਹ ਸਾਰੇ ਅਮੀਨੋ ਐਸਿਡ ਵੀ ਹੁੰਦੇ ਹਨ, ਜਿਨ੍ਹਾਂ ਦੀ ਸਾਡੇ ਸਰੀਰ ਨੂੰ ਲੋੜ ਹੁੰਦੀ ਹੈ। ਇਹ ਨੈਚੁਰਲ ਐਂਟੀ ਆਕਸੀਡੈਂਟ ਦਾ ਵਧੀਆ ਸ੍ਰੋਤ ਹੈ।

ਸੋਇਆਬੀਨ 'ਚ ਚੰਗੀ ਕਿਸਮ ਦੇ ਪ੍ਰੋਟੀਨ ਦੀ ਮਾਤਰਾ ਪਾਈ ਜਾਂਦੀ ਹੈ। ਮੀਟ ਅਤੇ ਡੇਅਰੀ ਉਤਪਾਦਾਂ 'ਚ ਵੀ ਪ੍ਰੋਟੀਨ ਦੀ ਵਧੀਆ ਮਾਤਰਾ ਪਾਈ ਜਾਂਦੀ ਹੈ ਪਰ ਉਹ ਕੋਲੈਸਟ੍ਰਾਲ ਅਤੇ ਚਿਕਨਾਈ ਨਾਲ ਭਰੇ ਹੁੰਦੇ ਹਨ ਅਤੇ ਕੋਲੈਸਟ੍ਰਾਲ ਤੇ ਚਿਕਨਾਈ ਦੀ ਵਰਤੋਂ ਸਿਹਤ ਲਈ ਲਾਭਦਾਇਕ ਨਹੀਂ। ਸੋਇਆ ਦੀ ਖਾਸੀਅਤ ਇਹੀ ਹੈ ਕਿ ਇਸ 'ਚ ਕੋਲੈਸਟ੍ਰਾਲ ਅਤੇ ਚਿਕਨਾਈ ਸਿਫਰ ਹੁੰਦੀ ਹੈ, ਇਸ ਲਈ ਇਹ ਕੋਈ ਅਸੰਤੁਲਨ ਪੈਦਾ ਨਹੀਂ ਕਰਦਾ।

ਇਸ ਤੋਂ ਇਲਾਵਾ ਸੋਇਆ 'ਚ ਫਾਇਟੋਕੈਮਿਕ ਕੰਪਾਊਂਡ ਆਈਸੋਫਲੇਵੋਨੋਇਡਸ ਦੀ ਵੀ ਖਾਸੀ ਮਾਤਰਾ ਪਾਈ ਜਾਂਦੀ ਹੇ। ਸੋਇਆ ਆਈਸੋਫਲੇਵੋਨਾਇਡਸ ਛਾਤੀ ਦੇ ਕੈਂਸਰ ਦੀ ਸੰਭਾਵਨਾ ਨੂੰ ਘੱਟ ਕਰਦੇ ਹਨ ਕਿਉਂਕਿ ਇਹ ਹਾਰਮੋਨ ਐਸਟ੍ਰੋਜਨ ਦੇ ਪੱਧਰ ਨੂੰ ਘੱਟ ਕਰਦਾ ਹੈ।

ਇਸ ਐਸਟ੍ਰੋਜਨ ਹਾਰਮੋਨ ਦਾ ਵਧੇਰੇ ਔਰਤਾਂ 'ਚ ਛਾਤੀਆਂ ਦੇ ਕੈਂਸਰ ਦਾ ਕਾਰਨ ਬਣਦਾ ਹੈ। ਇਕ ਖੋਜ ਮੁਤਾਬਿਕ ਸੋਇਆ ਦੀ ਵਰਤੋਂ ਛਾਤੀਆਂ ਦੇ ਕੈਂਸਰ ਦੀ ਸੰਭਾਵਨਾ ਨੂੰ 50 ਫੀਸਦੀ ਘੱਟ ਕਰਦੀ ਹੈ।

ਔਰਤਾਂ 'ਚ ਮੇਨੋਰਾਜ਼ ਵੇਲੇ ਬਹੁਤ ਸਾਰੇ ਅਸਧਾਰਨ ਲੱਛਣ ਜਿਵੇਂ ਪਸੀਨਾ ਵਧੇਰੇ ਆਉਣਾ ਆਦਿ 'ਚ ਵੀ ਸੋਇਆ ਦੀ ਵਰਤੋਂ ਨਾਲ ਲਾਭ ਮਿਲਦਾ ਹੈ। ਚੀਨ ਅਤੇ ਜਾਪਾਨ 'ਚ ਜਿੱਥੇ ਸੋਇਆ ਦੀ ਵਧੇਰੇ ਵਰਤੋਂ ਕੀਤੀ ਜਾਂਦੀ ਹੈ, ਉਥੋਂ ਦੀਆਂ ਔਰਤਾਂ ਨੂੰ ਮੇਨੋਪਾਜ਼ ਦੌਰਾਨ ਅਜਿਹੀਆਂ ਸਮੱਸਿਆਵਾਂ ਦਾ ਸਾਹਮਣਾ ਨਹੀਂ ਕਰਨਾ ਪੈਂਦਾ।

ਹੱਡੀਆਂ ਦੀ ਤੰਦਰੁਸਤੀ ਲਈ ਵੀ ਸੋਇਆ ਦੀ ਵਰਤੋਂ ਲਾਭਦਾਇਕ ਹੈ। ਸੋਇਆ ਪ੍ਰੋਟੀਨ ਖੂਨ 'ਚ ਸ਼ੂਗਰ ਦੇ ਪੱਧਰ ਨੂੰ ਵੀ ਕੰਟਰੋਲ ' ਰੱਖਦਾ ਹੈ, ਇਸ ਲਈ ਸ਼ੂਗਰ ਤੋਂ ਵੀ ਸੁਰੱਖਿਆ ਦਿੰਦਾ ਹੈ।

ਸੋਇਆਬੀਨ ਦੇ ਵੱਖ-ਵੱਖ ਉਤਪਾਦ ਬਾਜ਼ਾਰ 'ਚ ਮੌਜੂਦ ਹਨ। ਬੇਕਰੀ ਪਦਾਰਥਾਂ 'ਚ ਸੋਇਆਬੀਨ ਦੇ ਆਟੇ ਦੀ ਵਰਤੋਂ ਕੀਤੀ ਜਾਂਦੀ ਹੈ। ਸੋਇਆਬੀਨ ਦੁੱਧ, ਸੋਇਆਬੀਨ ਦਾ ਤੇਲ, ਨਿਊਟ੍ਰੀ ਨਗੇਟ, ਸੋਇਆ ਨਟਸ ਆਦਿ ਕਈ ਉਤਪਾਦ ਹਨ, ਜਿਨ੍ਹਾਂ ਦੀ ਵਰਤੋਂ ਨਾਲ ਪੌਸ਼ਟਿਕਤਾ ਮਿਲਦੀ ਹੈ। ਮਾਹਿਰਾਂ ਮੁਤਾਬਿਕ ਰੋਜ਼ਾਨਾ 25 ਗ੍ਰਾਮ ਸੋਇਆ ਪ੍ਰੋਟੀਨ ਦੀ ਮਾਤਰਾ ਦੀ ਵਰਤੋਂ ਸਿਹਤ ਲਈ ਚੰਗੀ ਹੁੰਦੀ ਹੈ।

– ਐਸ. ਮਲਹੋਤਰਾ

# ਸਮਰ ਹੈਲਥ ਕੇਅਰ ਟਿਪਸ

ਪਸੀਨੇ ਦੀ ਬਦਬੂ ਤੋਂ ਬਚਾਅ

☛ ਗਰਮੀਆਂ 'ਚ ਘੱਟੋ-ਘੱਟ ਦਿਨ 'ਚ ਦੋ ਵਾਰ ਇਸ਼ਨਾਨ ਕਰੋ।

☛ ਪਸੀਨੇ ਦੇ ਕੀਟਾਣੂ ਦੂਰ ਕਰਨ ਲਈ ਮੈਡੀਕੇਟਿਡ ਸਾਬਣ ਦੀ ਵਰਤੋਂ ਕਰੋ।

☛ ਨਹਾਉਣ ਪਿੱਛੋਂ ਤੋਲੀਏ ਨਾਲ ਸਰੀਰ ਨੂੰ ਚੰਗੀ ਤਰ੍ਹਾਂ ਸੁਕਾ ਕੇ ਵਧੀਆ ਜਿਹਾ ਟੈਲਕਮ ਪਾਊਡਰ ਪਾਓ ਜਾਂ ਡਿਓ ਲਗਾਓ।

☛ ਆਪਣੇ ਖਾਣ-ਪੀਣ ਤੇ ਸਾਫ-ਸਫਾਈ ਦਾ ਪੂਰਾ ਧਿਆਨ ਰੱਖੋ।

☛ ਵਾਲਾਂ 'ਚ ਪਸੀਨੇ ਨਾਲ ਗੰਦਗੀ ਅਤੇ ਜੂੰਆਂ ਦਾ ਵਾਸ ਹੁੰਦਾ ਹੈ, ਇਸ ਲਈ ਹਫ਼ਤੇ 'ਚ 3-4 ਵਾਰ ਵਾਲਾਂ 'ਚ ਸ਼ੈਂਪੂ ਜ਼ਰੂਰ ਲਗਾਓ। ਦਿਮਾਗ ਠੰਡਾ ਰੱਖਣ ਲਈ ਵਾਲਾਂ 'ਚ ਮਹਿੰਦੀ ਦਾ ਲੇਪ ਲਗਾਓ।

☛ ਨਹਾਉਣ ਤੋਂ ਪਹਿਲਾਂ ਪਾਣੀ ਦੀ ਬਾਲਟੀ 'ਚ ਗੁਲਾਬ ਜਲ, ਨਿੰਬੂ ਦਾ ਰਸ ਜਾਂ ਗੁਲਾਬ ਦੀਆਂ ਤਾਜ਼ਾ ਪੱਤੀਆਂ ਪਾਓ। ਨਹਾਉਣ ਪਿੱਛੋਂ ਤੁਸੀਂ ਖੁਦ ਨੂੰ ਸਾਰਾ ਦਿਨ ਤਰੋ-ਤਾਜ਼ਾ ਮਹਿਸੂਸ ਕਰੋਗੇ।

ਧੁੱਪ ਨਾਲ ਅੱਖਾਂ 'ਚ ਜਲਣ

☛ ਰੂੰ ਦੇ ਤੂੰਬੇ ਨੂੰ ਠੰਡੇ ਦੁੱਧ 'ਚ ਭਿਓਂ ਕੇ ਅੱਖਾਂ 'ਤੇ ਰੱਖੋ।

☛ ਦੁੱਧ ਦੀ ਠੰਡੀ ਮਲਾਈ ਦਾ ਅੱਖਾਂ 'ਤੇ ਲੇਪ ਕਰਨ ਨਾਲ ਠੰਡਕ ਮਿਲਦੀ ਹੈ।

☛ ਗੁਲਾਬ ਜਲ 'ਚ ਭਿੱਜੇ ਰੂੰ ਦੇ ਤੂੰਬੇ ਅੱਖਾਂ 'ਤੇ ਰੱਖੋ।

☛ ਠੰਡਕ ਵਾਲੀ ਥਾਂ 'ਤੇ ਥੋੜ੍ਹੀ ਦੇਰ ਅੱਖਾਂ ਬੰਦ ਕਰਕੇ ਲੇਟ ਜਾਓ ਅਤੇ ਬਰਫ ਦੇ ਪਾਣੀ ਦੀ ਪੱਟੀ ਮੱਥੇ ਦੇ ਨਾਲ-ਨਾਲ ਅੱਖਾਂ 'ਤੇ ਰੱਖੋ।

ਲੂ ਲੱਗਣ 'ਤੇ

☛ ਇਮਲੀ ਨੂੰ ਉਬਾਲ ਕੇ ਪੁਣ ਲਓ, ਉਸ 'ਚ ਲੋੜ ਮੁਤਾਬਿਕ ਖੰਡ, ਕਾਲੀ ਮਿਰਚ ਦਾ ਪਾਊਡਰ, ਭੁੰਨਿਆ ਜੀਰਾ ਪੀਸ ਕੇ ਪਾ ਕੇ ਚੱਮਚ ਨਾਲ ਚੰਗੀ ਤਰ੍ਹਾਂ ਘੋਲ ਲਓ, ਚਾਹੋ ਤਾਂ ਬਰਫ ਪਾ ਕੇ ਠੰਡਾ ਕਰ ਲਓ ਅਤੇ ਪੀਓ।

☛ ਕੱਚੇ ਅੰਬ ਦਾ ਪੰਨਾ ਪੀਓ, ਇਸ ਦੇ ਲਈ ਕੱਚੇ ਅੰਬ ਉਬਾਲ ਲਓ। ਛਿਲਕਾ ਲਾਹ ਕੇ ਗੁੱਦੇ 'ਚ ਠੰਡਾ ਪਾਣੀ, ਖੰਡ, ਪੁਦੀਨੇ ਦੇ ਪੱਤੇ, ਕਾਲਾ ਨਮਕ, ਪੀਸੀ ਕਾਲੀ ਮਿਰਚ ਪਾ ਕੇ ਮਿਕਸੀ 'ਚ ਬਲੈਂਡ ਕਰ ਲਓ ਅਤੇ ਪੀਓ। ਇਹ ਸੁਆ 'ਚ ਤਾਂ ਮਜ਼ੇਦਾਰ ਹੁੰਦਾ ਹੀ ਹੈ ਪਰ ਇਸ ਦੀ ਰੋਜ਼ਾਨਾ ਵਰਤੋਂ ਸਰੀਰ 'ਚੋਂ ਗਰਮੀ ਨੂੰ ਦੂਰ ਕਰਕੇ ਠੰਡਾ ਰੱਖਦੀ ਹੈ।

☛ ਪਿਆਜ਼ ਨੂੰ ਭੁੰਨ ਕੇ ਉਸ 'ਚ ਜੀਰੇ ਦਾ ਪਾਊਡਰ ਅਤੇ ਮਿਸ਼ਰੀ ਮਿਲਾ ਕੇ ਖਾਣ ਨਾਲ ਲੂ ਦੂਰ ਹੁੰਦੀ ਹੈ।

ਜਦੋਂ ਨੀਂਦ ਨਾ ਆਵੇ

☛ ਰਾਤ ਨੂੰ ਸੌਣ ਤੋਂ ਪਹਿਲਾਂ ਦੁੱਧ 'ਚ ਬਰਫ ਪਾ ਕੇ ਠੰਡਾ ਦੁੱਧ ਪੀਓ।

☛ ਪੈਰਾਂ ਦੀਆਂ ਤਲੀਆਂ 'ਤੇ ਕੰਦੂ ਦਾ ਲੇਪ ਜਾਂ ਮਹਿੰਦੀ ਦਾ ਲੇਪ ਲਗਾਓ।

☛ ਸਰ੍ਹੋਂ ਦੇ ਤੇਲ ਨਾਲ ਪੈਰਾਂ ਦੀਆਂ ਤਲੀਆਂ ਦੀ ਮਾਲਸ਼ ਉਦੋਂ ਤੱਕ ਕਰੋ, ਜਦੋਂ ਤੱਕ ਤਲੀਆਂ 'ਚੋਂ ਸੇਕ ਨਾਲ ਨਿਕਲਣ ਲੱਗੇ।

☛ ਮਨ 'ਚੋਂ ਸਾਰੀਆਂ ਪ੍ਰੇਸ਼ਾਨੀਆਂ ਕੱਢ ਦਿਓ। ਸਿਰ 'ਚ ਕਿਸੇ ਵੀ ਆਯੁਰਵੈਦਿਕ ਤੇਲ ਨਾਲ ਮਾਲਿਸ਼ ਕਰੋ। ਬਾਜ਼ਾਰ 'ਚ ਕਈ ਤਰ੍ਹਾਂ ਦੇ ਤੇਲ ਮੌਜੂਦ ਹਨ, ਜੋ ਤੁਹਾਨੂੰ ਠੰਡਾ-ਠੰਡਾ ਕੂਲ-ਕੂਲ ਰੱਖਦੇ ਹਨ।

☛ ਕਮਰੇ ਦੀਆਂ ਸਾਰੀਆਂ ਲਾਈਟਾਂ ਆਫ਼ ਕਰ ਦਿਓ ਅਤੇ ਹੌਲੀ ਆਵਾਜ਼ 'ਚ ਆਪਣਾ ਮਨਪਸੰਦ ਮਿਊਜ਼ਿਕ ਸੁਣੋ। ਬਿਸਤਰੇ 'ਤੇ ਹਲਕੇ ਰੰਗ ਦੀ ਸਾਫ ਅਤੇ ਸੂਤੀ ਚਾਦਰ ਵਿਛਾ ਦਿਓ। ਚਾਹੋ ਤਾਂ ਆਪਣੀ ਪਸੰਦ ਦੀ ਮੈਗਜ਼ੀਨ ਪੜ੍ਹੋ। ਨੀਂਦ ਕਦੋਂ ਆਵੇਗੀ, ਪਤਾ ਹੀ ਨਹੀਂ ਲੱਗੇਗਾ।

ਡੀਹਾਈਡ੍ਰੇਸ਼ਨ ਹੋਣ 'ਤੇ

☛ ਸਾਰੇ ਦਿਨ 'ਚ ਖੂਬ ਸਾਰਾ ਪਾਣੀ ਪੀਓ ਤਾਂ ਕਿ ਜ਼ਹਿਰੀਲੇ ਪਦਾਰਥ ਬਾਹਰ ਨਿਕਲ ਜਾਣ।

☛ ਜਿੰਨਾ ਹੋ ਸਕੇ ਫਲਾਂ ਦਾ ਜੂਸ, ਨਿੰਬੂ ਦੀ ਸ਼ਿਕੰਜਵੀ, ਲੱਸੀ ਆਦਿ ਪੀਓ।



☛ ਸਲਾਦ ਨੂੰ ਭੋਜਣ ਦਾ ਅਹਿਮ ਹਿੱਸਾ ਬਣਾਓ ਅਤੇ ਖਾਣੇ 'ਚ ਘੱਟ ਨਮਕ ਵਰਤੋ।

☛ ਰੇਸ਼ੇਦਾਰ ਅਤੇ ਰਸ ਭਰੇ ਫਲ ਜਿਵੇਂ ਹਦਵਾਣਾ, ਖਰਬੂਜਾ, ਨਾਸ਼ਪਾਤੀ, ਅੰਗੂਰ ਆਦਿ ਖਾਓ।

☛ ਆਂਵਲਾ, ਚੰਦਨ, ਖਸਖਸ ਅਤੇ ਸਝੰਤੂ ਦਾ ਸ਼ਰਬਤ ਪੀਣ ਨਾਲ ਗਰਮੀਆਂ 'ਚ ਹੋਣ ਵਾਲੀ ਘਬਰਾਹਟ ਤੋਂ ਰਾਹਤ ਮਿਲਦੀ ਹੈ।

☛ ਬਹੁਤੀ ਦੇਰ ਤੱਕ ਧੁੱਪ 'ਚ ਨਾ ਰਹੋ, ਘਰੋਂ ਬਾਹਰ ਨਿਕਲਣ ਵੇਲੇ ਪਾਣੀ ਪੀ ਕੇ ਨਿਕਲੋ ਅਤੇ ਛੱਤਰੀ ਦੀ ਵਰਤੋਂ ਕਰੋ।

ਸਰਿਤਾ

# ਵਿਟਾਮਿਨ- ਸੀ ਭਰਪੂਰ ਸੰਤਰਾ

ਰਸ ਭਰਪੂਰ ਸੰਤਰੇ 'ਚ ਉਹ ਸਾਰੇ ਜ਼ਰੂਰੀ ਪੌਸ਼ਟਿਕ ਤੱਤ ਪਾਏ ਜਾਂਦੇ ਹਨ, ਜੋ ਬਾਡੀ ਦੀ ਗ੍ਰੋਥ, ਡਿਵੈਲਪਮੈਂਟ ਅਤੇ ਸਿਹਤ ਲਈ ਜ਼ਰੂਰੀ ਹਨ। ਸੰਤਰੇ ਦੀਆਂ ਮੁੱਖ ਤੌਰ 'ਤੇ ਤਿੰਨ ਕਿਮਸਤਾਂ ਹੁੰਦੀਆਂ ਹਨ -ਖੱਟਾ, ਮਿੱਠਾ ਅਤੇ ਢਿੱਲੇ ਛਿਲਕੇ ਵਾਲਾ। ਖੱਟੇ ਸੰਤਰੇ ਦੀ ਵਰਤੋਂ ਜ਼ਿਆਦਾਤਰ ਕੈਂਡੀ ਜਾਂ ਕੁਕਿੰਗ 'ਚ ਕੀਤੀ ਜਾਂਦੀ ਹੈ, ਜਦਕਿ ਕੱਚਾ ਖਾਣ ਲਈ ਸਭ ਤੋਂ ਵਧੇਰੇ ਮਿੱਠੇ ਸੰਤਰੇ ਦੀ ਵਰਤੋਂ ਹੁੰਦੀ ਹੈ। ਢਿੱਲੇ ਛਿਲਕੇ ਵਾਲਾ ਸੰਤਰਾ ਆਸਾਨੀ ਨਾਲ ਛਿਲਿਆ ਜਾਂਦਾ ਹੈ। ਜਦੋਂ ਵੀ ਸੰਤਰਾ ਖਰੀਦੋ ਤਾਂ ਉਸ ਦੇ ਵੇਟ ਅਤੇ ਸਾਈਜ਼ ਦੀ ਤੁਲਨਾ ਕਰੋ। ਆਕਾਰ 'ਚ ਛੋਟਾ ਅਤੇ ਭਾਰ 'ਚ ਵਧੇਰੇ ਭਾਰਾ ਸੰਤਰਾ ਮਿੱਠਾ ਹੁੰਦਾ ਹੈ। ਜਦੋਂ ਵੀ ਆਰੇਂਜ ਭਾਵ ਸੰਤਰੇ ਦੀ ਗੱਲ ਆਉਂਦੀ ਹੈ ਤਾਂ ਸਭ ਤੋਂ ਪਹਿਲਾਂ ਉਸ 'ਚ ਪਾਏ ਜਾਣ ਵਾਲੇ ਵਿਟਾਮਿਨ-ਸੀ ਦਾ ਧਿਆਨ ਆਉਂਦਾ ਹੈ। ਇਸ 'ਚ ਕੋਈ ਸ਼ੱਕ ਨਹੀਂ ਕਿ ਸੰਤਰੇ 'ਚ ਵਿਟਾਮਿਨ-ਸੀ ਭਰਪੂਰ ਮਾਤਰਾ 'ਚ ਹੁੰਦਾ ਹੈ ਪਰ ਇਸ ਦੇ ਨਾਲ ਹੀ ਇਸ ਫਲ 'ਚ ਕਈ ਹੋਰ ਵੀ ਲਾਹਵੰਦ ਪੌਸ਼ਟਿਕ ਤੱਤ ਪਾਏ ਜਾਂਦੇ ਹਨ। ਇਹ ਕਈ ਦੂਜੇ ਮਿਨਰਲਸ ਜਿਵੇਂ ਫੋਲਿਕ ਐਸਿਡ ਅਤੇ ਪੋਟਾਸ਼ੀਅਮ ਦਾ ਬਿਹਤਰੀਨ ਸਰੋਤ ਹੁੰਦਾ ਹੈ।

ਵਿਟਾਮਿਨ-ਸੀ : ਸੰਤਰਾ ਵਿਟਾਮਿਨ-ਸੀ ਦਾ ਅਹਿਮ ਸਰੋਤ ਹੈ। ਜੇਕਰ ਸੰਤਰੇ ਦਾ ਰਸ ਕੱਢਣ ਜਾਂ ਛਿੱਲਣ ਪਿੱਛੋਂ ਉਸ ਨੂੰ ਅੱਠ ਘੰਟਿਆਂ ਤੱਕ ਰੱਖ ਦਿੱਤਾ ਜਾਵੇ ਤਾਂ ਉਸ ਦਾ ਲੱਗਭਗ 20 ਫੀਸਦੀ ਵਿਟਾਮਿਨ ਨਸ਼ਟ ਹੋ ਜਾਂਦਾ ਹੈ।

ਦੂਜੇ ਵਿਟਾਮਿਨ ਅਤੇ ਮਿਨਰਲਸ : ਸੰਤਰੇ 'ਚ ਵਿਟਾਮਿਨ-ਬੀ ਅਤੇ ਏ ਵੀ ਪਾਇਆ ਜਾਂਦਾ ਹੈ। ਇਹ ਮਿਨਰਲਸ ਜਿਵੇਂ ਫਾਈਬਰ, ਪੋਟਾਸ਼ੀਅਮ, ਮੈਗਨੀਸ਼ੀਅਮ, ਕੈਲਸ਼ੀਅਮ ਅਤੇ ਫਾਸਫੋਰਸ ਦਾ ਬਿਹਤਰੀਨ ਸਰੋਤ ਹੈ।

ਰੁੱਖ 'ਤੇ ਨਹੀਂ ਪੱਕਦਾ : ਸੰਤਰਾ ਹੀ ਕੁਝ ਅਜਿਹੇ ਫਲਾਂ 'ਚੋਂ ਹੈ, ਜੋ ਰੁੱਖ 'ਤੇ ਲੱਗਾ ਰਹਿਣ ਦੇਣ ਨਾਲ ਪੱਕਦਾ ਨਹੀਂ।

ਮੁੱਖ ਫਸਲ : ਸੰਤਰਾ ਅਮੇਰਿਕਾ ਦੀਆਂ ਮੁੱਖ ਫਸਲਾਂ 'ਚ ਸ਼ਾਮਲ ਹੈ, ਜਦਕਿ ਪੂਰੀ ਦੁਨੀਆਂ ਦੇ ਮੁਕਾਬਲੇ ਬ੍ਰਾਜ਼ੀਲ 'ਚ ਸੰਤਰੇ ਦੀ ਸਭ ਤੋਂ ਵਧੇਰੇ ਪੈਦਾਵਾਰ ਹੁੰਦੀ ਹੈ।

ਇਤਿਹਾਸ : ਸਬੂਤ ਦੱਸਦੇ ਹਨ ਕਿ ਸੰਤਰੇ ਦੀ ਪੈਦਾਵਾਰ 2500 ਬੀ. ਸੀ. ਤੋਂ ਵੀ ਪਹਿਲਾਂ ਚੀਨ 'ਚ ਸ਼ੁਰੂ ਹੋਈ ਸੀ।

– ਸੁਮਨ ਰਾਣੀ

# ਯੋਗਪੈਥੀ ਰਾਹੀਂ ਪ੍ਰਾਪਤ ਕਰੋ ਸੁਡੌਲ ਸਰੀਰ

ਮਾਰਜਰੀ ਭਾਲ ਬਿੱਲੀ, ਜਿਸ ਤਰ੍ਹਾਂ ਬਿੱਲੀ ਆਕੜ ਭੰਨ ਕੇ ਆਪਣੀ ਸਾਰੀ ਥਕਾਵਟ ਲਾਹੁੰਦਿਆਂ ਤਰੋ-ਤਾਜ਼ਾ ਮਹਿਸੂਸ ਕਰਦੀ ਹੈ, ਬਿਲਕੁਲ ਉਸੇ ਤਰ੍ਹਾਂ ਤੁਸੀਂ ਵੀ ਮਾਰਜਰੀ-ਆਸਣ ਦੇ ਅਭਿਆਸ ਨਾਲ ਨਾ ਸਿਰਫ ਤਰੋ-ਤਾਜ਼ਾ ਮਹਿਸੂਸ ਕਰੋਗੇ, ਸਗੋਂ ਸਰੀਰ ਦੀ ਥਕਾਵਟ ਅਤੇ ਦਰਦਾਂ ਤੋਂ ਵੀ ਮੁਕਤੀ ਪ੍ਰਾਪਤ ਕਰੋਗੇ ਅਤੇ ਖੁਦ ਨੂੰ ਹਰ ਵੇਲੇ ਤੰਦਰੁਸਤ ਮਹਿਸੂਸ ਕਰੋਗੇ।

ਵਿਧੀ : ਜ਼ਮੀਨ 'ਤੇ ਯੋਗਾ ਮੈਟ ਵਿਛਾ ਕੇ ਗੋਡਿਆਂ ਪਰਨੇ ਖੜ੍ਹੇ ਹੋ ਕੇ ਸਰੀਰ ਦਾ ਉਪਰਲਾ ਹਿੱਸਾ ਅੱਗੇ ਵੱਲ ਝੁਕਾਓ ਅਤੇ ਹੱਥਾਂ ਦੀਆਂ ਮੁੱਠੀਆਂਬਣਾ ਕੇ ਉਂਗਲੀਆਂ ਦੀਆਂ ਗੰਢਾਂ ਨੂੰ ਜ਼ਮੀਨ ਨਾਲ ਸਪਰਸ਼ ਕਰੋ।

ਇਹ ਆਸਣ ਦੋ ਹਿੱਸਿਆ 'ਚ ਵੰਡਿਆ ਹੋਇਆ ਹੈ।

ਪਹਿਲਾ ਹਿੱਸਾ : ਗਰਦਨ ਨੂੰ ਹੇਠਾਂ ਵੱਲ ਝੁਕਾਉਂਦਿਆਂ Chin ਨੂੰ ਗਲੇ ਨਾਲ ਤੁਹਾਡੀ ਪਿੱਠ 'ਚ ਇਕ ਮਹਿਰਾਬ ਦੀ ਸ਼ੇਪ ਬਣੇਗੀ।

ਦੂਜਾ ਹਿੱਸਾ : ਲੰਬਾ ਸਾਹ ਭਰੋ। ਆਕੜ ਭੰਨਦਿਆਂ ਗਰਦਨ ਉਪਰ ਵੱਲ ਅਤੇ ਪੱਟ ਬਾਹਰ ਵੱਲ ਧੱਕਦਿਆਂ ਜਿੰਨੀ ਦੇਰ ਸਾਹ ਰੋਕ ਸਕੋ, ਇਸ ਸਥਿਤੀ 'ਚ ਰਹੋ। ਅਜਿਹਾ ਕਰਨ ਵੇਲੇ ਤੁਹਾਡਾ ਰੀੜ੍ਹ ਅੰਦਰ ਵੱਨ ਮੁੜ ਜਾਵੇਗੀ ਅਤੇ ਇਕ ਕਰਵ ਬਣੇਗਾ।

ਫਿਰ ਸਾਹ ਛੱਡਦਿਆਂ ਵਾਪਸ ਪਹਿਲਾਂ ਵਾਲੀ ਅਵਸਥਾ 'ਚ ਆ ਜਾਓ, ਅਜਿਹਾ ਪੰਜ ਤੋਂ ਸੱਤ ਵਾਰ ਦੁਹਰਾਓ।

ਲਾਭ : (1) ਪਿੱਠ ਦਰਦ ਅਤੇ ਗਰਦਨ ਦਰਦ ਦੇ ਮਰੀਜ਼ਾਂ ਲਈ ਇਹ ਆਸਣ ਸੰਜੀਵਨੀ ਬੂਟੀ ਦਾ ਕੰਮ ਕਰਦਾ ਹੈ।

(2) ਬਾਂਹ ਦੇ ਉਪਰਲੇ ਹਿੱਸੇ ਦੀਆਂ ਮਾਸਪੇਸ਼ੀਆਂ ਨੂੰ ਮਜ਼ਬੂਤੀ ਪ੍ਰਦਾਨ ਕਰਦਾ ਹੈ।

(3) ਪੇਟ ਦੀਆਂ ਮਾਸਪੇਸ਼ੀਆਂ 'ਚ ਖਿਚਾਅ ਆਉਣ ਨਾਲ ਪੇਟ ਨੂੰ

(4) ਸਰੀਰ ਨੂੰ ਚੁਸਤ-ਦਰੁਸਤ ਕਰਕੇ ਤੁਰੰਤ ਊਰਜਾ ਭਰ ਦਿੰਦਾ ਹੈ।

(5) ਕੋਮਲ ਸਰੀਰ ਦੇ ਚਾਹਵਾਨਾਂ ਲਈ ਇਹ ਆਸਣ ਇਕ ਵਰਦਾਨ ਹੈ।

ਸਾਵਧਾਨੀਆਂ : ਇਸ ਆਸਣ ਨੂੰ ਕਰਨ ਵੇਲੇ ਲੱਤਾਂ ਨੂੰ ਹਿਲਣ ਨਹੀਂ ਦੇਣਾ ਚਾਹੀਦਾ, ਸਿਰਫ ਗਰਦਨ ਦੀ ਮਦਦ ਨਾਲ ਹੀ ਪਹਿਲੇ ਅਤੇ ਦੂਜੇ ਹਿੱਸੇ ਦਾ ਅਭਿਆਸਸ ਕਰੋ।

ਖਾਸ ਕਰ : ਪਿੱਠ ਦਰਦ ਅਤੇ ਗਰਦਨ ਦਰਦ ਦੇ ਮਰੀਜ਼ਾਂ ਲਈ ਜੋ ਹਰ ਤਰ੍ਹਾਂ ਦਾ ਆਸਣ ਨਹੀਂ ਕਰ ਸਕਦੇ, ਇਸ ਆਸਣ ਅਭਿਆਸ ਨਾਲ ਦਰਦਾਂ ਤੋਂ ਮੁਕਤੀ ਦੇ ਨਾਲ-ਨਾਲ ਉਹ ਆਪਣੇ ਸਰੀਰ 'ਚ ਲਚਕੀਲਾ, ਸੁਡੌਲਤਾ ਅਤੇ ਸਹੀ ਆਕਾਰ ਵੀ ਪ੍ਰਾਪਤ ਕਰੋਗੇ।

ਨੋਟ : ਕਿਸੇ ਵੀ ਤਰ੍ਹਾਂ ਦੀ ਕਸਰਤ ਜਾਂ ਯੋਗ ਅਭਿਆਸ ਕਰਨ ਤੋਂ ਪਹਿਲਾਂ ਆਪਦੇ ਡਾਕਟਰ ਤੋਂ ਸਲਾਹ ਜ਼ਰੂਰ ਲਓ।






ਅਜੋਕਾ ਯੁੱਗ ਉਦਾਸ ਅਤੇ ਮਾਯੂਸ ਹੋਣ ਦਾ ਯੁੱਗ ਨਹੀਂ। ਚੰਗਾ ਬਣਨ ਦੀਆਂ, ਮਾਨਵ ਜਾਤੀ ਦੀ ਸੇਵਾ ਕਰਨ ਦੀਆਂ, ਜਿਤਨੀਆਂ ਸੰਭਾਵਨਾਵਾਂ ਅਜੋਕੇ ਯੁੱਗ ਵਿਚ ਹਨ, ਉਤਨੀਆਂ ਪਹਿਲੇ ਕਿਸੇ ਯੁੱਗ ਵਿਚ ਪ੍ਰਾਪਤ ਨਹੀਂ ਸਨ। ਨਿਰਸੰਦੇਹ ਮਨੁੱਖ ਵਿਚ ਜਿਤਨੀ ਗਿਰਾਵਟ ਅਜੋਕੇ ਯੁੱਗ ਵਿਚ ਦਿਖਾਈ ਦੇ ਰਹੀ ਹੈ, ਉਤਨੀ ਪਹਿਲਾਂ ਕਿਸੇ ਯੁੱਗ ਵਿਚ ਨਹੀਂ ਵੇਖੀ ਗਈ ਪਰ ਵੇਖਣਾ ਤਾਂ ਇਹ ਹੈ ਕਿ ਤੁਸੀਂ ਪਹਾੜ ਨੂੰ ਚੜ੍ਹਨ ਦੀ ਦ੍ਰਿਸ਼ਟੀ ਨਾਲ ਵੇਖਦੇ ਹੋ ਕਿ ਡਿੱਗਣ ਦੇ ਡਰ ਨਾਲ , ਤੁਸੀਂ ਸਮੁੰਦਰ ਨੂੰ ਤੈਰਨ ਦੀ ਸੰਭਾਵਨਾ ਨਾਲ ਵੇਖਦੇ ਹੋ ਜਾਂ ਡੁੱਬ ਜਾਣ ਦੀ ਚਿੰਤਾ ਨਾਲ, ਤੁਸੀਂ ਇਮਤਿਹਾਨ ਵਿਚ ਪਾਸ ਹੋਣ ਦੀ ਆਸ ਨਾਲ ਬੈਠਦੇ ਹੋ ਜਾਂ ਫੇਲ ਹੋਣ ਦੇ ਸੰਸੇ ਨਾਲ । ਤੁਹਾਡੇ ਵਿਚ ਉਤਸ਼ਾਹ ਅਤੇ ਹੌਸਲਾ ਤੁਹਾਡੇ ਯਤਨਾਂ ਨਾਲ ਹੀ ਜਾਗੇਗਾ। ਖ਼ੁਸ਼ਹਾਲੀ ਵਾਂਗ ਉਤਸ਼ਾਹ ਵੀ ਮਨ ਦੀ ਇਕ ਅਵਸਥਾ ਹੁੰਦੀ ਹੈ। ਕੋਈ ਵੀ ਸਮੱਸਿਆ ਉਸਾਰੂ ਸੋਚ ਸਾਹਮਣੇ , ਲੰਮੇ ਅਰਸੇ ਤਕ ਨਹੀਂ ਟਿਕ ਸਕਦੀ। ਸਭ ਤੋਂ ਵੱਡੀ ਲੋੜ ਆਪਣੀ ਸੋਚ ਨੂੰ, ਆਪਣੇ ਦ੍ਰਿਸ਼ਟੀਕੋਣ ਨੂੰ, ਆਪਣੇ ਆਪ ਬਾਰੇ ਆਪਣੀ ਰਾਇ ਨੂੰ, ਬਦਲਣ ਦੀ ਹੁੰਦੀ ਹੈ। ਦੁਨੀਆ ਉਸਾਰੂ ਸੋਚ ਲਈ ਤੜਪ ਰਹੀ ਹੈ। ਜਿਹੋ-ਜਿਹੀਆਂ ਮਨੁੱਖ ਦੀਆਂ ਸੋਚਾਂ ਹੁੰਦੀਆਂ ਹਨ, ਜਿਹੋ ਜਿਹੇ ਉਨ੍ਹਾਂ ਦੇ ਯਤਨ ਹੁੰਦੇ ਹਨ, ਉਹੋ-ਜਿਹੇ ਮਨੁੱਖ ਹੋ ਨਿਬੜਦੇ ਹਨ।

• ਨਰਿੰਦਰ ਸਿੰਘ ਕਪੂਰ

# ਖੁੱਲ੍ਹੇ ਵਾਤਾਵਰਨ ਵਾਲੇ ਸਕੂਲ

**ਸੁਖਰਾਜ ਚਹਿਲ ਧਨੌਲਾ**

ਜਨਮ ਤੋਂ ਬਾਅਦ ਨੰਨ੍ਹੇ-ਮੁੰਨ੍ਹੇ ਬੱਚਿਆਂ ਨੂੰ ਜਦੋਂ ਤਕ ਤਾਂ ਘਰ ਵਿਚ ਹੀ ਰੱਖਿਆ ਜਾਂਦਾ ਹੈ ਉਦੋਂ ਤਕ ਤਾਂ ਉਹ ਬਹੁਤ ਖ਼ੁਸ਼ ਰਹਿੰਦੇ ਹਨ। ਹਰ ਪਲ ਦਾ ਆਨੰਦ ਮਾਣਦੇ ਹੋਏ ਖੇਡਣ, ਕੁੱਦਣ ਦੇ ਨਾਲ-ਨਾਲ ਜੋ ਦੇਖ ਲੈਂਦੇ ਹਨ ਉਸ ਨੂੰ ਹਾਸਲ ਕਰਕੇ ਆਪਣੇ ਭੋਲੇਪਨ ਵਾਲੇ ਬਚਪਨ ਨੂੰ ਖ਼ੁਸ਼ੀ ਭਰੇ ਢੰਗ ਨਾਲ ਬਤੀਤ ਕਰਦੇ ਹਨ। ਪਰ ਜਦੋਂ ਬੱਚਿਆਂ ਨੂੰ ਪੜ੍ਹਾਈ ਕਰਨ ਲਈ ਸਕੂਲ ਵਿਚ ਦਾਖ਼ਲ ਕਰਵਾਉਣਾ ਹੁੰਦਾ ਹੈ ਤਾਂ ਸਭ ਤੋਂ ਪਹਿਲਾਂ ਉਨ੍ਹਾਂ ਨੂੰ ਸਕੂਲ ਲਈ ਤਿਆਰ ਕਰਨ ਵਾਸਤੇ ਪਹਿਲਾਂ ਇਕ ਪਲੇਅ ਵੇਅ ਸਕੂਲ ਜਾਂ ਸਰਕਾਰੀ ਤੌਰ 'ਤੇ ਬਣੇ ਕੇਂਦਰਾਂ ਦੀ ਭਾਲ ਕੀਤੀ ਜਾਂਦੀ ਹੈ, ਜਿੱਥੇ ਬੱਚਿਆਂ ਨੂੰ ਸਕੂਲ ਵਿਚ ਖੜ੍ਹਨ, ਬੈਠਣ ਅਤੇ ਥੋੜ੍ਹੀ-ਥੋੜ੍ਹੀ ਪੜ੍ਹਾਈ ਵੀ ਕਰਵਾਈ ਜਾਂਦੀ ਹੈ। ਜਦੋਂ ਬੱਚੇ ਇੱਥੇ ਦਾਖ਼ਲ ਕਰਵਾਏ ਜਾਂਦੇ ਹਨ ਤਾਂ ਉਹ ਇੱਥੇ ਆਉਣ ਤੋਂ ਕੰਨੀ ਕਤਰਾਉਂਦੇ ਹਨ ਜਦੋਂ ਉਨ੍ਹਾਂ ਨੂੰ ਸਕੂਲ ਲਈ ਤਿਆਰ ਕਰਨਾ ਸ਼ੁਰੂ ਕਰ ਦਿੱਤਾ ਜਾਂਦਾ ਹੈ ਤਾਂ ਉਹ ਨਾਲ ਦੀ ਨਾਲ ਰੋਣਾ ਸ਼ੁਰੂ ਕਰ ਦਿੰਦੇ ਹਨ ਕਿਉਂਕਿ ਬੱਚੇ ਆਪਣੇ ਸਕੂਲ ਅੰਦਰ ਵੀ ਘਰ ਵਰਗੇ ਖੁੱਲ੍ਹੇ ਡੁੱਲ੍ਹੇ ਵਾਤਾਵਰਨ ਵਾਲਾ ਮਹੌਲ ਲੱਭਦੇ ਹਨ। ਜੇਕਰ ਦੇਖਿਆ ਜਾਵੇ ਤਾਂ ਬਹੁਤ ਥਾਵਾਂ 'ਤੇ ਅਜਿਹੇ ਸਕੂਲ ਜਿੱਥੇ ਬੱਚਿਆਂ ਨੂੰ ਸਿਰਫ਼ ਸਕੂਲ 'ਚ ਬੈਠਣ ਲਈ ਤਿਆਰ ਕਰਨ ਦੇ ਮਕਸਦ ਨਾਲ ਤਿਆਰ ਕੀਤਾ ਜਾਂਦਾ ਹੈ। ਉੱਥੇ ਸਿਰਫ਼ ਇਕ ਜਾਂ ਦੋ ਹੁੰਦੇ ਜਾਂ ਇਸ ਤੋਂ ਵਧ ਕਮਰੇ ਤਿਆਰ ਕਰਕੇ ਹੀ ਇਕ ਤਰ੍ਹਾਂ ਦਾ ਪਲੇਅ ਵੇਅ ਸਕੂਲ ਬਣਾਇਆ ਜਾਂਦਾ ਹੈ। ਜਿੱਥੇ ਆਲਾ-ਦੁਆਲਾ ਬੰਦ ਹੁੰਦਾ ਹੈ। ਅਜਿਹੀ ਥਾਂ ਉੱਪਰ ਆ ਕੇ ਬੱਚਾ ਆਪਣੇ ਆਪ ਲਈ ਘੁਟਣ ਮਹਿਸੂਸ ਕਰਦਾ ਹੈ ਕਿਉਂਕਿ ਇੱਥੋਂ ਦਾ ਵਾਤਾਵਰਨ ਉਸ ਦੇ ਪਸੰਦ ਨਹੀਂ ਆਉਂਦਾ ਜਿਸ ਕਰਕੇ ਹਰੇਕ ਬੱਚਾ ਇੱਥੇ ਆਉਣ ਤੋਂ ਡਰਦਾ ਤੇ ਘਬਰਾਉਂਦਾ ਹੈ। ਅਜਿਹੇ ਮਾਹੌਲ ਵਿਚ ਰਹਿਣਾ ਬੱਚੇ ਲਈ ਬਹੁਤ ਔਖਾ ਹੁੰਦਾ ਹੈ। ਉਸ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿਚ ਰੁਕਾਵਟ ਆਉਣੀ ਸੁਭਾਵਿਕ ਹੈ ਕਿਉਂਕਿ ਉਸ ਨੂੰ ਖੇਡਣ ਕੁੱਦਣ ਤੋਂ ਵਰਜਿਆ ਜਾਂਦਾ ਹੈ। ਹਰੇਕ ਬੱਚਾ ਜਦੋਂ ਖੇਡਦਾ, ਕੁੱਦਦਾ ਹੈ ਤਾਂ ਉਸ ਨੂੰ ਦੇਖ ਦੇ ਇਹ ਲੱਗਦਾ ਹੈ ਕਿ ਜਿਵੇਂ ਉਸ ਨੂੰ ਸਾਰੇ ਜਹਾਨ ਦੀਆਂ ਖ਼ੁਸ਼ੀਆਂ ਪ੍ਰਾਪਤ ਹੋ ਗਈਆਂ ਹੋਣ। ਜੇਕਰ ਸੀਮਤ ਜਿਹੀ ਜਗ੍ਹਾ 'ਤੇ ਬੱਚੇ ਨੂੰ ਰੱਖਿਆ ਜਾਂਦਾ ਹੈ ਤਾਂ ਉਹ ਅਜਿਹਾ ਮਹਿਸੂਸ ਕਰਦਾ ਹੈ ਜਿਵੇਂ ਕੋਈ ਚੰਗਾ ਭਲਾ ਇਨਸਾਨ ਜੇਲ੍ਹ ਵਿਚ ਕੈਦ ਕੱਟ ਰਿਹਾ ਹੋਵੇ ਕਿਉਂਕਿ ਬੱਚੇ ਨੂੰ ਇਕ ਤਰ੍ਹਾਂ ਦਾ ਮਾਨਸਿਕ ਤਣਾਅ ਮਹਿਸੂਸ ਹੋਣ ਲੱਗ ਜਾਂਦਾ ਹੈ। ਉਦਾਹਰਣ ਵਜੋਂ ਜੇਕਰ ਦੇਖਿਆ ਜਾਵੇ ਬੱਚਿਆਂ ਨੂੰ ਇਹ ਕਿਹਾ ਜਾਵੇ ਕਿ 'ਚਲੋ ਪਾਰਕ ਆਦਿ 'ਚ ਚੱਲ ਕੇ ਆਈਏ' ਤਾਂ ਉਹ ਬੜੀ ਖ਼ੁਸ਼ੀ ਅਤੇ ਉਤਸਾਹ ਨਾਲ ਤਿਆਰ ਹੋਣਗੇ ਕਿਉਂਕਿ ਉੱਥੇ ਉਨ੍ਹਾਂ ਨੂੰ ਖੇਡਣ ਅਤੇ ਝੂਲਿਆਂ ਵਿਚ ਝੂਟੇ ਲੈਣ, ਖੁੱਲ੍ਹੇ ਡੁੱਲ੍ਹੇ ਵਾਤਾਵਰਨ ਵਿਚ ਜਾਣ ਦਾ ਮੌਕਾ ਮਿਲਣਾ ਹੁੰਦਾ ਹੈ। ਇਸੇ ਕਰਕੇ ਉਸ ਦੀ ਰੁਚੀ ਇਸ ਪਾਸੇ ਵੱਲ ਵਧੇਰੇ ਹੁੰਦੀ ਹੈ ਕਿਉਂਕਿ ਬੱਚਿਆਂ ਦਾ ਕੁਦਰਤ ਨਾਲ ਬੜਾ ਗੂੜ੍ਹਾ ਰਿਸ਼ਤੇ ਹੁੰਦਾ ਹੈ। ਉਹ ਹਮੇਸ਼ਾ ਹੀ ਪਾਰਕ ਵਰਗੇ ਵਾਤਾਵਰਨ ਵਿਚ ਜਾਣ ਲਈ ਤਿਆਰ ਰਹਿੰਦੇ ਹਨ। ਜੇਕਰ ਅਜਿਹਾ ਮਾਹੌਲ ਬੱਚੇ ਨੂੰ ਆਪਣੇ ਸਕੂਲ ਅੰਦਰ ਵੀ ਮਿਲੇ ਤਾਂ ਉਹ ਕਦੇ ਵੀ ਸਕੂਲ ਜਾਣ ਤੋਂ ਨਾ ਘਬਰਾਏਗਾ ਤੇ ਤਣਾਅ ਨਾ ਮਹਿਸੂਸ ਕਰੇਗਾ।

ਬੱਚੇ ਨੂੰ ਖੁੱਲ੍ਹੇ-ਡੁੱਲ੍ਹੇ ਮਾਹੌਲ ਵਿਚ ਰੱਖਿਆ ਜਾਵੇਗਾ ਤਾਂ ਉਸ ਵਿਚ ਨਿੱਡਰ ਅਤੇ ਚੰਗੀ ਲੀਡਰਸ਼ਿਪ ਵਾਲੇ ਗੁਣ ਪੈਦਾ ਹੋਣਗੇ ਨਹੀਂ ਤਾਂ ਉਹ ਜਦੋਂ ਅੱਗੇ ਪੜ੍ਹਾਈ ਲਈ ਸਕੂਲ ਵਿਚ ਜਾਵੇਗਾ ਤਾਂ ਇੱਥੇ ਉਹ ਘਬਰਾਹਟ ਮਹਿਸੂਸ ਕਰਦਾ ਹੋਇਆ ਆਪਣੀ ਜ਼ਿੰਦਗੀ ਦੀ ਸ਼ੁਰੂਆਤ ਕਰੇਗਾ। ਕਈ ਵਾਰ ਅਜਿਹਾ ਵੀ ਹੁੰਦਾ ਹੈ ਕਿ ਅਜਿਹੇ ਮਾਹੌਲ ਵਿੱਚੋਂ ਆਏ ਬੱਚੇ ਬਿਮਾਰ ਵੀ ਰਹਿਣ ਲੱਗ ਜਾਂਦੇ ਹਨ। ਬੱਚੇ ਸਕੂਲ ਜਾਣ ਤੋਂ ਡਰਦੇ ਘਰ ਰਹਿਣ ਲਈ ਹਰ ਰੋਜ਼ ਕੋਈ ਨਾ ਕੋਈ ਬਹਾਨਾ ਲਗਾਉਂਦੇ ਹਨ ਤਾਂ ਕਿ ਸਕੂਲ ਜਾਣ ਤੋਂ ਬਚਿਆ ਜਾ ਸਕੇ।

ਇਸ ਲਈ ਬੱਚਿਆਂ ਦੀ ਮਾਸੂਮੀਅਤ ਦਾ ਅਤੇ ਉਸ ਦੇ ਭਵਿੱਖ ਦਾ ਧਿਆਨ ਰੱਖਦੇ ਹੋਏ ਅਜਿਹੇ ਸਕੂਲ ਚੁਣੇ ਜਾਣ ਜਿੱਥੇ ਉਨ੍ਹਾਂ ਦੀ ਨੀਂਹ ਚੰਗੀ ਤਰੀਕੇ ਨਾਲ ਸਥਾਪਤ ਹੋਵੇ। ਇਹ ਦੇਖਣਾ ਵੀ ਸਭ ਤੋਂ ਜ਼ਰੂਰੀ ਹੈ ਕਿ ਜਿੱਥੇ ਬੱਚੇ ਨੂੰ ਭੇਜ ਰਹੇ ਹਾਂ ਉੱਥੇ ਉਹ ਜਾਣਾ ਪਸੰਦ ਕਰਦਾ ਹੈ ਜਾਂ ਨਹੀਂ। ਖੁੱਲ੍ਹੇ ਵਾਤਾਵਰਨ ਅਤੇ ਵਧੀਆ ਖੇਡਾਂ ਲਈ ਪ੍ਰਬੰਧ ਕੀਤੇ ਹੋਣੇ ਚਾਹੀਦੇ ਹਨ ਤਾਂ ਬੱਚਿਆਂ ਅੰਦਰਲਾ ਡਰ/ਭੈਅ ਖ਼ਤਮ ਕੀਤਾ ਜਾ ਸਕੇ ਅਤੇ ਉਹ ਬੱਚਿਆਂ ਲਈ ਖਿੱਚ ਦਾ ਕੇਂਦਰ ਬਣਨ ਤਾਂ ਕਿ ਬੱਚੇ ਆਪਣੇ ਆਪ ਖ਼ੁਸ਼ੀ-ਖ਼ੁਸ਼ੀ ਸਕੂਲ ਜਾਣ ਤੇ ਆਪਣੀ ਜ਼ਿੰਦਗੀ ਵਿਚ ਤਰੱਕੀਆਂ ਕਰਨ।

**ਮੋਬਾਈਲ : 97810-48055**

### ਮਕਸਦ

*ਕਈ ਵਾਰ ਦੇਖਣ 'ਚ ਆਉਂਦਾ ਹੈ ਕਿ ਤੰਗ ਜਿਹੀ ਜਗ੍ਹਾ 'ਤੇ ਖੁੱਲ੍ਹੇ ਸਕੂਲਾਂ 'ਚ ਜਦੋਂ ਬੱਚੇ ਆਉਂਦੇ ਹਨ ਤਾਂ ਉੱਥੇ ਉਨ੍ਹਾਂ ਨੂੰ ਇਕ ਥਾਂ 'ਤੇ ਬਿਠਾਉਣ ਦੇ ਮਕਸਦ ਨਾਲ ਟੀਵੀ ਜਾਂ ਹੋਰ ਵੀਡਿਓ ਗੇਮਾਂ ਚਲਾ ਕੇ ਜਾਂ ਫਿਰ ਕੁਝ ਛੋਟੇ-ਛੋਟੇ ਖਿਡੌਣੇ ਦੇ ਕੇ ਇਕ ਜਗ੍ਹਾ ਉੱਪਰ ਜਾਂ ਕਮਰੇ ਵਿਚ ਰੱਖਣ ਨੂੰ ਪਹਿਲ ਦਿੱਤੀ ਜਾਂਦੀ ਹੈ। ਜੋ ਇਕ ਛੋਟੇ ਬੱਚੇ ਲਈ ਬੇਹੱਦ ਖ਼ਤਰਨਾਕ ਹੈ ਕਿਉਂਕਿ ਇਸ ਤਰ੍ਹਾਂ ਕਰਨ ਨਾਲ ਬੱਚੇ ਦੇ ਦਿਮਾਗ਼ ਦਾ ਦਾਇਰਾ ਸੀਮਤ ਜਿਹਾ ਹੋ ਕੇ ਰਹਿ ਜਾਂਦਾ ਹੈ ਜਿਸ ਦਾ ਉਸ ਦੇ ਮਾਨਸਿਕ ਵਿਕਾਸ 'ਤੇ ਗਹਿਰਾ ਪ੍ਰਭਾਵ ਪੈਂਦਾ ਹੈ।*



# ਮਨਫ਼ੀ ਹੋ ਰਿਹਾ ਰਿਸ਼ਤਿਆਂ ਵਿਚਲਾ ਨਿੱਘ



**ਡਾ. ਵਰਿੰਦਰਜੀਤ ਕੌਰ**
**98722-54081**

ਕੋਈ ਵੇਲਾ ਹੁੰਦਾ ਸੀ, ਜਦੋਂ ਆਪਣਿਆਂ ਅਤੇ ਪਰਾਇਆਂ ਵਿਚ ਬਹੁਤਾ ਫ਼ਰਕ ਨਹੀਂ ਹੁੰਦਾ ਸੀ। ਲੋਕ ਪੜ੍ਹੇ-ਲਿਖੇ ਘੱਟ ਪਰ ਨੇਕ ਹੁੰਦੇ ਸਨ। ਮਨੁੱਖੀ ਕਦਰਾਂ-ਕੀਮਤਾਂ ਦੀ ਉਨ੍ਹਾਂ ਨੂੰ ਜਾਚ ਸੀ। ਉਨ੍ਹਾਂ ਵੇਲਿਆਂ 'ਚ ਕੋਈ ਹੇਰ-ਫੇਰ ਨਹੀਂ ਸੀ ਅਤੇ ਮਨੁੱਖ ਦੂਜਿਆਂ ਦੇ ਨੇੜੇ ਹੋਣਾ ਆਪਣਾ ਹੱਕ ਸਮਝਦਾ ਸੀ। ਕਿਸੇ ਦੇ ਵੀ ਬੂਹੇ 'ਤੇ ਵੇਲੇ-ਕੁਵੇਲੇ ਦਸਤਕ ਦੇਣ ਲੱਗਿਆਂ ਸੋਚਣਾ ਨਹੀਂ ਸੀ ਪੈਂਦਾ। ਲੋਕ ਰੱਬ ਉੱਪਰ ਭਰੋਸਾ ਕਰਦੇ ਸਨ, ਪੈਸੇ ਦੀ ਬਜਾਏ ਰਿਸ਼ਤੇ ਕਮਾਉਣ ਵਿਚ ਯਕੀਨ ਰੱਖਦੇ ਸਨ। ਇਸੇ ਕਾਰਨ ਉਨ੍ਹਾਂ ਵੇਲਿਆਂ 'ਚ ਪਰਿਵਾਰਾਂ ਵਿਚ ਬਰਕਤਾਂ ਹੁੰਦੀਆਂ ਸਨ।

ਪਰ ਅਜੋਕੇ ਯੁੱਗ ਵਿਚ ਸਾਡੇ ਰਿਸ਼ਤਿਆਂ ਦੀ ਨੁਹਾਰ ਬਦਲ ਗਈ ਹੈ। ਅੱਜ ਰਿਸ਼ਤੇ ਹੰਢਣਸਾਰ ਨਹੀਂ ਰਹੇ, ਕਿਉਂਕਿ ਰਿਸ਼ਤੇ ਹੰਢਾਉਣ ਦਾ ਸਾਡੇ ਕੋਲ ਸਮਾਂ ਨਹੀਂ ਰਿਹਾ। ਸਾਦੇ ਅਤੇ ਸਧਾਰਨ ਲੋਕਾਂ ਦੀ ਸਾਡੀ ਜ਼ਿੰਦਗੀ ਵਿਚ ਕੋਈ ਬਹੁਤੀ ਅਹਿਮੀਅਤ ਨਹੀਂ ਰਹੀ। ਰਿਸ਼ਤਿਆਂ 'ਚੋਂ ਪਿਆਰ ਅਤੇ ਸਤਿਕਾਰ ਦੀ ਜਗ੍ਹਾ ਸ਼ਿਕਵੇ, ਸ਼ਿਕਾਇਤਾਂ ਤੇ ਨਫ਼ਰਤ ਲੈ ਰਹੇ ਹਨ। ਸਾਡੀ ਸੋਚ ਛੋਟੀ ਹੋ ਗਈ ਹੈ ਅਤੇ ਇਸ ਛੋਟੀ ਸੋਚ ਕਰਕੇ ਹੀ ਵੱਡੇ-ਵੱਡੇ ਰਿਸ਼ਤੇ ਕਮਜ਼ੋਰ ਹੋ ਰਹੇ ਹਨ। ਮਨੁੱਖ ਰਿਸ਼ਤੇ ਕਮਾਉਣ ਦੀ ਬਜਾਏ ਪੈਸਾ ਕਮਾਉਣ ਵਿਚ ਲੱਗਿਆ ਹੋਇਆ ਹੈ। ਇਸ ਪੈਸੇ ਦੀ ਦੌੜ ਵਿਚ ਹਉਮੈ ਉਸ ਦੇ ਕਿਰਦਾਰ ਉੱਪਰ ਹਾਵੀ ਹੁੰਦੀ ਜਾ ਰਹੀ ਹੈ। ਵੱਡੇ-ਵੱਡੇ ਮਕਾਨਾਂ ਵਿਚ ਰਹਿਣ ਵਾਲੇ ਲੋਕਾਂ ਲਈ ਘਰਾਂ ਦੀ ਪਰਿਭਾਸ਼ਾ ਬਦਲਦੀ ਜਾ ਰਹੀ ਹੈ। ਡਿਗਰੀਆਂ ਹਾਸਿਲ ਕਰ ਕੇ ਅਸੀਂ ਨੈਤਿਕ ਕਦਰਾਂ-ਕੀਮਤਾਂ ਭੁਲਦੇ ਜਾ ਰਹੇ ਹਾਂ। ਸੋਚਣ ਵਾਲੀ ਗੱਲ ਹੈ ਕਿ ਅੱਜ ਕਿੰਨੇ ਕੁ ਲੋਕ ਅਜਿਹੇ ਹਨ, ਜਿਨ੍ਹਾਂ ਨਾਲ ਅਸੀਂ ਬਿਨਾਂ ਸੰਕੋਚ ਗੱਲਬਾਤ ਕਰ ਸਕਦੇ ਹਾਂ, ਜਾਂ ਜਿਨ੍ਹਾਂ ਦੇ ਘਰਾਂ ਵਿਚ ਅਸੀਂ ਬਿਨਾਂ ਦੱਸਿਆ ਵੇਲੇ-ਕੁਵੇਲੇ ਜਾ ਸਕਦੇ ਹਾਂ। ਅੱਜ ਹਰ ਤਰ੍ਹਾਂ ਦੀਆਂ ਸੁੱਖ ਸਹੂਲਤਾਂ ਹੋਣ ਦੇ ਬਾਵਜੂਦ ਮਨੁੱਖ ਆਪਣੇ-ਆਪ ਨੂੰ ਖ਼ੁਸ਼ ਤੇ ਰੱਜਿਆ ਹੋਇਆ ਮਹਿਸੂਸ ਕਿਉਂ ਨਹੀਂ ਕਰ ਰਿਹਾ? ਰਿਸ਼ਤਿਆਂ ਦੀਆਂ ਤੰਦਾਂ ਕਮਜ਼ੋਰ ਕਿਉਂ ਹੁੰਦੀਆਂ ਜਾ ਰਹੀਆਂ ਹਨ? ਅੱਜ ਦਾ ਮਨੁੱਖ ਰਿਸ਼ਤਿਆਂ ਦਾ ਨਿੱਘ ਕਿਉਂ ਨਹੀਂ ਮਾਣ ਰਿਹਾ?

ਰਿਸ਼ਤੇ ਮੂਲ ਰੂਪ ਵਿਚ ਦੋ ਤਰ੍ਹਾਂ ਦੇ ਹੁੰਦੇ ਹਨ। ਪਹਿਲੀ ਤਰ੍ਹਾਂ ਦੇ ਰਿਸ਼ਤੇ ਉਹ ਹੁੰਦੇ ਹਨ, ਜਿਹੜੇ ਸਾਨੂੰ ਪਰਮਾਤਮਾ ਵੱਲੋਂ ਵਰਦਾਨ ਦੇ ਰੂਪ 'ਚ ਮਿਲਦੇ ਹਨ। ਇਨ੍ਹਾਂ ਰਿਸ਼ਤਿਆਂ ਨੂੰ ਅਸੀਂ ਚਾਹ ਕੇ ਵੀ ਬਦਲ ਨਹੀਂ ਸਕਦੇ। ਜਿਵੇਂ ਸਾਡਾ ਆਪਣੇ ਮਾਂ-ਬਾਪ, ਭੈਣ-ਭਰਾਵਾਂ ਅਤੇ ਬੱਚਿਆਂ ਨਾਲ ਰਿਸ਼ਤਾ। ਇਨ੍ਹਾਂ ਰਿਸ਼ਤਿਆਂ ਨੂੰ ਮਿਲਾ ਕੇ ਸਾਡਾ ਪਰਿਵਾਰ ਬਣਦਾ ਹੈ। ਪਰਿਵਾਰ, ਜੋ ਹਰ ਦੁੱਖ-ਸੁੱਖ ਵਿਚ ਸਾਡੇ ਨਾਲ ਰਹਿੰਦਾ ਹੈ ਅਤੇ ਜਿੱਥੇ ਅਸੀਂ ਸਮਝੌਤੇ ਕਰਨ ਅਤੇ ਦੂਜਿਆਂ ਦਾ ਧਿਆਨ ਰੱਖਣ ਦਾ ਪਹਿਲਾ ਤੇ ਪੱਕਾ ਸਬਕ ਸਿੱਖਦੇ ਹਾਂ। ਪਰਿਵਾਰ ਸਿਰਫ਼ ਇਕ ਮਹਿਸੂਸ ਕਰਨ ਵਾਲਾ ਸੰਕਲਪ ਹੈ। ਸੋ ਪਰਿਵਾਰਕ ਰਿਸ਼ਤਿਆਂ ਲਈ ਸਾਨੂੰ ਆਪਣੇ-ਆਪ ਨਾਲ ਜਾਂ ਰੱਬ ਨਾਲ ਕੋਈ ਗਿਲ਼ਾ-ਸ਼ਿਕਵਾ ਨਹੀਂ ਹੋਣਾ ਚਾਹੀਦਾ। ਜੇਕਰ ਅਸੀਂ ਅਜਿਹਾ ਕਰਦੇ ਹਾਂ ਤਾਂ ਅਸੀਂ ਕੁਦਰਤ ਦੇ ਉਲਟ ਹੋਣ ਦਾ ਸਬੂਤ ਦੇ ਰਹੇ ਹਾਂ। ਜਿੰਨਾ ਜ਼ਿਆਦਾ ਅਸੀਂ ਕੁਦਰਤ ਦੇ ਉਲਟ ਜਾਵਾਂਗੇ, ਉਨ੍ਹਾਂ ਹੀ ਅਸੀਂ ਪਰਮਾਤਮਾ ਤੋਂ ਦੂਰ ਹੁੰਦੇ ਜਾਵਾਂਗੇ। ਇਸ ਦੇ ਉਲਟ ਦੂਜੀ ਤਰ੍ਹਾਂ ਦੇ ਰਿਸ਼ਤੇ ਉਹ ਹੁੰਦੇ ਹਨ, ਜਿਨ੍ਹਾਂ ਨੂੰ ਸਿਰਜਣਾ ਕਿਸੇ ਹੱਦ ਤਕ ਸਾਡੇ ਆਪਣੇ ਹੱਥ ਵਿਚ ਹੁੰਦਾ ਹੈ। ਜਿਵੇਂ ਦੋਸਤ ਬਣਾਉਣਾ ਅਤੇ ਆਪਣਾ ਜੀਵਨ ਸਾਥੀ ਚੁਣਨਾ ਸਾਡੇ ਆਪਣੇ ਉੱਪਰ ਨਿਰਭਰ ਕਰਦਾ ਹੈ। ਚੰਗੇ ਦੋਸਤ ਅਤੇ ਚੰਗਾ ਜੀਵਨ ਸਾਥੀ ਸਾਡੀ ਜ਼ਿੰਦਗੀ 'ਚ ਰਸ ਘੋਲ਼ ਦਿੰਦੇ ਹਨ। ਇਨ੍ਹਾਂ ਦੇ ਹੋਣ ਦਾ ਅਹਿਸਾਸ ਸਾਨੂੰ ਅੰਦਰੂਨੀ ਤਲੱਖਸ ਬਖ਼ਸ਼ਦਾ ਹੈ। ਦੋਵਾਂ ਤਰ੍ਹਾਂ ਦੇ ਰਿਸ਼ਤੇ ਪਿਆਰ, ਮੋਹ, ਸਹਿਜ ਅਤੇ ਸਹਿਯੋਗ ਨਾਲ ਬਣਦੇ ਹਨ। ਜਿੰਨੀ ਜ਼ਿਆਦਾ ਇਨ੍ਹਾਂ ਰਿਸ਼ਤਿਆਂ ਵਿਚ ਸਹਿਜਤਾ ਹੋਵੇਗੀ ਓਨੀ ਹੀ ਇਨ੍ਹਾਂ ਰਿਸ਼ਤਿਆਂ ਦੀ ਉਮਰ ਲੰਬੀ ਤੇ ਮਾਣਯੋਗ ਹੋਵੇਗੀ। ਸੋ ਲੋੜ ਹੈ ਕਿ ਇਨ੍ਹਾਂ ਰਿਸ਼ਤਿਆਂ ਨੂੰ ਬਣਦਾ ਪਿਆਰ ਤੇ ਸਤਿਕਾਰ ਦਿੱਤਾ ਜਾਵੇ ਅਤੇ ਆਪਣੇ ਵੱਲੋਂ ਪੂਰੀ ਇਮਾਨਦਾਰੀ ਨਾਲ ਨਿਭਾਇਆ ਜਾਵੇ।

ਇਹ ਜ਼ਿੰਦਗੀ ਸਾਨੂੰ ਪਰਮਾਤਮਾ ਵੱਲੋਂ ਦਿੱਤਾ ਗਿਆ ਅਨਮੋਲ ਤੋਹਫ਼ਾ ਹੈ। ਇਸ ਤੋਹਫ਼ੇ ਵਿਚ ਸਾਨੂੰ ਚੰਗੇ-ਮਾੜੇ ਹਰ ਤਰ੍ਹਾਂ ਦੇ ਲੋਕ ਮਿਲਦੇ ਹਨ। ਪਰ ਅਫ਼ਸੋਸ, ਅਸੀਂ ਸਾਰੀ ਉਮਰ ਜ਼ਿੰਦਗੀ ਨਾਲ ਲੜਦੇ ਰਹਿੰਦੇ ਹਾਂ, ਪਰਮਾਤਮਾ ਨਾਲ ਗਿਲ਼ੇ-ਸ਼ਿਕਵੇ ਕਰਦੇ ਹਾਂ, ਪੈਸੇ ਪਿੱਛੇ ਭੱਜਦੇ ਹਾਂ ਅਤੇ ਕਈ ਵਾਰ ਕੁਝ ਗ਼ਲਤਫਹਿਮੀਆਂ ਅਤੇ ਆਪਣੀ ਹਉਮੈ ਕਰਕੇ ਬੇਸ਼ੁਮਾਰ ਕੀਮਤੀ ਰਿਸ਼ਤੇ ਵੀ ਤੋੜ ਦਿੰਦੇ ਹਾਂ। ਆਖ਼ਿਰ ਇਹ ਸਭ ਕੁਝ ਅਸੀਂ ਕਿਸ ਵਾਸਤੇ ਕਰ ਰਹੇ ਹਾਂ? ਕੀ ਸਾਡੀ ਜ਼ਿੰਦਗੀ ਦਾ ਮਕਸਦ ਐਨਾ ਛੋਟਾ ਰਹਿ ਗਿਆ ਹੈ? ਜ਼ਿੰਦਗੀ ਨੂੰ ਖ਼ੂਬਸੂਰਤ ਬਣਾਉਣ ਲਈ ਅਤੇ ਰਿਸ਼ਤਿਆਂ ਨੂੰ ਸਲੀਕੇ ਨਾਲ ਨਿਭਾਉਣ ਲਈ ਸਾਨੂੰ ਕੁਝ ਛੋਟੀਆਂ ਪਰ ਜ਼ਰੂਰੀ ਗੱਲਾਂ ਦਾ ਧਿਆਨ ਰੱਖਣਾ ਪਵੇਗਾ। ਜਿਵੇਂ ਸਭ ਤੋਂ ਪਹਿਲਾਂ ਪਰਮਾਤਮਾ ਉੱਪਰ ਭਰੋਸਾ ਕਰਨਾ ਪਵੇਗਾ। ਮੰਨਣਾ ਪਵੇਗਾ ਕਿ ਜਿਸ ਪਰਮਾਤਮਾ ਨੇ ਇਸ ਦੁਨੀਆ ਵਿਚ ਭੇਜਿਆ ਹੈ ਉਸ ਨੂੰ ਸਾਡਾ ਫ਼ਿਕਰ ਹੈ। ਦੂਜਾ, ਸਾਨੂੰ ਆਪਣੇ ਅੰਦਰ ਦੂਜਿਆਂ ਨੂੰ ਮਾਫ਼ ਕਰਨ ਦੀ ਭਾਵਨਾ ਅਤੇ ਹਿੰਮਤ ਜਗਾਉਣੀ ਪਵੇਗੀ। ਤੀਜਾ, ਉਨ੍ਹਾਂ ਰਿਸ਼ਤਿਆਂ ਅਤੇ ਸਥਿਤੀਆਂ 'ਚੋਂ ਖ਼ੁਸ਼ੀ ਲੱਭਣੀ ਪਵੇਗੀ ਜੋ ਸਾਡੇ ਕੋਲ ਹਨ।

ਸਮੇਂ ਦੀ ਮੰਗ ਹੈ ਕਿ ਅਸੀਂ ਖ਼ੁਦ ਉੱਚੀਆਂ ਕਦਰਾਂ-ਕੀਮਤਾਂ ਦੇ ਧਾਰਨੀ ਬਣੀਏ ਕਿਉਂਕਿ ਜਿਸ ਸਮਾਜ ਵਿਚ ਮਾਪੇ ਉੱਚੀਆਂ ਕਦਰਾਂ-ਕੀਮਤਾਂ ਦੇ ਧਾਰਨੀ ਹੋਣਗੇ, ਉਸ ਸਮਾਜ ਦੇ ਬੱਚਿਆਂ ਨੂੰ ਨੈਤਿਕ ਕਦਰਾਂ ਕੀਮਤਾਂ ਦੇ ਲੈਕਚਰ ਸੁਣਨ ਦੀ ਜ਼ਰੂਰਤ ਨਹੀਂ ਪਵੇਗੀ। ਆਪਣੇ-ਆਪ ਨੂੰ ਝੂਠ, ਬੇਇਮਾਨੀ, ਦਿਖਾਵੇ, ਸ਼ਿਕਾਇਤਾਂ ਅਤੇ ਨਫ਼ਰਤ ਤੋਂ ਦੂਰ ਰੱਖ ਕੇ ਸੱਚ, ਇਮਾਨਦਾਰੀ, ਸਬਰ ਅਤੇ ਖ਼ਿਮਾ ਦਾ ਪੱਲਾ ਫੜੀਏ। ਨੇਕ ਬੰਦਿਆਂ ਦੀ ਸੰਗਤ ਕਰੀਏ । ਬੱਚਿਆਂ ਦੀਆਂ ਵਸਤਾਂ ਪ੍ਰਤੀ ਖ਼ਾਹਿਸ਼ਾਂ ਘਟਾ ਕੇ ਉਨ੍ਹਾਂ 'ਚ ਉਸਾਰੂ ਕਦਰਾਂ-ਕੀਮਤਾਂ ਉਪਜਾਈਏ। ਬੱਚਿਆਂ ਲਈ ਪੈਸਾ ਜੋੜਨ ਦੀ ਬਜਾਏ ਉਨ੍ਹਾਂ ਨੂੰ ਐਨੇ ਲਾਇਕ ਤੇ ਕਾਬਿਲ ਬਣਾਈਏ ਕਿ ਉਹ ਆਪਣੀਆਂ ਜ਼ਰੂਰਤਾਂ ਆਪ ਪੂਰੀਆਂ ਕਰ ਸਕਣ। ਪੈਸਾ ਕਮਾਉਣ ਦੀ ਬਜਾਏ ਨੇਕ, ਸੁਚੇਤ ਤੇ ਸ਼ਕਤੀਸ਼ਾਲੀ ਰਿਸ਼ਤੇ ਸਿਰਜੀਏ ਤੇ ਬੱਚਿਆਂ ਨੂੰ ਵੀ ਰਿਸ਼ਤਿਆਂ ਦੀ ਅਹਿਮੀਅਤ ਸਮਝਾਈਏ। ਜਿੱਥੇ ਰਿਸ਼ਤੇ ਪਿਆਰ ਅਤੇ ਅਪਣੱਤ ਵਾਲੇ ਹੋਣਗੇ, ਉੱਥੇ ਦੁੱਖ ਸੁੱਖਾਂ ਵਿਚ ਬਦਲ ਜਾਣਗੇ ਅਤੇ ਉੱਥੇ ਸਾਡਾ ਰਿਸ਼ਤਾ ਪਰਮਾਤਮਾ ਨਾਲ ਵੀ ਸੁਖਾਵਾਂ ਹੋਵੇਗਾ। ਇਨ੍ਹਾਂ ਨਿੱਕੇ-ਨਿੱਕੇ ਯਤਨਾਂ ਸਦਕਾ ਅਸੀਂ ਇਕ ਚੰਗੇ ਅਤੇ ਉਸਾਰੂ ਸਮਾਜ ਦੀ ਸਿਰਜਣਾ ਵਿਚ ਆਪਣਾ ਯੋਗਦਾਨ ਦੇ ਸਕਦੇ ਹਾਂ।



# ਕੁਦਰਤ ਦੀ ਅਨਮੁੱਲੀ ਦਾਤ ਗੁੜ

**ਸਤਨਾਮ ਸਿੰਘ ਮੱਟੂ**



ਸੜਕਾਂ ਕਿਨਾਰੇ ਚਲਦੀਆਂ ਘਲਾੜੀਆਂ (ਵੇਲਣਿਆਂ) ਨੂੰ ਦੇਖ ਕੇ ਇਹ ਗੀਤ ਜ਼ਰੂਰ ਯਾਦ ਆ ਜਾਂਦਾ ਹੈ ਜੋ ਸ਼ਾਇਦ ਇਸ ਤਰ੍ਹਾਂ ਸੀ :

ਚਿੱਤ ਕਰਦਾ ਘਲਾੜੀ ਵਾਲਾ ਹਾਣੀਆ
ਵੇ ਤੱਤਾ ਤੱਤਾ ਗੁੜ ਖਾਣ ਨੂੰ...

ਇਹ ਗੀਤ ਨੂੰ ਸੁਣਦਿਆਂ ਹੀ ਮੂੰਹ ਵਿਚ ਪਾਣੀ ਆ ਜਾਂਦਾ ਹੈ। ਜੇ ਕਿਤੇ ਚੱਕ ਵਿਚ ਤੱਤਾ ਤੱਤਾ ਗੁੜ ਸਾਹਮਣੇ ਪਿਆ ਦੇਖ ਕੇ ਖਾਣ ਨੂੰ ਦਿਲ ਲਲਚਾ ਜਾਂਦਾ ਹੈ। ਲੱਖ ਰੋਕਾਂ ਵੀ ਪੰਜਾਬੀਆਂ ਨੂੰ ਮਿੱਠਾ ਖਾਣ ਤੋਂ ਨਹੀਂ ਰੋਕ ਸਕਦੀਆਂ, ਪਰ ਜਦੋਂ ਮਿੱਠਾ ਗੁੜ ਹੋਵੇ ਅਤੇ ਉਹ ਵੀ ਗਰਮ ਗਰਮ ਫਿਰ ਤਾਂ ਸੋਨੇ ਤੇ ਸੁਹਾਗੇ ਵਾਲੀ ਗੱਲ ਹੋ ਜਾਂਦੀ ਹੈ।

ਗੁੜ ਪੰਜਾਬੀ ਸੱਭਿਆਚਾਰ ਦਾ ਅਟੁੱਟ ਅਤੇ ਅਨਿੱਖੜਵਾਂ ਅੰਗ ਹੈ। ਇਹ ਸਾਨੂੰ ਕੁਦਰਤ ਦੀ ਬਖਸ਼ੀ ਨਿਆਮਤ ਹੈ। ਚੀਨੀ ਕਲਚਰ ਤੋਂ ਪਹਿਲਾਂ ਪਿੰਡਾਂ ਵਿਚ ਮਿੱਠੇ ਵਜੋਂ ਗੁੜ ਜਾਂ ਸ਼ੱਕਰ ਦੀ ਸਰਦਾਰੀ ਸੀ। ਗੁੜ ਦੀ ਚਾਹ, ਗੁੜ ਦੇ ਚੌਲ, ਗੁੜ ਜਾਂ ਗੰਨੇ ਦੇ ਰਸ ਦੀ ਖੀਰ ਆਮ ਘਰਾਂ ਵਿਚ ਬਣਾ ਕੇ ਬੜੇ ਚਾਵਾਂ ਮਲਾਰਾਂ ਨਾਲ ਖਾਏ ਜਾਂਦੇ ਸਨ। ਗੁੜ ਜਾਂ ਸ਼ੱਕਰ ਨਾਲ ਬਣੀ ਚਾਹ ਨੂੰ ਕੱਚੇ ਮਿੱਠੇ ਦੀ ਚਾਹ ਕਿਹਾ ਜਾਂਦਾ ਸੀ ਅਤੇ ਚੀਨੀ ਜਾਂ ਖੰਡ ਨੂੰ ਪੱਕਾ ਮਿੱਠਾ। ਘਰ ਆਏ ਪ੍ਰਾਹੁਣੇ ਨੂੰ ਸਤਿਕਾਰ ਵਜੋਂ ਪੱਕੇ ਮਿੱਠੇ ਦੀ ਚਾਹ ਦਿੱਤੀ ਜਾਂਦੀ ਸੀ। ਜਿਵੇਂ ਹੀ ਸਮੇਂ ਨੇ ਕਰਵੱਟ ਲਈ ਤਾਂ ਲੋਕਾਂ 'ਚ ਚੀਨੀ ਦਾ ਚਾਹ ਦਾ ਰਿਵਾਜ ਪ੍ਰਫੁੱਲਤ ਹੋ ਗਿਆ। ਪੰਜਾਬੀ ਦੇਸੀ ਲੋਕਾਂ ਨੇ ਗੁੜ ਬਣਾਉਣਾ ਬੰਦ ਕਰ ਦਿੱਤਾ ਤੇ ਗੰਨਾ ਖੰਡ ਮਿੱਲਾਂ ਵੱਲ ਜਾਣ ਲੱਗ ਪਿਆ ਪਰ ਮਿੱਠੇ ਚੋਂ ਗੁੜ ਦੀ ਸਰਦਾਰੀ ਕਾਇਮ ਰਹੀ। ਬੇਸ਼ੱਕ ਲੋਕਲ ਗੁੜ ਬਣਾਉਣ ਦੇ ਕਾਰੀਗਰ ਘੱਟ ਗਏ ਪਰ ਯੂਪੀ ਬਿਹਾਰ ਤੋਂ ਆ ਕੇ ਕਾਰੀਗਰ ਇਸ ਕੰਮ ਵਿਚ ਜੁਟ ਗਏ ਅਤੇ ਗੁੜ , ਸ਼ੱਕਰ ਮੁੜ ਤੋਂ ਪੰਜਾਬੀਆਂ ਦੇ ਘਰਾਂ ਦਾ ਸ਼ਿੰਗਾਰ ਬਣਨ ਲੱਗ ਗਿਆ ਹੈ। ਲੋਕਾਂ ਦਾ ਚੀਨੀ ਵੱਲੋਂ ਰੁਝਾਨ ਘੱਟ ਕੇ ਗੁੜ ਸ਼ੱਕਰ ਵੱਲ ਹੋ ਗਿਆ ਹੈ।

ਅੱਜ ਤੁਹਾਡੇ ਨਾਲ ਗੁੜ ਬਣਾਉਣ ਦੀ ਪ੍ਰਕਿਰਿਆ ਸਾਂਝੀ ਕਰਨ ਲੱਗਾ ਹਾਂ। ਸਖ਼ਤ ਮੁਸ਼ੱਕਤ ਤੋਂ ਬਾਅਦ ਜੀਅ ਲਲਚਾਉਣ ਵਾਲਾ ਤੱਤਾ ਤੱਤਾ ਗੁੜ ਸਾਡੇ ਤਕ ਪਹੁੰਚਦਾ ਹੈ। ਦੁਸਹਿਰੇ ਤੋਂ ਬਾਅਦ ਗੰਨੇ ਵਿਚ ਪੂਰਾ ਰਸ ਭਰ ਜਾਂਦਾ ਹੈ। ਸਿਆਲ ਦੀ ਰੁੱਤ ਸ਼ੁਰੂ ਹੁੰਦੇ ਹੀ ਘਲਾੜੀਆਂ ਦੀ ਰਿਪੇਅਰ ਕਰਕੇ ਗੁੜ ਬਣਾਉਣ ਦਾ ਕਾਰਜ ਅਰੰਭ ਕਰ ਦਿੱਤਾ ਜਾਂਦਾ ਹੈ। ਲਹਿਲਹਾਉਂਦੇ ਕਮਾਦ ਦੇ ਖੇਤ ਚੋਂ ਗੰਨੇ ਨੂੰ ਖਪਰੇ ਨਾਮੀ ਸੰਦ ਨਾਲ ਜੜ੍ਹ ਤੋਂ ਵੱਢ ਲਿਆ ਜਾਂਦਾ ਹੈ। ਪਿੰਡਾਂ ਦੇ ਬੇਜ਼ਮੀਨੇ ਲੋਕ ਇਨ੍ਹਾਂ ਕੱਟੇ ਹੋਏ ਗੰਨਿਆਂ ਤੋਂ ਦਾਤੀਆਂ ਨਾਲ ਸੁੱਕੇ ਪੱਤ ਛਿੱਲ ਕੇ ਅਤੇ ਉੱਪਰੋਂ ਕੱਚਾ ਗੰਨਾ ਅਤੇ ਹਰੇ ਪੱਤੇ ਵੱਢ ਕੇ ਢੇਰ ਲਗਾ ਦਿੰਦੇ ਹਨ। ਇਸ ਸੁੱਕੇ ਪੱਤਿਆਂ ਨੂੰ ਆਮ ਬੋਲੀ 'ਚ ਖੋਰੀ ਕਿਹਾ ਜਾਂਦਾ ਹੈ ਅਤੇ ਹਰੇ ਪੱਤਿਆਂ ਨੂੰ ਆਗ। ਉਨ੍ਹਾਂ ਵੱਢੇ ਅਤੇ ਸੰਵਾਰੇ 20-20, 25-25 ਗੰਨਿਆਂ ਨੂੰ ਬੰਨ੍ਹ ਲਿਆ ਜਾਂਦਾ ਹੈ। ਜਿਸ ਨੂੰ ਭਰੇ ਕਿਹਾ ਜਾਂਦਾ ਹੈ।

ਛਿੱਲੇ ਗੰਨਿਆਂ ਦੇ ਵੱਢੇ ਪੱਤਿਆਂ ਭਾਵ ਆਗਾਂ ਨੂੰ ਪਸ਼ੂਆਂ ਦੇ ਚਾਰੇ ਲਈ ਵਰਤਿਆ ਜਾਂਦਾ ਹੈ। ਮਿਠਾਸ ਹੋਣ ਕਾਰਨ ਪਸ਼ੂ ਇਸ ਦੇ ਟੋਕੇ ਨੂੰ ਬਹੁਤ ਚਾਅ ਨਾਲ ਖਾਂਦੇ ਹਨ। ਗੰਨਿਆਂ ਦੇ ਬੰਨ੍ਹੇ ਪੂਲੇ ਜਾਂ ਭਰਿਆਂ ਨੂੰ ਗੱਡੇ ਜਾਂ ਟਰੈਕਟਰ-ਟਰਾਲੀ 'ਤੇ ਲੱਦ ਕੇ ਘਲਾੜੀ ਤਕ ਢੋਇਆ ਜਾਂਦਾ ਹੈ। ਕਈ ਜਗ੍ਹਾ ਘਲਾੜੀ ਨੂੰ ਵੇਲਣਾ ਵੀ ਕਹਿੰਦੇ ਹਨ।

ਇਸ ਤੋਂ ਬਾਅਦ ਗੰਨਿਆਂ ਨੂੰ ਇਕੱਲਾ ਇਕੱਲਾ ਕਰ ਕੇ ਘਲਾੜੀ ਵਿਚ ਪੀੜਿਆ ਜਾਂ ਨਪੀੜਿਆ ਜਾਂਦਾ ਹੈ। ਇਸ ਵਿੱਚੋਂ ਨਿੱਕਲੇ ਤਰਲ ਪਦਾਰਥ ਨੂੰ ਰਸ ਜਾਂ ਰਹੁ ਕਿਹਾ ਜਾਂਦਾ ਹੈ ਅਤੇ ਰਸ ਕੱਢਣ ਤੋਂ ਬਾਅਦ ਬਚੇ ਸਖ਼ਤ ਪਦਾਰਥ ਨੂੰ ਪੱਛੀ ਕਹਿੰਦੇ ਹਨ। ਇਸ ਨੂੰ ਸੁਕਾ ਕੇ ਗੁੜ ਪਕਾਉਣ ਲਈ ਬਾਲਣ ਵਜੋਂ ਵਰਤ ਲਿਆ ਜਾਂਦਾ ਹੈ। ਰਸ ਨੂੰ ਪੀਣ ਦਾ ਆਪਣਾ ਵੱਖਰਾ ਹੀ ਸਵਾਦ ਹੈ। ਅੱਜ ਕੱਲ੍ਹ ਗੰਨੇ ਦਾ ਰਸ ਬਾਜ਼ਾਰਾਂ ਵਿਚ ਵੀ ਰੇਹੜੀਆਂ ਤੇ ਆਮ ਵਿਕਦਾ ਹੈ। ਇਸ ਨੂੰ ਹੋਰ ਸਵਾਦ ਬਣਾਉਣ ਲਈ ਇਸ ਵਿਚ ਪੁਦੀਨਾ, ਅਦਰਕ, ਨਿੰਬੂ, ਕਾਲਾ ਨਮਕ ਪਾਇਆ ਜਾਂਦਾ ਹੈ, ਜੋ ਸਿਹਤ ਲਈ ਅਣਮੁੱਲੀ ਦਾਤ ਹੈ।

ਗੰਨੇ ਦੇ ਰਸ ਤੋਂ ਬਹੁਤ ਹੀ ਮਜ਼ੇਦਾਰ ਖੀਰ ਬਣਾਈ ਜਾ ਸਕਦੀ ਹੈ, ਜਿਸ ਦੇ ਸਵਾਦ ਦਾ ਮੁਕਾਬਲਾ ਹੋਰ ਦੁੱਧ ਤੋਂ ਬਣੀ ਖੀਰ ਵੀ ਨਹੀਂ ਕਰ ਸਕਦੀ। ਗੰਨੇ 'ਚੋਂ ਕੱਢੇ ਰਸ ਨੂੰ ਗੁੜ ਬਣਾਉਣ ਲਈ ਕੜਾਹੇ ਵਿਚ ਪਾ ਕੇ ਭੱਠੀ ਉੱਪਰ ਲੋੜ ਮੁਤਾਬਿਕ ਗਰਮ ਕੀਤਾ ਜਾਂਦਾ ਹੈ। ਇਸ ਗਰਮ ਰਸ ਨੂੰ ਲਾਹਣ ਕਿਹਾ ਜਾਂਦਾ ਹੈ। ਰਸ ਨੂੰ ਉਸ ਸਮੇਂ ਤਕ ਮੱਠੇ ਮੱਠੇ ਸੇਕ ਤੇ ਗਰਮ ਕੀਤਾ ਜਾਂਦਾ ਹੈ, ਜਦੋਂ ਤਕ ਉਹ ਕੜ੍ਹਕੇ ਲਾਲ ਜਾਂ ਭੂਰੇ ਰੰਗ ਵਿਚ ਨਾ ਬਦਲ ਕੇ ਗਰੀਸ ਵਰਗਾ ਸੰਘਣਾ ਨਾ ਹੋ ਜਾਵੇ। ਗਰਮ ਕਰਦੇ ਸਮੇਂ ਲਾਹਣ ਉੱਪਰੋਂ ਮੈਲ ਉਤਾਰਦੇ ਰਹਿਣਾ ਪੈਂਦਾ ਹੈ ਤਾਂ ਕਿ ਗੁੜ ਦਾ ਰੰਗ ਗੂੜ੍ਹੇ ਦੀ ਬਜਾਇ ਹਲਕਾ ਭੂਰਾ ਹੋ ਜਾਵੇ। ਇਸ ਤਿਆਰ ਹੋਏ ਗੁੜ ਨੂੰ ਲੱਕੜ ਦੇ ਚੱਕ ਵਿਚ ਪਾ ਕੇ ਠੰਡਾ ਕੀਤਾ ਜਾਂਦਾ ਹੈ ਅਤੇ ਲੋੜ ਮੁਤਾਬਿਕ ਵੱਡੀਆਂ ਜਾਂ ਛੋਟੀਆਂ ਭੇਲੀਆਂ ਬਣਾਈਆਂ ਜਾਂਦੀਆਂ ਹਨ। ਬੱਸ ਇਸ ਸਮੇਂ ਗਰਮ ਗਰਮ ਗੁੜ ਖਾਣ ਦਾ ਮਜ਼ਾ ਹੀ ਅਲੱਗ ਹੈ। ਆਲੂ, ਗਾਜਰ ਜਾਂ ਸ਼ੱਕਰਗੰਦੀ ਨੂੰ ਉੱਬਲਦੇ ਲਾਹਣ ਸੁੱਟ ਕੇ ਅਤੇ ਪਕਾ ਕੇ ਖਾਣ ਦਾ ਅਲੱਗ ਹੀ ਆਨੰਦ ਹੈ।

ਇਕ ਵਾਰ ਦੇ ਲਾਹਣ ਵਿੱਚੋਂ 25 ਤੋਂ 30 ਕਿਲੋ ਗੁੜ ਬਣਦਾ ਹੈ। ਜੇਕਰ ਸ਼ੱਕਰ ਬਣਾਉਣੀ ਹੋਵੇ ਤਾਂ ਲਾਹਣ ਨੂੰ ਗੁੜ ਨਾਲੋਂ ਜ਼ਿਆਦਾ ਦੇਰ ਤਕ ਪਕਾਉਣਾ ਪੈਂਦਾ ਹੈ। ਪਰ ਕਈ ਲੋਕ ਇਸ ਨੂੰ ਵਪਾਰਕ ਨਜ਼ਰੀਏ ਤੋਂ ਬਣਾਉਣ ਲਈ ਇਸ ਵਿਚ ਰਸਾਇਣਕ ਪਦਾਰਥ ਪਾ ਕੇ ਇਸ ਦੇ ਰੰਗ ਅਤੇ ਸਵਾਦ ਨੂੰ ਵਧੀਆ ਕਰਨ ਲਈ, ਇਨਸਾਨੀਅਤ ਦਾ ਘਾਣ ਕਰਦੇ ਹਨ।

ਅੱਜ ਕੱਲ੍ਹ ਵੀ ਲੋਕਾਂ ਵਿਚ ਸ਼ੱਕਰ ਜਾਂ ਗੁੜ ਦੀ ਚਾਹ ਪੀਣ ਦਾ ਰੁਝਾਨ ਕਾਫ਼ੀ ਵਧ ਗਿਆ ਹੈ। ਸੜਕਾਂ ਕਿਨਾਰੇ ਚਲਦੀਆਂ ਘਲਾੜੀਆਂ 'ਤੇ ਲੋਕ ਸ਼ੱਕਰ, ਗੁੜ ਖ਼ਰੀਦ ਦੇ ਆਮ ਦੇਖੇ ਜਾ ਸਕਦੇ ਹਨ। ਚੀਨੀ ਦੀ ਚਾਹ ਹੁਣ ਚੰਗੀ ਨਹੀਂ ਲੱਗਦੀ ਕਹਿ ਕੇ ਜਾਂ ਸ਼ੂਗਰ ਦੇ ਰੋਗੀ ਸ਼ੱਕਰ, ਗੁੜ ਦੀ ਚਾਹ ਨੂੰ ਤਰਜੀਹ ਦੇਣ ਲੱਗ ਪਏ ਹਨ। ਚਾਹੇ ਕੁੱਝ ਵੀ ਹੋਵੇ ਤੱਤੇ ਤੱਤੇ ਗੁੜ ਦਾ ਮੁਕਾਬਲਾ ਦੁਨੀਆ ਦੀ ਕੋਈ ਵੀ ਮਠਿਆਈ ਨਹੀਂ ਕਰ ਸਕਦੀ। ਜਿਸ ਨੇ ਵੀ ਤੱਤੇ ਤੱਤੇ ਗੁੜ ਦਾ ਸੁਆਦ ਚੱਖ ਲਿਆ ਉਹ ਇਸ ਜਨਮ 'ਚ ਤਾਂ ਇਸ ਦੇ ਸੁਆਦ ਨੂੰ ਨਹੀਂ ਭੁੱਲ ਸਕਦਾ।

**ਮੋਬਾਈਲ : 97797-08257**

### ਸ਼ੱਕਰ ਜਾਂ ਗੁੜ

*ਰੋਟੀ ਤੋਂ ਪਿੱਛੋਂ ਸ਼ੱਕਰ ਜਾਂ ਗੁੜ ਖਾਣ ਦਾ ਅਲੱਗ ਹੀ ਮਜ਼ਾ ਹੈ। ਵੈਦ ਹਕੀਮ ਤੇ ਡਾਕਟਰ ਵੀ ਰੋਟੀ ਪਿੱਛੋਂ ਗੁੜ ਖਾਣ ਦੀ ਸਲਾਹ ਦਿੰਦੇ ਹਨ, ਗੁੜ ਖਾਣ ਨਾਲ ਸ਼ੂਗਰ ਹੋਣ ਦੀ ਸੰਭਾਵਨਾ ਨਹੀਂ ਕਿਉਂਕਿ ਗੁੜ ਬਣਾਉਣ ਲਈ ਕਿਸੇ ਰਸਾਇਣਕ ਪਦਾਰਥ ਦੀ ਵਰਤੋਂ ਨਹੀਂ ਹੁੰਦੀ, ਜਦਕਿ ਚੀਨੀ ਬਣਾਉਣ ਲਈ ਸਲਫਰ ਰਸਾਇਣਕ ਪਦਾਰਥ ਵਰਤਿਆ ਜਾਂਦਾ ਹੈ। ਕਈ ਵਾਰ ਲੋਕ ਵਿਸ਼ੇਸ਼ ਤੌਰ 'ਤੇ ਖਾਣ ਲਈ ਗੁੜ ਦੀ ਟਿੱਕੀ ਬਣਵਾ ਲੈਂਦੇ ਹਨ, ਆਪਣੀ ਹੈਸੀਅਤ ਤੇ ਲੋੜ ਅਨੁਸਾਰ ਇਸ 'ਚ ਕਾਜੂ, ਬਦਾਮ, ਦਾਖਾਂ ਆਦਿ ਸੁੱਕੇ ਮੇਵੇ ਪਾ ਕੇ ਹੋਰ ਸਵਾਦਲਾ ਬਣਾ ਲੈਂਦੇ ਹਨ।*



### ਕਿਵੇਂ ਕਰੀਏ ਵਾਲਾਂ ਲਈ ਮੁਲਤਾਨੀ ਮਿੱਟੀ ਦੀ ਵਰਤੋਂ

ਮੁਲਤਾਨੀ ਮਿੱਟੀ ਇਕ ਤਰ੍ਹਾਂ ਦੀ ਮਿੱਟੀ ਹੁੰਦੀ ਹੈ ਜਿਸ ਦੀ ਵਰਤੋਂ ਔਰਤਾਂ ਵਾਲਾਂ ਨੂੰ ਧੋਣ ਅਤੇ ਫੇਸ ਪੈਕ ਲਗਾਉਣ ਆਦਿ ਲਈ ਕਰਦੀਆਂ ਹਨ। ਮੁਲਤਾਨੀ ਮਿੱਟੀ 'ਚ ਇੰਨੀ ਜ਼ਿਆਦਾ ਸ਼ਕਤੀ ਹੁੰਦੀ ਹੈ ਕਿ ਉਹ ਬਿਨ੍ਹਾਂ



ਨੁਕਸਾਨ ਪਹੁਚਾਏ ਸਕਿਨ ਅਤੇ ਵਾਲਾਂ ਨੂੰ ਖ਼ੂਬਸੂਰਤ ਬਣਾ ਸਕਦੀ ਹੈ। ਮੁਲਤਾਨੀ ਮਿੱਟੀ ਦੀ ਵਰਤੋਂ ਕਈ ਸਦੀਆਂ ਤੋਂ ਕੀਤੀ ਜਾ ਰਹੀ ਹੈ। ਮੁਲਤਾਨੀ ਮਿੱਟੀ ਖ਼ੂਬਸੂਰਤੀ ਦਾ ਖਜ਼ਾਨਾ ਹੁੰਦੀ ਹੈ। ਇਹ ਇਕ ਕੁਦਰਤੀ ਕੰਡੀਸ਼ਨਰ ਵੀ ਹੈ। ਮੁਲਤਾਨੀ ਮਿੱਟੀ ਵਾਲਾਂ ਲਈ ਬਹੁਤ ਵਧੀਆ ਮੰਨੀ ਜਾਂਦੀ ਹੈ। ਇਸ ਨੂੰ ਵਾਲਾਂ 'ਤੇ ਲਗਾਉਣ ਨਾਲ ਵਾਲਾਂ ਦੀਆਂ ਜੜਾਂ ਮਜ਼ਬੂਤ ਹੁੰਦੀਆਂ ਹਨ। ਇਸ ਦੀ ਲਗਾਤਾਰ ਵਰਤੋਂ ਕਰਨ ਨਾਲ ਵਾਲ ਖ਼ੂਬਸੂਰਤ ਅਤੇ ਚਮਕਦਾਰ ਹੁੰਦੇ ਹਨ। ਆਓ ਜਾਣਦੇ ਹਾਂ ਮੁਲਤਾਨੀ ਮਿੱਟੀ ਦੇ ਕੁਝ ਵਧੀਆ ਨੁਸਖੇ ਜੋਂ ਸਿਰਫ ਵਾਲਾਂ ਲਈ ਵਰਤੇ ਜਾਂਦੇ ਹਨ। 1) ਦੋ-ਮੂੰਹੇ ਵਾਲ :- ਆਪਣੇ ਵਾਲਾਂ 'ਤੇ ਰਾਤ ਨੂੰ ਤੇਲ ਲਗਾਓ। ਸਵੇਰੇ ਮੁਲਤਾਨੀ ਮਿੱਟੀ 'ਚ ਦਹੀਂ ਮਿਲਾ ਕੇ ਇਕ ਪੇਸਟ ਤਿਆਰ ਕਰੋ। ਇਸ ਪੇਸਟ ਨੂੰ ਵਾਲਾਂ ਦੀਆਂ ਜੜਾਂ ਤੋਂ ਲੈ ਕੇ ਵਾਲਾਂ ਦੇ ਅਖੀਰ ਤੱਕ ਲਗਾਓ। ਜਦੋਂ ਮੁਲਤਾਨੀ ਮਿੱਟੀ ਸੁੱਕ ਜਾਵੇ ਤਾਂ ਵਾਲਾਂ ਨੂੰ ਠੰਡੇ ਪਾਣੀ ਨਾਲ ਧੋ ਲਵੋ। ਇਸ ਹੇਅਰ ਪੈਕ ਨੂੰ ਹਫਤੇ 'ਚ ਇਕ ਵਾਰੀ ਜ਼ਰੂਰ ਲਗਾਉਣਾ ਚਾਹੀਦਾ ਹੈ। ਅਜਿਹਾ ਕਰਨ ਨਾਲ ਦੋ-ਮੂੰਹੇ ਵਾਲ ਠੀਕ ਹੁੰਦੇ ਹਨ।

2) ਰੁੱਖੇ ਵਾਲ :- ਜੇਕਰ ਕਿਸੇ ਦੇ ਰੁੱਖੇ ਵਾਲ ਹਨ ਤਾਂ ਮੁਲਤਾਨੀ ਮਿੱਟੀ 'ਚ ਅੱਧਾ ਕੱਪ ਦਹੀਂ, ਅੱਧਾ ਕੱਪ ਨਿੰਬੂ ਅਤੇ 2 ਚਿਮਚੇ ਸ਼ਹਿਦ ਦੇ ਮਿਲਾ ਕੇ ਲਗਾ ਕੇ 20 ਮਿੰਟਾਂ ਤੱਕ ਵਾਲਾਂ ਨੂੰ ਧੋ ਲਵੋ। ਅਜਿਹਾ ਕਰਨ ਨਾਲ ਵਾਲ ਨਰਮ ਹੋ ਜਾਂਦੇ ਹਨ।

3) ਤੇਲੀਏ ਵਾਲ :- ਮੁਲਤਾਨੀ ਮਿੱਟੀ ਨੂੰ ਵਾਲਾਂ 'ਚ ਲਗਾਉਣ ਲਈ 4 ਘੰਟੇ ਪਹਿਲਾਂ ਪਾਣੀ 'ਚ ਭਿਓ ਕੇ ਰੱਖੋ। ਇਸ ਪੇਸਟ ਨੂੰ ਲਗਾਉਣ ਤੋਂ ਪਹਿਲਾਂ ਰੀਠਾ ਪਾਊਡਰ ਇਸ 'ਚ ਮਿਲਾਓ। ਫਿਰ ਇਸ ਪੇਸਟ ਨੂੰ 5-10 ਮਿੰਟਾਂ ਲਈ ਵਾਲਾਂ 'ਤੇ ਲਗਿਆ ਰਹਿਣ ਤੋਂ ਬਾਅਦ ਠੰਡੇ ਪਾਣੀ ਨਾਲ ਵਾਲਾਂ ਨੂੰ ਧੋ ਲਵੋ। ਅਜਿਹਾ ਕਰਨ ਨਾਲ ਵਾਲ 'ਚ ਤੇਲੀਏ ਵਾਲ ਠੀਕ ਹੁੰਦੇ ਹਨ।

4) ਸਿੱਧੇ ਵਾਲ :- ਜੇਕਰ ਤੁਹਾਨੂੰ ਵਾਲ ਕੁਦਰਤੀ ਰੂਪ ਨਾਲ ਸਿੱਧੇ ਕਰਨੇ ਹੋਣ ਤਾਂ ਇਕ ਕੱਪ ਮੁਲਤਾਨੀ ਮਿੱਟੀ 'ਚ 5 ਚਿਮਚੇ ਆਟਾ ਅਤੇ 1 ਅੰਡਾ ਫੈਂਟ ਕੇ ਮਿਲਾਓ। ਇਸ ਪੈਕ ਨੂੰ ਪੂਰੇ ਵਾਲਾਂ 'ਚ ਲਗਾਓ ਅਤੇ ਕੰਘੀ ਦੀ ਵਰਤੋਂ ਕਰਕੇ ਵਾਲਾਂ ਨੂੰ ਸਿੱਧਾ ਕਰੋ। ਜਦੋਂ ਪੈਕ ਚੰਗੀ ਤਰ੍ਹਾਂ ਸੁੱਕ ਜਾਵੇ ਤਾਂ ਬਾਅਦ 'ਚ ਵਾਲਾਂ ਨੂੰ ਧੋ ਲਵੋ। ਅਜਿਹਾ ਕਰਨ ਨਾਲ ਵਾਲ ਪੂਰੀ ਤਰ੍ਹਾਂ ਨਾਲ ਸਿੱਧੇ ਹੋ ਜਾਂਦੇ ਹਨ।

# ਸਰਦੀਆਂ 'ਚ ਉਪਯੋਗੀ ਹਨ ਟਮਾਟਰ

ਟਮਾਟਰ ਨੂੰ ਇਸ ਦੇ ਵਿਸ਼ੇਸ਼ ਗੁਣਾਂ ਕਾਰਨ ਸਰਦੀਆਂ ਦੇ ਮੌਸਮ ਦਾ ਉਪਯੋਗੀ ਫਲ ਮੰਨਿਆ ਜਾਂਦਾ ਹੈ। ਇਸ ਦੀ ਵਰਤੋਂ ਸਬਜ਼ੀ ਦੇ ਨਾਲ-ਨਾਲ ਫਲ ਦੇ ਰੂਪ ਵਿਚ ਵੀ ਬਰਾਬਰ ਹੁੰਦੀ ਹੈ। ਉਂਝ ਤਾਂ ਟਮਾਟਰ ਪੂਰਾ ਸਾਲ ਮਿਲਦੇ ਹਨ ਪਰ ਇਨ੍ਹਾਂ ਦੀ ਉਪਯੋਗਤਾ ਸਰਦੀਆਂ ਵਿਚ ਵਧ ਜਾਂਦੀ ਹੈ।



× ਭੋਜਨ ਵਿਚ ਟਮਾਟਰਾਂ ਦੇ ਜੂਸ, ਸੂਪ, ਸਲਾਦ ਆਦਿ ਦੀ ਵਰਤੋਂ ਕਰਨੀ ਚਾਹੀਦੀ ਹੈ। ਪੱਕਿਆ ਹੋਇਆ ਲਾਲ ਟਮਾਟਰ ਭੋਜਨ ਪਚਾਉਣ ਵਾਲਾ, ਤਾਕਤ ਦੇਣ ਵਾਲਾ ਅਤੇ ਖ਼ੂਨ ਸਾਫ ਕਰਨ ਵਾਲਾ ਹੁੰਦਾ ਹੈ। ਇਸ ਵਿਚ ਵਿਟਾਮਿਨ ਏ, ਬੀ, ਸੀ ਤੇ ਲੋਹਾ ਭਰਪੂਰ ਮਾਤਰਾ ਵਿਚ ਹੁੰਦਾ ਹੈ।

× ਟਮਾਟਰ ਦੇ ਸੂਪ ਵਿਚ ਕਾਲੀ ਮਿਰਚ ਪਾ ਕੇ ਪੀਣ ਨਾਲ ਕਬਜ਼ ਦੂਰ ਹੁੰਦੀ ਹੈ। ਇਸ ਨਾਲ ਚਿਹਰੇ 'ਤੇ ਚਮਕ ਤੇ ਸਰੀਰ ਵਿਚ ਚੁਸਤੀ ਬਣੀ ਰਹਿੰਦੀ ਹੈ।

× ਇਸ ਦੀ ਵਰਤੋਂ ਨਾਲ ਸਰਦੀਆਂ ਦੇ ਮੌਸਮ ਵਿਚ ਹੋਣ ਵਾਲੀਆਂ ਚਮੜੀ ਸੰਬੰਧੀ ਸਮੱਸਿਆਵਾਂ ਜਿਵੇਂ ਕਿੱਲ, ਮੁਹਾਸੇ, ਛਾਈਆਂ, ਚਮੜੀ ਦਾ ਫਟਣਾ, ਖੁਜਲੀ ਆਦਿ ਨਹੀਂ ਹੁੰਦੀਆਂ।

× ਟਮਾਟਰਾਂ ਦਾ ਜੂਸ ਪੀਣ ਨਾਲ ਵਾਲ ਚਮਕਦਾਰ ਬਣਦੇ ਹਨ। ਇਸ ਦੇ ਟੁਕੜੇ ਗੱਲ੍ਹਾਂ ਤੇ ਅੱਖਾਂ ਹੇਠਾਂ ਰੱਖਣ ਨਾਲ ਛਾਈਆਂ ਤੇ ਅੱਖਾਂ ਦੇ ਕਾਲੇ ਘੇਰੇ ਦੂਰ ਹੁੰਦੇ ਹਨ।

ਸਾਵਧਾਨੀ

ਟਮਾਟਰਾਂ ਦੀ ਬਹੁਤ ਜ਼ਿਆਦਾ ਵਰਤੋਂ ਸਰੀਰ ਨੂੰ ਨੁਕਸਾਨ ਪਹੁੰਚਾਉਂਦੀ ਹੈ। ਪੱਥਰੀ ਦੇ ਰੋਗੀਆਂ ਨੂੰ ਇਨ੍ਹਾਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ।

# ਮਾਨਸਿਕ ਸਿਹਤ ਦੀ ਅਹਿਮੀਅਤ

ਮੁੱਢ-ਕਦੀਮ ਤੋਂ ਹੀ ਮਨੁੱਖ ਵਿਚਾਰਾਂ ਵਿੱਚ ਰਚਿਆ-ਵਸਿਆ ਜੀਵਨ ਗੁਜ਼ਾਰਦਾ ਆਇਆ ਹੈ। ਅਜੋਕੇ ਸੰਦਰਭ ਵਿੱਚ ਵੇਖੀਏ ਤਾਂ ਮਨੁੱਖ ਵਿੱਚ ਮਾਨਸਿਕ ਅਸੰਤੁਲਨ ਸਹਿਜੇ ਹੀ ਵੇਖਿਆ ਜਾ ਸਕਦਾ ਹੈ। ਨਤੀਜੇ ਵਜੋਂ ਉਸ ਵਿੱਚ ਅਸੁਰੱਖਿਆ ਦੀ ਭਾਵਨਾ ਪੈਦਾ ਹੁੰਦੀ ਹੈ। ਇਹ ਸਾਰਾ ਤਾਣਾ-ਬਾਣਾ ਕਈ ਮਾਨਸਿਕ ਬੀਮਾਰੀਆਂ ਨੂੰ ਜਨਮ ਦਿੰਦਾ ਹੈ। ਬੇਸ਼ੱਕ ਆਧੁਨਿਕ ਦੌਰ ਵਿੱਚ ਜ਼ਿੰਦਗੀ ਦੀ ਰਫ਼ਤਾਰ ਤੇਜ਼ ਹੋ ਗਈ ਹੈ ਪਰ ਇਸ ਨਾਲ ਸਹਿਜਤਾ ਲੋਪ ਹੋ ਗਈ ਹੈ। ਅਸੀਂ ਅਕਸਰ ਮਨੁੱਖ ਦੀ ਸਰੀਰਕ ਅਤੇ ਸਮਾਜਿਕ ਸਿਹਤ ਬਾਰੇ ਵਿਚਾਰ-ਚਰਚਾ ਕਰਦੇ ਹਾਂ ਪਰ ਸਰੀਰ ਦੇ ਮੁਕਾਬਲੇ ਮਾਨਸਿਕ ਪੱਧਰ ਨੂੰ ਅਣਗੌਲਿਆਂ ਹੀ ਕਰਦੇ ਹਾਂ।



ਸੌਖੇ ਸ਼ਬਦਾਂ 'ਚ ਕਹੀਏ ਤਾਂ ਜਦੋਂ ਤੁਸੀਂ ਕੋਈ ਕਾਰਜ ਬਿਨਾਂ ਕਿਸੇ ਦਬਾਅ ਅਤੇ ਮਾਨਸਿਕ ਸੰਤੁਲਨ ਨਾਲ ਪੂਰੀ ਸਹਿਜਤਾ ਨਾਲ ਕਰਦੇ ਹੋ ਤਾਂ ਤੁਸੀਂ ਮਾਨਸਿਕ ਪੱਧਰ ਉੱਤੇ ਤੰਦਰੁਸਤ ਹੁੰਦੇ ਹੋ। ਕਈ ਵਾਰ ਵਿਅਕਤੀ ਸਾਰਾ-ਸਾਰਾ ਦਿਨ ਇਕੱਲਤਾ ਨੂੰ ਹੀ ਜਿਉਂਦੇ ਹਨ ਅਤੇ ਕਿਸੇ ਨਾਲ ਮਿਲਣਾ-ਜੁਲਣਾ ਵੀ ਪਸੰਦ ਨਹੀਂ ਕਰਦੇ। ਇਸ ਤੋਂ ਬਿਨਾਂ ਉਨ੍ਹਾਂ ਅੰਦਰ ਵਿਚਾਰ ਲਗਾਤਾਰ ਉਛਾਲੇ ਮਾਰਦੇ ਰਹਿੰਦੇ ਹਨ। ਇਹ ਸਭ ਲੱਛਣ ਡਿਪਰੈਸ਼ਨ ਜਾਂ ਉਦਾਸੀ ਰੋਗ ਦੇ ਸੂਚਕ ਹੋ ਸਕਦੇ ਹਨ। ਵੱਡੇ ਸ਼ਹਿਰਾਂ, ਜਿੱਥੇ ਇਨਸਾਨ ਕੋਲ ਆਪਣੀ ਗੱਲ ਕਹਿਣ ਤਕ ਦਾ ਸਮਾਂ ਨਹੀਂ ਹੈ, ਇਹ ਮਾਨਸਿਕ ਰੋਗ ਵਧੇਰੇ ਪੈਦਾ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਹੈ। ਅੱਜ ਸਾਡੀ ਜੀਵਨ ਸ਼ੈਲੀ ਵਿੱਚ ਕਈ ਬਦਲਾਅ ਲਿਆਉਣ ਦੀ ਲੋੜ ਹੈ। ਕੁਦਰਤ ਨਾਲ ਨਜ਼ਦੀਕੀ ਬਣਾਉਣ ਅਤੇ ਅਗਾਂਹਵਧੂ ਸੋਚ ਦੇ ਧਾਰਨੀ ਬਣਨ ਨਾਲ ਅਸੀਂ ਸਹਿਜੇ ਹੀ ਮਾਨਸਿਕ ਤਣਾਅ ਦੂਰ ਕਰ ਸਕਦੇ ਹਾਂ। ਕਿਤਾਬਾਂ ਵੀ ਸਾਨੂੰ ਉਸਾਰੂ ਜੀਵਨ ਜਾਚ ਦੇਣ ਲਈ ਸਮਰੱਥ ਹਨ। ਸਾਨੂੰ ਕਦੇ ਵੀ ਖਾਲੀ ਨਹੀਂ ਰਹਿਣਾ ਚਾਹੀਦਾ ਸਗੋਂ ਕਿਰਤੀ ਬਣਨ ਦਾ ਯਤਨ ਕਰਨਾ ਚਾਹੀਦਾ ਹੈ। ਸਾਨੂੰ ਕਰਮ ਨੂੰ ਸਿਰਮੌਰ ਸਮਝਣਾ ਚਾਹੀਦਾ ਹੈ। ਵਿਗਿਆਨ ਨੇ ਇਹ ਸਿੱਧ ਕਰ ਦਿੱਤਾ ਹੈ ਕਿ ਸੰਗੀਤ ਮਨੁੱਖ ਦੇ ਮਾਨਸਿਕ ਤਣਾਅ ਨੂੰ ਦੂਰ ਕਰਨ ਦਾ ਕਾਰਗਰ ਸਾਧਨ ਹੈ। ਕੁਝ ਸਮਾਂ ਪਹਿਲਾਂ ਯੂਨੀਵਰਸਿਟੀ ਆਫ਼ ਕੈਲੀਫੋਰਨੀਆ ਦੀ ਖੋਜ ਮੁਤਾਬਿਕ ਰਾਗ ਮਨੁੱਖੀ ਸਰੀਰ ਅੰਦਰ 'ਫੀਲ ਗੁੱਡ ਹਾਰਮੋਨਜ਼' ਦਾ ਸੰਚਾਰ ਕਰਦੇ ਹਨ। ਸੰਗੀਤ ਦੀਆਂ ਤਰੰਗਾਂ ਮਾਨਸਿਕ ਅਸਹਿਜਤਾ ਹੱਲ ਕਰਨ ਵਿੱਚ ਸਮਰੱਥ ਹਨ। ਸਵੇਰ ਦੀ ਸੈਰ ਤੰਦਰੁਸਤ ਮਾਨਸਿਕ ਸਿਹਤ ਦਾ ਰਾਜ਼ ਹੈ। ਸਰੀਰਕ, ਮਾਨਸਿਕ ਅਤੇ ਸਮਾਜਿਕ ਪੱਧਰ 'ਤੇ ਤੰਦਰੁਸਤ ਰਹਿਣ ਨਾਲ ਹੀ ਸੰਤੁਲਿਤ ਸਮਾਜ ਸਿਰਜਿਆ ਜਾ ਸਕਦਾ ਹੈ।

– ਮਨਿੰਦਰ ਸਿੰਘ ਸੈਣੀ

# ਜਲੰਧਰ 'ਚ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਦੇ ਨਤੀਜੇ ! 'ਆਪ' ਤੇ ਕਾਂਗਰਸ 'ਚ ਰਹੀ ਕਾਂਟੇ ਦੀ ਟੱਕਰ

**ਕੌਮੀ ਪਤ੍ਰਿਕਾ**

ਜਲੰਧਰ 22 ਦਸੰਬਰ। ਜਲੰਧਰ ਜ਼ਿਲ੍ਹੇ ਵਿਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਦੇ ਨਤੀਜਿਆਂ ਨੇ ਪੇਂਡੂ ਸਿਆਸਤ ਦੀ ਤਸਵੀਰ ਸਾਫ਼ ਕਰ ਦਿੱਤੀ ਹੈ। ਬੁੱਧਵਾਰ ਸਵੇਰੇ 8 ਵਜੇ ਤੋਂ ਜ਼ਿਲ੍ਹੇ ਦੇ 11 ਗਿਣਤੀ ਕੇਂਦਰਾਂ 'ਤੇ ਸਖ਼ਤ ਸੁਰੱਖਿਆ ਵਿਵਸਥਾ ਦੌਰਾਨ ਵੋਟਾਂ ਦੀ ਗਿਣਤੀ ਸ਼ੁਰੂ ਹੋਈ, ਜੋ ਦੇਰ ਰਾਤ ਤਕ ਜਾਰੀ ਰਹੀ। 14 ਦਸੰਬਰ ਨੂੰ ਹੋਈ ਵੋਟਿੰਗ ਵਿਚ ਕੁੱਲ 44.6 ਫੀਸਦੀ ਵੋਟਰਾਂ ਨੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕੀਤੀ ਸੀ। ਇਨ੍ਹਾਂ ਚੋਣਾਂ ਵਿਚ ਕੁੱਲ 669 ਉਮੀਦਵਾਰਾਂ ਦਾ ਸਿਆਸੀ ਭਵਿੱਖ ਵੋਟ ਬਕਸਿਆਂ ਵਿਚ ਬੰਦ ਹੋਇਆ, ਜਿਸ ਦਾ ਫ਼ੈਸਲਾ ਬੁੱਧਵਾਰ ਦੇਰ ਰਾਤ ਸਾਹਮਣੇ ਆਇਆ। ਜ਼ਿਲ੍ਹਾ ਪ੍ਰੀਸ਼ਦ ਦੇ ਕੁੱਲ 21 ਜ਼ੋਨਾਂ ਵਿਚੋਂ ਆਮ ਆਦਮੀ ਪਾਰਟੀ ਨੇ 10 ਜ਼ੋਨਾਂ 'ਤੇ ਜਿੱਤ ਦਰਜ ਕਰਕੇ ਸਭ ਤੋਂ ਵੱਡੀ ਪਾਰਟੀ ਵਜੋਂ ਉੱਭਰਨ ਵਿਚ ਸਫ਼ਲਤਾ ਹਾਸਲ ਕੀਤੀ। ਉਥੇ ਹੀ ਕਾਂਗਰਸ 7 ਜ਼ੋਨਾਂ ਨਾਲ ਦੂਜੇ ਸਥਾਨ 'ਤੇ ਰਹੀ। ਬਹੁਜਨ ਸਮਾਜ ਪਾਰਟੀ ਨੇ 3 ਜ਼ੋਨਾਂ ਵਿਚ ਜਿੱਤ ਦਰਜ ਕਰਕੇ ਮਜ਼ਬੂਤ ਮੌਜੂਦਗੀ ਵਿਖਾਈ, ਜਦਕਿ ਸ਼?ਰੋਮਣੀ ਅਕਾਲੀ ਦਲ ਸਿਰਫ਼ ਇਕ ਜ਼ੋਨ ਤਕ ਹੀ ਸਿਮਟ ਕੇ ਰਹਿ ਗਿਆ। ਇਨ੍ਹਾਂ ਨਤੀਜਿਆਂ ਤੋਂ ਸਪੱਸ਼ਟ ਹੈ ਕਿ ਜ਼ਿਲ੍ਹਾ ਪ੍ਰੀਸ਼ਦ ਪੱਧਰ 'ਤੇ 'ਆਪ' ਅਤੇ ਕਾਂਗਰਸ ਵਿਚ ਸਿੱਧਾ ਅਤੇ ਸਖ਼ਤ ਮੁਕਾਬਲਾ ਰਿਹਾ। ਜ਼ਿਲ੍ਹੇ ਦੀਆਂ 11 ਪੰਚਾਇਤ ਸੰਮਤੀਆਂ ਅਧੀਨ ਆਉਣ ਵਾਲੇ ਕੁੱਲ 188 ਜ਼ੋਨਾਂ ਦੇ ਨਤੀਜੇ ਵੀ ਦਿਲਚਸਪ ਰਹੇ। ਇਥੇ ਵੀ ਆਮ ਆਦਮੀ ਪਾਰਟੀ ਨੇ 74 ਜ਼ੋਨਾਂ ਵਿਚ ਜਿੱਤ ਦਰਜ ਕਰਕੇ ਬੜ੍ਹਤ ਬਣਾਈ। ਕਾਂਗਰਸ 59 ਜ਼ੋਨਾਂ ਨਾਲ ਦੂਜੇ ਸਥਾਨ 'ਤੇ ਰਹੀ। ਸ਼?ਰੋਮਣੀ ਅਕਾਲੀ ਦਲ ਨੂੰ 18 ਜ਼ੋਨਾਂ ਵਿਚ



ਜਿੱਤ ਮਿਲੀ, ਜਦਕਿ ਬਹੁਜਨ ਸਮਾਜ ਪਾਰਟੀ ਨੇ 19 ਜ਼ੋਨਾਂ 'ਤੇ ਕਬਜ਼ਾ ਜਮਾਇਆ। ਇਸ ਤੋਂ ਇਲਾਵਾ 12 ਆਜ਼ਾਦ ਉਮੀਦਵਾਰਾਂ ਨੇ ਜਿੱਤ ਹਾਸਲ ਕਰਕੇ ਇਹ ਸੰਕੇਤ ਦਿੱਤਾ ਕਿ ਸਥਾਨਕ ਪੱਧਰ 'ਤੇ ਨਿੱਜੀ ਪਕੜ ਅਤੇ ਜਨਸੰਪਰਕ ਹਾਲੇ ਵੀ ਫੈਸਲਾਕੁੰਨ ਭੂਮਿਕਾ ਨਿਭਾਅ ਰਿਹਾ ਹੈ। ਚੋਣ ਨਤੀਜਿਆਂ ਵਿਚ ਸਭ ਤੋਂ ਅਹਿਮ ਗੱਲ ਇਹ ਰਹੀ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਦੇ ਦੋਵਾਂ ਪੱਧਰਾਂ 'ਤੇ ਮੁੱਖ ਮੁਕਾਬਲਾ ਆਮ ਆਦਮੀ ਪਾਰਟੀ ਅਤੇ ਕਾਂਗਰਸ ਵਿਚ ਹੀ ਸੀਮਤ ਰਿਹਾ। ਕਈ ਜ਼ੋਨਾਂ ਵਿਚ ਵੋਟਾਂ ਦਾ ਫਰਕ ਬੇਹੱਦ ਘੱਟ ਰਿਹਾ, ਜਿਸ ਨਾਲ ਕਾਂਟੇ ਦੀ ਟੱਕਰ ਦੇਖਣ ਨੂੰ ਮਿਲੀ। ਬਸਪਾ ਨੇ ਤੀਜੇ ਸਥਾਨ 'ਤੇ ਰਹਿੰਦੇ ਹੋਏ ਦਲਿਤ ਵੋਟ ਬੈਂਕ ਵਿਚ ਆਪਣੀ ਪਕੜ ਦਾ ਪ੍ਰਦਰਸ਼ਨ ਕੀਤਾ, ਜਦਕਿ ਅਕਾਲੀ ਦਲ ਚੌਥੇ ਸਥਾਨ 'ਤੇ ਰਿਹਾ। ਇਸ ਦੇ ਇਲਾਵਾ ਭਾਰਤੀ ਜਨਤਾ ਪਾਰਟੀ ਦਾ ਪ੍ਰਦਰਸ਼ਨ ਨਿਰਾਸ਼ਾਜਨਕ ਰਿਹਾ ਅਤੇ ਪਾਰਟੀ ਇਕ ਵੀ ਜ਼ੋਨ ਵਿਚ ਜਿੱਤ ਦਰਜ ਨਹੀਂ ਕਰ ਸਕੀ, ਜਿਸ ਨਾਲ ਭਾਜਪਾ ਦਾ ਸੂਪੜਾ ਸਾਫ਼ ਹੋ ਗਿਆ। ਚੋਣਾਂ ਦੌਰਾਨ ਕੁੱਲ 44.6 ਫ਼ੀਸਦੀ ਵੋਟਿੰਗ ਦਰਜ ਕੀਤੀ ਗਈ, ਜਿਸ ਨੂੰ ਔਸਤ ਮੰਨਿਆ ਜਾ ਰਿਹਾ ਹੈ। ਵੋਟਾਂ ਦੀ ਗਿਣਤੀ ਦੌਰਾਨ ਸਾਰੇ ਕੇਂਦਰਾਂ 'ਤੇ ਪੁਲਸ ਬਲ ਦੀ ਤਾਇਨਾਤੀ ਰਹੀ ਅਤੇ ਪ੍ਰਸ਼ਾਸਨ ਨੇ ਕਾਨੂੰਨ ?ਵਵਸਥਾ ਬਣਾਈ ਰੱਖਣ ਲਈ ਪੁਖ਼ਤਾ ਇੰਤਜ਼ਾਮ ਕੀਤੇ। ਅਧਿਕਾਰੀਆਂ ਅਨੁਸਾਰ ਵੋਟਿੰਗ ਪ੍ਰਕਿਰਿਆ ਸ਼ਾਂਤੀਪੂਰਨ ਢੰਗ ਨਾਲ ਸੰਪੰਨ ਹੋਈ ਅਤੇ ਕਿਸੇ ਵੀ ਵੱਡੇ ਵਿਵਾਦ ਦੀ ਸੂਚਨਾ ਨਹੀਂ ਮਿਲੀ। ਪੰਚਾਇਤ ਸੰਮਤੀ ਚੋਣਾਂ ਵਿਚ 12 ਆਜ਼ਾਦ ਉਮੀਦਵਾਰਾਂ ਦੀ ਜਿੱਤ ਨੇ ਇਹ ਸਾਬਿਤ ਕਰ ਦਿੱਤਾ ਕਿ ਪੇਂਡੂ ਖੇਤਰਾਂ ਵਿਚ ਪਾਰਟੀ ਤੋਂ ਜ਼ਿਆਦਾ ਵਿਅਕਤੀ ਵਿਸ਼ੇਸ਼ ਦਾ ਅਕਸ, ਕੰਮ ਅਤੇ ਸਥਾਨਕ ਪ੍ਰਭਾਵ ਮਾਅਨੇ ਰੱਖਦਾ ਹੈ। ਕਈ ਸਥਾਨਾਂ 'ਤੇ ਆਜ਼ਾਦ ਉਮੀਦਵਾਰਾਂ ਨੇ ਵੱਡੀਆਂ ਪਾਰਟੀਆਂ ਦੇ ਉਮੀਦਵਾਰਾਂ ਨੂੰ ਪਿੱਛੇ ਛੱਡ ਕੇ ਹੈਰਾਨੀਜਨਕ ਨਤੀਜੇ ਦਿੱਤੇ। ਇਨ੍ਹਾਂ ਚੋਣ ਨਤੀਜਿਆਂ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਰਾਜਨੀਤੀ ਦਾ ਸੈਮੀਫਾਈਨਲ ਮੰਨਿਆ ਜਾ ਰਿਹਾ ਹੈ। ਆਮ ਆਦਮੀ ਪਾਰਟੀ ਨੇ ਜਿਥੇ ਆਪਣੀ ਸੰਗਠਨਾਤਮਕ ਮਜ਼ਬੂਤੀ ਅਤੇ ਸਰਕਾਰ ਵਿਚ ਹੋਣ ਦਾ ਲਾਭ ਦਿਖਾਇਆ, ਉਥੇ ਹੀ ਕਾਂਗਰਸ ਨੇ ਵੀ ਮਜ਼ਬੂਤ ਟੱਕਰ ਦੇ ਕੇ ਇਹ ਸੰਦੇਸ਼ ਦਿੱਤਾ ਕਿ ਉਹ ਹਾਲੇ ਵੀ ਪੇਂਡੂ ਸਿਆਸਤ ਵਿਚ ਪ੍ਰਭਾਵੀ ਹੈ। ਬਸਪਾ ਅਤੇ ਅਕਾਲੀ ਦਲ ਲਈ ਇਹ ਨਤੀਜੇ ਆਤਮਮੰਥਨ ਅਤੇ ਰਣਨੀਤੀ ਸੁਧਾਰ ਦਾ ਸੰਕੇਤ ਹਨ, ਜਦਕਿ ਭਾਜਪਾ ਲਈ ਇਹ ਨਤੀਜੇ ਗੰਭੀਰ ਚਿਤਾਵਨੀ ਮੰਨੇ ਜਾ ਰਹੇ ਹਨ। ਕੁੱਲ ਮਿਲਾ ਕੇ ਜਲੰਧਰ ਦੇ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਦੇ ਨਤੀਜਿਆਂ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਜ਼ਿਲ੍ਹੇ ਦੀ ਪੇਂਡੂ ਸਿਆਸਤ ਵਿਚ ਮੁਕਾਬਲਾ ਦਿਲਚਸਪ, ਬਹੁਕੋਣੀ ਅਤੇ ਭਵਿੱਖ ਲਈ ਫ਼ੈਸਲਾਕੁੰਨ ਰਹਿਣ ਵਾਲਾ ਹੈ।

## ਜ਼ਿਲ੍ਹਾ ਪ੍ਰਸ਼ਾਸਨ ਨੇ ਚੀਨੀ ਡੋਰ ਦੀ ਵਰਤੋਂ 'ਤੇ ਲਗਾਈ ਪਾਬੰਦੀ

ਟਾਹਲੀ ਸਾਹਿਬ 22 ਦਸੰਬਰ। ਜ਼ਿਲਾ ਪ੍ਰਸਾਸਨ ਨੇ ਨਾਈਲੋਨ, ਪਲਾਸਟਿਕ ਜਾਂ ਕਿਸੇ ਹੋਰ ਸਿੰਥੈਟਿਕ ਸਮੱਗਰੀ ਤੋਂ ਬਣੇ ਪਤੰਗ ਉਡਾਉਣ ਵਾਲੇ ਧਾਗੇ ਦੀ ਦਰਾਮਦ ਅਤੇ ਵਰਤੋਂ ਜਿਸ ਨੂੰ ਚੀਨੀ ਡੋਰ ਵਜੋਂ ਜਾਣਿਆ ਜਾਂਦਾ ਹੈ, ਦੀ ਵਰਤੋਂ ਅਤੇ ਭੰਡਾਰ ਉੱਤੇ ਪਾਬੰਦੀ ਲਗਾ ਦਿੱਤੀ ਹੈ। ਵਧੀਕ ਜ਼ਿਲ੍ਹਾ ਮਜਿਸਟਰੇਟ ਰੋਹਿਤ ਗੁਪਤਾ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਿੰਥੈਟਿਕ ਪਤੰਗ ਉਡਾਉਣ ਵਾਲਾ ਧਾਗਾ ਜੋ ਗੈਰ-ਬਾਇਓਡੀਗ੍ਰੇਡੇਬਲ ਹੋਵੇ ਜਾਂ ਸੀਸੇ, ਧਾਤ ਆਦਿ ਦੀ



ਵਰਤੋਂ ਕਰਕੇ ਤਿੱਖਾ ਬਣਾਇਆ ਹੋਵੇ, ਦੇ ਨਿਰਮਾਣ, ਵਿਕਰੀ, ਸਟੋਰੇਜ, ਖਰੀਦ, ਸਪਲਾਈ, ਆਵਾਜਾਈ 'ਤੇ ਪੂਰਨ ਪਾਬੰਦੀ ਹੋਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਪਤੰਗ ਉਡਾਉਣ ਦੀ ਇਜਾਜ਼ਤ ਸਿਰਫ ਸੂਤੀ ਧਾਗੇ ਨਾਲ ਹੀ ਹੋਵੇਗੀ ਜੋ ਕਿਸੇ ਵੀ ਤਿੱਖੇ/ਧਾਤੂ ਸੀਸੇ ਦੇ ਹਿੱਸੇ/ਚਿਪਕਣ ਵਾਲੇ/ਧਾਗੇ ਨੂੰ ਮਜਬੂਤ ਕਰਨ ਵਾਲੀ ਸਮੱਗਰੀ ਤੋਂ ਮੁਕਤ ਹੋਵੇ। ਉਨ੍ਹਾਂ ਦੱਸਿਆ ਕਿ ਆਪਣੇ ਹੁਕਮਾਂ ਵਿੱਚ ਉਪ ਮੰਡਲ ਮੈਜਿਸਟਰੇਟ ਅਤੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਐਲੀਮੈਂਟਰੀ ਅਤੇ ਸੈਕੰਡਰੀ ਨੂੰ ਆਦੇਸ਼ ਦਿੱਤੇ ਹਨ ਕਿ ਆਪਣੇ ਆਪਣੇ ਅਧਿਕਾਰ ਖੇਤਰਾਂ ਵਿੱਚ ਜਨਤਕ ਜਾਗਰੂਕਤਾ ਮੁਹਿੰਮ ਚਲਾਉਣ ਤਾਂ ਜੋ ਨਾਗਰਿਕਾਂ, ਖਾਸ ਤੌਰ 'ਤੇ ਬੱਚਿਆਂ ਨੂੰ ਪਲਾਸਟਿਕ, ਨਾਇਲਨ ਜਾਂ ਇਸ ਤਰ੍ਹਾਂ ਦੇ ਸੰਥੈਟਿਕ ਪਦਾਰਥਾਂ ਤੋਂ ਬਣੇ ਧਾਗੇ/ਮਾਂਜ਼ਾ ਜਾਂ ਜਿਸ ਵਿੱਚ ਚੀਨੀ ਧਾਗਾ ਜਾਂ ਪਤੰਗ ਉਡਾਉਣ ਲਈ, ਕਿਸੇ ਹੋਰ ਧਾਗੇ ਨਾਲ ਲੇਪ ਵਾਲੇ ਕੱਚ, ਧਾਤੂ ਦੇ ਹਿੱਸਿਆਂ ਦੀ ਵਰਤੋਂ ਦੇ ਖਤਰਿਆਂ ਬਾਰੇ ਜਾਗਰੂਕ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪਤੰਗ ਉਡਾਉਣ ਤੇ ਪੰਛੀਆਂ ਨੂੰ ਪਲਾਸਟਿਕ, ਨਾਈਲੋਨ ਜਾਂ ਇਸ ਤਰ੍ਹਾਂ ਦੀ ਸਿੰਥੈਟਿਕ ਸਮੱਗਰੀ ਤੋਂ ਬਣੇ ਧਾਗੇ ਨਾਲ ਬਹੁਤ ਜ਼ਿਆਦਾ ਸੱਟਾਂ ਲੱਗਦੀਆਂ ਹਨ। ਬਹੁਤ ਸਾਰੇ ਪੰਛੀਆਂ ਦੀ ਮੌਤ ਦਾ ਕਾਰਨ ਬਣਦਾ ਹੈ, ਇਸ ਲਈ ਲੋਕਾਂ ਨੂੰ ਇਸਦੇ ਘਾਤਕ ਪ੍ਰਭਾਵਾਂ ਤੋਂ ਬਚਾਉਣਾ ਜਰੂਰੀ ਹੈ।

## ਜ਼ਿਲ੍ਹਾ ਜੰਗਲਾਤ ਅ.ਫ਼ਸਰ ਵੱਲੋਂ ਵਣ ਗਾਰਡ ਸਸਪੈਂਡ

ਸ੍ਰੀ ਕੀਰਤਪੁਰ ਸਾਹਿਬ 22 ਦਸੰਬਰ। ਕੁਝ ਦਿਨ ਪਹਿਲਾਂ ਭਰਤਗੜ੍ਹ ਇਲਾਕੇ ਦੇ ਪਿੰਡ ਸਰਸਾ ਨੰਗਲ ਗੁਰਦੁਆਰਾ ਪਰਿਵਾਰ ਵਿਛੋੜਾ ਲਿੰਕ ਸੜਕ 'ਤੇ ਐਸ. ਵਾਈ. ਐੱਲ. ਨਹਿਰ ਦੀ ਕੱਚੀ ਪਟੜੀ ਨਾਲ ਲੱਗਦੀ ਜੰਗਲਾਤ ਵਿਭਾਗ ਦੀ ਜ਼ਮੀਨ ਵਿਚੋਂ ਮਿਲੀ ਭੁਗਤ ਨਾਲ ਲੱਖਾਂ ਰੁਪਏ ਕੀਮਤ ਦੇ ਖੈਰ ਦੇ ਦਰੱਖਤ ਵੱਢ ਕੇ ਅਣਪਛਾਤੇ ਵਿਅਕਤੀਆਂ ਵੱਲੋਂ ਚੋਰੀ ਕੀਤੇ ਗਏ ਸਨ। ਇਸ ਸਬੰਧ ਵਿਚ ਪ੍ਰਿੰਟ ਮੀਡੀਆ ਵਿਚ ਖ਼ਬਰਾਂ ਵੀ ਪ੍ਰਕਾਸ਼ਿਤ ਹੋਈਆਂ ਸਨ ਅਤੇ ਇਹ ਜਾਣਕਾਰੀ ਜੰਗਲਾਤ ਵਿਭਾਗ ਦੇ ਉੱਚ ਅਧਿਕਾਰੀ ਸੀ.ਸੀ.ਐੱਫ. ਹਿਲਜ਼ ਮਹਾਂਵੀਰ ਸਿੰਘ ਨੂੰ ਵੀ ਦਿੱਤੀ ਗਈ ਸੀ ਜਿਨ੍ਹਾਂ ਨੇ ਇਸ ਮਾਮਲੇ ਦੀ ਜਾਂਚ ਲਈ ਡੀ.ਐੱਫ.ਓ. ਰੂਪਨਗਰ ਕਨਵਰਦੀਪ ਸਿੰਘ ਨੂੰ ਨਿਯੁਕਤ ਕੀਤਾ ਸੀ। ਪਿੰਡ ਸਰਸਾ ਨੰਗਲ ਜੰਗਲਾਤ ਵਿਭਾਗ ਦੀ ਜ਼ਮੀਨ ਵਿੱਚੋਂ ਚੋਰੀ ਕੀਤੇ ਗਏ ਖੈਰ ਦੇ ਦਰੱਖਤਾਂ ਦੀ ਜਾਂਚ ਕਰਦੇ ਹੋਏ ਡੀ. ਐੱਫ. ਓ. ਕਨਵਰਦੀਪ ਸਿੰਘ ਨੇ 35 ਹੁਣ ਦੇ ਸਮੇਂ ਅਤੇ 10 ਦਰੱਖਤ ਪਹਿਲਾਂ ਤੋਂ ਵੱਢ ਕੇ ਚੋਰੀ ਹੋਣ ਦੀ ਪੁਸ਼ਟੀ ਕੀਤੀ ਹੈ। ਉਨ੍ਹਾਂ ਦੱਸਿਆ ਕਿ ਇਹ 10 ਦਰੱਖਤ ਇਕ ਸਾਲ ਜਾਂ ਇਸ ਤੋਂ ਜ਼ਿਆਦਾ ਸਮੇਂ ਦੇ ਕੱਟੇ ਹੋਏ ਲੱਗ ਰਹੇ ਹਨ।ਜਿਨ੍ਹਾਂ ਦੀ ਜਾਂਚ ਕੀਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਜੇਕਰ ਇਹਨਾਂ ਦਰੱਖਤਾਂ ਦੀ ਪਹਿਲਾਂ ਰਿਪੋਰਟ ਨਹੀਂ ਬਣਾਈ ਗਈ ਤਾਂ ਉਹ ਵੀ ਤਿਆਰ ਕਰ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਸਬੰਧਤ ਖੇਤਰ ਦੇ ਜੰਗਲਾਤ ਗਾਰਡ ਨੂੰ ਸਸਪੈਂਡ ਕਰ ਦਿੱਤਾ ਗਿਆ ਹੈ, ਜਦਕਿ ਸਬੰਧਤ ਬਲਾਕ ਅਫ਼ਸਰ ਵਿਰੁੱਧ ਵੀ ਵਿਭਾਗੀ ਨਿਯਮਾਂ ਅਤੇ ਕਾਨੂੰਨੀ ਧਰਾਵਾਂ ਤਹਿਤ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਜਾਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਇਸ ਮਾਮਲੇ ਵਿਚ ਕਿਸੇ ਹੋਰ ਅਧਿਕਾਰੀ ਜਾਂ ਕਰਮਚਾਰੀ ਦੀ ਸਮੂਲੀਅਤ ਪਾਈ ਗਈ ਤਾਂ ਉਸ ਵਿਰੁੱਧ ਵੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਪੰਜਾਬ 'ਚ ਵੱਧ ਰਹੀ ਸਰਦੀ ਕਾਰਣ ਸਿਹਤ ਨੂੰ ਵੱਡਾ ਖ਼ਤਰਾ, ਬਚਾਅ ਲਈ ਡਾਕਟਰਾਂ ਨੇ ਦਿੱਤੀ ਸਲਾਹ

ਗੁਰਦਾਸਪੁਰ 22 ਦਸੰਬਰ। ਗੁਰਦਾਸਪੁਰ ਜ਼ਿਲ੍ਹੇ ਵਿੱਚ ਪਿਛਲੇ ਕੁਝ ਦਿਨਾਂ ਤੋਂ ਪੈ ਰਹੀ ਖ਼ੁਸ਼ਕ ਸਰਦੀ ਦਾ ਜਨ ਜੀਵਨ 'ਤੇ ਡੂੰਘਾ ਪ੍ਰਭਾਵ ਪਿਆ ਹੈ। ਤਾਪਮਾਨ ਵਿੱਚ ਗਿਰਾਵਟ ਅਤੇ ਵਾਯੂਮੰਡਲ ਵਿੱਚ ਨਮੀ ਦੀ ਘਾਟ ਕਾਰਨ ਜ਼ੁਕਾਮ, ਖੰਘ, ਗਲਾ ਅਤੇ ਨੱਕ ਦੀਆਂ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਦੀ ਗਿਣਤੀ ਵਿੱਚ ਰਿਕਾਰਡ ਵਾਧਾ ਹੋ ਰਿਹਾ ਹੈ। ਸਰਕਾਰੀ ਹਸਪਤਾਲਾਂ, ਨਿੱਜੀ ਹਸਪਤਾਲਾਂ ਅਤੇ ਛੋਟੇ ਕਲੀਨਿਕਾਂ ਵਿੱਚ ਅਜਿਹੇ ਮਰੀਜ਼ਾਂ ਦੀ ਗਿਣਤੀ ਦਿਨ ਪ੍ਰਤੀ ਦਿਨ ਤੇਜ਼ੀ ਨਾਲ ਵੱਧ ਰਹੀ ਹੈ। ਡਾਕਟਰਾਂ ਦਾ ਕਹਿਣਾ ਹੈ ਕਿ ਸਿਰਫ਼ ਮੀਂਹ ਹੀ ਇਨ੍ਹਾਂ ਸਾਰੀਆਂ ਬਿਮਾਰੀਆਂ ਤੋਂ ਰਾਹਤ ਦੇਵੇਗਾ। ਦੂਜੇ ਪਾਸੇ ਗੁਰਦਾਸਪੁਰ ਜ਼ਿਲ੍ਹੇ ਵਿੱਚ ਵੱਧ ਰਹੇ ਪ੍ਰਦੂਸ਼ਣ ਦੇ ਨਾਲ-ਨਾਲ, ਸੁੱਕੀ ਸਰਦੀ ਦਾ ਲੋਕਾਂ ਦੀ ਸਿਹਤ 'ਤੇ ਡੂੰਘਾ ਪ੍ਰਭਾਵ ਪੈ ਰਿਹਾ ਹੈ। ਗੁਰਦਾਸਪੁਰ ਵਿੱਚ ਬਹੁਤ ਜ਼ਿਆਦਾ ਪ੍ਰਦੂਸ਼ਿਤ ਵਾਤਾਵਰਣ ਗਲੇ ਅਤੇ ਛਾਤੀ ਦੀਆਂ ਬਿਮਾਰੀਆਂ 'ਤੇ ਵੀ ਗੰਭੀਰ ਪ੍ਰਭਾਵ ਪਾ ਰਿਹਾ ਹੈ। ਹਵਾ ਵਿੱਚ ਤੈਰਦੇ ਧੂੜ ਦੇ ਕਣਾਂ ਅਤੇ ਪੇਂਡੂ ਖੇਤਰਾਂ ਅਤੇ ਸ਼ਹਿਰਾਂ ਵਿੱਚ ਟੁੱਟੀਆਂ ਅਤੇ ਪੁੱਟੀਆਂ ਸੜਕਾਂ ਨੇ ਸ਼ਹਿਰ ਨੂੰ ਪੂਰੀ ਤਰ੍ਹਾਂ ਧੂੜ ਵਿੱਚ ਢੱਕ ਦਿੱਤਾ ਹੈ। ਰੇਤ, ਬੱਜਰੀ, ਮਿੱਟੀ ਅਤੇ ਹੋਰ ਮਿੱਟੀ-ਘੱਟੇ ਵਾਲੀਆਂ ਸਮੱਗਰੀਆਂ ਨੂੰ ਲੈ ਕੇ ਜਾਣ ਵਾਲੇ ਵਾਹਨ ਲਗਾਤਾਰ ਧੂੜ ਉਠਾ ਰਹੇ ਹਨ, ਜਿਸ ਨਾਲ ਸਾਹ ਲੈਣਾ ਮੁਸ਼ਕਲ ਹੋ ਰਿਹਾ ਹੈ। ਸਵੇਰ ਅਤੇ ਸ਼ਾਮ ਦੇ ਸਮੇਂ ਹਵਾ ਵਿੱਚ ਧੂੜ ਅਤੇ ਹੋਰ ਪ੍ਰਦੂਸ਼ਕਾਂ ਦਾ ਮਿਸ਼ਰਣ ਲੋਕਾਂ ਦੀ ਸਿਹਤ 'ਤੇ ਮਾੜਾ ਪ੍ਰਭਾਵ ਪਾ ਰਿਹਾ ਹੈ। ਧੂੜ ਦੇ ਕਣਾਂ ਨੇ ਬਾਗਾਂ ਅਤੇ ਸੜਕਾਂ ਦੇ ਕਿਨਾਰੇ ਦਰੱਖਤਾਂ ਵਿੱਚ ਹਰਿਆਲੀ ਨੂੰ ਤਬਾਹ ਕਰ ਦਿੱਤਾ ਹੈ, ਜੋ ਵਾਤਾਵਰਣ ਸੰਤੁਲਨ ਨੂੰ ਵੀ ਪ੍ਰਭਾਵਿਤ ਕਰ ਰਿਹਾ ਹੈ। ਡਾਕਟਰਾਂ ਦਾ ਮੰਨਣਾ ਹੈ ਕਿ ਜੇਕਰ ਇਹ ਸਥਿਤੀ ਕੁਝ ਹੋਰ ਦਿਨ ਜਾਰੀ ਰਹੀ, ਤਾਂ ਦਮਾ, ਐਲਰਜੀ ਅਤੇ ਸਾਹ ਦੀਆਂ ਬਿਮਾਰੀਆਂ ਦਾ ਖ਼ਤਰਾ ਵੱਧ ਸਕਦਾ ਹੈ। ਡਾ. ਕੇ.ਐੱਸ. ਬੱਬਰ, ਮਨਜਿੰਦਰ ਬੱਬਰ, ਡਾ. ਹਰਵਿੰਦਰ ਦਿਓਲ, ਡਾ. ਰਾਜਨ ਅਰੋੜਾ ਅਤੇ ਹੋਰਾਂ ਸਮੇਤ ਗੁਰਦਾਸਪੁਰ ਦੇ ਸੀਨੀਅਰ ਡਾਕਟਰਾਂ ਦੇ ਅਨੁਸਾਰ ਸੁੱਕੀ ਸਰਦੀ ਸਰੀਰ ਦੀ ਪ੍ਰਤੀਰੋਧਕ ਸ਼ਕਤੀ ਨੂੰ ਕਮਜ਼ੋਰ ਕਰਦੀ ਹੈ ਅਤੇ ਪ੍ਰਦੂਸ਼ਣ ਇਸ ਸਮੱਸਿਆ ਨੂੰ ਵਧਾ ਦਿੰਦਾ ਹੈ। ਡਾਕਟਰਾਂ ਦੇ ਅਨੁਸਾਰ ਬੱਚੇ, ਬਜ਼ੁਰਗ ਅਤੇ ਪਹਿਲਾਂ ਤੋਂ ਮੌਜੂਦ ਸਾਹ ਸੰਬੰਧੀ ਬਿਮਾਰੀਆਂ ਵਾਲੇ ਲੋਕ ਸਭ ਤੋਂ ਵੱਧ ਪ੍ਰਭਾਵਿਤ ਹੁੰਦੇ ਹਨ। ਡਾਕਟਰਾਂ ਨੇ ਲੋਕਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਮਾਸਕ ਪਹਿਨਣ, ਗਰਮ ਪਾਣੀ ਪੀਣ ਅਤੇ ਮੀਂਹ ਪੈਣ ਤੱਕ ਧੂੜ ਤੋਂ ਆਪਣੇ ਆਪ ਨੂੰ ਬਚਾਉਣ। ਜਦੋਂ ਤੱਕ ਮੀਂਹ ਨਹੀਂ ਪੈਂਦਾ, ਵਾਯੂਮੰਡਲ ਵਿੱਚ ਧੂੜ ਦੇ ਕਣ ਲੋਕਾਂ ਦੀ ਸਿਹਤ ਨੂੰ ਪ੍ਰਭਾਵਿਤ ਕਰਦੇ ਰਹਿਣਗੇ। ਜੇਕਰ ਉਨ੍ਹਾਂ ਦੀ ਸਿਹਤ ਵਿਗੜਦੀ ਹੈ, ਤਾਂ ਦਵਾਈ ਲੈਣ ਤੋਂ ਪਹਿਲਾਂ ਡਾਕਟਰ ਨਾਲ ਸਲਾਹ ਕਰੋ।

## ਜਲੰਧਰ 'ਚ ਮਾਸੂਮ ਨਾਲ ਗੰਦਾ ਕੰਮ ਕਰਨ ਵਾਲੇ ਗੁਆਂਢੀ ਬਾਰੇ ਬਿਆਨ ਦੇ ਘਿਰੇ ਪਾਸਟਰ ਅੰਕੁਰ ਨਰੂਲਾ

**ਕੌਮੀ ਪਤ੍ਰਿਕਾ**

ਜਲੰਧਰ 22 ਦਸੰਬਰ। ਜਲੰਧਰ ਵੈਸਟ ਵਿਚ 13 ਸਾਲਾ ਮਾਸੂਮ ਬੱਚੀ ਨਾਲ ਹੈਵਾਨੀਅਤ ਭਰੇ ਕਤਲਕਾਂਡ ਦੇ ਮੁਲਜ਼ਮ ਹਰਮਿੰਦਰ ਸਿੰਘ ਰਿੰਪੀ ਨੂੰ ਜੇਲ੍ਹ ਭੇਜ ਦਿੱਤਾ ਗਿਆ ਹੈ। ਇਸ ਘਟਨਾ ਦੇ ਵਿਰੋਧ ਵਿਚ ਜਲੰਧਰ ਸਮੇਤ ਪੂਰਾ ਪੰਜਾਬ ਦੇ ਲੋਕਾਂ ਵਿਚ ਬਹੁਤ ਗੁੱਸਾ ਹੈ। ਦੂਜੇ ਪਾਸੇ ਇਸ ਮਾਮਲੇ ਵਿਚ ਪਾਸਟਰ ਅੰਕੁਰ ਨਰੂਲਾ ਦੀ ਇਕ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ, ਜਿਸ ਵਿਚ ਉਹ ਮੁਲਜ਼ਮ ਨੂੰ 'ਮੁਆਫ਼ੀ' ਦਿਵਾਉਣ ਦੀ ਗੱਲ ਕਹਿੰਦੇ ਨਜ਼ਰ ਆ ਰਹੇ ਹਨ। ਇਹ ਵੀਡੀਓ 14 ਦਸੰਬਰ ਨੂੰ ਮਸੀਹ ਭਾਈਚਾਰੇ ਨਾਲ ਜੁੜੇ ਇਕ ਵਿਅਕਤੀ ਵੱਲੋਂ ਪੋਸਟ ਕੀਤੀ ਗਈ ਸੀ। ਹਾਲਾਂਕਿ ਇਸ ਵੀਡੀਓ ਦੀ ਅਧਿਕਾਰਤ ਪੁਸ਼ਟੀ ਨਹੀਂ ਹੋ ਸਕੀ। ਵਾਇਰਲ ਵੀਡੀਓ ਵਿਚ 13 ਸਾਲਾ ਬੱਚੀ ਤੇ ਮੁਲਜ਼ਮ ਦੀਆਂ ਤਸਵੀਰਾਂ ਦਿਖਾਈਆਂ ਜਾ ਰਹੀਆਂ ਹਨ, ਪਰ ਪਾਸਟਰ ਨਰੂਲਾ ਬਿਨਾਂ ਕਿਸੇ ਦਾ ਨਾਂ ਲਏ ਕਹਿੰਦੇ ਨਜ਼ਰ ਆ ਰਹੇ ਹਨ ਕਿ ਇਕ ਵਿਅਕਤੀ ਤੋਂ ਪਾਪ ਹੋ ਗਿਆ ਤੇ ਹੁਣ ਉਸ ਦੇ ਧਰਮ ਦੇ ਲੋਕ ਕਹਿ ਰਹੇ ਹਨ ਕਿ ਮੁਲਜ਼ਮ ਉਨ੍ਹਾਂ ਦੇ ਧਰਮ ਦਾ ਨਹੀਂ ਹੈ। ਉਨ੍ਹਾਂ ਕਿਹਾ ਕਿ ਕਾਸ਼ ਉਨ੍ਹਾਂ ਨੂੰ ਉਸ ਵਿਅਕਤੀ ਨਾਲ ਗੱਲ ਕਰਨ ਦਾ ਮੌਕਾ ਮਿਲਦਾ। ਵੀਡੀਓ ਵਿਚ ਨਰੂਲਾ ਕਹਿ ਰਹੇ ਹਨ ਭਾਵੇਂ ਮੁਲਜ਼ਮ ਉਨ੍ਹਾਂ ਦੀ ਚਰਚ ਨਾਲ ਜੁੜਿਆ ਨਹੀਂ ਹੈ, ਫ਼?ਰ ਵੀ ਉਹ ਉਸ ਨੂੰ ਸਮਝਾਉਣਾ ਚਾਹੁੰਦੇ ਹਨ ਕਿ ਇਕ ਪਾਪਨੀ ਦੀ



ਦੁਨੀਆ ਵਿਚ ਕੋਈ ਅਹਿਮੀਅਤ ਨਹੀਂ ਹੁੰਦੀ। ਯਸੂ ਮਸੀਹ ਨੇ ਪਾਪਾਂ ਦੀ ਮੁਆਫ਼ੀ ਲਈ ਕ੍ਰੂਸ 'ਤੇ ਕੁਰਬਾਨੀ ਦਿੱਤੀ ਹੈ। ਪਾਸਟਰ ਨਰੂਲਾ ਨੇ ਵੀਡੀਓ ਵਿਚ ਇਹ ਵੀ ਕਿਹਾ ਹੈ ਕਿ ਪਾਪ ਮੁਆਫ਼ ਹੋਣ ਦਾ ਮਤਲਬ ਇਹ ਨਹੀਂ ਹੈ ਕਿ ਉਸ ਨੂੰ ਕਾਨੂੰਨ ਤੋਂ ਛੁਟਕਾਰਾ ਮਿਲ ਜਾਵੇਗਾ, ਕਿਉਂਕਿ ਕਾਨੂੰਨ ਤਾਂ ਆਪਣਾ ਕੰਮ ਕਰੇਗਾ ਹੀ। ਉਨ੍ਹਾਂ ਅੱਗੇ ਕਿਹਾ ਕਿ ਇਨਸਾਨ ਨੂੰ ਆਪਣੇ ਪਾਪਾਂ ਦੀ ਮੁਆਫ਼ੀ ਲਈ ਯਸੂ ਮਸੀਹ ਦੇ ਕੋਲ ਜਾਣਾ ਚਾਹੀਦਾ ਹੈ। ਇਸ ਵੀਡੀਓ ਦੇ ਵਾਇਰਲ ਹੋਣ ਮਗਰੋਂ ਇਕ ਨਵਾਂ ਵਿਵਾਦ ਖੜ੍ਹਾ ਹੋ ਗਿਆ ਹੈ। ਸੋਸ਼ਲ ਮੀਡੀਆ 'ਤੇ ਲੋਕ ਵੱਖ-ਵੱਖ ਤਰ੍ਹਾਂ ਦੀਆਂ ਪ੍ਰਤੀਕਿਰਿਆਵਾਂ ਦੇ ਰਹੇ ਹਨ। ਉੱਥੇ ਹੀ ਲੋਕ ਮੁਲਜ਼ਮ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦੀ ਮੰਗ ਕਰ ਰਹੇ ਹਨ। ਜਦੋਂ ਅੰਕੁਰ ਨਰੂਲਾ ਤੋਂ ਉਕਤ ਬਿਆਨ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਕੰਮ ਹੈ ਮੁਆਫ਼ੀ ਦਾ ਸੁਨੇਹਾ ਦੇਣ ਦਾ। ਉਨ੍ਹਾਂ ਕਿਹਾ ਕਿ ਯਸੂ ਮਸੀਹ ਦਾ ਕਹਿਣਾ ਹੈ ਕਿ ਉਨ੍ਹਾਂ ਦੀ ਲੋੜ ਧਰਮੀਆਂ ਨੂੰ ਨਹੀਂ ਸਗੋਂ ਪਾਪੀਆਂ ਨੂੰ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਖ਼ੁਸ਼ੀ ਨਾਲ ਗਲਤ ਕੰਮ ਨਹੀਂ ਕਰਦਾ, ਉਸ ਪਿੱਛੇ ਬਹੁਤ ਸਾਰੀਆਂ ਮਾਨਸਿਕ ਚੀਜ਼ਾਂ ਹੁੰਦੀਆਂ ਹਨ। ਨਰੂਲਾ ਨੇ ਕਿਹਾ ਕਿ ਉਨ੍ਹਾਂ ਨੇ ਇਹ ਗੱਲ ਵੀ ਨਾਲ ਹੀ ਕਹੀ ਸੀ ਕਿ ਮੁਆਫ਼ੀ ਦਾ ਮਤਲਬ ਇਹ ਨਹੀਂ ਹੈ ਕਿ ਉਸ ਨੂੰ ਸਜ਼ਾ ਨਹੀਂ ਹੋਵੇਗੀ, ਸਗੋਂ ਉਸ ਦੇ ਪਾਪ ਮੁਆਫ਼ ਹੋਣਗੇ। ਉਨ੍ਹਾਂ ਕਿਹਾ ਕਿ ਜੇ ਕੋਈ ਪ੍ਰਭੂ ਤੋਂ ਮੁਆਫ਼ੀ ਮੰਗਦਾ ਹੈ ਤਾਂ ਉਹ ਮਰਨ ਤੋਂ ਬਾਅਦ ਸਵਰਗ ਵੀ ਜਾ ਸਕਦਾ ਹੈ।

## 80 ਕਰੋੜ ਦੀ ਧੋਖਾਧੜੀ ਦਾ ਪਰਦਾਫਾਸ਼, ਕੀ ਤੁਸੀਂ ਵੀ ਹੋ ਇਸ ਬੈਂਕ ਦੇ ਖ਼ਾਤਾਧਾਰਕ ?

**ਕੌਮੀ ਪਤ੍ਰਿਕਾ**

ਬਿਜ਼ਨਸ ਡੈਸਕ 22 ਦਸੰਬਰ। ਸਟੈਂਡਰਡ ਚਾਰਟਰਡ ਬੈਂਕ ਨੇ ਆਪਣੀ ਪ੍ਰਾਇਓਰਿਟੀ ਬੈਂਕਿੰਗ ਯੂਨਿਟ ਵਿੱਚ ਇੱਕ ਕਥਿਤ ਧੋਖਾਧੜੀ ਮਾਮਲੇ ਦੀ ਜਾਂਚ ਦਾ ਦਾਇਰਾ ਵਧਾ ਦਿੱਤਾ ਹੈ। ਇਹ ਮਾਮਲਾ ਨਵੰਬਰ ਵਿੱਚ ਬੰਗਲੁਰੂ ਦੀ ਇੱਕ ਸ਼ਾਖਾ ਤੋਂ ਸ਼ੁਰੂ ਹੋਇਆ ਸੀ, ਜਿੱਥੇ ਇੱਕ ਗਾਹਕ ਨੇ ਆਪਣੇ ਖਾਤੇ ਵਿੱਚੋਂ ਫੰਡ ਗਾਇਬ ਹੋਣ ਦੀ ਰਿਪੋਰਟ ਦਿੱਤੀ ਸੀ। ਹੁਣ, ਸੂਤਰਾਂ ਅਨੁਸਾਰ, ਬੰਗਲੁਰੂ ਵਿੱਚ ਐਮਜੀ ਰੋਡ ਸ਼ਾਖਾ ਦੇ ਕੁਝ ਉੱਚ-ਨੈੱਟ-ਵਰਥ ਗਾਹਕਾਂ ਦੇ 80 ਕਰੋੜ ਰੁਪਏ ਤੱਕ ਦੇ ਫੰਡਾਂ ਦੀ ਦੁਰਵਰਤੋਂ ਹੋਣ ਦਾ ਸ਼ੱਕ ਹੈ। ਪੂਰਾ ਮਾਮਲਾ ਪਿਛਲੇ ਮਹੀਨੇ ਇੱਕ ਗਾਹਕ ਦੀ ਸ਼ਿਕਾਇਤ ਨਾਲ ਸ਼ੁਰੂ ਹੋਇਆ ਸੀ ਜਿਸ ਵਿੱਚ ਉਸਦੀ ਫਿਕਸਡ ਡਿਪਾਜ਼ਿਟ ਤੋਂ 2.7 ਕਰੋੜ ਰੁਪਏ ਦੀ ਦੁਰਵਰਤੋਂ ਦਾ ਦੋਸ਼ ਲਗਾਇਆ ਗਿਆ ਸੀ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਕਰਨਾਟਕ ਸਰਕਾਰ ਨੇ ਬੰਗਲੁਰੂ ਸਿਟੀ ਪੁਲਸ ਕੋਲੋਂ ਜਾਂਚ ਨੂੰ ਸੂਬੇ ਦੇ ਅਪਰਾਧਿਕ ਜਾਂਚ ਵਿਭਾਗ (ਸੀਆਈਡੀ) ਨੂੰ ਸੌਂਪਣ ਦੇ ਆਦੇਸ਼ ਦਿੱਤੇ ਹਨ। ਅਧਿਕਾਰੀਆਂ ਅਨੁਸਾਰ, ਇਹ ਫੈਸਲਾ ਇਸ ਲਈ ਲਿਆ ਗਿਆ ਕਿਉਂਕਿ ਕਥਿਤ ਧੋਖਾਧੜੀ ਦੀ ਰਕਮ 5 ਕਰੋੜ ਰੁਪਏ ਤੋਂ ਵੱਧ ਸੀ। ਸਟੈਂਡਰਡ ਚਾਰਟਰਡ ਬੈਂਕ ਨੇ ਪੁਸ਼ਟੀ ਕੀਤੀ ਹੈ ਕਿ ਮਾਮਲੇ ਦੀ ਜਾਂਚ ਜਾਰੀ ਹੈ। ਬੈਂਕ ਨੇ ਕਿਹਾ, ਸਾਡੇ ਗਾਹਕਾਂ ਦੇ ਹਿੱਤ ਸਭ ਤੋਂ ਉੱਪਰ ਹਨ। ਜਾਂਚ ਵਿੱਚ ਪਤਾ ਲੱਗਾ ਕਿ ਬੰਗਲੁਰੂ ਸ਼ਾਖਾ ਦੇ ਇੱਕ ਕਰਮਚਾਰੀ ਨੇ ਕੁਝ ਬੇਨਿਯਮੀਆਂ ਜ਼ਾਹਰ ਕੀਤੀਆਂ ਹਨ। ਬੈਂਕ ਦੀ ਜ਼ੀਰੋ-ਟੌਲਰੈਂਸ ਨੀਤੀ ਅਨੁਸਾਰ, ਤੁਰੰਤ ਪੁਲਸ ਸ਼ਿਕਾਇਤ ਦਰਜ ਕਰਵਾਈ ਗਈ, ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਅਤੇ ਬੈਂਕ ਨੇ ਉਸਨੂੰ ਨੌਕਰੀ ਤੋਂ ਬਰਖ਼ਾਸਤ ਕਰ ਦਿੱਤਾ ਹੈ। ਬੈਂਕ ਨੇ ਪ੍ਰਭਾਵਿਤ ਗਾਹਕਾਂ ਨਾਲ ਸਿੱਧਾ ਸੰਪਰਕ ਕੀਤਾ ਹੈ ਅਤੇ ਅੰਦਰੂਨੀ ਜਾਂਚ ਸ਼ੁਰੂ ਕੀਤੀ ਹੈ। ਸੂਤਰਾਂ ਅਨੁਸਾਰ, ਲਗਭਗ ਦੋ ਹਫ਼ਤੇ




ਪਹਿਲਾਂ ਕੀਤੀ ਗਈ ਮੁੱਢਲੀ ਜਾਂਚ ਵਿੱਚ ਗੰਭੀਰ ਬੇਨਿਯਮੀਆਂ ਦਾ ਖੁਲਾਸਾ ਹੋਣ ਤੋਂ ਬਾਅਦ PwC ਨੂੰ ਫੋਰੈਂਸਿਕ ਜਾਂਚ ਸੌਂਪੀ ਗਈ ਹੈ। ਸੂਤਰਾਂ ਅਨੁਸਾਰ, ਜਾਂਚ ਵਿੱਚ ਗਾਹਕਾਂ ਦੇ ਫੰਡਾਂ ਦੀ ਵੱਡੇ ਪੱਧਰ 'ਤੇ ਦੁਰਵਰਤੋਂ ਦੇ ਸੰਕੇਤ ਸਾਹਮਣੇ ਆਏ ਹਨ। ਬਹੁਤ ਸਾਰੇ ਉੱਚ-ਪ੍ਰੋਫਾਈਲ ਗਾਹਕ ਅਤੇ ਕਾਰੋਬਾਰੀ ਪਰਿਵਾਰਾਂ ਦੇ ਲੋਕ ਇਸ ਮਾਮਲੇ ਤੋਂ ਪਰੇਸ਼ਾਨ ਹਨ। ਬੈਂਕ ਨੇ ਪ੍ਰਭਾਵਿਤ ਗਾਹਕਾਂ ਨੂੰ ਉਨ੍ਹਾਂ ਦੇ ਹੋਏ ਕਿਸੇ ਵੀ ਨੁਕਸਾਨ ਲਈ ਮੁਆਵਜ਼ਾ ਦੇਣ ਦਾ ਭਰੋਸਾ ਦਿੱਤਾ ਹੈ। ਸਟੈਂਡਰਡ ਚਾਰਟਰਡ ਬੈਂਕ ਨੇ ਕਿਹਾ ਕਿ ਪੁਲਸ ਅਤੇ ਅੰਦਰੂਨੀ ਜਾਂਚ ਦੋਵੇਂ ਚੱਲ ਰਹੀਆਂ ਹਨ ਅਤੇ ਬੈਂਕ ਜਾਂਚ ਏਜੰਸੀਆਂ ਨਾਲ ਪੂਰਾ ਸਹਿਯੋਗ ਕਰ ਰਿਹਾ ਹੈ। ਬੈਂਕ ਨੇ ਸਪੱਸ਼ਟ ਕੀਤਾ ਕਿ ਗਲਤ ਤਰੀਕੇ ਨਾਲ ਵਰਤੇ ਗਏ ਗਾਹਕਾਂ ਦੇ ਫੰਡਾਂ ਦੀ ਵਾਪਸੀ ਉਸਦੀ ਤਰਜੀਹ ਹੈ। ਬੰਗਲੁਰੂ ਦੀ ਇੱਕ ਸਥਾਨਕ ਅਦਾਲਤ ਨੇ ਰਿਲੇਸ਼ਨਸ਼ਿਪ ਮੈਨੇਜਰ ਨੱਕਾ ਕਿਸ਼ੋਰ ਕੁਮਾਰ (40) ਨੂੰ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਹੈ। ਉਸ 'ਤੇ 2.7 ਕਰੋੜ ਰੁਪਏ ਦੀ ਇੱਕ ਗਾਹਕ ਨਾਲ ਧੋਖਾਧੜੀ ਕਰਨ ਦਾ ਦੋਸ਼ ਹੈ। ਉਸਨੂੰ ਪਿਛਲੇ ਮਹੀਨੇ ਪੁਲਿਸ ਨੇ ਗ੍ਰਿਫਤਾਰ ਕੀਤਾ ਸੀ, ਅਤੇ ਬੈਂਕ ਨੇ ਉਸਨੂੰ ਤੁਰੰਤ ਪ੍ਰਭਾਵ ਨਾਲ ਬਰਖਾਸਤ ਕਰ ਦਿੱਤਾ ਸੀ। ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮਾਂ ਨੇ ਗਾਹਕਾਂ ਦੇ ਜਾਅਲੀ ਦਸਤਖ਼ਤਾਂ ਅਤੇ RTGS ਰਾਹੀਂ ਫਿਕਸਡ ਡਿਪਾਜ਼ਿਟ ਲਈ ਫੰਡਾਂ ਨੂੰ ਦੂਜੇ ਖਾਤਿਆਂ ਵਿੱਚ ਭੇਜ ਦਿੱਤਾ। ਗਾਹਕਾਂ ਨੇ 2 ਕਰੋੜ, 50 ਲੱਖ ਅਤੇ 25 ਲੱਖ ਦੇ ਚੈੱਕ 64 ਲਈ ਜਾਰੀ ਕੀਤੇ ਸਨ, ਜੋ ਕਿ ਉਨ੍ਹਾਂ ਦੇ ਉਦੇਸ਼ ਦੀ ਬਜਾਏ ਤੀਜੀ ਧਿਰ ਨੂੰ ਟ?ਰਾਂਸਫਰ ਕੀਤੇ ਗਏ ਸਨ। ਇਸ ਤੋਂ ਬਾਅਦ, ਘੱਟੋ-ਘੱਟ ਪੰਜ ਹੋਰ ਲੋਕਾਂ ਨੇ ਇਸੇ ਤਰ੍ਹਾਂ ਦੀ ਧੋਖਾਧੜੀ ਦੀਆਂ ਸ਼ਿਕਾਇਤਾਂ ਦਰਜ ਕਰਵਾਈਆਂ ਹਨ। ਜਾਂਚ ਏਜੰਸੀਆਂ ਹੁਣ ਹੋਰ ਸੰਭਾਵੀ ਪੀੜਤਾਂ ਦੀ ਪਛਾਣ ਕਰਨ ਲਈ ਕੰਮ ਕਰ ਰਹੀਆਂ ਹਨ, ਕਿਉਂਕਿ ਮੁਲਜ਼ਮਾਂ ਨੇ ਕਈ ਗਾਹਕਾਂ ਨੂੰ ਜਾਅਲੀ 64 ਬਾਂਡ ਵੀ ਜਾਰੀ ਕੀਤੇ ਸਨ। ਅਧਿਕਾਰੀਆਂ ਦਾ ਮੰਨਣਾ ਹੈ ਕਿ ਇਹ ਮਾਮਲਾ ਗੁਰੂਗ੍ਰਾਮ ਵਿੱਚ ਸਿਟੀਬੈਂਕ ਦੀ ਵੈਲਥ ਮੈਨੇਜਮੈਂਟ ਯੂਨਿਟ ਵਿੱਚ 15 ਸਾਲ ਪਹਿਲਾਂ ਹੋਈ ਇੱਕ ਵੱਡੀ ਧੋਖਾਧੜੀ ਨਾਲ ਮਿਲਦਾ-ਜੁਲਦਾ ਹੈ।

## ਨੇਤਰਹੀਣ ਯੂਨੀਅਨਾਂ ਦੀ ਹਰ ਜਾਇਜ਼ ਮੰਗ ਪੂਰੀ ਕੀਤੀ ਜਾਵੇਗੀ : ਡਾ. ਬਲਜੀਤ ਕੌਰ

ਚੰਡੀਗੜ੍ਹ 22 ਦਸੰਬਰ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਅਤੇ ਸਮਾਵੇਸ਼ੀ ਵਿਕਾਸ ਲਈ ਵਚਨਬੱਧ ਹੈ। ਇਸੇ ਕੜੀ ਤਹਿਤ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਪੰਜਾਬ ਦੀਆਂ ਨੇਤਰਹੀਣ ਯੂਨੀਅਨਾਂ ਨਾਲ ਮੀਟਿੰਗ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਗੰਭੀਰਤਾ ਨਾਲ ਸੁਣਿਆ। ਪੰਜਾਬ ਭਵਨ ਵਿਖੇ ਮੀਟਿੰਗ ਦੌਰਾਨ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਨੇਤਰਹੀਣ ਯੂਨੀਅਨਾਂ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਹਰ ਜਾਇਜ਼ ਮੰਗ ਨੂੰ ਤਰਜ਼ੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਉਨ੍ਹਾਂ ਨੇ ਅਧਿਕਾਰੀਆਂ ਨੂੰ ਦਿਵਿਆਂਗ ਕੋਟੇ ਅਧੀਨ ਖ਼ਾਲੀ ਪਈਆਂ ਅਸਾਮੀਆਂ ਨੂੰ ਜਲਦੀ ਤੋਂ ਜਲਦੀ ਭਰਨ ਲਈ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਡਾ. ਬਲਜੀਤ ਕੌਰ ਨੇ ਸਪੱਸ਼ਟ ਕੀਤਾ ਕਿ ਜੋ ਮੰਗਾਂ ਵਿਭਾਗੀ ਪੱਧਰ 'ਤੇ ਮੰਨਣਯੋਗ ਹਨ, ਉਨ੍ਹਾਂ ਨੂੰ ਤੁਰੰਤ ਲਾਗੂ ਕੀਤਾ ਜਾਵੇਗਾ, ਜਦੋਂ ਕਿ ਜਿਹੜੀਆਂ ਮੰਗਾਂ ਲਈ ਸਰਕਾਰੀ ਪੱਧਰ 'ਤੇ ਫ਼ੈਸਲੇ ਦੀ ਲੋੜ ਹੈ, ਉਨ੍ਹਾਂ ਨੂੰ ਸਰਕਾਰ ਕੋਲ ਪੂਰੀ ਤਰ੍ਹਾਂ ਉਠਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਿਵਿਆਂਗ ਵਿਅਕਤੀਆਂ ਨੂੰ ਸਵੈ-ਨਿਰਭਰ ਬਣਾਉਣ ਅਤੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਲਗਾਤਾਰ ਯਤਨ ਕਰ ਰਹੀ ਹੈ। ਮੀਟਿੰਗ ਸੁਖਾਵੇਂ ਅਤੇ



ਸਕਾਰਾਤਮਕ ਮਾਹੌਲ ਵਿੱਚ ਸੰਪਨ ਹੋਈ। ਇਸ ਮੌਕੇ ਮੀਟਿੰਗ ਵਿੱਚ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਵਧੀਕ ਮੁੱਖ ਸਕੱਤਰ ਵਿਕਾਸ ਪ੍ਰਤਾਪ, ਡਾਇਰੈਕਟਰ ਡਾ. ਸੇਨਾ ਅਗਰਵਾਲ, ਜੁਆਇੰਟ ਸਕੱਤਰ ਆਨੰਦ ਸਾਗਰ ਸ਼ਰਮਾ, ਡਿਪਟੀ ਡਾਇਰੈਕਟਰ ਅਮਰਜੀਤ ਸਿੰਘ ਭੁੱਲਰ, ਰਵਿੰਦਰ ਸਿੰਘ ਰਾਹੀ ਅਤੇ ਵਿਭਾਗ ਦੇ ਹੋਰ ਅਧਿਕਾਰੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

## ਪਲਾਟ ਦਿਵਾਉਣ ਤੇ ਵੀਜ਼ਾ ਲਗਵਾਉਣ ਦੇ ਨਾਂ 'ਤੇ ਔਰਤ ਸਣੇ ਤਿੰਨ ਨਾਲ ਹੋਈ ਠੱਗੀ

**ਏਜੰਸੀਆਂ**

ਚੰਡੀਗੜ੍ਹ 22 ਦਸੰਬਰ। ਵਰਕ ਵੀਜ਼ਾ ਅਤੇ ਪਲਾਟ ਦਿਵਾਉਣ ਦੇ ਨਾਮ 'ਤੇ ਤਿੰਨ ਲੋਕਾਂ ਨਾਲ ਲੱਖਾਂ ਰੁਪਏ ਦੀ ਠੱਗੀ ਹੋ ਗਈ। ਹਿਮਾਚਲ ਪ੍ਰਦੇਸ਼ ਨਿਵਾਸੀ ਨੀਰਜ ਕੁਮਾਰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਦੱਸਿਆ ਕਿ ਵਰਕ ਵੀਜ਼ੇ 'ਤੇ ਵਿਦੇਸ਼ ਜਾਣਾ ਸੀ। ਇਸ਼ਤਿਹਾਰ ਦੇਖ ਸੈਕਟਰ-26 ਸਥਿਤ ਟੂਵੇ ਕੰਸਲਟੈਂਟ ਕੰਪਨਾ ਵਿਚ ਹਰਨੀਤ ਕੌਰ, ਯੁਵਰਾਜ ਸੋਬਤੀ ਨੂੰ ਮਿਲਿਆ। ਉਨ੍ਹਾਂ ਨੇ ਵਰਕ ਵੀਜ਼ਾ ਦੇ ਲਈ 90 ਹਜ਼ਾਰ ਨਕਦੀ ਲਈ। ਰੁਪਏ ਲੈਣ ਤੋਂ ਬਾਅਦ ਵੀਜ਼ਾ ਨਹੀਂ ਲਗਵਾਇਆ ਅਤੇ ਨਾ ਹੀ ਰੁਪਏ ਵਾਪਸ ਕੀਤੇ। ਸੈਕਟਰ-26 ਥਾਣਾ ਪੁਲਸ ਨੇ ਹਰਨੀਤ ਅਤੇ ਯੁਵਰਾਜ 'ਤੇ ਮਾਮਲਾ ਦਰਜ ਕੀਤਾ। ਦੂਜੇ ਪਾਸੇ, ਸੈਕਟਰ-27 ਨਿਵਾਸੀ ਹਰਕੀਰਤ ਸਿੰਘ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਦੱਸਿਆ ਕਿ ਪਲਾਟ ਖਰੀਦਣ ਦੇ ਲਈ ਸੈਕਟਰ-49 ਨਿਵਾਸੀ ਸੁਖਬੀਰ ਸਿੰਘ ਨਾਲ ਮੁਲਾਕਾਤ ਹੋਈ। ਸੁਖਬੀਰ ਨੇ ਦੱਸਿਆ ਕਿ ਉਸ ਦਾ ਦੜ੍ਹੂਆ ਵਿਚ ਪਲਾਟ ਹੈ, ਜਿਸ ਨੂੰ ਵੇਚਣਾ ਚਾਹੁੰਦਾ ਹੈ। ਹਰਕੀਰਤ ਨੂੰ ਪਲਾਟ ਪਸੰਦ ਆ ਗਿਆ ਅਤੇ ਸੌਦਾ ਦੋ ਕਰੋੜ 25 ਲੱਖ ਰੁਪਏ ਵਿਚ ਹੋਇਆ। 20 ਲੱਖ ਰੁਪਏ ਸ਼ਿਕਾਇਤਕਰਤਾ ਨੇ ਬਿਆਨਾ ਦਿੱਤਾ। ਬਾਅਦ ਵਿਚ ਪਤਾ ਲੱਗਿਆ ਕਿ ਪਲਾਟ ਸੁਖਬੀਰ ਦੇ ਨਾਮ ਨਹੀਂ ਹੈ। ਰੁਪਏ ਵਾਪਸ ਮੰਗਣ 'ਤੇ ਸੁਖਬੀਰ ਨੇ ਮਨਾ ਕਰ ਦਿੱਤਾ। ਸ਼ਿਕਾਇਤ ਮਿਲਣ ਤੋਂ ਬਾਅਦ ਸੈਕਟਰ-26 ਥਾਣਾ ਪੁਲਸ ਨੇ ਸੁਖਬੀਰ ਦੇ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਮਹਿਲਾ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਦੱਸਿਆ ਕਿ ਵੀਜ਼ੇ ਦੇ ਲਈ ਏ. ਕੇ. ਵਰਲਡ ਵਾਈਡ ਇਮੀਗ੍ਰੇਸ਼ਨ ਕੰਪਨੀ ਨਾਲ ਸੰਪਰਕ ਕੀਤਾ ਸੀ। ਉੱਥੇ ਪ੍ਰਿਯੰਕਾ ਸ਼ਰਮਾ ਸਣੇ ਹੋਰ ਕਰਮਚਾਰੀ ਮਿਲੇ। ਪ੍ਰਿਯੰਕਾ ਨੇ ਵਰਕ ਵੀਜ਼ਾ ਦੇ ਨਾਮ 'ਤੇ 10 ਲੱਖ ਰੁਪਏ ਮੰਗੇ ਤਾਂ ਮਹਿਲਾ ਨੇ ਫੀਸ ਦੇ ਨਾਮ 'ਤੇ 8 ਲੱਖ 50 ਹਜ਼ਾਰ ਦੇ ਦਿੱਤੇ। ਬਾਅਦ ਵਿਚ ਵੀਜ਼ਾ ਨਹੀਂ ਲਗਵਾਇਆ। ਸ਼ਿਕਾਇਤ ਮਿਲਣ ਤੋਂ ਬਾਅਦ ਸੈਕਟਰ-39 ਥਾਣਾ ਪੁਲਸ ਨੇ ਏ.ਕੇ ਵਰਲਡ ਵਾਈਡ ਇਮੀਗ੍ਰੇਸ਼ਨ ਕੰਪਨੀ ਦੀ ਪ੍ਰਿਯੰਕਾ ਸ਼ਰਮਾ ਸਣੇ ਹੋਰਨਾਂ 'ਤੇ ਮਾਮਲਾ ਦਰਜ ਕੀਤਾ।

## ਰਾਣਾ ਬਲਾਚੌਰੀਆ ਦੇ ਕਤਲ 'ਤੇ ਸੁਨੀਲ ਜਾਖੜ ਨੇ ਘੇਰੀ ਪੰਜਾਬ ਸਰਕਾਰ, ਗੈਂਗਸਟਰਾਂ ਬਾਰੇ ਦਿੱਤਾ ਵੱਡਾ ਬਿਆਨ

**ਕੌਮੀ ਪਤ੍ਰਿਕਾ**

ਜਲੰਧਰ/ਚੰਡੀਗੜ੍ਹ 22 ਦਸੰਬਰ। ਮੋਹਾਲੀ ਵਿਚ ਕਤਲ ਕੀਤੇ ਕਬੱਡੀ ਖਿਡਾਰੀ ਰਾਣਾ ਬਲਾਚੌਰੀਆ ਦੇ ਮਾਮਲੇ ਵਿਚ ਗੈਂਗਸਟਰ ਡੋਨੀ ਬੱਲ ਵੱਲੋਂ ਕੀਤੇ ਗਏ ਦਾਅਵਿਆਂ 'ਤੇ ਭਾਜਪਾ ਆਗੂ ਸੁਨੀਲ ਜਾਖੜ ਨੇ ਪੰਜਾਬ ਸਰਕਾਰ ਨੂੰ ਘੇਰਿਆ ਹੈ। ਉਨ੍ਹਾਂ ਕਿਹਾ ਕਿ ਗੈਂਗਸਟਰ ਸਿੱਧੇ ਤੌਰ 'ਤੇ ਪੰਜਾਬ ਸਰਕਾਰ ਨੂੰ ਚੁਣੌਤੀ ਦੇ ਰਹੇ ਹਨ। ਗੈਂਗਸਟਰ ਪੰਜਾਬ ਦੇ ਲੋਕਾਂ ਨੂੰ ਪਰੇਸ਼ਾਨ ਕਰ ਰਹੇ ਹਨ। ਪੁਲਸ ਵੱਲੋਂ ਇਸ ਦੇ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਰਾਣਾ ਬਲਾਚੌਰੀਆ ਦੀ ਮੌਤ ਤੋਂ ਬਾਅਦ ਹੋਏ ਮੁਕਾਬਲੇ ਬਾਰੇ ਸਵਾਲ ਚੁੱਕੇ ਹਨ। ਮੁੱਖ ਮੰਤਰੀ ਦੀ ਗੈਂਗਸਟਰ ਨਾਲ ਗੱਲਬਾਤ ਦੀ ਵੀ ਜਾਂਚ ਹੋਣੀ ਚਾਹੀਦੀ ਹੈ। ਮੁੱਖ ਮੰਤਰੀ ਦੀ ਜੱਗੂ ਭਗਵਾਨਪੁਰੀਆ ਨਾਲ ਹੋਈ ਗੱਲਬਾਤ, ਜਿਸ ਨੂੰ ਬਲਵਿੰਦਰ ਸਿੰਘ ਡੋਨੀ ਬੱਲ ਅਸਾਮ ਤੋਂ ਬਟਾਲਾ ਲਿਆਇਆ ਸੀ, ਦੀ ਜਾਂਚ ਸਮਾਂਬੱਧ ਢੰਗ ਨਾਲ ਹੋਣੀ ਚਾਹੀਦੀ ਹੈ। ਇਸ ਦੀ ਵੀ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਮੁੱਖ ਮੰਤਰੀ ਨੂੰ ਇਹ ਵੀ ਸਪੱਸ਼ਟ ਕਰਨ ਦੀ ਅਪੀਲ ਕੀਤੀ ਹੈ ਕਿ ਕੀ ਉਨ੍ਹਾਂ ਨੇ ਗੈਂਗਸਟਰਾਂ ਨਾਲ ਗੱਲ ਕੀਤੀ, ਕਿਉਂਕਿ ਉਹ ਪ੍ਰੈਸ ਕਾਨਫ਼ਰੰਸਾਂ ਕਰਦੇ ਹਨ ਪਰ ਕਾਨੂੰਨ ਵਿਵਸਥਾ ਬਾਰੇ ਚਰਚਾ ਨਹੀਂ ਕਰਦੇ। ਉਨ੍ਹਾਂ ਕਿਹਾ




ਕਿ ਮੈਂ ਗੈਂਗਸਟਰ ਨੂੰ ਪ੍ਰਮੋਟ ਕਰਨ ਦੇ ਖ਼?ਲਾਫ਼ ਹਾਂ। ਲੀਡਰ ਗੈਂਗਸਟਰਾਂ ਨੂੰ ਪ੍ਰਮੋਟ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਇਕ ਖੇਤਰੀ ਪਾਰਟੀ ਜ਼ਰੂਰੀ ਹੈ। ਪੰਜਾਬ ਲਈ ਇਕ ਪੰਥਕ ਪਾਰਟੀ ਦਾ ਵਜੂਦ ਬਹੁਤ ਜ਼ਰੂਰੀ ਹੈ ਤਾਂ ਹੀ ਗੈਂਗਸਟਰਵਾਦ ਨੂੰ ਖ਼ਤਮ ਕੀਤਾ ਜਾ ਸਕਦਾ ਹੈ। ਹਾਲਾਂਕਿ, ਕਿਸੇ ਵੀ ਪਾਰਟੀ ਲਈ ਗੈਂਗਸਟਰਾਂ ਜਾਂ ਅਪਰਾਧੀਆਂ ਦਾ ਸਮਰਥਨ ਕਰਨਾ ਸਹੀ ਨਹੀਂ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰ ਸਰਕਾਰ ਵੱਲੋਂ ਮਨਰੇਗਾ ਦਾ ਨਾਮ ਬਦਲਣ 'ਤੇ ਚਰਚਾ ਕਰਨ ਲਈ ਵਿਸ਼ੇਸ਼ ਸੁਣਵਾਈ ਦਾ ਐਲਾਨ ਕੀਤਾ ਹੈ। ਉਥੇ ਹੀ ਇਸ ਬਾਰੇ ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਲੋਕ ਕਾਨੂੰਨ ਵਿਵਸਥਾ 'ਤੇ ਵੀ ਮੀਟਿੰਗ ਦੀ ਮੰਗ ਕਰ ਰਹੇ ਹਨ। ਕੁਝ ਸਮਾਂ ਪਹਿਲਾਂ ਜਦੋਂ ਖੇਤੀਬਾੜੀ ਮੰਤਰੀ ਸ਼ਿਵਰਾਜ ਚੌਹਾਨ ਜਲੰਧਰ ਆਏ ਸਨ ਤਾਂ ਲੋਕਾਂ ਨੇ ਉਨ੍ਹਾਂ ਨੂੰ ਗਬਨ ਬਾਰੇ ਸ਼ਿਕਾਇਤ ਕੀਤੀ ਸੀ। ਸੋਸ਼ਲ ਮੀਡੀਆ 'ਤੇ ਮੁੱਖ ਮੰਤਰੀ ਦੀ ਪੋਸਟ 'ਤੇ ਪਹਿਲਾਂ ਹੀ ਕਾਨੂੰਨ ਵਿਵਸਥਾ 'ਤੇ ਟਿੱਪਣੀਆਂ ਆ ਚੁੱਕੀਆਂ ਹਨ। ਵਿਧਾਇਕਾਂ ਦੇ ਕਾਰੋਬਾਰ ਵਧ-ਫੁੱਲ ਰਹੇ ਸਨ ਪਰ ਹੁਣ ਉਨ੍ਹਾਂ ਨੂੰ ਚਿੰਤਾ ਹੈ ਕਿ ਉਨ੍ਹਾਂ ਦਾ ਕੰਮ ਬੰਦ ਹੋ ਜਾਵੇਗਾ। ਜਾਖੜ ਨੇ ਕਿਹਾ ਕਿ ਉਹ ਹੁਣ ਗਰੀਬਾਂ ਦੀ ਰੋਜ਼ੀ-ਰੋਟੀ ਬਾਰੇ ਚਿੰਤਤ ਹਨ ਅਤੇ ਉਹ ਮਜ਼ਦੂਰਾਂ ਨੂੰ 100 ਦਿਨਾਂ ਦੇ ਕੰਮ ਦੀ ਬਜਾਏ ਸਿਰਫ਼ 39 ਦਿਨਾਂ ਦਾ ਰੋਜ਼ਗਾਰ ਕਿਉਂ ਦੇ ਸਕਦੇ ਹਨ? ਸੁਨੀਲ ਜਾਖੜ ਨੇ ਇਹ ਵੀ ਕਿਹਾ ਕਿ ਚੱਲ ਰਹੇ ਗਬਨ ਕਾਰਨ ਬਦਲਾਅ ਦੀ ਲੋੜ ਹੈ। ਚੋਣਾਂ ਬਾਰੇ ਬੋਲਦੇ ਹੋਏ ਸੁਨੀਲ ਜਾਖੜ ਨੇ ਕਿਹਾ ਕਿ ਅਸੀਂ ਵੋਟਾਂ ਮੰਗਣ ਨਹੀਂ ਸਗੋਂ ਦਿਲ ਜਿੱਤਣ ਆਏ ਹਾਂ। ਅਸੀਂ ਪਿਛਲੇ ਸਮੇਂ ਵਿੱਚ ਪੰਜਾਬ ਦੇ ਲੋਕਾਂ ਵਿੱਚ ਗਲਤਫਹਿਮੀਆਂ ਪੈਦਾ ਕੀਤੀਆਂ ਹਨ, ਜਿਨ੍ਹਾਂ ਨੂੰ ਅਸੀਂ ਦੂਰ ਕਰਨ ਦੀ ਕੋਸ਼ਿਸ਼ ਕਰ ਰਹੇ ਹਾਂ। ਅਸੀਂ ਚੋਣਾਂ ਦੌਰਾਨ ਲੋਕਾਂ ਨੇ ਸਾਨੂੰ ਜੋ ਵੀ ਸਲਾਹ ਦਿੱਤੀ ਹੈ, ਉਸ ਨੂੰ ਸਵੀਕਾਰ ਕਰਦੇ ਹਾਂ ਅਤੇ ਅਸੀਂ ਇਸ ਵੱਲ ਯਤਨਸ਼ੀਲ ਰਹਾਂਗੇ।